ਬੁੱਧਵਾਰ, 25 ਮਾਰਚ, 2026
12 ਚੇਤ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 74
ਅੰਕ/NO. : 293

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 25 MARCH, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

# ਜੰਗ 'ਤੇ ਟਰੰਪ ਤੇ ਮੋਦੀ ਵਿਚਾਲੇ ਪਹਿਲੀ ਵਾਰ ਗੱਲਬਾਤ

## ਈਰਾਨ ਤੇ ਅਮਰੀਕਾ ਵਿਚਾਲੇ ਗੱਲਬਾਤ ਕਰਾਉਣ ਲਈ ਪਾਕਿਸਤਾਨ ਸਰਗਰਮ

**ਨਵੀਂ ਦਿੱਲੀ** : ਈਰਾਨ 'ਤੇ ਹਮਲੇ ਤੋਂ ਬਾਅਦ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿਚਾਲੇ ਮੰਗਲਵਾਰ ਪਹਿਲੀ ਵਾਰ ਫੋਨ 'ਤੇ ਗੱਲਬਾਤ ਹੋਈ। ਇਸ ਦੀ ਜਾਣਕਾਰੀ ਦਿੰਦਿਆਂ ਅਮਰੀਕੀ ਰਾਜਦੂਤ ਸਰਜਿਓ ਗੋਰ ਨੇ ਕਿਹਾ ਕਿ ਗੱਲਬਾਤ ਹਾਰਮੂਜ਼ ਜਲਡਮਰੂ ਖੁੱਲ੍ਹਾ ਰੱਖਣ ਸਣੇ ਪੱਛਮੀ ਏਸ਼ੀਆ ਦੇ ਟਕਰਾਅ ਉੱਤੇ ਕੇਂਦਰਤ ਰਹੀ।

ਉਧਰ ਇਹ ਖ਼ਬਰਾਂ ਵੀ ਚੱਲ ਰਹੀਆਂ ਹਨ ਕਿ ਈਰਾਨੀ ਸੁਪਰੀਮ ਲੀਡਰ ਮੁਜਤਬਾ ਜੰਗ ਰੋਕਣ ਲਈ ਅਮਰੀਕਾ ਨਾਲ ਗੱਲਬਾਤ ਲਈ ਤਿਆਰ ਹੈ ਤੇ ਉਸ ਨੇ ਈਰਾਨੀ ਸ਼ਰਤਾਂ ਮੁਤਾਬਕ ਜੰਗ ਛੇਤੀ ਖਤਮ ਕਰਨ 'ਤੇ ਸਹਿਮਤੀ ਜਤਾਈ ਹੈ। ਅਲ ਅਰਬੀਆ ਦੀ ਰਿਪੋਰਟ ਮੁਤਾਬਕ ਈਰਾਨੀ ਵਿਦੇਸ਼ ਮੰਤਰੀ ਅੱਬਾਸ ਅਰਾਗਚੀ ਨੇ ਅਮਰੀਕੀ ਸਫੀਰ ਸਟੀਵ ਵਿਟਕੌਫ ਨੂੰ ਦੱਸਿਆ ਕਿ ਮੁਜਤਬਾ ਖਾਮਨੇਈ ਨੇ ਗੱਲਬਾਤ ਦੀ ਆਗਿਆ ਦੇ ਦਿੱਤੀ ਹੈ। ਇਸ ਤੋਂ ਪਹਿਲਾਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸੋਮਵਾਰ ਕਿਹਾ ਸੀ ਕਿ ਈਰਾਨ ਸਮਝੌਤਾ ਕਰਨਾ ਚਾਹੁੰਦਾ ਤੇ ਇਸੇ ਕਰਕੇ ਉਨ੍ਹਾ ਪੰਜ ਦਿਨਾਂ ਲਈ ਉਸ ਦੇ ਊਰਜਾ ਅਦਾਰਿਆਂ 'ਤੇ ਹਮਲੇ ਰੋਕ ਦਿੱਤੇ ਹਨ। ਈਰਾਨ ਨੇ ਟਰੰਪ ਦੇ ਇਸ ਬਿਆਨ ਦਾ ਉਸੇ ਵੇਲੇ ਖੰਡਨ ਕਰਦਿਆਂ ਕਿਹਾ ਸੀ ਕਿ ਅਮਰੀਕਾ ਨਾਲ ਕੋਈ ਗੱਲਬਾਤ ਨਹੀਂ ਹੋ ਰਹੀ। ਇਸੇ ਦੌਰਾਨ ਪਤਾ ਲੱਗਾ ਹੈ ਕਿ ਪਾਕਿਸਤਾਨ, ਤੁਰਕੀ ਤੇ ਮਿਸਰ ਈਰਾਨ ਤੇ ਅਮਰੀਕਾ ਵਿਚਾਲੇ ਵਿਚੋਲਗੀ ਕਰ ਰਹੇ ਹਨ। ਪਾਕਿਸਤਾਨੀ ਅਖਬਾਰ 'ਡਾਨ' ਮੁਤਾਬਕ ਪਾਕਿਸਤਾਨੀ ਸੈਨਾ ਮੁਖੀ ਆਸਿਮ ਮੁਨੀਰ ਨੇ ਐਤਵਾਰ ਟਰੰਪ ਨਾਲ ਗੱਲਬਾਤ ਕੀਤੀ। ਉਸ ਤੋਂ ਬਾਅਦ ਸੋਮਵਾਰ ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨੇ ਈਰਾਨੀ ਰਾਸ਼ਟਰਪਤੀ ਮਸੂਦ ਪੇਜ਼ੇਸ਼ਕਿਅਨ ਨਾਲ ਗੱਲਬਾਤ ਕੀਤੀ। ਫਾਇਨੈਂਸ਼ੀਅਲ ਟਾਈਮਜ਼ ਦੀ ਰਿਪੋਰਟ ਹੈ ਕਿ ਮਿਸਰ, ਪਾਕਿਸਤਾਨ ਤੇ ਤੁਰਕੀ ਦੇ ਅਧਿਕਾਰੀ ਟਰੰਪ ਦੇ ਦੂਤ ਵਿਟਕੌਫ ਤੇ ਈਰਾਨੀ ਵਿਦੇਸ਼ ਮੰਤਰੀ ਅਰਾਗਚੀ ਨਾਲ ਗੱਲਬਾਤ ਚਲਾ ਰਹੇ ਹਨ। ਸਾਊਦੀ ਅਰਬ ਵੀ ਟਕਰਾਅ ਟਾਲਣ ਲਈ ਇਨ੍ਹਾਂ ਦਾ ਸਾਥ ਦੇ ਰਿਹਾ ਹੈ। ਅਮਰੀਕਾ ਤੇ ਈਰਾਨ ਵਿਚਾਲੇ ਗੱਲਬਾਤ ਇਸਲਾਮਾਬਾਦ ਵਿੱਚ ਕਰਵਾਈ ਜਾ ਸਕਦੀ ਹੈ, ਜਿਸ ਵਿੱਚ ਅਮਰੀਕਾ ਵੱਲੋਂ ਉਪ ਰਾਸ਼ਟਰਪਤੀ ਜੇ ਡੀ ਵਾਂਸ, ਵਿਟਕੌਫ ਤੇ ਕੁਸ਼ਨੇਰ ਸ਼ਾਮਲ ਹੋਣਗੇ।



ਈਰਾਨੀ ਹਮਲੇ ਨਾਲ ਤੇਲਅਵੀਵ ਵਿੱਚ ਮਚੀ ਤਬਾਹੀ।

### ਲਾਰੀਜਾਨੀ ਦੀ ਥਾਂ ਜ਼ੋਲਗਦਰ



**ਤਹਿਰਾਨ** : ਈਰਾਨ ਨੇ ਮੁਹੰਮਦ ਬਾਘੇਰ ਜ਼ੋਲਗਦਰ ਨੂੰ ਸੁਪਰੀਮ ਨੈਸ਼ਨਲ ਸਕਿਉਰਿਟੀ ਕੌਂਸਲ ਦਾ ਨਵਾਂ ਮੁਖੀ ਚੁਣ ਲਿਆ ਹੈ। ਇਹ ਫੈਸਲਾ ਅਲੀ ਲਾਰੀਜਾਨੀ ਦੀ ਮੌਤ ਤੋਂ ਬਾਅਦ ਲਿਆ ਗਿਆ ਹੈ। ਜ਼ੋਲਗਦਰ ਈਰਾਨ ਦੀ ਫੌਜ ਅਤੇ ਸਰਕਾਰ ਵਿੱਚ ਪ੍ਰਭਾਵਸ਼ਾਲੀ ਅਹੁਦਿਆਂ 'ਤੇ ਰਹਿ ਚੁੱਕੇ ਹਨ ਅਤੇ ਹੁਣ ਉਹ ਦੇਸ਼ ਦੀ ਸੁਰੱਖਿਆ ਨਾਲ ਜੁੜੇ ਵੱਡੇ ਫੈਸਲੇ ਲੈਣਗੇ।

# ਪੰਜਾਬ ਨੂੰ ਏਸ਼ੀਅਨ ਹਾਕੀ ਚੈਂਪੀਅਨਸ਼ਿਪ ਦੀ ਮੇਜ਼ਬਾਨੀ ਮਿਲੀ : ਭਗਵੰਤ ਮਾਨ



**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਵਿੱਚ ਪਹਿਲੀ ਵਾਰ ਅਕਤੂਬਰ ਮਹੀਨੇ ਦੇ ਅਖੀਰ ਵਿੱਚ ਏਸ਼ੀਅਨ ਹਾਕੀ ਚੈਂਪੀਅਨਸ਼ਿਪ ਟਰਾਫੀ ਹੋਣ ਜਾ ਰਹੀ ਹੈ। ਇਸ ਲਈ ਏਸ਼ੀਅਨ ਹਾਕੀ ਫੈਡਰੇਸ਼ਨ ਅਤੇ ਭਾਰਤੀ ਹਾਕੀ ਫੈਡਰੇਸ਼ਨ ਵੱਲੋਂ ਐਤਵਾਰ ਪ੍ਰਵਾਨਗੀ ਦੇ ਦਿੱਤੀ ਗਈ ਹੈ। ਉਨ੍ਹਾ ਕਿਹਾ ਕਿ ਏਸ਼ੀਅਨ ਹਾਕੀ ਚੈਂਪੀਅਨਸ਼ਿਪ ਦੇ ਮੁਕਾਬਲੇ ਅਕਤੂਬਰ ਦੇ ਅਖੀਰ ਵਿੱਚ ਕਰਵਾਏ ਜਾਣਗੇ।

ਇਹ ਮੁਕਾਬਲੇ ਮੁਹਾਲੀ ਅਤੇ ਜਲੰਧਰ ਦੇ ਖੇਡ ਮੈਦਾਨਾਂ ਵਿੱਚ ਕਰਵਾਏ ਜਾਣਗੇ। ਇਸ ਵਿੱਚ ਭਾਰਤ, ਪਾਕਿਸਤਾਨ, ਸਾਊਥ ਕੋਰੀਆ, ਜਾਪਾਨ ਸਣੇ ਹੋਰਨਾਂ ਕਈ ਦੇਸ਼ਾਂ ਦੀਆਂ ਟੀਮਾਂ ਸ਼ਾਮਲ ਹੋਣਗੀਆਂ। ਏਸ਼ੀਅਨ ਹਾਕੀ ਚੈਂਪੀਅਨਸ਼ਿਪ ਵਿੱਚ ਪੰਜਾਬ ਦੇ ਸੱਭਿਆਚਾਰ ਨੂੰ ਵੀ ਪ੍ਰਫੁੱਲਿਤ ਕੀਤਾ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ 44 ਸਾਲ ਬਾਅਦ ਬੈਡਮਿੰਟਨ ਦੇ ਅੰਡਰ 13 ਨੈਸ਼ਨਲ ਚੈਂਪੀਅਨਸ਼ਿਪ ਵੀ ਦਸੰਬਰ ਮਹੀਨੇ ਵਿੱਚ ਜਲੰਧਰ ਵਿਖੇ ਹੋਣ ਜਾ ਰਹੀ ਹੈ।

ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡਾਂ ਨੂੰ ਪ੍ਰਫੁੱਲਿਤ ਕਰਨ ਲਈ ਤਿਆਰ ਕੀਤੀ ਗਈ ਖੇਡ ਨੀਤੀ ਵਿੱਚ ਖਿਡਾਰੀਆਂ ਨੂੰ ਕੌਮੀ ਅਤੇ ਕੌਮਾਂਤਰੀ ਪੱਧਰ ਦੇ ਖੇਡ ਮੁਕਾਬਲਿਆਂ ਦੀਆਂ ਤਿਆਰੀਆਂ ਲਈ ਵੀ ਵੱਡੀ ਰਕਮ ਦੀ ਅਦਾਇਗੀ ਕੀਤੀ ਜਾ ਰਹੀ ਹੈ। ਇਸ ਦੌਰਾਨ ਏਸ਼ੀਅਨ ਖੇਡਾਂ ਲਈ ਖਿਡਾਰੀਆਂ ਨੂੰ ਅੱਠ-ਅੱਠ ਲੱਖ ਰੁਪਏ ਅਤੇ ਉਲੰਪਿਕ ਖੇਡਾਂ ਦੀ ਤਿਆਰੀ ਲਈ ਖਿਡਾਰੀਆਂ ਨੂੰ 15-15 ਲੱਖ ਰੁਪਏ ਦਿੱਤੇ ਜਾ ਰਹੇ ਹਨ, ਜਦੋਂਕਿ ਕੌਮਾਂਤਰੀ ਪੱਧਰ ਦੀਆਂ ਖੇਡਾਂ ਵਿੱਚ ਜਿੱਤ ਹਾਸਲ ਕਰਨ ਵਾਲੇ ਖਿਡਾਰੀਆਂ ਨੂੰ ਕਰੋੜਾਂ ਰੁਪਏ ਦੇ ਨਕਦ ਇਨਾਮ ਵੀ ਦਿੱਤੇ ਜਾਂਦੇ ਹਨ।

## ਗਗਨਦੀਪ ਕਾਂਡ 'ਚ ਕਿਸੇ ਵੀ ਦੋਸ਼ੀ ਨੂੰ ਬਖਸ਼ਿਆ ਨਹੀਂ ਜਾਵੇਗਾ : ਮਾਨ

**ਚੰਡੀਗੜ੍ਹ** : ਪੰਜਾਬ ਵੇਅਰ ਹਾਊਸਿੰਗ ਕਾਰਪੋਰੇਸ਼ਨ ਦੇ ਜਨਰਲ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਵੱਲੋਂ ਖੁਦਕੁਸ਼ੀ ਕਰਨ ਦੇ ਮਾਮਲੇ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਤੇ ਵਿਰੋਧੀ ਧਿਰਾਂ ਵੱਲੋਂ ਸੀ ਬੀ ਆਈ ਦੀ ਜਾਂਚ ਲਈ ਕੀਤੀਆਂ ਟਿੱਪਣੀਆਂ ਤੋਂ ਬਾਅਦ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਪੱਸ਼ਟ ਕੀਤਾ ਕਿ ਪੰਜਾਬ ਪੁਲਸ ਖੁਦਕੁਸ਼ੀ ਮਾਮਲੇ ਦੀ ਜਾਂਚ ਕਰਨ ਲਈ ਸਮਰੱਥ ਹੈ।

ਉਨ੍ਹਾ ਕਿਹਾ ਕਿ ਪੰਜਾਬ ਪੁਲਸ ਵੱਲੋਂ ਇਸ ਮਾਮਲੇ ਦੀ ਬਾਰੀਕੀ ਨਾਲ ਜਾਂਚ ਕੀਤੀ ਜਾਵੇਗੀ ਅਤੇ ਕੋਈ ਵੀ ਵਿਅਕਤੀ ਇਸ ਮਾਮਲੇ ਵਿੱਚ ਸ਼ਾਮਲ ਹੋਵੇਗਾ, ਉਸ ਨੂੰ ਬਖਸ਼ਿਆ ਨਹੀਂ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਕੈਬਨਿਟ ਮੰਤਰੀ ਉੱਤੇ ਅਜਿਹੇ ਦੋਸ਼ ਲੱਗਣ ਤੋਂ ਫੌਰੀ ਬਾਅਦ ਮੰਤਰੀ ਤੋਂ ਅਸਤੀਫਾ ਵੀ ਲੈ ਲਿਆ ਅਤੇ ਉਸ ਵਿਰੁੱਧ ਕੇਸ ਦਰਜ ਕਰਕੇ ਗ੍ਰਿਫਤਾਰ ਵੀ ਕਰ ਲਿਆ ਹੈ।

ਇਸ ਦੇ ਨਾਲ ਹੀ ਉਨ੍ਹਾਂ ਨੇ ਪਿਛਲੀਆਂ ਸਰਕਾਰਾਂ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਪਿਛਲੀਆਂ ਸਰਕਾਰਾਂ ਹਮੇਸ਼ਾ ਹੀ ਆਪਣੇ ਆਗੂਆਂ ਨੂੰ ਬਚਾਉਣ ਵਿੱਚ ਲੱਗੀਆਂ ਰਹੀਆਂ ਹਨ। ਉਨ੍ਹਾ ਕਿਹਾ ਕਿ ਹਰਿਆਣਾ ਵਿੱਚ ਮੌਜੂਦਾ ਏ ਡੀ ਜੀ ਪੀ ਵੱਲੋਂ ਖੁਦਕੁਸ਼ੀ ਕਰ ਲਈ ਗਈ, ਪਰ ਹਰਿਆਣਾ ਸਰਕਾਰ ਨੇ ਸਿਰਫ • ਬਾਕੀ ਸਫਾ 2 'ਤੇ

## ਲਾਲਜੀਤ ਭੁੱਲਰ ਦੇ ਵਿਭਾਗ ਚੀਮਾ ਤੇ ਰਵਜੋਤ ਹਵਾਲੇ



**ਚੰਡੀਗੜ੍ਹ** : ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ ਦੀ ਗ੍ਰਿਫਤਾਰੀ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਮਾਨ ਨੇ ਮੰਗਲਵਾਰ ਉਨ੍ਹਾ ਦੇ ਵਿਭਾਗਾਂ ਦੀ ਜ਼ਿੰਮੇਵਾਰੀ ਵਿੱਤ ਮੰਤਰੀ ਹਰਪਾਲ ਚੀਮਾ ਅਤੇ ਐੱਨ ਆਰ ਆਈ ਮਾਮਲਿਆਂ ਦੇ ਮੰਤਰੀ ਡਾ. ਰਵਜੋਤ ਸਿੰਘ ਨੂੰ ਸੌਂਪ ਦਿੱਤੀ ਹੈ। ਸਾਬਕਾ ਟਰਾਂਸਪੋਰਟ ਅਤੇ ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ ਦਾ ਅਸਤੀਫਾ ਸੋਮਵਾਰ ਸ਼ਾਮ ਰਾਜਪਾਲ ਵੱਲੋਂ ਮਨਜ਼ੂਰ ਕਰ ਲਿਆ ਗਿਆ ਸੀ। ਟਰਾਂਸਪੋਰਟ ਵਿਭਾਗ ਵਿੱਤ ਤੇ ਆਬਕਾਰੀ ਮੰਤਰੀ ਚੀਮਾ ਨੂੰ ਅਤੇ ਜੇਲ੍ਹ ਵਿਭਾਗ ਡਾ. ਰਵਜੋਤ ਸਿੰਘ ਨੂੰ ਸੌਂਪਿਆ ਗਿਆ ਹੈ। ਇਸ ਫੈਸਲੇ ਨੇ ਕੈਬਨਿਟ ਵਿੱਚ ਤੁਰੰਤ ਕਿਸੇ ਵੱਡੇ ਫੇਰਬਦਲ ਦੀਆਂ ਅਟਕਲਾਂ 'ਤੇ ਵਿਰਾਮ ਲਗਾ ਦਿੱਤਾ ਹੈ।

# ਈਸਾਈ ਧਰਮ ਅਪਣਾਇਆ ਤਾਂ ਐੱਸ ਸੀ ਦਾ ਦਰਜਾ ਗੁਆਇਆ

### ਸਿਰਫ ਹਿੰਦੂ, ਸਿੱਖ ਤੇ ਬੌਧ ਧਰਮ ਵਾਲੇ ਹੀ ਹੱਕਦਾਰ : ਸੁਪਰੀਮ ਕੋਰਟ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਮੰਗਲਵਾਰ ਕਿਹਾ ਕਿ ਸਿਰਫ ਹਿੰਦੂ, ਸਿੱਖ ਤੇ ਬੌਧ ਧਰਮ ਨਾਲ ਜੁੜੇ ਲੋਕ ਹੀ ਅਨੁਸੂਚਿਤ ਜਾਤੀ (ਐੱਸ ਸੀ) ਦਾ ਦਰਜਾ ਪ੍ਰਾਪਤ ਕਰ ਸਕਦੇ ਹਨ। ਜੇ ਕੋਈ ਈਸਾਈ ਜਾਂ ਕਿਸੇ ਹੋਰ ਧਰਮ ਨੂੰ ਅਪਣਾਉਂਦਾ ਹੈ, ਤਾਂ ਉਹ ਅਨੁਸੂਚਿਤ ਜਾਤੀ ਦਾ ਦਰਜਾ ਗੁਆ ਦੇਵੇਗਾ। ਜਸਟਿਸ ਪ੍ਰਸ਼ਾਂਤ ਕੁਮਾਰ ਮਿਸ਼ਰਾ ਅਤੇ ਜਸਟਿਸ ਐੱਨ ਵੀ ਅੰਜਾਰੀਆ ਦੀ ਬੈਂਚ ਨੇ ਆਂਧਰਾ ਪ੍ਰਦੇਸ਼ ਹਾਈ ਕੋਰਟ ਦੇ ਹੁਕਮ ਨੂੰ ਬਰਕਰਾਰ ਰੱਖਦਿਆਂ ਕਿਹਾ ਕਿ ਈਸਾਈ ਧਰਮ ਅਪਨਾਉਣ ਵਾਲਾ ਦਲਿਤ ਵਿਅਕਤੀ ਅਨੁਸੂਚਿਤ ਜਾਤੀ ਤੇ ਅਨੁਸੂਚਿਤ ਜਨਜਾਤੀ (ਅੱਤਿਆਚਾਰ ਨਿਵਾਰਣ) ਕਾਨੂੰਨ ਤਹਿਤ ਮਿਲਣ ਵਾਲੀ ਕਿਸੇ ਵੀ ਸੁਰੱਖਿਆ ਦਾ ਦਾਅਵਾ ਨਹੀਂ ਕਰ ਸਕਦਾ ਹੈ। ਇਹ ਫੈਸਲਾ ਇੱਕ ਪਾਸਟਰ (ਈਸਾਈ ਪ੍ਰਚਾਰਕ) ਚਿੰਤਦਾ ਆਨੰਦ ਦੀ ਪਟੀਸ਼ਨ 'ਤੇ ਆਇਆ ਹੈ, ਜਿਸ ਨੇ 2021 ਵਿੱਚ ਇੱਕ ਵਿਅਕਤੀ ਵਿਰੁੱਧ ਕੁੱਟਮਾਰ ਅਤੇ ਜਾਤੀ ਸੂਚਕ ਸ਼ਬਦਾਂ ਦੀ ਵਰਤੋਂ ਦੇ ਦੋਸ਼ ਵਿੱਚ ਐੱਸ ਸੀ/ਐੱਸ ਟੀ ਐਕਟ ਤਹਿਤ ਕੇਸ ਦਰਜ ਕਰਵਾਇਆ ਸੀ। ਹਾਈ ਕੋਰਟ ਨੇ ਕਿਹਾ ਸੀ ਕਿ ਈਸਾਈ ਧਰਮ ਵਿੱਚ ਜਾਤ ਪ੍ਰਣਾਲੀ ਦਾ ਕੋਈ ਸਥਾਨ ਨਹੀਂ ਹੈ, ਇਸ ਲਈ ਇੱਕ ਵਾਰ ਜਦੋਂ ਕੋਈ ਵਿਅਕਤੀ ਈਸਾਈ ਬਣ ਜਾਂਦਾ ਹੈ ਅਤੇ ਉਸ ਧਰਮ ਦਾ ਪਾਲਣ ਕਰਦਾ ਹੈ, ਤਾਂ ਉਹ ਐੱਸ ਸੀ/ਐੱਸ ਸੀ (ਅੱਤਿਆਚਾਰ ਰੋਕੂ) ਐਕਟ ਦੀਆਂ ਧਾਰਾਵਾਂ ਦੀ ਵਰਤੋਂ ਨਹੀਂ ਕਰ ਸਕਦਾ। ਸੁਪਰੀਮ ਕੋਰਟ ਨੇ ਨੋਟ ਕੀਤਾ ਕਿ ਪਟੀਸ਼ਨਕਰਤਾ ਪਿਛਲੇ ਇੱਕ ਦਹਾਕੇ ਤੋਂ ਪਾਸਟਰ ਵਜੋਂ ਕੰਮ ਕਰ ਰਿਹਾ ਸੀ ਅਤੇ ਘਟਨਾ ਵਾਲੇ ਦਿਨ ਵੀ ਪ੍ਰਾਰਥਨਾ ਸਭਾ ਕਰ ਰਿਹਾ ਸੀ, ਜਿਸ ਤੋਂ ਸਾਬਤ ਹੁੰਦਾ ਹੈ ਕਿ ਉਹ ਈਸਾਈ ਸੀ। ਅਦਾਲਤ ਨੇ ਕਿਹਾ ਕਿ 1950 ਦੇ ਸੰਵਿਧਾਨਕ ਹੁਕਮਾਂ ਅਨੁਸਾਰ, ਨਿਰਧਾਰਤ ਧਰਮਾਂ ਹਿੰਦੂ, ਸਿੱਖ ਤੇ ਬੌਧ ਤੋਂ ਇਲਾਵਾ ਕਿਸੇ ਹੋਰ ਧਰਮ ਵਿੱਚ ਪਰਿਵਰਤਨ ਕਰਨ ਨਾਲ ਐੱਸ ਸੀ ਦਾ ਦਰਜਾ ਖਤਮ ਹੋ ਜਾਂਦਾ ਹੈ।

## ਸਵਿਗੀ ਦੀ ਪਲੇਟਫਾਰਮ ਫੀਸ ਹੁਣ 17.58 ਰੁਪਏ

**ਨਵੀਂ ਦਿੱਲੀ** : ਸਵਿਗੀ ਨੇ ਮੰਗਲਵਾਰ ਤੋਂ ਹਰ ਆਰਡਰ 'ਤੇ 17.58 ਰੁਪਏ (ਜੀ ਐੱਸ ਟੀ ਸਮੇਤ) ਪਲੇਟਫਾਰਮ ਫੀਸ ਲੈਣੀ ਸ਼ੁਰੂ ਕਰ ਦਿੱਤੀ ਹੈ। ਲੋਕਾਂ ਨੂੰ ਹੁਣ ਬਾਹਰੋਂ ਖਾਣਾ ਮੰਗਵਾਉਣਾ ਮਹਿੰਗਾ ਪਏਗਾ। ਪਲੇਟਫਾਰਮ ਫੀਸ ਉਹ ਖਰਚਾ ਹੁੰਦਾ ਹੈ, ਜੋ ਡਿਲਿਵਰੀ ਅਤੇ ਰੈਸਟੋਰੈਂਟ ਚਾਰਜ ਤੋਂ ਇਲਾਵਾ ਲਿਆ ਜਾਂਦਾ ਹੈ। ਦਿਲਚਸਪ ਗੱਲ ਇਹ ਹੈ ਕਿ ਇਹ ਫੀਸ ਸਿਰਫ ਖਾਣੇ ਦੇ ਆਰਡਰਾਂ 'ਤੇ ਹੀ ਨਹੀਂ, ਬਲਕਿ ਸਵਿਗੀ ਦੀਆਂ ਹੋਰ ਸੇਵਾਵਾਂ, ਜਿਵੇਂ ਕਿ ਇੰਸਟਾਮਾਰਟ ਰਾਹੀਂ ਮੰਗਵਾਏ ਗਏ ਸਾਮਾਨ 'ਤੇ ਵੀ ਲਾਗੂ ਹੋਵੇਗੀ।

## ਐੱਫ ਆਈ ਆਰ ਡਾਊਨਲੋਡ ਕਰਨ ਦੀ ਫੀਸ 80 ਰੁਪਏ

**ਜਲੰਧਰ** : ਪੰਜਾਬ ਪੁਲਸ ਨੇ ਆਪਣੇ ਆਨਲਾਈਨ ਪੋਰਟਲ ਤੋਂ ਐੱਫ ਆਈ ਆਰ (ਪਹਿਲੀ ਸੂਚਨਾ ਰਿਪੋਰਟ) ਡਾਊਨਲੋਡ ਕਰਨ ਲਈ 80 ਰੁਪਏ ਦੀ ਫੀਸ ਲਗਾ ਦਿੱਤੀ ਹੈ। ਸਪੈਸ਼ਲ ਡੀ ਜੀ ਪੀ ਗੁਰਪ੍ਰੀਤ ਦਿਓ ਮੁਤਾਬਕ ਸ਼ਿਕਾਇਤਕਰਤਾ ਤੇ ਮੁਲਜ਼ਮ ਨੂੰ ਅਜੇ ਵੀ ਥਾਣੇ ਤੋਂ ਐੱਫ ਆਈ ਆਰ ਦੀ ਕਾਪੀ ਮੁਫਤ ਮਿਲੇਗੀ। ਇਹ ਫੀਸ ਸਿਰਫ ਤੀਜੀ ਧਿਰ ਲਈ ਹੈ। ਪੁਲਸ ਦਾ ਕਹਿਣਾ ਹੈ ਕਿ 'ਸਾਂਝ' ਸਰਵਰ 'ਤੇ ਬਹੁਤ ਜ਼ਿਆਦਾ ਟ੍ਰੈਫਿਕ ਹੋਣ ਕਾਰਨ ਸਿਸਟਮ ਹੌਲੀ ਹੋ ਰਿਹਾ ਸੀ। ਬਹੁਤ ਸਾਰੇ ਲੋਕ ਬਿਨਾਂ ਵਜ੍ਹਾ ਐੱਫ ਆਈ ਆਰ ਡਾਊਨਲੋਡ ਕਰਦੇ ਸਨ, ਜਿਸ ਨੂੰ ਰੋਕਣ ਲਈ ਇਹ ਕਦਮ ਚੁੱਕਿਆ ਗਿਆ ਹੈ। ਆਪੋਜ਼ੀਸ਼ਨ ਆਗੂਆਂ ਨੇ ਕਿਹਾ ਹੈ ਕਿ ਫੀਸ ਕਾਰਨ ਆਮ ਲੋਕਾਂ ਲਈ ਕਾਨੂੰਨੀ ਜਾਣਕਾਰੀ ਲੈਣਾ ਔਖਾ ਹੋ ਜਾਵੇਗਾ। ਇਹ ਕਦਮ ਪਾਰਦਰਸ਼ਤਾ ਦੇ ਵਿਰੁੱਧ ਹੈ।

## ਬਾਦਸ਼ਾਹ ਦਾ ਇਸ਼ਾ ਰਿਖੀ ਨਾਲ ਵਿਆਹ



**ਚੰਡੀਗੜ੍ਹ** : ਰੈਪਰ ਬਾਦਸ਼ਾਹ ਨੇ ਅਦਾਕਾਰਾ ਇਸ਼ਾ ਰਿਖੀ ਨਾਲ ਵਿਆਹ ਕਰ ਲਿਆ ਹੈ। ਬਾਦਸ਼ਾਹ ਦਾ ਇਹ ਦੂਜਾ ਵਿਆਹ ਹੈ। ਜੈਸਮੀਨ ਮਸੀਹ, ਜਿਸ ਤੋਂ ਇੱਕ ਬੇਟੀ ਜੈਸਮੀ ਗ੍ਰੇਸ ਮਸੀਹ ਸਿੰਘ ਹੈ, ਨਾਲ 2020 ਵਿੱਚ ਤੋੜ-ਵਿਛੋੜਾ ਹੋ ਗਿਆ ਸੀ। ਇਸ਼ਾ ਰਿਖੀ ਨੇ 2013 ਵਿੱਚ 'ਜੱਟ ਬੁਆਇਜ਼ ਪੁੱਤ ਜੱਟਾਂ ਦੇ' ਨਾਲ ਪੰਜਾਬੀ ਸਿਨੇਮਾ ਵਿੱਚ ਕਦਮ ਰੱਖਿਆ ਸੀ ਅਤੇ 2018 ਵਿੱਚ 'ਨਵਾਬਜ਼ਾਦੇ' ਰਾਹੀਂ ਬੌਲੀਵੁੱਡ ਵਿੱਚ ਡੈਬਿਊ ਕੀਤਾ ਸੀ।

## ਕੋਲੰਬੀਆ ਜਹਾਜ਼ ਹਾਦਸੇ 'ਚ 66 ਫੌਜੀਆਂ ਦੀ ਮੌਤ

**ਬੋਗੋਟਾ** : ਦੱਖਣੀ ਅਮਰੀਕੀ ਦੇਸ਼ ਕੋਲੰਬੀਆ ਦੇ ਪੁਟੂਮਾਯੋ ਸੂਬੇ ਵਿੱਚ ਸੋਮਵਾਰ ਫੌਜੀ ਟਰਾਂਸਪੋਰਟ ਜਹਾਜ਼ ਹਰਕੂਲਿਸ ਸੀ-130 ਉਡਾਣ ਭਰਨ ਦੇ ਤੁਰੰਤ ਬਾਅਦ ਹਾਦਸਾਗ੍ਰਸਤ ਹੋਣ ਕਾਰਨ 66 ਫੌਜੀਆਂ ਦੀ ਮੌਤ ਹੋ ਗਈ। ਜਹਾਜ਼ ਵਿੱਚ 110 ਫੌਜੀ ਅਤੇ 11 ਕਰੂ ਮੈਂਬਰ ਸਵਾਰ ਸਨ। ਹਾਦਸਾ ਹਵਾਈ ਅੱਡੇ ਤੋਂ ਮਹਿਜ਼ ਦੋ ਕਿੱਲੋਮੀਟਰ ਦੀ ਦੂਰੀ 'ਤੇ ਵਾਪਰਿਆ, ਜਿਸ ਤੋਂ ਬਾਅਦ ਜਹਾਜ਼ ਨੂੰ ਅੱਗ ਲੱਗ ਗਈ। ਇਹ ਜਹਾਜ਼ 2020 ਵਿੱਚ ਅਮਰੀਕਾ ਵੱਲੋਂ ਤੋਹਫੇ ਵਜੋਂ ਦਿੱਤਾ ਗਿਆ ਸੀ ਅਤੇ ਇਸ ਦੀ ਹਾਲ ਹੀ ਵਿੱਚ ਮੁਰੰਮਤ ਵੀ ਕੀਤੀ ਗਈ ਸੀ।

# ਭਗਤ ਸਿੰਘ ਵੱਲੋਂ ਬਸਤੀਵਾਦ ਵਿਰੁੱਧ ਲੜੀ ਲੜਾਈ ਵਾਂਗ ਅਮਰੀਕੀ ਸਾਮਰਾਜਵਾਦ ਵਿਰੁੱਧ ਡਟਣਾ ਸਮੇਂ ਦੀ ਲੋੜ



ਮਹਿਤਪੁਰ ਤੋਂ ਰਵਾਨਾ ਹੁੰਦਾ ਹੋਇਆ ਮੋਟਰਸਾਈਕਲ ਮਾਰਚ। (ਇਨਸੈੱਟ) ਪਰਜੀਆਂ ਵਿਖੇ ਮਾਰਚ ਦੀ ਸਮਾਪਤੀ ਮੌਕੇ ਸੰਬੋਧਨ ਕਰਦੇ ਹੋਏ ਰੂੜਾ ਰਾਮ ਪਰਜੀਆਂ

**ਸ਼ਾਹਕੋਟ (ਗਿਆਨ ਸੈਦਪੁਰੀ)**

ਜਿਸ ਸ਼ਿੱਦਤ ਨਾਲ ਸ਼ਹੀਦ-ਏ-ਆਜ਼ਮ ਭਗਤ ਸਿੰਘ ਤੇ ਉਸ ਦੇ ਸਾਥੀ ਬਰਤਾਨਵੀ ਸਾਮਰਾਜ ਵਿਰੁੱਧ ਲੜੇ ਸਨ, ਅੱਜ ਉਹਨਾਂ ਵਰਗੀ ਸੰਜੀਦਗੀ ਨਾਲ ਅਮਰੀਕੀ ਸਾਮਰਾਜ ਵਿਰੁੱਧ ਡਟਣ ਦੀ ਲੋੜ ਹੈ।ਸਾਡੇ ਕੌਮੀ ਯੋਧਿਆਂ ਨੇ ਬਸਤੀਵਾਦ ਵਿਰੁੱਧ ਜਾਨ ਹੂਲਵੀਂ ਲੜਾਈ ਰਾਹੀਂ ਬਰਤਾਨਵੀ ਜ਼ੰਜੀਰਾਂ ਤੋੜੀਆਂ ਸਨ।ਇਸੇ ਤਰ੍ਹਾਂ ਅਮਰੀਕਾ ਅਤੇ ਇਜ਼ਰਾਈਲ ਦੀ ਪਸਾਰਵਾਦੀ ਨੀਤੀ ਨੂੰ ਨੱਥ ਪਾਉਣ ਲਈ ਪੂਰੀ ਦੁਨੀਆ ਦੀਆਂ ਲੋਕ ਪੱਖੀ ਆਵਾਜ਼ਾਂ ਦਾ ਇੱਕ ਸੁਰ ਹੋਣਾ ਸਮੇਂ ਦੀ ਮੰਗ ਹੈ। ਸ਼ਹੀਦੇ-ਆਜ਼ਮ ਭਗਤ ਸਿੰਘ ਦੇ ਇਨਕਲਾਬੀ ਪੈਂਡੇ ਦੀ ਗੱਲ ਕਰਦਿਆਂ ਸਾਡੇ ਸਾਹਮਣੇ ਲਾਲਾ ਲਾਜਪਤ ਰਾਏ ਦੀ ਮੌਤ ਦਾ ਬਦਲਾ ਇੱਕ ਅੰਗਰੇਜ਼ ਅਫਸਰ ਨੂੰ ਮਾਰ ਦੇਣ ਦੀ ਘਟਨਾ ਨਾਲ ਸਾਹਮਣੇ ਆਉਂਦਾ ਹੈ। ਸੁੱਤੀ ਹੋਈ ਅੰਗਰੇਜ਼ੀ ਹਕੂਮਤ ਨੂੰ ਜਗਾਉਣ ਲਈ 1929 ਵਿੱਚ ਦਿੱਲੀ ਅਸੰਬਲੀ ਵਿੱਚ ਬੰਬ ਸੁੱਟਿਆ ਜਾਂਦਾ ਹੈ।ਉਸ ਵਕਤ ਸਿਆਸੀ ਕੈਦੀਆਂ ਨਾਲ ਹੁੰਦੀ ਬਦਸਲੂਕੀ ਵਿਰੁੱਧ ਭਗਤ ਸਿੰਘ ਹੁਰਾਂ ਵੱਲੋਂ ਭੁੱਖ ਹੜਤਾਲਾਂ ਕੀਤੀਆਂ ਗਈਆਂ। ਇਸ ਤੋਂ ਬਿਨਾਂ ਭਗਤ ਸਿੰਘ ਇਕ ਮਹਾਨ ਬੁੱਧੀਜੀਵੀ ਸਨ।ਉਹਨਾ ਦੁਨੀਆ ਭਰ ਦੇ ਇਨਕਲਾਬੀ ਸਾਹਿਤ ਦਾ ਅਧਿਐਨ ਕੀਤਾ। ਆਪ ਉਹਨਾ ਬਹੁਤ ਕੁਝ ਲਿਖਿਆ। 'ਮੈਂ ਨਾਸਤਿਕ ਕਿਉਂ ਹਾਂ' ਅਤੇ 'ਜਾਤ ਦਾ ਸਵਾਲ' ਉਹਨਾ ਦੇ ਪੜ੍ਹਨ ਯੋਗ ਲੇਖ ਹਨ।

ਅੱਜ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਨਿਆਂ, ਬਰਾਬਰਤਾ ਤੇ ਖੂਬਸੂਰਤ ਸਮਾਜ ਸਿਰਜਣ ਦਾ ਭਗਤ ਸਿੰਘ ਹੁਰਾਂ ਵੱਲੋਂ ਲਿਆ ਗਿਆ ਸੁਪਨਾ ਪੂਰਾ ਨਹੀਂ ਹੋ ਸਕਿਆ।ਉਹਨਾ ਦਾ ਸੁਪਨਾ ਸਕਾਰ ਕਰਨ ਲਈ ਦੇਸ਼ ਦੀ ਤੇ ਖਾਸ ਕਰਕੇ ਪੰਜਾਬ ਦੀ ਜਵਾਨੀ ਲਈ ਚੈਲੰਜ ਹੈ। ਇਸ ਚੈਲੰਜ ਨੂੰ ਕਬੂਲ ਕਰਕੇ ਸੰਘਰਸ਼ਾਂ ਦਾ ਮੈਦਾਨ ਮੱਲਣਾ ਹੀ ਇੱਕੋ-ਇਕ ਰਾਹ ਹੈ।ਉਕਤ ਸਾਰਤੱਤ ਹੈ, ਸਰਬ ਭਾਰਤ ਨੌਜਵਾਨ ਸਭਾ ਜਿਲ੍ਹਾ ਜਲੰਧਰ ਵੱਲੋਂ ਮਹਿਤਪੁਰ ਤੋਂ ਸ਼ੁਰੂ ਹੋ ਕੇ ਵੱਖ-ਵੱਖ ਪਿੰਡਾਂ ਵਿੱਚੋਂ ਹੁੰਦੇ ਹੋਏ ਵਿਸ਼ਾਲ ਮੋਟਰਸਾਈਕਲ ਮਾਰਚ ਦੇ ਪਿੰਡ ਪਰਜੀਆਂ ਕਲਾਂ ਪਹੁੰਚਣ 'ਤੇ ਵੱਖ-ਵੱਖ ਆਗੂਆਂ ਵੱਲੋਂ ਪ੍ਰਗਟ ਕੀਤੇ ਗਏ ਵਿਚਾਰਾਂ ਦਾ। ਇਸ ਮਾਰਚ ਦਾ ਪਰਜੀਆਂ ਪਹੁੰਚਣ 'ਤੇ ਸਰਬ ਭਾਰਤ ਨੌਜਵਾਨ ਸਭਾ ਦੇ ਪੁਰਾਣੇ ਆਗੂ ਤੇ ਪੰਜਾਬ ਖੇਤ ਮਜ਼ਦੂਰ ਸਭਾ ਜਿਲ੍ਹਾ ਜਲੰਧਰ ਦੇ ਸਰਪ੍ਰਸਤ ਰੂੜਾ ਰਾਮ ਨੇ ਸਿਹਤ ਦੀ ਨਾਸਾਜਗੀ ਦੇ ਬਾਵਜੂਦ ਜਿਸ ਤਰ੍ਹਾਂ ਸਵਾਗਤ ਕੀਤਾ ਤੇ ਹੱਲਾਸ਼ੇਰੀ ਦਿੰਦੀ ਸੰਖੇਪ ਤਕਰੀਰ ਕੀਤੀ, ਉਸ ਨਾਲ ਸਰਬ ਭਾਰਤ ਨੌਜਵਾਨ ਸਭਾ ਦੇ ਕਾਰਕੁਨ ਉਤਸ਼ਾਹ ਨਾਲ ਭਰ ਗਏ। ਸਰਬ ਭਾਰਤ ਨੌਜਵਾਨ ਸਭਾ ਦੇ ਆਗੂ ਮਨਦੀਪ ਸਿੱਧੂ ਦੀ ਅਗਵਾਈ ਵਿੱਚ ਮਾਰਚ ਦਾਣਾ ਮੰਡੀ ਮਹਿਤਪੁਰ ਤੋਂ ਰਵਾਨਾ ਹੋ ਕੇ ਬੱਸ ਅੱਡਾ ਮਹਿਤਪੁਰ, ਸੰਗੋਵਾਲ, ਟੋਲ ਪਲਾਜ਼ਾ, • ਬਾਕੀ ਸਫਾ 2 'ਤੇ

# ਹਰੀਸ਼ ਰਾਣਾ ਆਖਰ ਦੁਨੀਆ ਤੋਂ ਰੁਖਸਤ



**ਨਵੀਂ ਦਿੱਲੀ** : ਭਾਰਤ ਵਿੱਚ ਪੈਸਿਵ ਯੂਥਨੇਸ਼ੀਆ (ਮੌਤ ਦੀ ਇੱਛਾ) ਦੀ ਕਾਨੂੰਨੀ ਇਜਾਜ਼ਤ ਪਾਉਣ ਵਾਲੇ ਪਹਿਲੇ ਵਿਅਕਤੀ ਹਰੀਸ਼ ਰਾਣਾ ਦਾ ਮੰਗਲਵਾਰ ਦਿੱਲੀ ਦੇ ਏਮਜ਼ ਹਸਪਤਾਲ ਵਿੱਚ ਦੇਹਾਂਤ ਹੋ ਗਿਆ। 31 ਸਾਲਾ ਹਰੀਸ਼ ਸਾਲ 2013 ਤੋਂ ਕੋਮਾ ਵਿੱਚ ਸੀ। ਸੁਪਰੀਮ ਕੋਰਟ ਨੇ 11 ਮਾਰਚ ਨੂੰ ਇਤਿਹਾਸਕ ਫੈਸਲਾ ਸੁਣਾਉਂਦੇ ਹੋਏ ਉਸ ਲਈ ਪੈਸਿਵ ਯੂਥਨੇਸ਼ੀਆ ਦੀ ਇਜਾਜ਼ਤ ਦਿੱਤੀ ਸੀ, ਜਿਸ ਤੋਂ ਬਾਅਦ ਉਸ ਨੂੰ ਗਾਜ਼ੀਆਬਾਦ ਤੋਂ ਏਮਜ਼ ਦੇ ਪੈਲੀਏਟਿਵ ਕੇਅਰ ਯੂਨਿਟ ਵਿੱਚ ਭੇਜਿਆ ਗਿਆ ਸੀ।

ਹਰੀਸ਼ ਰਾਣਾ ਪੰਜਾਬ ਯੂਨੀਵਰਸਿਟੀ ਵਿੱਚ ਬੀ ਟੈੱਕ ਦਾ ਵਿਦਿਆਰਥੀ ਸੀ। ਉਹ 2013 ਵਿੱਚ ਚੌਥੀ ਮੰਜ਼ਲ ਦੀ ਬਾਲਕੋਨੀ ਤੋਂ ਡਿੱਗ ਗਿਆ ਸੀ, ਜਿਸ ਕਾਰਨ ਉਸ ਦੇ ਸਿਰ 'ਤੇ ਗੰਭੀਰ ਸੱਟਾਂ ਲੱਗੀਆਂ ਸਨ। ਉਦੋਂ ਤੋਂ ਹੀ ਉਹ ਕੋਮਾ ਵਿੱਚ ਸੀ ਅਤੇ ਮਸ਼ੀਨੀ ਸਹਾਇਤਾ ਰਾਹੀਂ ਜ਼ਿੰਦਾ ਸੀ। ਅਦਾਲਤ ਦੇ ਹੁਕਮਾਂ ਤੋਂ ਬਾਅਦ ਏਮਜ਼ ਦੇ ਮਾਹਰ ਡਾਕਟਰਾਂ ਦੀ ਟੀਮ ਨੇ ਉਸ ਦੀ ਜੀਵਨ ਰੱਖਿਅਕ ਸਹਾਇਤਾ (ਨਿਊਟ੍ਰੀਸ਼ਨ ਸਪੋਰਟ) ਨੂੰ ਹੌਲੀ-ਹੌਲੀ ਹਟਾਉਣ ਦੀ ਪ੍ਰਕਿਰਿਆ ਪੂਰੀ ਕੀਤੀ।

ਸੁਪਰੀਮ ਕੋਰਟ ਨੇ 11 ਮਾਰਚ ਨੂੰ ਹਰੀਸ਼ ਰਾਣਾ ਦੇ ਹੱਕ ਵਿੱਚ ਫੈਸਲਾ ਸੁਣਾਉਂਦੇ ਹੋਏ ਉਸ ਦੀ ਮਸ਼ੀਨੀ ਸਹਾਇਤਾ ਹਟਾਉਣ ਦੀ ਇਜਾਜ਼ਤ ਦਿੱਤੀ ਸੀ। ਅਦਾਲਤ ਨੇ ਦਿੱਲੀ ਦੇ ਏਮਜ਼ ਹਸਪਤਾਲ ਨੂੰ ਹਦਾਇਤ ਕੀਤੀ ਸੀ ਕਿ ਇਹ ਪ੍ਰਕਿਰਿਆ ਬਹੁਤ ਹੀ ਸਨਮਾਨਜਨਕ ਤਰੀਕੇ ਨਾਲ ਨੇਪਰੇ ਚਾੜ੍ਹੀ ਜਾਵੇ, ਤਾਂ ਜੋ ਮਰੀਜ਼ ਨੂੰ ਕੋਈ ਤਕਲੀਫ ਨਾ ਹੋਵੇ। ਇਸ ਫੈਸਲੇ ਤੋਂ ਬਾਅਦ ਹਰੀਸ਼ ਨੂੰ ਉਸ ਦੇ ਗਾਜ਼ੀਆਬਾਦ ਵਾਲੇ ਘਰ ਤੋਂ ਏਮਜ਼ ਲਿਆਂਦਾ ਗਿਆ ਸੀ, ਜਿੱਥੇ ਡਾਕਟਰਾਂ ਦੀ ਇੱਕ ਵਿਸ਼ੇਸ਼ ਟੀਮ ਨੇ ਉਸ ਦੀ ਦੇਖਭਾਲ ਕੀਤੀ ਅਤੇ ਹੌਲੀ-ਹੌਲੀ ਉ_ ਸ • ਬਾਕੀ ਸਫਾ 2 'ਤੇ

# ਮਹਿਲਾ ਅਧਿਕਾਰੀ ਪਰਮਾਨੈਂਟ ਕਮਿਸ਼ਨ ਦੀਆਂ ਪੂਰਨ ਹੱਕਦਾਰ : ਸੁਪਰੀਮ ਕੋਰਟ

**ਨਵੀਂ ਦਿੱਲੀ** : ਭਾਰਤੀ ਹਥਿਆਰਬੰਦ ਸੈਨਾਵਾਂ ਵਿੱਚ ਲਿੰਗ ਸਮਾਨਤਾ ਨੂੰ ਮਜ਼ਬੂਤ ਕਰਦਿਆਂ ਸੁਪਰੀਮ ਕੋਰਟ ਨੇ ਇੱਕ ਇਤਿਹਾਸਕ ਫੈਸਲਾ ਸੁਣਾਇਆ ਹੈ ਕਿ ਸ਼ਾਰਟ ਸਰਵਿਸ ਕਮਿਸ਼ਨ (ਐੱਸ ਐੱਸ ਸੀ) ਦੀਆਂ ਮਹਿਲਾ ਅਧਿਕਾਰੀ ਹੁਣ 'ਪਰਮਾਨੈਂਟ ਕਮਿਸ਼ਨ' (ਪੱਕੀ ਨੌਕਰੀ) ਪ੍ਰਾਪਤ ਕਰਨ ਦੀਆਂ ਪੂਰਨ ਹੱਕਦਾਰ ਹਨ। ਚੀਫ ਜਸਟਿਸ ਸੂਰੀਆ ਕਾਂਤ ਦੀ ਅਗਵਾਈ ਵਾਲੀ ਬੈਂਚ ਨੇ ਆਪਣੀਆਂ ਵਿਸ਼ੇਸ਼ ਸ਼ਕਤੀਆਂ ਦੀ ਵਰਤੋਂ ਕਰਦਿਆਂ ਸਾਲਾਨਾ ਸਿਰਫ 250 ਮਹਿਲਾ ਅਧਿਕਾਰੀਆਂ ਨੂੰ ਪੱਕਾ ਕਮਿਸ਼ਨ ਦੇਣ ਦੀ ਮਨਮਾਨੀ ਸੀਮਾ ਨੂੰ ਰੱਦ ਕਰ ਦਿੱਤਾ ਹੈ। ਅਦਾਲਤ ਨੇ ਸਪੱਸ਼ਟ ਕੀਤਾ ਕਿ ਮਹਿਲਾਵਾਂ ਨੂੰ ਪੱਕੇ ਅਹੁਦਿਆਂ ਤੋਂ ਵਾਂਝੇ ਰੱਖਣਾ ਫੌਜ ਦੇ ਮੁਲਾਂਕਣ ਢਾਂਚੇ ਵਿੱਚ ਮੌਜੂਦ ਡੂੰਘੇ ਵਿਤਕਰੇ ਦਾ ਨਤੀਜਾ ਸੀ, ਜਿਸ ਨੂੰ ਹੁਣ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਅਦਾਲਤ ਨੇ ਆਪਣੇ ਫੈਸਲੇ ਵਿੱਚ ਫੌਜੀ ਤਰੱਕੀ ਦੀਆਂ ਪ੍ਰਕਿਰਿਆਵਾਂ ਵਿੱਚ ਮੌਜੂਦ ਪੱਖਪਾਤ ਨੂੰ ਨਿਸ਼ਾਨਾ ਬਣਾਉਂਦਿਆਂ ਕਿਹਾ ਕਿ ਮਹਿਲਾ ਅਧਿਕਾਰੀਆਂ ਦੀਆਂ ਸਾਲਾਨਾ ਗੁਪਤ ਰਿਪੋਰਟਾਂ (ਏ ਸੀ ਆਰ) ਨੂੰ ਅਕਸਰ ਬਹੁਤ ਲਾਪਰਵਾਹੀ ਨਾਲ ਅਤੇ ਇਸ ਗਲਤ ਧਾਰਨਾ ਨਾਲ ਦੇਖਿਆ ਜਾਂਦਾ ਸੀ ਕਿ ਉਹ ਕਦੇ ਉੱਚ ਅਹੁਦਿਆਂ ਦੇ ਯੋਗ ਨਹੀਂ ਹੋਣਗੀਆਂ। ਬੈਂਚ ਨੇ ਸਖਤ ਲਹਿਜੇ ਵਿੱਚ ਕਿਹਾ ਕਿ ਮਰਦ ਅਧਿਕਾਰੀ ਇਹ ਮੰਨ ਕੇ ਨਹੀਂ ਚੱਲ ਸਕਦੇ ਕਿ ਪਰਮਾਨੈਂਟ ਕਮਿਸ਼ਨ ਸਿਰਫ ਮਰਦਾਂ ਲਈ ਹੀ ਰਾਖਵਾਂ ਹੈ। ਇਸ ਫੈਸਲੇ ਨਾਲ ਮਹਿਲਾ ਅਧਿਕਾਰੀਆਂ ਲਈ ਫੌਜ ਵਿੱਚ ਲੰਬੇ ਸਮੇਂ ਦਾ ਕਰੀਅਰ ਬਣਾਉਣ ਅਤੇ ਉਨ੍ਹਾਂ ਦਾ ਸੀਨੀਅਰ ਲੀਡਰਸ਼ਿਪ ਅਹੁਦਿਆਂ 'ਤੇ ਪਹੁੰਚਣ ਦਾ ਰਾਹ ਪੱਧਰਾ ਹੋ ਗਿਆ ਹੈ, ਜੋ ਹੁਣ ਤੱਕ ਸਿਰਫ ਮਰਦਾਂ ਦੇ ਕਬਜ਼ੇ ਵਿੱਚ ਸਨ।



## ਅੱਜ-ਨਾਮਾ

ਦਿੰਦੀ ਹੁਕਮ ਹੈ ਕੋਰਟ ਸੁਪਰੀਮ ਬਾਹਲੇ,
ਅਮਲ ਹੋਣ ਦੀ ਰਹਿੰਦੀ ਆ ਆਸ ਬੇਲੀ।
ਸਿਰੇ ਅਮਲ ਵਿੱਚ ਚੜ੍ਹਦੇ ਤਾਂ ਬੜੇ ਥੋੜ੍ਹੇ,
ਕਈਆਂ ਨੂੰ ਰੋਕ ਲੈਂਦੇ ਬੰਦੇ ਖਾਸ ਬੇਲੀ।
ਆਦਮੀ ਆਮ ਦੀ ਨਹੀਂ ਸੁਣਵਾਈ ਕੋਈ,
ਜਿੱਤਾਂ ਦੇ ਬਾਅਦ ਵੀ ਹੋਣ ਨਿਰਾਸ ਬੇਲੀ।
ਫੈਸਲੇ ਬਾਅਦ ਵੀ ਅਮਲ ਜੇ ਹੋਏ ਨਾਹੀਂ,
ਹੁੰਦੇ ਈ ਉਡੀਕ ਕੇ ਖਤਮ ਸਵਾਸ ਬੇਲੀ।
ਸਮੁੱਚਾ ਸਿਸਟਮ ਸਿਉਂਕ ਦੀ ਮਾਰ ਥੱਲੇ,
ਇਕੱਲਾ ਨਾਹੀਂ ਅਦਾਲਤ ਦਾ ਰੋਣ ਬੇਲੀ।
ਆਖਰ ਲੋਕਾਂ ਨੂੰ ਚੋਣਾਂ ਤੋਂ ਆਸ ਰਹਿੰਦੀ,
ਨਿਕਲਦੀ ਚੰਗੀ ਆ ਕਦੇ ਹੀ ਚੋਣ ਬੇਲੀ।

-ਤੀਸ ਮਾਰ ਖਾਂ

# ਕਾਕੋਰੀ ਕਾਂਡ ਦੇ ਸ਼ਹੀਦਾਂ ਦੇ ਬੁੱਤ ਤੋੜੇ ਜਾਣ ਖ਼ਿਲਾਫ਼ 27 ਨੂੰ ਆਵਾਜ਼ ਬੁਲੰਦ ਕਰੇਗਾ ਵਿਸ਼ਵ ਰੰਗਮੰਚ ਦਿਹਾੜਾ ਸਮਾਗਮ

**ਜਲੰਧਰ** : ਆਜ਼ਾਦੀ ਸੰਗਰਾਮ ਦੇ ਇਤਿਹਾਸ ਅੰਦਰ 9 ਅਗਸਤ 1925 ਦਾ ਦਿਹਾੜਾ ਕਾਕੋਰੀ (ਉੱਤਰ ਪ੍ਰਦੇਸ਼) ਕਾਂਡ ਨੂੰ ਆਪਣੀ ਬੁੱਕਲ ਵਿਚ ਸਮੋਈ ਬੈਠਾ ਹੈ। ਉੱਤਰ ਪ੍ਰਦੇਸ਼ ਦੀਆਂ ਵੱਖ-ਵੱਖ ਜੇਲ੍ਹਾਂ ਵਿੱਚ 19 ਦਸੰਬਰ ਨੂੰ ਫਾਂਸੀ ਲੱਗਣ ਵਾਲੇ ਸ਼ਹੀਦ ਅਸ਼ਫ਼ਾਕ ਉੱਲਾ ਖਾਂ, ਸ਼ਹੀਦ ਰਾਮ ਪ੍ਰਸਾਦ ਬਿਸਮਿਲ ਅਤੇ ਸ਼ਹੀਦ ਠਾਕੁਰ ਰੌਸ਼ਨ ਸਿੰਘ ਦੀ ਯਾਦ 'ਚ ਸ਼ਾਹਜਹਾਂਪੁਰ ਦੇ ਪਾਰਕ 'ਚ ਲੱਗੇ ਬੁੱਤਾਂ ਨੂੰ ਮਲੀਆਮੇਟ ਕਰਕੇ ਸ਼ਹਿਰ ਦੇ ਮਲਬੇ ਦੇ ਮਹਾਂ ਡੰਪ ਵਿੱਚ ਸੁੱਟ ਦਿੱਤੇ ਜਾਣ ਦੀ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਨੇ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਕਮੇਟੀ ਦਾ ਕਹਿਣਾ ਹੈ ਕਿ ਪਹਿਲਾਂ ਬਰਤਾਨਵੀ ਹਕੂਮਤ ਨੇ ਇਹਨਾਂ ਦੇਸ਼ ਭਗਤਾਂ ਨੂੰ ਫਾਂਸੀ ਦੇ ਤਖ਼ਤੇ 'ਤੇ ਲਟਕਾਇਆ, ਹੁਣ ਦੂਜੀ ਵਾਰ ਸਾਡੇ ਮੁਲਕ ਦੇ ਹਾਕਮਾਂ ਦੀ ਡਬਲ ਇੰਜਣ ਸਰਕਾਰ ਨੇ ਉਹਨਾਂ ਦੇਸ਼ ਭਗਤਾਂ ਨੂੰ ਮੌਤ ਦੇ ਘਾਟ ਉਤਾਰਿਆ ਹੈ।





ਸ਼ਹੀਦ ਅਸ਼ਫ਼ਾਕ ਉੱਲਾ ਖਾਂ ਦੇ ਪੜਪੋਤਰੇ, ਜਿਸ ਦਾ ਨਾਂਅ ਪਰਵਾਰ ਨੇ ਅਸ਼ਫਾਕ ਉੱਲਾ ਖਾਂ ਰੱਖਿਆ ਹੈ ਅਤੇ ਯੂ ਪੀ ਦੇ ਨਾਮਵਰ ਵਿਦਵਾਨ ਲੇਖਕ ਸੁਧੀਰ ਵਿਦਿਆਰਥੀ, ਹਿਮਾਂਸ਼ੂ ਕੁਮਾਰ ਤੇ ਪ੍ਰੋ. ਵੇਦ ਵਟੁਕ ਨੇ ਦੇਸ਼ ਭਗਤ ਯਾਦਗਾਰ ਕਮੇਟੀ ਨਾਲ਼ ਫ਼ੋਨ 'ਤੇ ਗੱਲਬਾਤ ਕਰਦਿਆਂ ਦੱਸਿਆ ਕਿ ਜਦੋਂ ਦੇਸ਼-ਦੁਨੀਆ ਅੰਦਰ 23 ਮਾਰਚ ਨੂੰ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦਾ ਸ਼ਹੀਦੀ ਦਿਹਾੜਾ ਮਨਾਇਆ ਜਾਣਾ ਸੀ, ਉਸੇ ਦਿਨ ਸਰਘੀ ਵੇਲੇ ਬਿਨਾਂ ਕਿਸੇ ਸੂਚਨਾ ਦੇ ਇਸ ਪਾਰਕ ਵਿੱਚ ਲੱਗੇ ਬੁੱਤਾਂ ਨੂੰ ਮਲੀਆਮੇਟ ਕਰ ਦਿੱਤਾ ਗਿਆ। 1972 ਦੀ ਗੱਲ ਹੈ, ਜਦੋਂ ਨਗਰ ਪਾਲਿਕਾ ਦੇ ਪ੍ਰਧਾਨ ਵਾਸਦੇਵ ਗੁਪਤਾ ਨੇ ਇਹਨਾਂ ਬੁੱਤਾਂ ਨੂੰ ਸਥਾਪਤ ਕੀਤਾ ਸੀ।ਸੁਧੀਰ ਵਿਦਿਆਰਥੀ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੇ ਬੀਤੇ ਨੌਂ ਸਾਲਾਂ ਤੋਂ ਚੁਣੇ ਜਾਂਦੇ ਵਿਧਾਇਕ ਤੇ ਅੱਜਕੱਲ੍ਹ ਵਿੱਤ ਮੰਤਰੀ ਸੁਰੇਸ਼ ਖੰਨਾ ਦੇ ਹੁਕਮਾਂ ਬਿਨਾਂ ਇਸ ਖੇਤਰ ਅੰਦਰ ਪੱਤਾ ਵੀ ਨਹੀਂ ਹਿੱਲ ਸਕਦਾ।ਉਹਨਾ ਸਪੱਸ਼ਟ ਕਿਹਾ ਕਿ ਇਹ ਕੋਈ ਅਚਨਚੇਤ ਜਾਂ ਕਿਸੇ ਤਕਨੀਕੀ ਕਿਸਮ ਦੀ ਗਲਤੀ ਕਾਰਨ ਨਹੀਂ ਵਾਪਰਿਆ, ਇਹ ਭਾਜਪਾ ਦੇ ਉਸ ਏਜੰਡੇ ਦਾ ਹਿੱਸਾ ਹੈ, ਜਿਸ ਵਿੱਚ ਉਹ ਇਨਕਲਾਬੀ ਇਤਿਹਾਸ, ਯਾਦਗਾਰਾਂ, ਸਾਹਿਤ, ਮਿਊਜ਼ੀਅਮ ਅਤੇ ਹੋਰ ਉਹ ਨਿਸ਼ਾਨੀਆ, ਜਿਹੜੀਆਂ ਵੀ ਸਾਮਰਾਜਵਾਦ ਦੇ ਖ਼ਿਲਾਫ਼ ਕੌਮੀ ਆਜ਼ਾਦੀ ਦੀ ਤਵਾਰੀਖ਼ ਦੀ ਗਵਾਹੀ ਭਰਦੀਆਂ ਹਨ ਅਤੇ ਸਾਡੇ ਸਮਿਆਂ ਅੰਦਰ ਲੋਕਾਂ ਨੂੰ ਦੇਸ਼ ਭਗਤੀ ਦੀ ਭਾਵਨਾ ਦੇ ਰੰਗ ਵਿਚ ਰੰਗਦੀਆਂ ਹਨ, ਨੂੰ ਮਿਟਾਉਣ ਲਈ ਹਰ ਹਰਬਾ ਵਰਤਿਆ ਜਾ ਰਿਹਾ ਹੈ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਕਮੇਟੀ ਤਰਫ਼ੋਂ ਇਲਜ਼ਾਮ ਲਾਇਆ ਕਿ ਜਿਉਂ-ਜਿਉਂ ਸਾਮਰਾਜੀ ਤਾਕਤਾਂ ਅਤੇ ਉਹਨਾਂ ਦੀਆਂ ਬਹੁ-ਕੌਮੀ ਕੰਪਨੀਆਂ ਅਤੇ ਦੇਸੀ ਅਜਾਰੇਦਾਰ ਕੰਪਨੀਆਂ ਦਾ ਗਲਬਾ ਵਧਦਾ ਜਾ ਰਿਹਾ ਹੈ, ਤਿਉਂ-ਤਿਉਂ ਹਾਕਮਾਂ ਨੂੰ ਇਹ ਭੈਅ ਖਾਂਦਾ ਹੈ ਕਿ ਸਾਮਰਾਜੀ ਕੰਪਨੀਆਂ ਅਤੇ ਉਹਨਾਂ ਦੀ ਸੇਵਾ 'ਚ ਭੁਗਤ ਰਹੇ ਭਾਰਤੀ ਹਾਕਮਾਂ ਦੇ ਖਿਲਾਫ ਮੁਲਕ ਅੰਦਰ ਵਿਆਪਕ ਰੋਹ ਪੈਦਾ ਹੁੰਦਾ ਜਾ ਰਿਹਾ ਹੈ। ਇਸ ਵਿਆਪਕ ਜਨਤਕ ਵਿਦਰੋਹ, ਆਪਣੀ ਆਜ਼ਾਦੀ ਸੰਗਰਾਮ ਦੀ ਇਨਕਲਾਬੀ ਤਵਾਰੀਖ਼ ਤੋਂ ਪ੍ਰੇਰਨਾ ਲੈ ਕੇ ਲੋਕ ਸੰਗਰਾਮ ਦੇ ਪਿੜ ਮਘਾਉਣ ਲਈ ਅੱਗੇ ਆਉਣ ਵਾਲੇ ਤੂਫ਼ਾਨਾਂ ਨੂੰ ਢੱਕਣ ਲਈ ਅਜਿਹੇ ਬੇਸ਼ਰਮੀ ਭਰੇ ਕਦਮ ਚੁੱਕੇ ਜਾ ਰਹੇ ਹਨ।ਕਮੇਟੀ ਨੇ ਦੱਸਿਆ ਹੈ ਕਿ ਇਉਂ ਹੀ ਜਲ੍ਹਿਆਂਵਾਲਾ ਬਾਗ ਵਿੱਚ ਪਈਆਂ ਇਤਿਹਾਸਿਕ ਵਸਤਾਂ, ਲਿਖਤਾਂ ਅਤੇ ਗੋਲੀਆਂ ਦੇ ਨਿਸ਼ਾਨ, ਲੋਕ ਨਾਇਕਾਂ ਦੀਆਂ ਨਿਸ਼ਾਨੀਆਂ ਮਿਟਾਉਣ ਲਈ ਯਤਨ ਕੀਤਾ ਜਾ ਰਿਹਾ ਹੈ। ਸੋ ਇਸ ਵਰਤਾਰੇ ਖ਼ਿਲਾ.ਫ਼ ਉਠ ਖੜੇ ਹੋਣ ਲਈ ਦੇਸ਼ ਭਗਤ ਯਾਦਗਾਰ ਕਮੇਟੀ ਨੇ ਸਭਨਾਂ ਇਨਕਲਾਬੀ ਜਮਹੂਰੀ ਲੋਕ ਪੱਖੀ ਸ਼ਕਤੀਆਂ ਨੂੰ ਇਕਜੁੱਟ ਹੋ ਕੇ ਆਵਾਜ਼ ਬੁਲੰਦ ਕਰਨ ਦਾ ਸੱਦਾ ਦਿੱਤਾ ਹੈ।ਕਮੇਟੀ ਨੇ ਸਮੂਹ ਜਥੇਬੰਦੀਆਂ ਅਤੇ ਪਰਵਾਰਾਂ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ 27 ਮਾਰਚ ਨੂੰ ਮਨਾਏ ਜਾ ਰਹੇ ਵਿਸ਼ਵ ਰੰਗਮੰਚ ਦਿਹਾੜੇ ਮੌਕੇ ਪੁੱਜ ਕੇ ਕਾਕੋਰੀ ਕਾਂਡ ਦੇ ਸ਼ਹੀਦਾਂ ਦੇ ਬੁੱਤਾਂ ਨੂੰ ਤੋੜੇ ਜਾਣ ਖ਼ਿਲਾਫ਼ ਆਵਾਜ਼ ਉਠਾਉਣ ਲਈ ਸਿਰ ਜੋੜਨ ਦਾ ਸੱਦਾ ਦਿੱਤਾ ਹੈ।

# ..ਹੁਣ ਕਿਊ ਆਰ ਕੋਡ ਰਾਹੀਂ ਹੋਵੇਗੀ ਅਧਿਕਾਰਤ ਵੈਂਡਰਾਂ ਦੀ ਪਛਾਣ

## ਯਾਤਰੀਆਂ ਦੀ ਸੁਰੱਖਿਆ ਤੇ ਖਾਣ-ਪੀਣ ਦੀ ਗੁਣਵੱਤਾ ਸੁਧਾਰਨ ਲਈ ਫਿਰੋਜ਼ਪੁਰ ਮੰਡਲ ਦਾ ਵੱਡਾ ਫੈਸਲਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਰੇਲ ਯਾਤਰੀਆਂ ਨੂੰ ਸਫ਼ਰ ਦੌਰਾਨ ਸੁਰੱਖਿਅਤ, ਸਾਫ਼-ਸੁਥਰਾ ਤੇ ਮਿਆਰੀ ਖਾਣਾ ਮੁਹੱਈਆ ਕਰਵਾਉਣ ਲਈ ਰੇਲਵੇ ਵਿਭਾਗ ਨੇ ਸਖ਼ਤ ਕਦਮ ਚੁੱਕੇ ਹਨ।

ਰੇਲ ਗੱਡੀਆਂ ਵਿਚ ਗੈਰ-ਕਾਨੂੰਨੀ ਅਤੇ ਅਣ-ਅਧਿਕਾਰਤ ਤੌਰ 'ਤੇ ਸਾਮਾਨ ਵੇਚਣ ਵਾਲਿਆਂ 'ਤੇ ਨਕੇਲ ਕੱਸਣ ਲਈ ਫਿਰੋਜ਼ਪੁਰ ਮੰਡਲ ਨੇ ਆਪਣੇ ਸਾਰੇ ਅਧਿਕਾਰਤ ਕੈਟਰਿੰਗ ਵੈਂਡਰਾਂ ਲਈ ਕਿਊ ਆਰ ਕੋਡ ਵਾਲੇ ਆਈ ਡੀ ਕਾਰਡ ਲਾਜ਼ਮੀ ਕਰ ਦਿੱਤੇ ਹਨ। ਇਸ ਨਵੀਂ ਵਿਵਸਥਾ ਤਹਿਤ ਹੁਣ ਕੋਈ ਵੀ ਰੇਲ ਯਾਤਰੀ ਆਪਣੇ ਮੋਬਾਈਲ ਰਾਹੀਂ ਵੈਂਡਰ ਦੇ ਗਲ ਵਿਚ ਪਾਏ ਆਈ ਡੀ ਕਾਰਡ 'ਤੇ ਮੌਜੂਦ ਕਿਊ ਆਰ ਕੋਡ ਨੂੰ ਸਕੈਨ ਕਰ ਸਕੇਗਾ। ਸਕੈਨ ਕਰਦੇ ਹੀ ਵੈਂਡਰ ਦਾ ਨਾਮ, ਪਤਾ, ਸਟਾਲ ਨੰਬਰ ਅਤੇ ਪੁਲਿਸ ਵੈਰੀਫਿਕੇਸ਼ਨ ਵਰਗੇ ਵੇਰਵੇ ਯਾਤਰੀ ਦੇ ਫੋਨ 'ਤੇ ਆ ਜਾਣਗੇ। ਇਸ ਨਾਲ ਨਾ ਸਿਰਫ਼ ਯਾਤਰੀਆਂ ਦਾ ਵਿਸ਼ਵਾਸ ਵਧੇਗਾ, ਸਗੋਂ ਖਾਣ-ਪੀਣ ਦੀਆਂ ਵਸਤੂਆਂ ਵਿੱਚ ਹੋਣ ਵਾਲੀ ਹੇਰਾਫੇਰੀ 'ਤੇ ਵੀ ਰੋਕ ਲੱਗੇਗੀ। ਸਿਰਫ਼ ਵੈਂਡਰ ਹੀ ਨਹੀਂ, ਸਗੋਂ ਹੁਣ ਖਾਣੇ ਦੇ ਪੈਕਟਾਂ 'ਤੇ ਵੀ ਕਿਊ ਆਰ ਕੋਡ ਅੰਕਿਤ ਕੀਤੇ ਜਾ ਰਹੇ ਹਨ। ਇਸ ਰਾਹੀਂ ਯਾਤਰੀ ਭੋਜਨ ਦੀ ਗੁਣਵੱਤਾ, ਬਣਾਉਣ ਦੀ ਮਿਤੀ ਤੇ ਸਫਾਈ ਨਾਲ ਸਬੰਧਤ ਸਾਰੀ ਜਾਣਕਾਰੀ ਹਾਸਲ ਕਰ ਸਕਣਗੇ। ਇਸ ਕਦਮ ਨਾਲ ਗੈਰ-ਅਧਿਕਾਰਤ ਵੈਂਡਰਾਂ ਨੂੰ ਰੇਲ ਗੱਡੀਆਂ ਵਿੱਚ ਦਾਖਲ ਹੋਣ ਤੋਂ ਰੋਕਿਆ ਜਾ ਸਕੇਗਾ ਤੇ ਯਾਤਰੀਆਂ ਦੀਆਂ ਸ਼ਿਕਾਇਤਾਂ ਵਿਚ ਵੀ ਵੱਡੀ ਕਮੀ ਆਉਣ ਦੀ ਉਮੀਦ ਹੈ।

ਸੀਨੀਅਰ ਮੰਡਲ ਵਪਾਰਕ ਪ੍ਰਬੰਧਕ ਪਰਮਦੀਪ ਸਿੰਘ ਸੈਣੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਪਹਿਲਕਦਮੀ ਯਾਤਰੀਆਂ ਦੀ ਸੁਰੱਖਿਆ, ਸਹੂਲਤ ਤੇ ਬਿਹਤਰ ਸੇਵਾਵਾਂ ਨੂੰ ਯਕੀਨੀ ਬਣਾਉਣ ਦੀ ਦਿਸ਼ਾ ਵਿੱਚ ਇੱਕ ਮੀਲ ਪੱਥਰ ਸਾਬਿਤ ਹੋਵੇਗੀ। ਉਨ੍ਹਾਂ ਕਿਹਾ ਕਿ ਰੇਲਵੇ ਦਾ ਮੁੱਖ ਟੀਚਾ ਯਾਤਰੀਆਂ ਦੇ ਸਫ਼ਰ ਨੂੰ ਸੁਖਾਲਾ ਤੇ ਭਰੋਸੇਮੰਦ ਬਣਾਉਣਾ ਹੈ।

## ਮੁਲਾਜ਼ਮਾਂ ਪੈਨਸ਼ਨਰਾਂ ਨੇ ਸ਼ਹੀਦ ਭਗਤ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮੁਲਾਜ਼ਮਾਂ ਪੈਨਸ਼ਨਰਾਂ ਵੱਲੋਂ ਇੱਥੇ ਰਾਜਪੁਰਾ ਕਾਲੋਨੀ ਵਿਖੇ ਸ਼ਹੀਦੇ ਆਜ਼ਮ ਸ੍ਰ. ਭਗਤ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ।ਇਸ ਮੌਕੇ ਅਹਿਦ ਕੀਤਾ ਗਿਆ ਕਿ ਉਹ ਝੂਠੇ ਲਾਅਰਿਆਂ ਤੋਂ ਪੰਜਾਬ ਨੂੰ ਮੁਕਤ ਕਰਵਾਉਣਗੇ ਤੇ ਆਉਣ ਵਾਲੇ ਦਿਨਾਂ ਵਿੱਚ ਪਟਿਆਲਾ ਵਿੱਚ ਝੰਡਾ ਮਾਰਚ ਕਰਨਗੇ ਤੇ ਭਗਤ ਸਿੰਘ ਦੇ ਸੁਪਨਿਆਂ ਦਾ ਰਾਜ ਲਿਆਉਣਗੇ।ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਤੇ ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ (1680) ਦੇ ਪ੍ਰਮੁੱਖ ਆਗੂਆਂ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਸਕੱਤਰ ਜਨਰਲ ਰਣਜੀਤ ਸਿੰਘ ਰਾਣਵਾਂ ਤੇ ਵੇਅਰ ਹਾਊਸ ਸਟੇਟ ਸਬ ਕਮੇਟੀ ਦੇ ਸੂਬਾ ਪ੍ਰਧਾਨ ਗੁਰਨਾਮ ਸਿੰਘ ਗੁਰਦਾਸਪੁਰ, ਚੇਅਰਮੈਨ ਵਿਜੇ ਕੁਮਾਰ ਫਿਰੋਜ਼ਪੁਰ, ਉਪ ਚੇਅਰਮੈਨ ਬਲਜਿੰਦਰ ਸਿੰਘ ਨਾਭਾ, ਜਨਰਲ ਸਕੱਤਰ ਗੁਰਮੇਲ ਸਿੰਘ ਮੇਹਰਾ ਫਤਿਹਗੜ੍ਹ ਸਾਹਿਬ ਨੇ ਕਿਹਾ ਕਿ ਵੇਅਰ ਹਾਊਸ ਦੇ ਜ਼ਿਲ੍ਹਾ ਮੈਨੇਜਰ ਸ੍ਰ. ਗਗਨਦੀਪ ਸਿੰਘ ਰੰਧਾਵਾ ਖ਼ੁਦਕੁਸ਼ੀ ਮਾਮਲੇ ਵਿੱਚ ਸਬੰਧਤ ਮੰਤਰੀ ਨੂੰ ਤੁਰੰਤ ਗ੍ਰਿਫਤਾਰ ਕੀਤਾ ਜਾਵੇ, ਇਸ ਘਟਨਾ ਦੀ ਨਿੰਦਾ ਕੀਤੀ ਤੇ ਇਹ ਐਲਾਨ ਕੀਤਾ ਕਿ ਫੈਡਰੇਸ਼ਨ 1680 ਦੀਆਂ ਸਾਰੀਆਂ ਜਥੇਬੰਦੀਆਂ, ਵੇਅਰ ਹਾਊਸ, ਮੁਲਾਜ਼ਮਾਂ ਨਾਲ ਖੜੀਆਂ ਹਨ।ਇਸ ਤਰ੍ਹਾਂ ਆਗੂਆਂ ਨੇ ਜਲਾਲਾਬਾਦ ਤੋਂ ਪੁਲਸ ਵੱਲੋਂ ਸ਼ਾਂਤਮਈ ਸੰਘਰਸ਼ ਕਰ ਰਹੀਆਂ ਆਸ਼ਾ ਕਰਮੀਆਂ ਨੂੰ ਗ੍ਰਿਫਤਾਰ ਕਰਨ ਤੇ ਥਾਣੇ ਡੱਕਣ ਦੀ ਘੋਰ ਨਿੰਦਾ ਵੀ ਕੀਤੀ।ਅੱਜ ਦੇ ਸ਼ਹੀਦੀ ਸਮਾਗਮ ਵਿੱਚ ਹੋਰ ਜੋ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮ, ਪੈਨਸ਼ਨਰ ਆਗੂ ਹਾਜ਼ਰ ਸਨ, ਉਨ੍ਹਾਂ ਵਿੱਚ ਸੂਰਜ ਪਾਲ ਯਾਦਵ, ਦੀਪ ਚੰਦ ਹੰਸ, ਤਰਲੋਚਨ ਮਾੜੂ, ਰਾਮ ਲਾਲ ਰਾਮਾ, ਸ਼ਿਵ ਚਰਨ, ਲਖਵੀਰ ਸਿੰਘ, ਇੰਦਰਪਾਲ ਵਾਲੀਆ, ਸਤਿਨਰਾਇਣ ਗੋਨੀ, ਪ੍ਰਕਾਸ਼ ਸਿੰਘ ਲੁਬਾਣਾ, ਸੁਨੀਲ ਦੱਤ, ਨਾਰੰਗ ਸਿੰਘ, ਰਾਮ ਪ੍ਰਸਾਦ ਸਹੋਤਾ, ਰਾਜੇਸ਼ ਗੋਲੂ, ਪ੍ਰੀਤਮ ਚੰਦ ਠਾਕੁਰ, ਸੋਮ ਨਾਥ, ਧਰਮਿੰਦਰ, ਅਵਤਾਰ ਰਾਮ, ਗੱਜਣ ਸਿੰਘ, ਪ੍ਰੇਮ ਕੁਮਾਰ, ਰਾਜੇਸ਼ ਕੁਮਾਰ, ਬਲਬੀਰ ਸਿੰਘ, ਬਲਜੀਤ ਸਿੰਘ ਬੱਲੀ, ਵੈਦ ਪ੍ਰਕਾਸ਼, ਰਾਮ ਕੈਲਾਸ਼, ਅਜੇ ਕੁਮਾਰ, ਹੈਪੀ, ਸਰੋਜ਼ ਰਾਣੀ, ਕਮਲੇਸ਼ ਗੋਨੀ, ਕ੍ਰਿਸ਼ਨਾ ਦੇਵੀ, ਸਵਿੰਦਰ, ਧਰਮਿੰਦਰ, ਜਸਵਿੰਦਰ ਸਿੰਘ, ਬੁੱਧ ਰਾਮ, ਦਿਆ ਸ਼ੰਕਰ, ਰੀਨਾ ਰਾਣੀ, ਸਰੋਜ਼ ਰਾਣੀ, ਅਨੀਤਾ, ਊਸ਼ਾ ਆਦਿ ਹਾਜ਼ਰ ਸਨ।

## ਬ੍ਰਾਹਮਣ ਮਾਜਰਾ ਤੋਂ ਸਾਧੂਗੜ੍ਹ ਤੱਕ ਬਣਨ ਵਾਲੀ ਸੜਕ ਦਾ ਕੰਮ ਸ਼ੁਰੂ ਕਰਾਇਆ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਬ੍ਰਾਹਮਣ ਮਾਜਰਾ ਤੋਂ ਸਾਧੂਗੜ੍ਹ ਤੱਕ ਬਣਨ ਵਾਲੀ ਸੜਕ ਦੇ ਨਵੀਨੀਕਰਨ ਦਾ ਕੰਮ ਸ਼ੁਰੂ ਕਰਾਇਆ ਗਿਆ।ਸੜਕ ਦੇ ਬਣਨ ਨਾਲ ਕਰੀਬ ਦਰਜਨ ਪਿੰਡਾਂ ਨੂੰ ਲਾਭ ਹੋਵੇਗਾ।ਵਿਧਾਇਕ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ 90 ਫ਼ੀਸਦੀ ਸੜਕਾਂ ਦਾ ਨਵੀਨੀਕਰਨ ਕਰਾਇਆ ਜਾ ਰਿਹਾ ਹੈ, ਤਾਂ ਜੁ ਆਮ ਲੋਕਾਂ ਨੂੰ ਆਉਣ-ਜਾਣ ਦੇ ਵਿੱਚ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਨਾ ਹੋਵੇ। ਉਨ੍ਹਾਂ ਦੱਸਿਆ ਕਿ ਬ੍ਰਾਹਮਣਮਾਜਰਾ ਤੋਂ ਸਾਧੂਗੜ੍ਹ ਤੱਕ ਬਣਨ ਵਾਲੀ ਇਸ ਸੜਕ ਦੇ ਨਾਲ ਕੋਟਲਾ ਭਾਈ ਕਾ, ਸੱਦੋ ਮਾਜਰਾ, ਧੁੱਪਛੇੜੀ, ਅਨੈਤਪੁਰਾ ਬੋਰਾਂ, ਮੱਠੀ ਸਮੇਤ ਦਰਜਨ ਪਿੰਡਾਂ ਨੂੰ ਲਾਭ ਹੋਵੇਗਾ।ਸੜਕ ਦੀ ਕੁੱਲ ਲੰਬਾਈ 9.78 ਕਿਲੋਮੀਟਰ ਹੈ, ਜਿਸ ਨੂੰ ਕਰੀਬ 2 ਕਰੋੜ 24 ਲੱਖ 81 ਹਜ਼ਾਰ ਦੀ ਲਾਗਤ ਦੇ ਨਾਲ ਬਣਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਕਹਿਣੀ ਤੇ ਕਰਨੀ ਦੀ ਇੱਕ ਹੈ। ਸੂਬੇ ਦੇ ਲੋਕਾਂ ਨਾਲ ਜੋ ਵਾਅਦੇ ਕੀਤੇ ਗਏ ਹਨ, ਸਾਰੇ ਇੱਕ ਇੱਕ ਕਰਕੇ ਪੂਰੇ ਕੀਤੇ ਗਏ ਹਨ।ਇਹ ਵੀ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਹੈ ਕਿ ਕਿਸੇ ਸਰਕਾਰ ਨੇ ਲੋਕਾਂ ਨਾਲ ਕੀਤੇ ਗਏ ਵਾਅਦੇ ਆਪਣੀ ਟਰਮ ਤੋਂ ਇੱਕ ਸਾਲ ਪਹਿਲਾਂ ਪੂਰੇ ਕਰ ਦਿੱਤੇ ਹੋਣ।ਉਨ੍ਹਾਂ ਕਿਹਾ ਕਿ ਇਸ ਵਰ੍ਹੇ ਨੂੰ ਵੀ ਵਿਕਾਸ ਦੇ ਵਰ੍ਹੇ ਵਜੋਂ ਮਨਾ ਰਹੇ ਮਨਾਇਆ ਜਾ ਰਿਹਾ ਹੈ।2026-27 ਵਿੱਚ ਵਿਕਾਸ ਕਾਰਜ ਨਿਰੰਤਰ ਜਾਰੀ ਰਹਿਣਗੇ।

## ਬਲਾਕ ਕਾਂਗਰਸ ਨੇ ਸ਼ਹੀਦਾਂ ਨੂੰ ਕੀਤੇ ਸ਼ਰਧਾ ਦੇ ਫੁੱਲ ਭੇਟ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਬਲਾਕ ਕਾਂਗਰਸ ਕਮੇਟੀ ਵੱਲੋਂ ਜੰਗ-ਏ-ਅਜ਼ਾਦੀ ਦੇ ਨਾਇਕ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਬਲਾਕ ਕਾਂਗਰਸ ਪ੍ਰਧਾਨ ਪਰਮਿੰਦਰ ਤਿਵਾੜੀ ਨੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਸਾਨੂੰ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਲੋੜ ਹੈ ਤਾਂ ਜੋ ਇਕ ਵਧੀਆ ਸਮਾਜ ਸਿਰਜਿਆ ਜਾ ਸਕੇ। ਤਿਵਾੜੀ ਨੇ ਕਿਹਾ ਕਿ ਅੰਗਰੇਜ਼ਾਂ ਤੋਂ ਦੇਸ਼ ਨੂੰ ਅਜ਼ਾਦ ਕਰਵਾਉਣ ਲਈ ਸ਼ਹੀਦ-ਏ-ਆਜ਼ਮ ਭਗਤ ਸਿੰਘ ਸਮੇਤ ਹੋਰ ਅਨੇਕਾਂ ਪੰਜਾਬੀਆਂ ਨੇ ਸਭ ਤੋਂ ਵੱਧ ਕੁਰਬਾਨੀਆਂ ਦਿੱਤੀਆਂ, ਜਿਨ੍ਹਾਂ 'ਤੇ ਸਾਨੂੰ ਮਾਣ ਹੈ। ਇਸ ਮੌਕੇ ਸੁਭਾਸ਼ ਬੀਟਨ, ਯੁਵਰਾਜਜੀਤ ਸਿੰਘ, ਅਰੁਣ ਕੁਮਾਰ ਖੋਸਲਾ, ਰਾਕੇਸ਼ ਕੁਮਾਰ ਆਦਿ ਮੌਜੂਦ ਸਨ।

## ਪ੍ਰਵਾਸੀ ਸ਼ਾਇਰ ਮੋਹਣਪ੍ਰੀਤ ਕੈਨੇਡਾ ਨਾਲ ਦੁੱਖ ਦਾ ਪ੍ਰਗਟਾਵਾ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੇਂਡੂ ਸਾਹਿਤ ਸਭਾ ਰਜਿ. ਬਾਲਿਆਂਵਾਲੀ ਵੱਲੋਂ ਕਵੀਸ਼ਰ ਮਾਘੀ ਸਿੰਘ ਗਿੱਲ ਯਾਦਗਾਰੀ ਲਾਇਬ੍ਰੇਰੀ, ਬ੍ਰਿਗੇਡੀਅਰ ਬੰਤ ਸਿੰਘ ਮੈਮੋਰੀਅਲ ਸੁਵਿਧਾ ਕੇਂਦਰ ਤੇ ਕੰਪਿਊਟਰ ਸੈਂਟਰ ਬਾਲਿਆਂਵਾਲੀ ਵਿਖੇ ਪ੍ਰਵਾਸੀ ਸ਼ਾਇਰ ਮੋਹਣਪ੍ਰੀਤ ਸਿੰਘ ਪੱਤੜ ਕੈਨੇਡਾ ਦਾ ਰੱਖਿਆ ਗਿਆ। ਰੂ ਬ ਰੂ ਤੇ ਸਨਮਾਨ ਸਮਾਰੋਹ ਉਨ੍ਹਾਂ ਦੇ ਨਜ਼ਦੀਕੀ ਰਿਸ਼ਤੇਦਾਰ ਦੀ ਮੌਤ ਹੋਣ ਕਾਰਨ ਮੁਲਤਵੀ ਕਰ ਦਿੱਤਾ ਗਿਆ ਹੈ। ਸਾਹਿਤ ਸਭਾ ਦੀ ਸ਼ੋਕ ਮੀਟਿੰਗ ਪ੍ਰਧਾਨ ਸੁਖਦਰਸ਼ਨ ਗਰਗ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਸਭਾ ਦੇ ਅਹੁਦੇਦਾਰ ਜੀਤ ਸਿੰਘ ਚਹਿਲ, ਅਜਮੇਰ ਦੀਵਾਨਾ, ਮਾ. ਹਰਿੰਦਰ ਕੁਮਾਰ ਹਨੀ, ਪ੍ਰੈਸ ਸਕੱਤਰ ਕੁਲਦੀਪ ਮਤਵਾਲਾ, ਗੁਰਮੀਤ ਕੁਮਾਰ, ਹਰਜਿੰਦਰ ਕੌਰ ਤੇ ਗੁਰਪ੍ਰੀਤ ਕੌਰ ਆਦਿ ਸ਼ਾਮਲ ਹੋਏ। ਸਭਾ ਵੱਲੋਂ ਸ਼ੋਕ ਮਤੇ ਰਾਹੀਂ ਪ੍ਰਵਾਸੀ ਸ਼ਾਇਰ ਮੋਹਣਪ੍ਰੀਤ ਕੈਨੇਡਾ ਨਾਲ ਦੁੱਖ ਸਾਂਝਾ ਕਰਦੇ ਹੋਏ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ।

## ਸ਼ਹੀਦ ਭਗਤ ਸਿੰਘ ਦੇ ਬੁੱਤ 'ਤੇ ਕੀਤੀਆਂ ਫੁੱਲ ਮਾਲਾਵਾਂ ਭੇਟ



**ਦੋਰਾਹਾ (ਹਰਮਿੰਦਰ ਸੇਠ)**-ਪੁਰਾਣੀ ਅਨਾਜ ਮੰਡੀ ਵਿਖੇ ਸ਼ਹੀਦ ਭਗਤ ਸਿੰਘ ਦੇ ਬੁੱਤ 'ਤੇ ਭਾਜਪਾ ਦੇ ਸੀਨੀ. ਆਗੂਆਂ ਦੀ ਮੌਜੂਦਗੀ 'ਚ ਜ਼ਿਲ੍ਹਾ ਜਨਰਲ ਸਕੱਤਰ ਪ੍ਰਿੰਸੀਪਲ ਜਤਿੰਦਰ ਸ਼ਰਮਾ ਨੇ ਫੁੱਲ ਮਾਲਾਵਾਂ ਭੇਟ ਕਰਦਿਆਂ ਕਿਹਾ ਕਿ ਸ਼ਹੀਦ ਦੇਸ਼ ਕੌਮ ਦਾ ਸਰਮਾਇਆ ਹੁੰਦੇ ਹਨ। ਉਨ੍ਹਾਂ ਕਿਹਾ ਮਹਾਨ ਕ੍ਰਾਂਤੀਕਾਰੀਆਂ ਦੀ ਲਾਸਾਨੀ ਸ਼ਹਾਦਤ ਨੂੰ ਪ੍ਰਣਾਮ ਕਰਦੇ ਹੋਏ ਕਿਹਾ ਕਿ ਅਸੀਂ ਸ਼ਹੀਦਾਂ ਦੀ ਬਦੌਲਤ ਹੀ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ।ਭਾਜਪਾ ਆਗੂਆਂ ਵੱਲੋਂ ਸ਼ਹੀਦ ਭਗਤ ਸਿੰਘ, ਰਾਜਗੁਰੂ-ਸੁਖਦੇਵ ਅਮਰ ਰਹੇ ਦੇ ਨਾਅਰੇ ਵੀ ਲਾਏ ਗਏ।ਡਾ.ਅਸ਼ੀਸ਼ ਸੂਦ ਜ਼ਿਲ੍ਹਾ ਉਪ ਪ੍ਰਧਾਨ, ਨਰੇਸ਼ ਕੁਮਾਰ ਆਨੰਦ ਜ਼ਿਲ੍ਹਾ ਉਪ ਪ੍ਰਧਾਨ, ਕੀਮਤੀ ਲਾਲ ਸ਼ਰਮਾ, ਮਨੋਜ ਕੁਮਾਰ, ਦਿਨੇਸ਼ ਨਾਰਦ, ਪੰਕਜ ਲਾਲੀ, ਸੁਨੀਲ ਦੱਤ, ਰਾਜ ਕੁਮਾਰ ਆਦਿ ਤੋਂ ਇਲਾਵਾ ਸ਼ਹਿਰ ਦੇ ਭਾਜਪਾ ਆਗੂ 'ਤੇ ਵਰਕਰ ਸਨ।

## ਮੈਡੀਕਲ ਪ੍ਰੈਕਟੀਸ਼ਨਰਾਂ ਵੱਲੋਂ ਸ਼ਹੀਦੀ ਦਿਹਾੜਾ ਜਥੇਬੰਦੀਆਂ ਨਾਲ ਮਿਲ ਕੇ ਮਨਾਇਆ



**ਮਾਨਸਾ (ਆਤਮਾ ਸਿੰਘ ਪਮਾਰ)** ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਬਲਾਕ ਮਾਨਸਾ, ਭੀਖੀ ਤੇ ਜੋਗਾ ਦੇ ਸਾਥੀਆਂ ਵੱਲੋਂ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ, ਪੈਨਸ਼ਨਰਜ਼, ਮੈਡੀਕਲ ਪ੍ਰੈਕਟੀਸ਼ਨਰਾਂ ਤੇ ਵੱਖ-ਵੱਖ ਜਥੇਬੰਦੀਆਂ ਨਾਲ ਮਿਲ ਕੇ ਸਾਂਝੇ ਤੌਰ 'ਤੇ 23 ਮਾਰਚ ਦੇ ਸ਼ਹੀਦਾਂ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਨੇ ਪਿਰਤ ਅਨੁਸਾਰ ਜੋਸ਼ੋ-ਖਰੋਸ਼ ਨਾਲ ਅਕਾਸ਼ ਗੁੰਜਾਊ ਇਨਕਲਾਬੀ ਨਾਅਰਿਆਂ ਦੀ ਗੂੰਜ 'ਚ ਸ਼ਮੂਲੀਅਤ ਕੀਤੀ।ਬੁਲਾਰਿਆਂ ਨੇ ਸੰਬੋਧਨ ਕਰਦਿਆਂ ਮੌਜੂਦਾ ਹਾਲਤਾਂ ਤੇ ਚਿੰਤਾ ਪ੍ਰਗਟਾਉਂਦਿਆਂ ਕਿਹਾ ਕਿ ਅੱਜ ਦੇਸ਼ ਦਾ ਹਰ ਵਰਗ ਕਾਰਪੋਰੇਟ ਪੱਖੀ ਲੋਕ ਵਿਰੋਧੀ ਨੀਤੀਆਂ ਕਾਰਨ ਮਹਿੰਗਾਈ, ਬੇਰੁਜ਼ਗਾਰੀ, ਸਿਹਤ ਸੇਵਾਵਾਂ ਤੇ ਸਿੱਖਿਆ ਵਰਗੀਆਂ ਪਬਲਿਕ ਸੈਕਟਰ ਦੀਆਂ ਸੇਵਾਵਾਂ ਦੀ ਪੂਰੀ ਤਰ੍ਹਾਂ ਅਣਹੋਂਦ ਹੋ ਚੁੱਕੀ ਹੈ।ਇਹੀ ਕਾਰਨ ਹੈ ਕਿ ਸਮਾਜ ਦਾ ਹਰ ਤਬਕਾ ਸੰਘਰਸ਼ ਕਰਨ ਲਈ ਮਜਬੂਰ ਹੈ।ਦੂਜੇ ਪਾਸੇ ਟਰੰਪ ਤੇ ਸਾਮਰਾਜੀ ਤਾਕਤਾਂ ਵੱਲੋਂ ਹਥਿਆਰਾਂ ਦੇ ਵਪਾਰ ਨੂੰ ਪ੍ਰਫੁੱਲਤ ਕਰਨ ਲਈ ਤੇ ਕਮਜ਼ੋਰ ਦੇਸ਼ਾਂ ਦੇ ਕੁਦਰਤੀ ਵਸੀਲਿਆਂ 'ਤੇ ਕਾਬਜ਼ ਹੋਣ ਲਈ ਜੰਗ 'ਚ ਝੋਕਿਆ ਜਾ ਰਿਹਾ ਹੈ, ਜਿਸ ਦਾ ਸੇਕ ਦੁਨੀਆ ਭਰ ਦੇ ਲੋਕ ਨੂੰ ਝੱਲਣਾ ਪੈ ਰਿਹਾ ਹੈ।

ਉਨ੍ਹਾਂ ਸੱਦਾ ਦਿੰਦਿਆਂ ਕਿਹਾ ਕਿ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਤੇ ਭਵਿੱਖ ਦੀ ਵਿਉਂਤਬੰਦੀ ਲਈ ਵੱਡੀ ਜਥੇਬੰਦਕ ਲਾਮਬੰਦੀ ਦੀ ਜ਼ਰੂਰਤ ਹੈ। ਬੁਲਾਰਿਆਂ ਨੇ ਐਸੋਸੀਏਸ਼ਨ ਦੀ ਪਿਰਤ ਅਨੁਸਾਰ ਸ਼ਹੀਦਾਂ ਨੂੰ ਯਾਦ ਕਰਦਿਆਂ ਕਾਫ਼ਲੇ ਸਮੇਤ ਸ਼ਮੂਲੀਅਤ ਕਰਕੇ ਸਾਂਝੇ ਤੌਰ 'ਤੇ ਮਨਾਏ ਗਏ 'ਸਾਮਰਾਜ ਵਿਰੋਧੀ ਦਿਵਸ' ਦੌਰਾਨ ਸਮੁੱਚੇ ਵਿਸ਼ਵ 'ਚ ਸਰਮਾਏਦਾਰੀ ਤਾਕਤਾਂ ਖਿਲਾਫ਼ ਡਟਣ ਲਈ ਸਾਂਝਾ ਸੱਦਾ ਵੀ ਦਿੱਤਾ।ਐਸੋਸੀਏਸ਼ਨ ਦੇ ਸੂਬਾਈ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ, ਜ਼ਿਲ੍ਹਾ ਪ੍ਰਧਾਨ ਸੱਤਪਾਲ ਰਿਸ਼ੀ, ਜ਼ਿਲ੍ਹਾ ਕੈਸ਼ੀਅਰ ਅਮਰੀਕ ਸਿੰਘ ਮਾਖਾ, ਬਲਾਕ ਭੀਖੀ ਦੇ ਪ੍ਰਧਾਨ ਸਤਵੰਤ ਸਿੰਘ ਮੋਹਰ ਸਿੰਘ ਵਾਲਾ, ਸਕੱਤਰ ਪਾਲ ਸਿੰਘ ਧਲੇਵਾਂ, ਕੈਸ਼ੀਅਰ ਮਨਜੀਤ ਸਿੰਘ ਚਹਿਲ, ਪ੍ਰੈਸ ਸਕੱਤਰ ਜਸਵੰਤ ਸਿੰਘ ਮੂਲੇਵਾਲਾ, ਬਲਾਕ ਜੋਗਾ ਦੇ ਪ੍ਰਧਾਨ ਗੁਰਬਿੰਦਰ ਸਿੰਘ, ਸਕੱਤਰ ਸੁਖਪਾਲ ਸਿੰਘ, ਬਲਾਕ ਮਾਨਸਾ ਦੇ ਰਵੀ ਖਾਨ, ਚੇਅਰਮੈਨ ਗੁਰਨਾਮ ਸਿੰਘ ਤੇ ਹਰਜਿੰਦਰ ਸਿੰਘ ਅਨੂਪਗੜ੍ਹ, ਗੁਰਦੀਪ ਸਿੰਘ ਅਕਲੀਆ ਤੇ ਸੁਖਬੀਰ ਸਿੰਘ ਆਦਿ ਵੀ ਹਾਜ਼ਰ ਸਨ।

## ਅਫ਼ਸਰਸ਼ਾਹੀ ਸਰਕਾਰ ਦੇ ਦਬਾਅ ਹੇਠ : ਹਰਦੀਪ ਦੌਲਤਪੁਰ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਕਿਸਾਨ ਵਿੰਗ ਦੇ ਜਨਰਲ ਸਕੱਤਰ ਤੇ ਹਲਕਾ ਧੂਰੀ ਦੇ ਸੀਨੀਅਰ ਆਗੂ ਹਰਦੀਪ ਸਿੰਘ ਦੌਲਤਪੁਰ ਨੇ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵੇਅਰਹਾਊਸ ਦੇ ਡੀ.ਐਮ. ਗਗਨਦੀਪ ਸਿੰਘ ਰੰਧਾਵਾ ਦੀ ਮੌਤ ਦੇ ਮਾਮਲੇ ਨੂੰ ਲੈ ਕੇ ਸਰਕਾਰ ਨੂੰ ਘੇਰਿਆ।ਉਨ੍ਹਾਂ ਦੋਸ਼ ਲਾਇਆ ਕਿ ਇੱਕ ਸਾਬਕਾ ਮੰਤਰੀ ਦੇ ਕਥਿਤ ਦਬਾਅ ਕਾਰਨ ਅਧਿਕਾਰੀ ਵੱਲੋਂ ਜੀਵਨ ਲੀਲ੍ਹਾ ਖ਼ਤਮ ਕਰ ਲੈਣਾ ਬਹੁਤ ਹੀ ਮੰਦਭਾਗੀ ਘਟਨਾ ਹੈ, ਜੋ ਸੂਬੇ ਵਿੱਚ ਅਫ਼ਸਰਸ਼ਾਹੀ ਦੀ ਮਾੜੀ ਹਾਲਤ ਨੂੰ ਦਰਸਾਉਂਦੀ ਹੈ।ਸ੍ਰੀ ਦੌਲਤਪੁਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਮੰਤਰੀ ਤੇ ਵਿਧਾਇਕ ਸਰਕਾਰੀ ਅਧਿਕਾਰੀਆਂ 'ਤੇ ਬੇਲੋੜਾ ਦਬਾਅ ਬਣਾ ਰਹੇ ਹਨ, ਜਿਸ ਕਾਰਨ ਪ੍ਰਸ਼ਾਸਨਕ ਢਾਂਚਾ ਪੂਰੀ ਤਰ੍ਹਾਂ ਹਿੱਲ ਚੁੱਕਾ ਹੈ।ਉਨ੍ਹਾਂ ਹਾਲ ਹੀ ਵਿੱਚ ਇੱਕ ਪੀ.ਸੀ.ਐੱਸ. ਅਧਿਕਾਰੀ ਵੱਲੋਂ ਲਗਾਏ ਗਏ ਦੋਸ਼ਾਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਇਮਾਨਦਾਰ ਅਫ਼ਸਰਾਂ ਲਈ ਕੰਮ ਕਰਨਾ ਮੁਸ਼ਕਲ ਹੋ ਗਿਆ ਹੈ।ਉਨ੍ਹਾਂ ਮੁਤਾਬਕ 'ਆਪ' ਸਰਕਾਰ ਹਰ ਫਰੰਟ 'ਤੇ ਫੇਲ੍ਹ ਸਾਬਿਤ ਹੋਈ ਹੈ ਤੇ ਸੂਬੇ ਵਿੱਚ ਅਰਾਜਕਤਾ ਵਰਗਾ ਮਾਹੌਲ ਬਣ ਗਿਆ ਹੈ।ਸੂਚਨਾ ਅਧਿਕਾਰ ਐਕਟ ਦੀ ਉਲੰਘਣਾ ਬਾਰੇ ਬੋਲਦਿਆਂ ਹਰਦੀਪ ਦੌਲਤਪੁਰ ਨੇ ਖੁਲਾਸਾ ਕੀਤਾ ਕਿ ਉਨ੍ਹਾਂ ਵੱਲੋਂ ਡਿਪਟੀ ਕਮਿਸ਼ਨਰ ਦਫ਼ਤਰ ਸੰਗਰੂਰ ਤੋਂ ਮੁੱਖ ਮੰਤਰੀ ਦੇ ਧੂਰੀ ਦੌਰਿਆਂ ਤੇ ਰੈਲੀਆਂ 'ਤੇ ਹੋਏ ਖਰਚੇ ਬਾਰੇ ਜਾਣਕਾਰੀ ਮੰਗੀ ਗਈ ਸੀ।ਉਨ੍ਹਾਂ ਕਿਹਾ ਕਿ ਕਈ ਮਹੀਨੇ ਬੀਤ ਜਾਣ ਦੇ ਬਾਵਜੂਦ ਪ੍ਰਸ਼ਾਸਨ ਵੱਲੋਂ ਕੋਈ ਵੇਰਵਾ ਨਹੀਂ ਦਿੱਤਾ ਜਾ ਰਿਹਾ।ਉਨ੍ਹਾਂ ਸਵਾਲ ਕੀਤਾ ਕਿ ਜੇਕਰ ਸਰਕਾਰ ਇਮਾਨਦਾਰ ਹੈ ਤਾਂ ਜਨਤਾ ਦੇ ਪੈਸੇ ਦੇ ਖਰਚੇ ਨੂੰ ਜਨਤਕ ਕਰਨ ਤੋਂ ਕਿਉਂ ਡਰ ਰਹੀ ਹੈ?

## ਅਮਨ ਅਰੋੜਾ ਵੱਲੋਂ ਸ਼ਹੀਦ ਭਗਤ ਸਿੰਘ ਨੂੰ ਸ਼ਰਧਾਂਜਲੀ ਭੇਟ



**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਤੇ ਆਮ ਆਦਮੀ ਪਾਰਟੀ (ਆਪ) ਦੇ ਸੂਬਾ ਪ੍ਰਧਾਨ ਅਮਨ ਅਰੋੜਾ ਨੇ ਇਥੇ ਡੀ ਏ ਵੀ. ਕਾਲਜ, ਸੈਕਟਰ-10 ਵਿਖੇ ਤਿੰਨ ਰੋਜ਼ਾ ਸੱਭਿਆਚਾਰਕ ਸਮਾਗਮ ਕਾਰਵਾਂ 2026 ਦੀ ਸ਼ੁਰੂਆਤ ਕੀਤੀ। ਇਸ ਪ੍ਰੋਗਰਾਮ ਦੀ ਉਦਘਾਟਨੀ ਦਿਨ ਸੰਸਥਾ ਵੱਲੋਂ ਸ਼ਹੀਦ ਭਗਤ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ, ਜਿਸ ਨਾਲ ਸਮੁੱਚਾ ਮਾਹੌਲ ਦੇਸ਼ ਭਗਤੀ ਦੇ ਰੰਗ ਵਿੱਚ ਰੰਗਿਆ ਗਿਆ।ਇਕੱਠ ਨੂੰ ਸੰਬੋਧਨ ਕਰਦਿਆਂ ਅਮਨ ਅਰੋੜਾ ਨੇ ਸੱਭਿਆਚਾਰਕ ਮਹੱਤਤਾ ਤੇ ਰਾਸ਼ਟਰਵਾਦੀ ਕਦਰਾਂ-ਕੀਮਤਾਂ ਪ੍ਰਤੀ ਵਚਨਬੱਧਤਾ ਲਈ ਸੰਸਥਾ ਦੀ ਸ਼ਲਾਘਾ ਕੀਤੀ।

ਉਨ੍ਹਾਂ ਨੇ ਅੱਜ ਦੇ ਸੰਦਰਭ ਵਿੱਚ ਸ਼ਹੀਦ ਭਗਤ ਸਿੰਘ ਦੀ ਵਿਚਾਰਧਾਰਾ ਦੀ ਸਾਰਥਕਤਾ 'ਤੇ ਜ਼ੋਰ ਦਿੰਦਿਆਂ ਵਿਦਿਆਰਥੀਆਂ ਨੂੰ ਜ਼ਬਰ ਵਿਰੁੱਧ ਇਸ ਇਨਕਲਾਬੀ ਯੋਧੇ ਦੀ ਵਿਚਾਰਧਾਰਾ ਅਪਣਾਉਣ ਲਈ ਪ੍ਰੇਰਿਆ ਅਤੇ ਪਾਠ ਪੁਸਤਕਾਂ ਦੇ ਨਾਲ ਨਾਲ ਹੋਰ ਗਿਆਨ ਹਾਸਲ ਕਰਨ ਲਈ ਵੀ ਉਤਸ਼ਾਹਿਤ ਕੀਤਾ।

## ਕਿਸਾਨ ਮੇਲੇ 'ਚ 2 ਕਿਸਾਨ ਰਾਜ ਪੱਧਰੀ ਪੁਰਸਕਾਰ ਨਾਲ ਸਨਮਾਨਤ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਵੱਲੋਂ ਹਰ ਸਾਲ ਨਵੀਆਂ ਖੇਤੀ ਤਕਨੀਕਾਂ ਅਤੇ ਕੁਦਰਤੀ ਸਰੋਤਾਂ ਦੀ ਸੰਭਾਲ ਦੇ ਨਾਲ-ਨਾਲ ਬਾਗਬਾਨੀ, ਸਹਾਇਕ ਕਿੱਤਿਆਂ ਅਤੇ ਹੋਰ ਖੇਤੀ ਕਾਰਜਾਂ ਲਈ ਨਵੇਕਲੇ ਉੱਦਮ ਕਰਨ ਵਾਲੇ ਕਿਸਾਨਾਂ ਨੂੰ ਸਨਮਾਨਤ ਕੀਤਾ ਜਾਂਦਾ ਹੈ। ਪੀ ਏ ਯੂ, ਲੁਧਿਆਣਾ ਵਿਖੇ 20-21 ਮਾਰਚ ਨੂੰ ਕਿਸਾਨ ਮੇਲੇ ਦੇ ਪਹਿਲੇ ਦਿਨ ਉਦਘਾਟਨੀ ਸਮਾਰੋਹ ਸਮੇਂ ਮੰਚ ਤੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਅਤੇ ਹੋਰ ਵਿਸ਼ੇਸ਼ ਮਹਿਮਾਨਾਂ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ,ਅੰਤਰਰਾਸ਼ਟਰੀ ਪੱਧਰ 'ਤੇ ਪ੍ਰਸਿੱਧ ਖੇਤੀਬਾੜੀ ਵਿਗਿਆਨੀ, ਡਾ. ਗੁਰਦੇਵ ਸਿੰਘ ਖੁਸ਼ ਅਤੇ ਪੀ ਏ ਯੂ ਦੇ ਵਾਈਸ ਚਾਂਸਲਰ , ਡਾ. ਸਤਬੀਰ ਸਿੰਘ ਗੋਸਲ ਵੱਲੋਂ ਕ੍ਰਿਸ਼ੀ ਵਿਗਿਆਨ ਕੇਂਦਰ ਹੁਸ਼ਿਆਰਪੁਰ ਨਾਲ ਜੁੜੇ ਅਗਾਂਹਵਧੂ ਕਿਸਾਨ ਸੁਰਜੀਤ ਸਿੰਘ ਬਿੰਬ ਤੇ ਸੰਦੀਪ ਸਿੰਘ ਰਾਜ ਪੱਧਰੀ ਪੁਰਸਕਾਰ ਨਾਲ ਸਨਮਾਨਤ ਕੀਤੇ ਗਏ।

ਇਸ ਸਬੰਧੀ ਪੀ ਏ ਯੂ ਕ੍ਰਿਸ਼ੀ ਵਿਗਿਆਨ ਕੇਂਦਰ, ਹੁਸ਼ਿਆਰਪੁਰ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ) ਡਾ. ਮਨਿੰਦਰ ਸਿੰਘ ਬੌਂਸ ਵੱਲੋਂ ਇਨ੍ਹਾਂ ਕਿਸਾਨਾਂ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ ਗਈ ਅਤੇ ਉਨ੍ਹਾਂ ਦੱਸਿਆ ਕਿ ਜੈਵਿਕ ਖੇਤੀ ਤਕਨੀਕਾਂ ਅਪਨਾਉਣ ਵਾਲੇ ਸਵੈ-ਕਾਸ਼ਤਕਾਰ ਕਿਸਾਨ ਸਬੰਧੀ ਸੀ.ਆਰ.ਆਈ. ਪੰਪਸ ਪੁਰਸਕਾਰ ਜ਼ਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਬੀਰਮਪੁਰ, ਬਲਾਕ ਹੁਸ਼ਿਆਰਪੁਰ-1 ਦੇ ਅਗਾਂਹਵਧੂ ਕਿਸਾਨ ਸੁਰਜੀਤ ਸਿੰਘ ਬਿੰਬ ਪੁੱਤਰ ਸ. ਵਤਨ ਸਿੰਘ ਨੂੰ ਦਿੱਤਾ ਗਿਆ। ਸੁਰਜੀਤ ਸਿੰਘ ਨੇ 2005 ਵਿਚ ਬੈਂਕ ਤੋਂ ਡਿਪਟੀ ਜਨਰਲ ਮੈਨੇਜਰ ਵਜੋਂ ਸੇਵਾ-ਮੁਕਤੀ ਲੈ ਕੇ ਜੈਵਿਕ ਖੇਤੀ ਨਾਲ ਜੁੜਨ ਦੀ ਸਲਾਹ ਕੀਤੀ।

## ਸਫਾ 1 ਦੇ ਬਾਕੀ...

### ਗਗਨਦੀਪ ਕਾਂਡ 'ਚ ...

ਅਧਿਕਾਰੀਆਂ ਦੇ ਤਬਾਦਲੇ ਕਰਕੇ ਸਾਰ ਦਿੱਤਾ। ਇਸ ਤੋਂ ਪਹਿਲਾਂ ਪਟਿਆਲਾ ਵਿੱਚ ਇੱਕ ਵਿਅਕਤੀ ਨੇ ਸਮੁੱਚੇ ਮੀਡੀਆ ਦੇ ਸਾਹਮਣੇ ਖੁਦ ਨੂੰ ਅੱਗ ਲਗਾ ਕੇ ਖੁਦਕੁਸ਼ੀ ਕਰ ਲਈ ਸੀ, ਉਸ ਮਾਮਲੇ ਦੀ ਜਾਂਚ ਵੀ ਸੀ ਬੀ ਆਈ ਨੂੰ ਨਹੀਂ ਦਿੱਤੀ। ਮਹਿਲ ਕਲਾਂ ਵਿੱਚ ਕਿਰਨਜੀਤ ਮਾਮਲਾ ਸਾਹਮਣੇ ਆਇਆ ਸੀ ਅਤੇ ਸਾਲ 2021 ਵਿੱਚ ਇੱਕ ਵਿਅਕਤੀ ਨੇ ਕਾਂਗਰਸ ਦੇ ਰਾਜਾ ਵੜਿੰਗ ਦਾ ਨਾਂਅ ਲੈ ਕੇ ਖੁਦਕੁਸ਼ੀ ਕਰ ਲਈ ਸੀ, ਉਸ ਵਿਰੁੱਧ ਕਾਂਗਰਸ ਨੇ ਕੋਈ ਕਾਰਵਾਈ ਨਹੀਂ ਕੀਤੀ।

ਉਨ੍ਹਾ ਕਿਹਾ ਕਿ ਪਿਛਲੀਆਂ ਸਰਕਾਰਾਂ ਤਾਂ ਆਪਣੇ ਆਗੂਆਂ ਨੂੰ ਬਚਾਉਂਦੀਆਂ ਰਹੀਆਂ ਸਨ, ਪਰ ਆਮ ਆਦਮੀ ਪਾਰਟੀ ਨੇ ਆਪਣੇ ਮੰਤਰੀ ਦਾ ਫੌਰੀ ਅਸਤੀਫਾ ਲੈ ਕੇ ਉਸ ਵਿਰੁੱਧ ਕੇਸ ਦਰਜ ਕਰ ਦਿੱਤਾ ਅਤੇ ਗ੍ਰਿਫਤਾਰ ਕਰ ਲਿਆ ਹੈ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸ ਮਾਮਲੇ ਵਿੱਚ ਸ਼ਾਮਲ ਕਿਸੇ ਵੀ ਆਪਣੇ ਜਾਂ ਬਾਹਰ ਦੇ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ।

### ਭਗਤ ਸਿੰਘ ਵੱਲੋਂ ਬਸਤੀਵਾਦ...

ਬੀਟਲਾ, ਗੋਸੂਵਾਲ, ਬਾਂਗੀਵਾਲ, ਲੋਹਗੜ੍ਹ, ਬਾਲੋਕੀ, ਉਧੋਵਾਲ, ਪਰਜੀਆਂ ਖੁਰਦ ਹੁੰਦਾ ਹੋਇਆ ਪਰਜੀਆਂ ਕਲਾਂ ਸਮਾਪਤ ਹੋਇਆ। ਮਾਰਚ ਦੌਰਾਨ ਇਨਕਲਾਬ-ਜ਼ਿੰਦਾਬਾਦ, ਸਾਮਰਾਜਵਾਦ ਮੁਰਦਾਬਾਦ ਦੇ ਨਾਹਰੇ ਅਤੇ 'ਮੇਰਾ ਰੰਗ ਦੇ ਬਸੰਤੀ ਚੋਲਾ' ਵਰਗੇ ਗੀਤ ਫਿਜ਼ਾਵਾਂ ਵਿੱਚ ਇਨਕਲਾਬੀ ਜੋਸ਼ ਭਰਦੇ ਰਹੇ।

ਮੋਟਰਸਾਈਕਲ ਮਾਰਚ ਦੀ ਪਰਜੀਆਂ ਵਿਖੇ ਸਮਾਪਤੀ ਵੇਲੇ ਸੰਬੋਧਨ ਕਰਨ ਵਾਲੇ ਆਗੂਆਂ ਵਿੱਚ ਮਨਦੀਪ ਸਿੱਧੂ, ਕੁਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਸੰਦੀਪ ਅਰੋੜਾ, ਸੀ ਪੀ ਆਈ ਜ਼ਿਲ੍ਹਾ ਜਲੰਧਰ ਦੇ ਸਕੱਤਰ ਰਸ਼ਪਾਲ ਕੈਲੇ, ਪੰਜਾਬ ਖੇਤ ਮਜ਼ਦੂਰ ਸਭਾ ਜਿਲ੍ਹਾ ਜਲੰਧਰ ਦੇ ਪ੍ਰਧਾਨ ਵੀਰ ਕੁਮਾਰ, ਕੁਲ ਹਿੰਦ ਕਿਸਾਨ ਸਭਾ ਦੇ ਆਗੂ ਦਿਲਬਾਗ ਸਿੰਘ ਚੰਦੀ ਸ਼ਾਮਲ ਸਨ। ਪੰਜਾਬ ਖੇਤ ਮਜ਼ਦੂਰ ਸਭਾ ਦੇ ਆਗੂ ਸਿਕੰਦਰ ਸੰਧੂ ਨੇ ਸਫਲ ਮਾਰਚ ਦੀ ਵਧਾਈ ਦਿੰਦਿਆਂ ਇਸ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ।

### ਹਰੀਸ਼ ਰਾਣਾ ਆਖਰ...

ਦੀ ਜੀਵਨ ਰੱਖਿਅਕ ਸਹਾਇਤਾ ਨੂੰ ਵਾਪਸ ਲੈ ਲਿਆ ਗਿਆ, ਜਿਸ ਕਾਰਨ ਮੰਗਲਵਾਰ ਨੂੰ ਉਸ ਦਾ ਦੇਹਾਂਤ ਹੋ ਗਿਆ। ਇਹ ਮਾਮਲਾ ਭਾਰਤੀ ਕਾਨੂੰਨ ਦੇ ਇਤਿਹਾਸ ਵਿੱਚ ਬਹੁਤ ਅਹਿਮ ਹੈ, ਕਿਉਂਕਿ ਇਹ ਸਨਮਾਨ ਨਾਲ ਮਰਨ ਦੇ ਅਧਿਕਾਰ ਦੀ ਵਕਾਲਤ ਕਰਦਾ ਹੈ। ਹਰੀਸ਼ ਦੇ ਮਾਪਿਆਂ ਨੇ ਸਾਲਾਂ ਤੱਕ ਉਸ ਦੀ ਸੇਵਾ ਕੀਤੀ, ਪਰ ਜਦੋਂ ਡਾਕਟਰਾਂ ਨੇ ਉਸ ਦੇ ਠੀਕ ਹੋਣ ਦੀ ਸਾਰੀ ਉਮੀਦ ਛੱਡ ਦਿੱਤੀ ਸੀ ਤਾਂ ਉਨ੍ਹਾਂ ਅਦਾਲਤ ਦਾ ਦਰਵਾਜ਼ਾ ਖੜਕਾਇਆ ਸੀ।

## ਮੈਡੀਕਲ ਪ੍ਰੈਕਟੀਸ਼ਨਰਜ਼ ਅਸੋਸੀਏਸ਼ਨ ਨੇ ਸ਼ਹੀਦੀ ਦਿਹਾੜਾ ਮਨਾਇਆ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਮੈਡੀਕਲ ਪ੍ਰੈਕਟੀਸ਼ਨਰਜ਼ ਅਸੋਸੀਏਸ਼ਨ ਪੰਜਾਬ ਬਲਾਕ ਬਠਿੰਡਾ ਵੱਲੋਂ ਸ਼ਹੀਦੇ-ਆਜ਼ਮ ਸ੍ਰ. ਭਗਤ ਸਿੰਘ ਦਾ ਸ਼ਹੀਦੀ ਦਿਹਾੜਾ ਡਾਕਟਰ ਹੋਮ ਵਿਖੇ ਮਨਾਇਆ ਗਿਆ, ਜਿਸ ਵਿੱਚ 100 ਦੇ ਕਰੀਬ ਡਾਕਟਰਾਂ ਨੇ ਭਾਗ ਲਿਆ।ਮੀਟਿੰਗ ਵਿੱਚ ਸਟੇਟ ਚੇਅਰਮੈਨ ਜ਼ਿਲ੍ਹਾ ਪ੍ਰਧਾਨ, ਜ਼ਿਲ੍ਹਾ ਸੈਕਟਰੀ ਵਿਸ਼ੇਸ਼ ਤੌਰ 'ਤੇ ਪਹੁੰਚੇ ਹੋਏ ਸਨ।ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਬਲਾਕ ਪ੍ਰਧਾਨ ਜਗਸੀਰ ਸ਼ਰਮਾ ਨੇ ਮੀਟਿੰਗ ਦੀ ਸ਼ੁਰੂਆਤ ਕਰਦਿਆਂ ਆਏ ਹੋਏ ਮੈਂਬਰਾਂ ਦਾ ਧੰਨਵਾਦ ਕੀਤਾ ਤੇ ਸ੍ਰ. ਭਗਤ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ, ਸਾਰੇ ਮੈਂਬਰਾਂ ਨੂੰ ਉਨ੍ਹਾਂ ਵੱਲੋਂ ਪਾਏ ਹੋਏ ਪੂਰਨਿਆਂ 'ਤੇ ਚੱਲਣ ਦੀ ਅਪੀਲ ਕੀਤੀ ਗਈ।ਸਾਰੇ ਮੈਂਬਰਾਂ ਨੇ ਵੀ ਵਾਰੋ ਵਾਰੀ ਸ਼ਰਧਾ ਦੇ ਫੁੱਲ ਭੇਟ ਕੀਤੇ।ਪ੍ਰਧਾਨ ਵੱਲੋਂ ਵਿਰਾਸਤ ਮੇਲੇ ਦੌਰਾਨ ਤਿੰਨ ਦਿਨਾਂ ਫਰੀ ਮੈਡੀਕਲ ਕੈਂਪ ਤੇ ਡਿਊਟੀਆਂ ਦੇਣ ਵਾਲੇ ਮੈਂਬਰਾਂ ਦਾ ਧੰਨਵਾਦ ਕੀਤਾ।ਉਨ੍ਹਾਂ ਦੱਸਿਆ ਕਿ ਹਰ ਸਾਲ ਵਿਰਾਸਤ ਮੇਲੇ ਦੌਰਾਨ ਐਸੋਸੀਏਸ਼ਨ ਵੱਲੋਂ ਮੁਢਲੀਆਂ ਸਿਹਤ ਸਹੂਲਤਾਂ ਤੇ ਫਰੀ ਦਵਾਈਆਂ ਦਿੱਤੀਆਂ ਜਾਂਦੀਆਂ ਹਨ।ਇਸ ਸਮੇਂ ਬਲਾਕ ਦੀ ਆਗੂ ਟੀਮ ਵੀ ਮੌਜੂਦ ਰਹੀ, ਜਿਸ ਵਿੱਚ ਡਾਕਟਰ ਕ੍ਰਿਸ਼ਨ ਸਿੰਘ ਸਿੱਧੂ, ਡਾਕਟਰ ਧਰਮਿੰਦਰ ਪਾਲ, ਡਾਕਟਰ ਮੱਖਣ ਸਿੰਘ, ਡਾਕਟਰ ਪ੍ਰੀਤਮ ਵਿਰਕ, ਡਾਕਟਰ ਐੱਮ ਐੱਸ ਬੇਦੀ, ਡਾਕਟਰ ਭਗਵੰਤ ਸਿੰਘ, ਡਾਕਟਰ ਗੁਰਮੇਲ ਸਿੰਘ ਮਹਿਣਾ, ਡਾਕਟਰ ਜਗਦੀਸ਼ ਅਹੂਜਾ, ਡਾਕਟਰ ਗੁਲਾਬ ਸਿੰਘ, ਲੇਡੀਜ਼ ਵਿੰਗ ਡਾਕਟਰ ਰੁਪਿੰਦਰ ਕੌਰ ਭੁੱਲਰ ਸ਼ਾਮਲ ਸਨ।

## ਸਪੀਕਰ ਵੱਲੋਂ ਪੰਜਾਬ ਵਿਧਾਨ ਸਭਾ ਡਾਇਰੀ-2026 ਦਾ ਉਦਘਾਟਨ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵਿਧਾਨ ਸਭਾ ਸਕੱਤਰੇਤ ਵਿਖੇ ਸਾਲ 2026 ਲਈ ਪੰਜਾਬ ਵਿਧਾਨ ਸਭਾ ਡਾਇਰੀ ਦਾ ਅਧਿਕਾਰਤ ਉਦਘਾਟਨ ਕੀਤਾ। ਸਪੀਕਰ ਸੰਧਵਾਂ ਨੇ ਜ਼ੋਰ ਦਿੰਦਿਆਂ ਕਿਹਾ ਕਿ ਸਕੱਤਰੇਤ ਨੇ ਸਾਲ 2026 ਦੀ ਡਾਇਰੀ ਦੇ ਇਸ ਐਡੀਸ਼ਨ ਨੂੰ ਇੱਕ ਵਿਆਪਕ ਸੰਸਥਾਗਤ ਸਰੋਤ ਵਜੋਂ ਤਿਆਰ ਕੀਤਾ ਹੈ। ਉਨ੍ਹਾਂ ਕਿਹਾ ਕਿ ਡਾਇਰੀ ਵਿਧਾਨਕ ਜ਼ਿੰਮੇਵਾਰੀਆਂ ਦੇ ਯੋਜਨਾਬੱਧ ਢੰਗ ਨਾਲ ਸੰਗਠਿਤ ਕਰਨ ਲਈ ਤਿਆਰ ਕੀਤੀ ਗਈ ਹੈ ਤਾਂ ਜੋ ਮੈਂਬਰਾਂ ਅਤੇ ਅਧਿਕਾਰੀਆਂ ਨੂੰ ਰੋਜ਼ਾਨਾ ਸੰਸਦੀ ਕਾਰਜਾਂ ਦੇ ਨਾਲ-ਨਾਲ ਲੰਬੇ ਸਮੇਂ ਦੀ ਰਣਨੀਤਕ ਯੋਜਨਾਬੰਦੀ ਲਈ ਇੱਕ ਸੁਚਾਰੂ ਸਾਧਨ ਉਪਲਬਧ ਕਰਵਾਇਆ ਜਾ ਸਕੇ।ਸਪੀਕਰ ਨੇ ਕਿਹਾ, "ਇਹ ਪ੍ਰਕਾਸ਼ਨ ਇੱਕ ਰੋਜ਼ਾਨਾ ਯੋਜਨਾਕਾਰ ਵਜੋਂ ਆਪਣੀ ਭੂਮਿਕਾ ਨਿਭਾਏਗੀ।ਸਮਾਰੋਹ ਸ. ਕੁਲਵੰਤ ਸਿੰਘ ਪੰਡੋਰੀ, ਮਾਣਯੋਗ ਵਿਧਾਨ ਸਭਾ ਮੈਂਬਰ (ਐੱਮ ਐੱਲ ਏ), ਰਾਮ ਲੋਕ ਖਟਾਨਾ, ਸਕੱਤਰ, ਪੰਜਾਬ ਵਿਧਾਨ ਸਭਾ, ਸਪੀਕਰ ਦੇ ਸਕੱਤਰ ਸੁਰਿੰਦਰ ਸਿੰਘ ਮੋਤੀ ਤੇ ਸਪੀਕਰ ਦੇ ਓ ਐੱਸ ਡੀ. ਮਨਿੰਦਰ ਸਿੰਘ ਤੇ ਕਈ ਹੋਰ ਪਤਵੰਤਿਆਂ ਨੇ ਸ਼ਿਰਕਤ ਕੀਤੀ

## ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਨੇ ਸ਼ਹੀਦਾਂ ਨੂੰ ਦਿੱਤੀ ਸ਼ਰਧਾਂਜਲੀ



**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ, ਹੈੱਡ ਆਫਿਸ ਯੂਨਿਟ ਪਟਿਆਲਾ ਦੀ ਵਰਕਿੰਗ ਕਮੇਟੀ ਦੀ ਮੀਟਿੰਗ ਅਣਖੀ ਭਵਨ, ਫੈਕਟਰੀ ਏਰੀਆ, ਪਟਿਆਲਾ ਵਿਖੇ ਸ੍ਰ: ਭਿੰਦਰ ਸਿੰਘ ਚਹਿਲ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਇੰਜ. ਹੀਰਾ ਲਾਲ ਗੋਇਲ ਸਾਬਕਾ ਡਾਇਰੈਕਟਰ/ਪਾਵਰਕਾਮ ਦੇ ਸਵਰਗਵਾਸ ਹੋਣ ਕਾਰਨ ਜਥੇਬੰਦੀ ਵੱਲੋਂ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਅਰਪਣ ਕੀਤੀ ਗਈ।ਜਨਰਲ ਸਕੱਤਰ ਦੁਆਰਾ ਜਾਣਕਾਰੀ ਦਿੰਦਿਆਂ ਅਪ੍ਰੈਲ 2026 ਦੇ ਦੂਜੇ ਸ਼ਨੀਵਾਰ ਨੂੰ ਸੀਨੀਅਰ ਪੈਨਸ਼ਨਰਾਂ ਨੂੰ ਸਨਮਾਨਤ ਕਰਨ ਲਈ ਸਮਾਗਮ ਸਬੰਧੀ ਵੇਰਵੇ ਦਿੱਤੇ ਗਏ ਤੇ ਪ੍ਰੋਗਰਾਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਵਿਚਾਰ ਲਏ ਗਏ।ਸ੍ਰ: ਭਿੰਦਰ ਸਿੰਘ ਚਹਿਲ ਪ੍ਰਧਾਨ ਨੇ ਆਉਣ ਵਾਲੇ ਸਮੇਂ ਵਿੱਚ ਸੰਘਰਸ਼ਾਂ ਲਈ ਲਾਮਬੰਦ ਹੋਣ ਲਈ ਤਿਆਰ ਰਹਿਣ ਦੀ ਜਾਣਕਾਰੀ ਦਿੱਤੀ।ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਨੂੰ ਅਪੀਲ ਕਰਦਿਆਂ ਆਖਿਆ ਕਿ ਪੈਨਸ਼ਨਰਾਂ ਦੀਆਂ ਮੰਗਾਂ ਜਿਵੇਂ 1.1.2016 ਤੋਂ ਪਹਿਲਾਂ ਰਿਟਾਇਰ ਪੈਨਸ਼ਨਰਾਂ ਨੂੰ 2.59 ਪੈਨਸ਼ਨ ਸੁਧਾਈ ਫੈਕਟਰ, ਡੀ ਏ ਦੇ ਬਕਾਏ ਤੇ ਰਹਿੰਦੀਆਂ ਕਿਸ਼ਤਾਂ, ਜਜੀਆ ਟੈਕਸ ਦੀ ਕਟੌਤੀ ਬੰਦ ਕਰਨਾ, ਕੈਸ਼ਲੈੱਸ ਮੈਡੀਕਲ ਸਹੂਲਤ ਤੇ ਮੰਗ ਚਾਰਟਰ ਅਨੁਸਾਰ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ ਨਹੀਂ ਤਾਂ ਸਰਕਾਰ ਨੂੰ ਜਲਦ ਆਉਣ ਵਾਲੀਆਂ ਚੋਣਾਂ ਵਿੱਚ ਅਣਦੇਖੀ ਲਈ ਸਿੱਟੇ ਭੁਗਤਣੇ ਪੈਣਗੇ।ਮੀਟਿੰਗ ਵਿੱਚ ਇੰਜ. ਸੰਤੋਖ ਸਿੰਘ ਬੋਪਾਰਾਏ, ਅਮਰਜੀਤ ਸਿੰਘ ਖਜ਼ਾਨਚੀ, ਭੁਪਿੰਦਰ ਸਿੰਘ ਮੀਤ ਪ੍ਰਧਾਨ, ਮਲਕੀਅਤ ਸਿੰਘ ਸਰਪ੍ਰਸਤ, ਜਸਵੀਰ ਸਿੰਘ, ਇੰਜ. ਜਗਤਾਰ ਤੇ ਵਰਕਿੰਗ ਕਮੇਟੀ ਦੇ ਮੈਂਬਰ ਹਾਜ਼ਰ ਸਨ।

## ਸ੍ਰੀ ਗੁਰੂ ਰਵਿਦਾਸ ਚੇਤਨ ਸਮਾਜ ਸਭਾ ਦੀ ਮੀਟਿੰਗ ਹੋਈ



**ਜਲਾਲਾਬਾਦ (ਜੀਤ ਕੁਮਾਰ)**-ਸ੍ਰੀ ਗੁਰੂ ਰਵਿਦਾਸ ਚੇਤਨ ਸਮਾਜ ਸਭਾ (ਰਜਿ) ਦੀ ਮੀਟਿੰਗ ਹੋਈ, ਜਿਸ ਵਿੱਚ ਸ੍ਰੀ ਗੁਰੂ ਰਵਿਦਾਸ ਸਮਾਜ ਨੂੰ ਦਰਪੇਸ਼ ਮੁਸ਼ਕਲਾਂ ਤੇ ਉਨ੍ਹਾਂ ਦੇ ਹੱਲ ਬਾਰੇ ਵਿਸਥਾਰ ਪੂਰਵਕ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਬੀਰ ਸਿੰਘ ਪੁਆਰ ਨੇ ਦੱਸਿਆ ਕਿ ਸਮੇਂ ਦੀ ਲੋੜ ਮੁਤਾਬਕ ਸਾਡੇ ਰਵਿਦਾਸ ਭਾਈਚਾਰੇ ਨੂੰ ਇੱਕ ਮਜ਼ਬੂਤ ਜਥੇਬੰਦੀ ਦੀ ਲੋੜ ਹੈ ਤਾਂ ਜੁ ਭਵਿੱਖ ਵਿੱਚ ਸਾਡੇ ਸਮਾਜ ਨੂੰ ਦਰਪੇਸ਼ ਮੁਸ਼ਕਲਾਂ ਦਾ ਹੱਲ ਕੀਤਾ ਜਾ ਸਕੇ ਤੇ ਇਲਾਕੇ ਵਿੱਚ ਆਪਣੀ ਪਕੜ ਮਜ਼ਬੂਤ ਕੀਤੀ ਜਾ ਸਕੇ। ਸੰਬੋਧਨ ਕਰਦਿਆਂ ਜੋਗਿੰਦਰ ਪਾਲ ਸੁਮਨ, ਗਿਆਨ ਚੰਦ ਐਸ.ਡੀ.ਓ., ਚਰਨ ਸਿੰਘ ਪ੍ਰਧਾਨ ਕਬੱਡੀ ਐਸੋਸੀਏਸ਼ਨ ਜ਼ਿਲ੍ਹਾ ਫਾਜ਼ਿਲਕਾ, ਡਾਕਟਰ ਰਜਿੰਦਰ ਸਿੰਘ ਭੱਟੀ, ਮਨੋਹਰ ਲਾਲ ਇੰਸਪੈਕਟਰ ਰੋਡਵੇਜ਼, ਸੂਰਜ ਕੁਮਾਰ ਬੱਲੂਆਣਾ, ਨਿਰਭੈ ਸਿੰਘ, ਗੁਰਚੇਤ ਸਿੰਘ ਚੱਕ ਸੈਦੋ ਕੇ, ਚਰੰਜੀ ਲਾਲ ਬੀ.ਐੱਸ.ਪੀ, ਡਾ. ਪ੍ਰਕਾਸ਼ ਦੋਸ਼ੀ ਨੇ ਇੱਕ ਮਜ਼ਬੂਤ ਜਥੇਬੰਦੀ ਦੀ ਲੋੜ ਦੀ ਵਕਾਲਤ ਕੀਤੀ ਤੇ ਗੁਰੂ ਰਵਿਦਾਸ ਚੇਤਨ ਸਮਾਜ ਸਭਾ ਨੂੰ ਪੁਨਰ ਸਰਜੀਤ ਕਰਨ ਦਾ ਫੈਸਲਾ ਕੀਤਾ ਗਿਆ। ਇੱਕ ਹੋਰ ਮੀਟਿੰਗ 29 ਮਾਰਚ ਨੂੰ ਕਰਨ ਦਾ ਫੈਸਲਾ ਕੀਤਾ ਗਿਆ।

## ਚਾਰ ਧਾਮ ਯਾਤਰਾ ਸਫ਼ਲਤਾਪੂਰਵਕ ਸੰਪੰਨ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ੍ਰੀ ਬਾਲਾ ਜੀ ਖਾਟੂ ਸ਼ਿਆਮ ਮੰਦਰ ਵੱਲੋਂ ਚਾਰ ਧਾਮ ਯਾਤਰਾ ਸ੍ਰੀ ਬਾਲਾਜੀ ਮਹਾਰਾਜ ਦੀ ਅਪਾਰ ਕ੍ਰਿਪਾ ਸਦਕਾ ਸਫ਼ਲਤਾਪੂਰਵਕ ਸੰਪੰਨ ਹੋਈ।ਸ੍ਰੀ ਬਾਲਾਜੀ ਮੰਦਰ ਕਮੇਟੀ ਅਤੇ ਯਾਤਰਾ ਦੇ ਪ੍ਰਬੰਧਕ ਗੌਰਵ ਜਨਾਲੀਆ ਨੇ ਦੱਸਿਆ ਕਿ ਸ਼ਰਧਾਲੂਆਂ ਨੂੰ ਸ੍ਰੀ ਵਰਿੰਦਾਵਨ ਧਾਮ, ਸ੍ਰੀ ਮਹਿੰਦੀਪੁਰ ਧਾਮ, ਸ੍ਰੀ ਸਾਲਾਸਰ ਧਾਮ ਤੇ ਸ੍ਰੀ ਖਾਟੂ ਧਾਮ ਦੇ ਦਰਸ਼ਨ ਕਰਾਏ ਗਏ।ਗੁਰੂ ਕਿਰਪਾ ਆਸ਼ਰਮ ਵਿਖੇ ਗੁਰੂ ਮਹਾਰਾਜ ਸ੍ਰੀ ਮੋਹਨਪੁਰੀ ਗੋਸਵਾਮੀ ਜੀ ਨੂੰ ਸ੍ਰੀ ਬਾਲਾ ਜੀ ਜਨਮੋਤਸਵ ਦਾ ਸੱਦਾ ਪੱਤਰ ਦਿੱਤਾ ਗਿਆ।ਉੱਥੇ ਸੰਗਤਾਂ ਵੱਲੋਂ ਤਾਲੀ ਸੰਕੀਰਤਨ ਕੀਤਾ ਗਿਆ ਤੇ ਸਾਰੇ ਸ਼ਰਧਾਲੂ ਸ੍ਰੀ ਬਾਲਾਜੀ ਮਹਾਰਾਜ ਦੇ ਰੰਗ ਵਿੱਚ ਰੰਗੇ ਹੋਏ ਨਜ਼ਰ ਆਏ ਤੇ ਗੁਰੂ ਮਹਾਰਾਜ ਜੀ ਦਾ ਆਸ਼ੀਰਵਾਦ ਲਿਆ। ਮੰਦਰ ਕਮੇਟੀ ਵੱਲੋਂ ਪਹਿਲੀ ਵਾਰ ਇਨ੍ਹਾਂ ਧਾਰਮਿਕ ਅਸਥਾਨਾਂ 'ਤੇ ਜਾਣ ਵਾਲੇ ਸ਼ਰਧਾਲੂਆਂ ਨੂੰ ਇਨ੍ਹਾਂ ਸਥਾਨਾਂ ਦੇ ਇਤਿਹਾਸ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਯਾਤਰੀਆਂ ਨੇ ਕਮੇਟੀ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਤੇ ਕਿਹਾ ਕਿ ਉਹ ਕਾਮਨਾ ਕਰਦੇ ਹਨ ਕਿ ਮੰਦਰ ਕਮੇਟੀ ਭਵਿੱਖ ਵਿੱਚ ਵੀ ਅਜਿਹੀਆਂ ਯਾਤਰਾਵਾਂ ਦਾ ਆਯੋਜਨ ਕਰਦੀ ਰਹੇ।ਸ੍ਰੀ ਬਾਲਾਜੀ ਮੰਦਰ ਕਮੇਟੀ ਨੇ ਯਾਤਰਾ 'ਚ ਸ਼ਾਮਲ ਹੋਏ ਸਾਰੇ ਸ਼ਰਧਾਲੂਆਂ ਦਾ ਧੰਨਵਾਦ ਕੀਤਾ ਤੇ ਯਾਤਰੀਆਂ ਵੱਲੋਂ ਦਿੱਤੇ ਸਹਿਯੋਗ ਲਈ ਦਿਲੋਂ ਧੰਨਵਾਦ ਕੀਤਾ।

## ਦੌਲਤਪੁਰ ਨੂੰ ਜਾਂਦੀ ਸੜਕ ਦਾ ਨਿਰਮਾਣ ਸਵਾਲਾਂ ਦੇ ਘੇਰੇ 'ਚ !



**ਧੂਰੀ (ਮਨੋਹਰ ਸਿੰਘ ਸੱਗੂ)**-ਪਿੰਡ ਦੌਲਤਪੁਰ ਨੂੰ ਜਾਂਦੀ ਨਵੀਂ ਬਣ ਰਹੀ ਸੜਕ ਕਥਿਤ ਤੌਰ 'ਤੇ ਸਵਾਲਾਂ ਦੇ ਘੇਰੇ 'ਚ ਘਿਰਦੀ ਨਜ਼ਰ ਆ ਰਹੀ ਹੈ।ਸਥਾਨਕ ਸ਼ਹਿਰ ਦੇ ਮਾਲੇਰਕੋਟਲਾ ਬਾਈਪਾਸ ਨੇੜਿਓਂ ਪਿੰਡ ਦੌਲਤਪੁਰ ਨੂੰ ਜਾਣ ਵਾਲੀ ਕਰੀਬ 2 ਕਿਲੋਮੀਟਰ ਲੰਮੀ ਤੇ 18 ਫੁੱਟ ਚੌੜੀ ਬਣ ਰਹੀ ਸੜਕ ਬਾਰੇ ਲੋਕਾਂ ਦਾ ਕਹਿਣਾ ਹੈ ਕਿ ਸੜਕ ਦੇ ਨਿਰਮਾਣ 'ਚ ਕਥਿਤ ਤੌਰ 'ਤੇ ਜਿੱਥੇ ਘਟੀਆ ਮਿਆਰ ਦਾ ਸਾਮਾਨ ਵਰਤਿਆ ਜਾ ਰਿਹਾ ਹੈ, ਉਥੇ ਸੜਕ ਦੇ ਕਿਨਾਰਿਆਂ 'ਤੇ ਰੋਕ ਲਗਾਉਣ ਲਈ ਵਰਤੀਆਂ ਜਾ ਰਹੀਆਂ ਇੱਟਾਂ 'ਚ ਵੀ ਕਥਿਤ ਤੌਰ 'ਤੇ ਘਪਲੇਬਾਜ਼ੀ ਕਰਕੇ ਸਾਬਤ ਇੱਟਾਂ ਦੀ ਬਜਾਏ ਅੱਧੀਆਂ ਇੱਟਾਂ (ਰੋੜੇ) ਲਗਾ ਕੇ ਵਿਭਾਗ ਨੂੰ ਚੂਨਾ ਲਗਾਇਆ ਜਾ ਰਿਹਾ ਹੈ।ਫੈਡਰੇਸ਼ਨ ਆਫ ਆੜ੍ਹਤੀਆ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਜਗਤਾਰ ਸਿੰਘ ਸਮਰਾ ਨੇ ਕਿਹਾ ਕਿ ਵਿਭਾਗ ਦੇ ਮਾਪਦੰਡਾਂ ਅਨੁਸਾਰ ਸੜਕ ਕਿਨਾਰੇ ਰੋਕਾਂ 'ਚ ਸਾਬਤ (ਪੂਰੀ ਇੱਟ) ਇੱਟਾਂ ਲੱਗਣੀਆਂ ਚਾਹੀਦੀਆਂ ਹਨ, ਪਰ ਸੜਕ ਦੇ ਨਿਰਮਾਣ 'ਚ ਜਿੱਥੇ ਕਥਿਤ ਤੌਰ ਤੇ ਘਟੀਆ ਮਿਆਰ ਦਾ ਸਾਮਾਨ ਵਰਤਿਆ ਜਾ ਰਿਹਾ ਹੈ, ਉਥੇ ਰੋਕ 'ਚ ਇੱਟਾਂ ਲਗਾਉਣ ਦੇ ਮਾਮਲੇ 'ਚ ਵੀ ਘਪਲੇਬਾਜ਼ੀ ਕੀਤੀ ਜਾ ਰਹੀ ਹੈ।ਉਨ੍ਹਾਂ ਸਬੰਧਤ ਵਿਭਾਗ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਸੜਕ ਦੇ ਨਿਰਮਾਣ 'ਚ ਮਿਆਰੀ ਸਾਮਾਨ ਵਰਤਣਾ ਯਕੀਨੀ ਬਣਾਇਆ ਜਾਵੇ।ਜਦੋਂ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀ ਨਵਦੀਪ ਬਾਂਸਲ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਦਾ ਕਹਿਣਾ ਸੀ ਕਿ ਸ਼ਿਕਾਇਤ ਮਿਲਣ ਤੋਂ ਬਾਅਦ ਨਿਰਮਾਣ ਕਾਰਜ ਨੂੰ ਦਰੁੱਸਤ ਕਰਵਾ ਕੇ ਇੱਟਾਂ ਨੂੰ ਦੁਬਾਰਾ ਲਗਵਾਇਆ ਜਾ ਰਿਹਾ ਹੈ।

## ਮਹਿੰਦਰਾ ਕਾਲਜ ਦੇ ਸਟਾਫ਼ ਵੱਲੋਂ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ



**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਕਾਲਜ ਤੇ ਸਮੂਹ ਸਟਾਫ ਅਤੇ ਦੀ ਕਲਾਸ ਫੋਰਥ ਇੰਪਲਾਇਜ਼ ਯੂਨੀਅਨ ਸਬ ਕਮੇਟੀ ਸਰਕਾਰੀ ਮਹਿੰਦਰਾ ਕਾਲਜ ਪਟਿਆਲਾ ਵਿਖੇ ਸ਼ਹੀਦੇ ਆਜ਼ਮ ਸ੍ਰ. ਭਗਤ ਸਿੰਘ ਨੂੰ ਸ਼ਰਧਾਂਜਲੀ ਦਿੱਤੀ ਗਈ।ਇਸ ਮੌਕੇ ਕਾਲਜ ਨੇ ਐੱਨ.ਸੀ.ਸੀ. ਤੇ ਵਿਦਿਆਰਥੀ ਆਦਿ ਸ਼ਾਮਲ ਹੋਏ।ਇਸ ਮੌਕੇ ਦੌਰਾਨ ਕਾਲਜ ਪ੍ਰਿੰਸੀਪਲ ਡਾ. ਨਿਸ਼ਠਾ ਤ੍ਰਿਪਾਠੀ ਦੀ ਪ੍ਰਧਾਨਗੀ ਹੇਠ ਕਾਲਜ ਵਾਇਸ ਪ੍ਰਿੰਸੀਪਲ ਪ੍ਰੋ. ਲਵਲੀਨ ਪਰਮਾਰ, ਡਾ. ਅੰਮ੍ਰਿਤ ਸਮਰਾ (ਕਾਲਜ ਬਰਸਰ), ਐੱਨ.ਸੀ.ਸੀ. ਆਰਮੀ ਵਿੰਗ ਦੇ ਇੰਚਾਰਜ ਡਾ. ਮਨਮੋਹਨ ਸਮੀ, ਕਾਲਜ ਦੇ ਸੀਨੀਅਰ ਸਹਾਇਕ ਸ੍ਰੀ ਰਵਿੰਦਰ ਜੋਸ਼ੀ, ਸ੍ਰੀਮਤੀ ਭਲਿੰਦਰ ਕੌਰ ਤੇ ਕਾਲਜ ਦੇ ਕਲਾਸ ਫੋਰ ਪ੍ਰਧਾਨ ਰਾਮ ਲਾਲ ਰਾਮਾ ਵੱਲੋਂ ਵਿਦਿਆਰਥੀਆਂ ਨੂੰ ਸ਼ਹੀਦਾਂ ਦੀ ਜੀਵਨੀ ਬਾਰੇ ਸੰਬੋਧਨ ਕਰਦਿਆਂ ਇਨ੍ਹਾਂ ਸ਼ਹੀਦਾਂ ਦੀ ਸੋਚ ਉੱਤੇ ਪਹਿਰਾ ਦੇਣ ਦਾ ਪ੍ਰਣ ਲਿਆ।ਇਸ ਮੌਕੇ ਯੂਨੀਅਨ ਆਗੂ ਚੇਅਰਮੈਨ ਮਹਿੰਦਰ ਸਿੰਘ, ਬਲਜਿੰਦਰ ਸਿੰਘ ਕੈਸ਼ੀਅਰ, ਮੁਕੇਸ਼ ਸਕੱਤਰ, ਵਾਇਸ ਪ੍ਰਧਾਨ ਸੁਖਦੇਵ ਸਿੰਘ, ਅਮਰਦੀਪ ਸਿੰਘ, ਮਨਦੀਪ ਸਿੰਘ, ਸੋਨੀਆ, ਸਰੀਕਾ, ਰਾਜ ਰਾਣੀ, ਰਾਜ ਕੌਰ, ਪ੍ਰੋਮਿਲਾ, ਪਰਮਜੀਤ ਕੌਰ, ਵੀਰਭਾਣ, ਸੁਨੀਤਾ ਰਾਣੀ ਤੇ ਸਮੂਹ ਮੁਲਾਜ਼ਮ ਸ਼ਾਮਲ ਸਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਗੋਹਲਵੜ ਵਿਖੇ ਰੇਲ ਰੋਕੋ ਪ੍ਰਦਰਸ਼ਨ, ਕਿਸਾਨਾਂ ਨੂੰ ਰਿਹਾਅ ਕਰਨ ਦੀ ਮੰਗ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਤਰਨ ਤਾਰਨ ਦੇ ਪ੍ਰਧਾਨ ਸਤਨਾਮ ਸਿੰਘ ਮਾਨੋਚਾਹਲ ਅਤੇ ਸੂਬਾ ਆਗੂ ਤੇ ਜ਼ਿਲ੍ਹਾ ਸਕੱਤਰ ਹਰਜਿੰਦਰ ਸਿੰਘ ਸ਼ਕਰੀ ਦੀ ਅਗਵਾਈ ਹੇਠ ਕਿਸਾਨਾਂ ਨੇ ਗੋਹਲਵੜ ਵਿਖੇ ਰੇਲ ਰੋਕ ਕੇ ਕੀਤਾ ਵਿਰੋਧ ਪ੍ਰਦਰਸ਼ਨ।ਕਿਸਾਨਾਂ ਨੂੰ ਸੰਬੋਧਨ ਕਰਦੇ ਹੋਏ ਜ਼ਿਲ੍ਹਾ ਖਜਾਨਚੀ ਫਤਿਹ ਸਿੰਘ ਪਿੱਦੀ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਜਰਨੈਲ ਸਿੰਘ ਨੂਰਦੀ, ਦਿਆਲ ਸਿੰਘ ਮੀਆਂਵਿੰਡ, ਰੇਸ਼ਮ ਸਿੰਘ ਘੁਰਕਵਿੰਡ, ਹਰਬਿੰਦਰਜੀਤ ਸਿੰਘ ਕੰਗ ਨੇ ਕਿਹਾ ਕੀ ਸਰਕਾਰ ਨੇ ਤਾਨਾਸ਼ਾਹੀ ਰਵੱਈਆ ਅਪਣਾਇਆ ਹੋਇਆ ਹੈ।ਉਨ੍ਹਾਂ ਕਿਹਾ ਕਿ ਸਰਕਾਰ ਮੰਨੀਆਂ ਹੋਈਆਂ ਮੰਗਾਂ ਤੋਂ ਅੱਜ ਮੁੱਕਰ ਰਹੀ ਹੈ।ਜਦ ਕਿਸਾਨ ਮੰਗਾਂ ਨੂੰ ਲਾਗੂ ਕਰਵਾਉਣ ਲਈ ਆਪਣੇ ਹੀ ਜ਼ਿਲ੍ਹੇ ਦੇ ਡੀਸੀ ਕੋਲ ਰੋਸ ਪ੍ਰਦਰਸ਼ਨ ਕਰਨ ਲਈ ਗਏ ਤਾਂ ਪ੍ਰਸ਼ਾਸਨ ਨੇ ਵੱਡੀ ਗਿਣਤੀ ਵਿੱਚ ਕਿਸਾਨਾਂ 'ਤੇ ਲਾਠੀ ਚਾਰਜ ਕੀਤਾ ਅਤੇ ਗ੍ਰਿਫਤਾਰ ਕਰਕੇ ਥਾਣਿਆਂ ਵਿੱਚ ਭੇਜ ਦਿੱਤਾ ਜਿਸ ਵਿੱਚ ਕਿਸਾਨ ਮਜ਼ਦੂਰ ਮੋਰਚੇ ਦੇ ਵੱਡੇ ਆਗੂ ਸਰਵਨ ਸਿੰਘ ਪੰਧੇਰ, ਜਸਵਿੰਦਰ ਸਿੰਘ ਲੌਂਗੋਵਾਲ, ਰਣਜੀਤ ਸਿੰਘ ਕਲੇਰ ਬਾਲਾ, ਡਾ. ਕਵਰਦਲੀਪ, ਜਰਮਨਜੀਤ ਬੰਡਾਲਾ ਆਦਿ ਆਗੂ ਵੱਡੀ ਗਿਣਤੀ ਵਿੱਚ ਥਾਣਿਆਂ ਵਿੱਚ ਗ੍ਰਿਫਤਾਰ ਕੀਤੇ ਗਏ।ਵਿਰੋਧ ਵਿੱਚ ਕਿਸਾਨਾਂ ਨੇ ਰੇਲਵੇ ਟਰੈਕ ਗੋਹਲਵੜ ਵਿਖੇ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਰੇਲ ਦਾ ਚੱਕਾ ਜਾਮ ਕੀਤਾ।ਕਿਸਾਨਾਂ ਨੇ ਕਿਹਾ ਕਿ ਰੇਲਾਂ ਦੇ ਟਰੈਕਾਂ ਤੇ ਬੈਠਣਾ ਸਾਡਾ ਕੋਈ ਸ਼ੌਕ ਨਹੀਂ। ਆਗੂਆਂ ਨੇ ਕਿਹਾ ਕਿ ਮੰਗਾਂ ਜਿਵੇਂ ਬਿਜਲੀ ਸੋਧ, ਬਿੱਲ ਬੀਜ ਸੋਧ ਬਿੱਲ, ਹੜ੍ਹਾਂ ਦਾ ਮੁਆਵਜ਼ਾ, ਸ਼ੰਭੂ ਖਨੌਰੀ ਤੇ ਹੋਏ ਨੁਕਸਾਨ ਦੀ ਭਰਭਾਈ, ਚਾਰ ਲੇਬਰ ਕੋਡ ਕਾਨੂੰਨ, ਝੂਠੇ ਮੁਕਾਬਲਿਆਂ ਦੀ ਜਾਂਚ ਆਦਿ ਮੰਗਾਂ ਅਤੇ



ਕਿਸਾਨਾਂ ਦੀ ਰਿਹਾਈ ਤੱਕ ਮੋਰਚਾ ਜਾਰੀ ਰਹੇਗਾ। ਜੇਕਰ ਸਰਕਾਰ ਇਸ ਦਾ ਕੋਈ ਹੱਲ ਨਹੀਂ ਕੱਢਦੀ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਏਗਾ।ਇਸ ਮੌਕੇ ਸਲਵਿੰਦਰ ਸਿੰਘ ਜੀਉਬਾਲਾ, ਪਰਮਜੀਤ ਸਿੰਘ ਛੀਨਾ, ਕੁਲਵਿੰਦਰ ਸਿੰਘ ਕੈਰੋਂਮਵਾਲ, ਮਨਜਿੰਦਰ ਸਿੰਘ ਗੋਹਲਵੜ, ਸੁਖਚੈਨ ਸਿੰਘ ਅੱਲੋਵਾਲ, ਮੁਖਤਾਰ ਸਿੰਘ ਬਿਹਾਰੀਪੁਰ, ਬਲਜਿੰਦਰ ਸਿੰਘ ਸੈਰੋ, ਕੁਲਵੰਤ ਸਿੰਘ ਭੈਲ, ਕੁਲਵੰਤ ਸਿੰਘ ਢੋਟੀਆਂ, ਗੁਰਭੇਜ ਸਿੰਘ ਧਾਰੀਵਾਲ, ਆਤਮਾ ਸਿੰਘ ਘਰਿਆਲੀ, ਮਨਜੀਤ ਸਿੰਘ ਕਰਮੂਵਾਲਾ, ਇਕਬਾਲ ਸਿੰਘ ਵੜਿੰਗ, ਮੇਹਰ ਸਿੰਘ ਤਲਵੰਡੀ, ਦਿਲਬਾਗ ਸਿੰਘ ਪਹੁਵਿੰਡ, ਨਿਰੰਜਨ ਸਿੰਘ ਬਗਰਾੜੀ, ਲਖਵਿੰਦਰ ਸਿੰਘ ਆਦਿ ਆਗੂ ਹਾਜ਼ਰ ਸਨ।

# ਨਾੜ ਨੂੰ ਅੱਗ ਨਾ ਲਾਉਣ ਸਬੰਧੀ ਵੱਖ-ਵੱਖ ਥਾਈਂ ਲਗਾਏ ਜਾ ਰਹੇ ਜਾਗਰੂਕਤਾ ਕੈਂਪ : ਡਾ. ਤੇਜਬੀਰ ਸਿੰਘ

**ਪੱਟੀ, (ਬਲਦੇਵ ਸਿੰਘ ਸੰਧੂ)**- ਨੈਸ਼ਨਲ ਗਰੀਨ ਟ੍ਰਿਬਿਊਨਲ ਦੇ ਹੁਕਮ ਅਨੁਸਾਰ ਹਵਾ ਗੁਣਵੱਤਾ ਇੰਡੈਕਸ ਨੂੰ ਸੁਧਾਰਨ ਦੇ ਮੱਦੇਨਜ਼ਰ ਵੱਖ-ਵੱਖ ਵਿਭਾਗਾਂ ਨੂੰ ਵਾਤਾਵਰਨ ਦੀ ਸਾਂਭ-ਸੰਭਾਲ ਵਾਸਤੇ ਉਪਰਾਲੇ ਕਰਨ



ਲਈ ਕਿਹਾ ਗਿਆ ਹੈ।ਇਸੇ ਲੜੀ ਤਹਿਤ ਡਾਇਰੈਕਟਰ ਖੇਤੀਬਾੜੀ ਪੰਜਾਬ ਡਾ. ਗੁਰਜੀਤ ਸਿੰਘ ਬਰਾੜ ਦੇ ਉਪਰਾਲਿਆਂ ਸਦਕਾ ਡਿਪਟੀ ਕਮਿਸ਼ਨਰ ਤਰਨ ਤਾਰਨ ਰਾਹੁਲ ਅਤੇ ਮੁੱਖ ਖੇਤੀਬਾੜੀ ਅਫ਼ਸਰ ਤਰਨ ਤਾਰਨ ਡਾ. ਤੇਜਬੀਰ ਸਿੰਘ ਭੰਗੂ ਦੀ ਯੋਗ ਅਗਵਾਈ ਹੇਠ ਖੇਤੀਬਾੜੀ ਵਿਭਾਗ ਵੱਲੋਂ ਜ਼ਿਲ੍ਹੇ ਦੇ ਪਿੰਡਾਂ ਵਿਚ ਆਈਈਸੀ ਗਤੀਵਿਧੀਆਂ ਅਧੀਨ ਕਿਸਾਨ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ।ਇਸੇ ਲੜੀ ਤਹਿਤ ਬਲਾਕ ਖੇਤੀਬਾੜੀ ਅਫ਼ਸਰ ਡਾ. ਭੁਪਿੰਦਰ ਸਿੰਘ ਦੀ ਅਗਵਾਈ ਹੇਠ ਡਾ. ਯਾਦਵਿੰਦਰ ਸਿੰਘ ਵੱਲੋਂ ਪਿੰਡ ਘੱਗੇ ਵਿਖੇ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਉਨ੍ਹਾਂ ਦੱਸਿਆ ਕਿ ਖੇਤੀਬਾੜੀ ਵਿਭਾਗ ਦੇ ਅਫਸਰ, ਪੰਚਾਇਤ ਮੈਂਬਰ, ਸਰਕਾਰੀ ਨੁਮਾਇੰਦੇ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਵਲੰਟੀਅਰ ਰੋਜ਼ਾਨਾ ਕਿਸਾਨਾਂ ਨੂੰ ਮਿਲ ਰਹੇ ਹਨ।ਮਕਸਦ ਇਕੋ-ਇਕ ਹੈ ਕਣਕ ਦੀ ਫ਼ਸਲ ਕੱਟਣ ਤੋਂ ਬਾਅਦ ਖੇਤ ਵਿਚ ਰਹਿ ਜਾਣ ਵਾਲੇ ਨਾੜ ਨੂੰ ਅੱਗ ਨਾ ਲਾਉਣਾ।ਇਸ ਮੌਕੇ ਉਨ੍ਹਾਂ ਦੇ ਨਾਲ ਪਿੰਡ ਘੱਗੇ ਦੇ ਸਰਪੰਚ ਹਰਜਿੰਦਰ ਸਿੰਘ, ਕਿਸਾਨ ਯੂਨੀਅਨ ਦੇ ਪ੍ਰਧਾਨ ਹਰਜਿੰਦਰ ਸਿੰਘ, ਬਲਜਿੰਦਰ ਸਿੰਘ ਕਾਮਨ ਸਰਵਿਸ ਸੈਂਟਰ, ਕਮਲਜੀਤ ਕੌਰ ਸਹਾਇਕ ਟੈਕਨੋਲੋਜੀ ਮੈਨੇਜਰ, ਗੁਰਪ੍ਰਤਾਪ ਸਿੰਘ, ਅਮਰਜੀਤ ਸਿੰਘ ਸਿੰਘ, ਅੰਗਰੇਜ਼ ਸਿੰਘ, ਸੁਖਬੀਰ ਸਿੰਘ, ਗੁਰਪ੍ਰੀਤ ਸਿੰਘ ਅਤੇ ਪਿੰਡ ਤੇ ਕਿਸਾਨ ਹਾਜ਼ਰ ਸਨ।

# ਸ਼ਹੀਦੀ ਦਿਹਾੜੇ 'ਤੇ ਸ਼ਹੀਦਾਂ ਨੂੰ ਸ਼ਰਧਾਂਜਲੀ



**ਛੇਹਰਟਾ, (ਮਨੋਜ ਕੁਮਾਰ)**- ਪੰਜਾਬ ਸਪੋਰਟਸ ਸੈਲ ਭਾਜਪਾ ਦੇ ਸੂਬਾ ਮੀਤ ਪ੍ਰਧਾਨ ਅਰੁਣ ਭੱਲਾ ਦੀ ਅਗਵਾਈ ਵਿਚ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦਾ ਸ਼ਹੀਦੀ ਦਿਹਾੜਾ ਸ਼ਰਧਾ ਤੇ ਜੋਸ਼ੋ-ਖਰੋਸ਼ ਮਨਾਇਆ ਗਿਆ। ਇਸ ਮੌਕੇ ਭਾਰਤ ਭਾਰਤੀ ਦੇ ਸੂਬਾ ਪ੍ਰਧਾਨ ਰਾਜ ਕੁਮਾਰ ਰਾਜੂ ਜੂਡੋ ਤੇ ਸ਼੍ਰੀ ਦਰਿਆਨਾ ਮੰਦਰ ਨੇੜੇ ਸਥਿਤ ਵੱਡਾ ਹਨੂਮਾਨ ਮੰਦਰ ਦੇ ਚੇਅਰਮੈਨ ਡਾਕਟਰ ਰਕੇਸ਼ ਸ਼ਰਮਾ ਵਿਸ਼ੇਸ਼ ਤੌਰ 'ਤੇ ਤੇ ਸ਼ਾਮਿਲ ਹੋਏ। ਇਸ ਮੌਕੇ ਸ਼ਹੀਦਾਂ ਨੂੰ ਯਾਦ ਕਰਦਿਆਂ ਆਗੂਆਂ ਨੇ ਕਿਹਾ ਕਿ ਜਿੰਨ੍ਹਾਂ ਸ਼ਹੀਦਾਂ ਦੀ ਬਦੌਲਤ ਅੱਜ ਅਸੀਂ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ, ਉਨ੍ਹਾਂ ਨੂੰ ਸਾਨੂੰ ਹਮੇਸ਼ਾ ਸਦਾ ਯਾਦ ਰੱਖਣਾ ਚਾਹੀਦਾ ਹੈ। ਸਾਨੂੰ ਆਪਣੇ ਸ਼ਹੀਦਾਂ ਦੇ ਦਿਨ ਵੱਡੇ ਪੱਧਰ 'ਤੇ ਮਨਾਉਣੇ ਚਾਹੀਦੇ ਹਨ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਉਨ੍ਹਾਂ ਵੱਲੋਂ ਆਜ਼ਾਦੀ ਦੀ ਲੜਾਈ ਵਿਚ ਪਏ ਯੋਗਦਾਨ ਤੋਂ ਜਾਣੂੰ ਹੋ ਸਕਣ। ਸਾਨੂੰ ਸ਼ਹੀਦਾਂ ਵੱਲੋਂ ਪਾਏ ਪੂਰਨਿਆਂ 'ਤੇ ਚਲਦੇ ਹੋਏ ਆਪਣੇ ਦੇਸ਼ ਦੀ ਤਰੱਕੀ ਤੇ ਖ਼ੁਸ਼ਹਾਲੀ ਵਿਚ ਯੋਗਦਾਨ ਪਾਉਣਾ ਚਾਹੀਦਾ ਹੈ ਅਤੇ ਦੇਸ਼ ਦੇ ਦੁਸ਼ਮਣਾਂ ਦੀਆਂ ਚਾਲਾਂ ਨੂੰ ਕਦੇ ਵੀ ਸਫ਼ਲ ਨਹੀਂ ਹੋਣ ਦੇਣਾ ਚਾਹੀਦਾ।

ਇਸ ਮੌਕੇ ਭਾਰਤ ਭਾਰਤੀ ਦੇ ਜ਼ਿਲ੍ਹਾ ਅੰਮ੍ਰਿਤਸਰ ਦੇ ਜਨਰਲ ਸਕੱਤਰ ਸਤਿੰਦਰ ਕੁਮਾਰ, ਕਰਾਟੇ ਕੋਚ ਪਵਨ ਸ਼ਰਮਾ, ਸ਼ੰਮੀ ਸ਼ਰਮਾ ਆਦਿ ਹਾਜ਼ਰ ਸਨ।

# ਸ਼ਹਿਰ ਦੇ ਸਾਰੇ ਪਾਰਕਾਂ ਦਾ ਵਿਕਾਸ ਤੇ ਸੁੰਦਰੀਕਰਨ ਇੱਕ ਵਿਸ਼ਾਲ ਯੋਜਨਾ ਅਧੀਨ ਕੀਤਾ ਜਾ ਰਿਹਾ : ਮੇਅਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)** ਮਿਊਂਸੀਪਲ ਕਾਰਪੋਰੇਸ਼ਨ ਦੇ ਮੇਅਰ ਜਤਿੰਦਰ ਸਿੰਘ ਭਾਟੀਆ ਅਤੇ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਵਾਈਸ ਚੇਅਰਮੈਨ ਜਸਕਰਨ ਸਿੰਘ ਬੰਦੇਸ਼ਾ ਨੇ ਰਣਜੀਤ ਐਵੇਨਿਊ ਬੀ ਬਲਾਕ ਵਿਖੇ ਰਣਜੀਤ ਪਾਰਕ ਦੇ ਸੁੰਦਰੀਕਰਨ ਅਤੇ ਵਿਕਾਸ ਲਈ ਸਥਾਨਕ ਨਿਵਾਸੀਆਂ ਨਾਲ ਮੀਟਿੰਗ ਕੀਤੀ। ਇਸ ਪਬਲਿਕ ਮੀਟਿੰਗ ਦੌਰਾਨ ਬੋਲਦਿਆਂ ਮੇਅਰ ਭਾਟੀਆ ਨੇ ਕਿਹਾ ਕਿ ਇਸ ਸ਼ਹਿਰ-ਪੱਧਰੀ ਪ੍ਰੋਜੈਕਟ ਦੇ ਤਹਿਤ ਨਗਰ ਨਿਗਮ ਵੱਲੋਂ ਸਾਰੇ ਸਰਕਾਰੀ ਪਾਰਕਾਂ ਦੀ ਮੁਰੰਮਤ, ਨਵੀਨੀਕਰਨ ਅਤੇ ਸੰਭਾਲ ਕੀਤੀ ਜਾਵੇਗੀ ਤਾਂ ਜੋ ਇਨ੍ਹਾਂ ਨੂੰ ਸਾਫ਼-ਸੁਥਰੇ, ਹਰਿਆਲੇ ਅਤੇ ਨਾਗਰਿਕਾਂ ਲਈ ਵਧੇਰੇ ਸੁਵਿਧਾਜਨਕ ਮਨੋਰੰਜਨ ਸਥਾਨ ਬਣਾਇਆ ਜਾ ਸਕੇ।ਇਸ ਯੋਜਨਾ ਵਿੱਚ ਆਧੁਨਿਕ ਲਾਈਟਿੰਗ ਪ੍ਰਣਾਲੀ, ਵਾਕਿੰਗ ਟਰੈਕ, ਬੱਚਿਆਂ ਲਈ ਖੇਡ ਸਾਮਾਨ, ਉਨਤ ਸਿੰਚਾਈ ਪ੍ਰਣਾਲੀ ਅਤੇ ਸੁਰੱਖਿਆ ਦੇ ਬਿਹਤਰ ਇੰਤਜ਼ਾਮ ਸ਼ਾਮਲ ਹੋਣਗੇ।ਮੇਅਰ ਨੇ ਕਿਹਾ ਕਿ ਪਾਰਕ ਸ਼ਹਿਰ ਵਾਸੀਆਂ ਦੀ ਸਿਹਤ, ਮਾਨਸਿਕ ਸੁਖ-ਸੁਵਿਧਾ ਅਤੇ ਸਮਾਜਿਕ ਜੀਵਨ ਲਈ ਬਹੁਤ ਮਹੱਤਵਪੂਰਨ ਹਨ।ਇਹ ਸੁੰਦਰਤਾ ਅਭਿਆਨ ਸ਼ਹਿਰ ਦੇ ਵਾਤਾਵਰਣ ਨੂੰ ਸੁਧਾਰਨ ਦੇ ਨਾਲ-ਨਾਲ ਪਰਟਨ ਨੂੰ ਵੀ ਪ੍ਰੋਤਸਾਹਿਤ ਕਰੇਗਾ।ਇਸ ਯੋਜਨਾ ਵਿੱਚ ਪਰਿਆਵਰਣ-ਮਿੱਤਰ ਕਦਮਾਂ 'ਤੇ ਖ਼ਾਸ ਧਿਆਨ ਦਿੱਤਾ ਜਾਵੇਗਾ, ਜਿਵੇਂ ਕਿ ਵੱਧ ਤੋਂ ਵੱਧ ਰੁੱਖ



ਲਗਾਉਣਾ, ਪਾਣੀ ਸੰਰੱਖਣ ਪ੍ਰਣਾਲੀਆਂ ਅਤੇ ਟਿਕਾਊ ਸਮੱਗਰੀ ਦੀ ਵਰਤੋਂ।ਨਗਰ ਨਿਗਮ ਵੱਲੋਂ ਸ਼ਹਿਰੀ ਯੋਜਕਾਂ, ਪਰਿਆਵਰਣ ਵਿਦਵਾਨਾਂ ਅਤੇ ਸਥਾਨਕ ਵਸਨੀਕਾਂ ਨਾਲ ਮਿਲ ਕੇ ਪਾਰਕਾਂ ਦੀ ਲੰਬੇ ਸਮੇਂ ਲਈ ਸੰਭਾਲ ਯਕੀਨੀ ਬਣਾਈ ਜਾਵੇਗੀ।ਇਹ ਪ੍ਰੋਜੈਕਟ ਚਰਣਬੱਧ ਢੰਗ ਨਾਲ ਲਾਗੂ ਕੀਤਾ ਜਾਵੇਗਾ ਅਤੇ ਨਗਰ ਨਿਗਮ ਦੀ ਹੱਦ ਵਿੱਚ ਆਉਂਦੇ ਸਾਰੇ ਵੱਡੇ ਅਤੇ ਮੁਹੱਲਾ ਪਾਰਕਾਂ ਨੂੰ ਇਸ ਵਿੱਚ ਸ਼ਾਮਲ ਕੀਤਾ ਜਾਵੇਗਾ।ਮੇਅਰ ਨੇ ਸ਼ਹਿਰ ਦੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਹਿੰਮ ਵਿੱਚ ਸਹਿਯੋਗ ਦੇਣ ਅਤੇ ਸਰਕਾਰੀ ਸਥਾਨਾਂ ਦੀ ਸਫ਼ਾਈ ਅਤੇ ਸੰਭਾਲ ਵਿੱਚ ਆਪਣਾ ਯੋਗਦਾਨ ਪਾਉਣ।ਇਸ ਮੀਟਿੰਗ ਵਿੱਚ ਬੋਲਦਿਆਂ ਜਸਕਰਨ ਸਿੰਘ ਬੰਦੇਸ਼ਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਅੰਮ੍ਰਿਤਸਰ ਨੂੰ ਇੱਕ ਮਾਡਲ ਸ਼ਹਿਰ ਵਜੋਂ ਵਿਕਸਤ ਕਰਨ ਦਾ ਟੀਚਾ ਹੈ ਅਤੇ ਸਰਕਾਰ ਸ਼ਹਿਰ ਦੇ ਸਰਬਪੱਖੀ ਵਿਕਾਸ ਅਤੇ ਉਨਤੀ ਦੇ ਲਈ ਯਤਨਸ਼ੀਲ ਹੈ ਜਿਸ ਤਹਿਤ ਸ਼ਹਿਰ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਸੁੰਦਰੀਕਰਨ ਲਈ ਫੰਡਾਂ ਦੀ ਕਮੀ ਨਹੀਂ ਆਉਣ ਦੇਵੇਗੀ।ਬੰਦੇਸ਼ਾ ਨੇ ਕਿਹਾ ਕਿ ਸ਼ਹਿਰ ਵਿੱਚੋਂ ਕੂੜੇ ਦੇ ਪਹਾੜ ਨੂੰ ਖ਼ਤਮ ਕਰਨ ਲਈ ਮੇਅਰ ਅਤੇ ਕਾਰਪੋਰੇਸ਼ਨ ਸਫਲਤਾ ਦੀ ਤਾਰੀਫ਼ ਕੀਤੀ ਜਾਣੀ ਚਾਹੀਦੀ ਹੈ।ਮੀਟਿੰਗ ਵਿਚ ਮੁਨੀਸ਼ ਸ਼ਰਮਾ , ਐਡਵੋ ਅਰਵਿੰਦਰ ਸਿੰਘ ਭੱਟੀ ,ਸਰਨਪਾਲ ਸਿੰਘ ,ਐਚ ਐਸ ਦੁਆ , ਮੈਡਮ ਪਰਮ ਸ਼ਰਮਾ , ਨਿਤਾਸ਼ਾ, ਸਵਿਨ ਪੁਰੀ, ਨੀਤੂ ਬੰਦੇਸ਼ਾ, ਬਖਸ਼ੀਸ਼ ਸਿੰਘ ਗਿੱਲ, ਵਿਨੋਦ ਸ਼ਰਮਾ, ਐੱਮ. ਐੱਸ. ਧਾਲੀਵਾਲ ਸਮੇਤ ਵੱਡੀ ਗਿਣਤੀ ਵਿੱਚ ਰਣਜੀਤ ਐਵੀਨਿਊ ਬੀ ਬਲਾਕ ਵਸਨੀਕਾਂ ਨੇ ਭਾਗ ਲਿਆ ।

# ਡੇਢ ਦਹਾਕੇ ਤੋਂ ਚਾਵਾ ਟਰੀਟਮੈਂਟ ਪਲਾਂਟ ਬੰਦ ਹੋਣ ਨਾਲ ਗੰਦਾ ਪਾਣੀ ਲੋਕਾਂ ਲਈ ਬਣਿਆ ਪਰੇਸ਼ਾਨੀ ਦਾ ਕਾਰਨ

**ਗੁਰਦਾਸਪੁਰ, (ਜਨਕ ਮਹਾਜਨ)**- ਪੰਜਾਬ ਸਰਕਾਰ ਵਲੋਂ ਪਿੰਡਾਂ ਨੂੰ ਸੀਵਰੇਜ ਨਾਲ ਜੋੜਨ ਦੇ ਵਿਸ਼ੇਸ਼ ਪ੍ਰਬੰਧ ਕੀਤੇ ਜਾ ਰਹੇ ਹਨ ਅਤੇ ਜਿਹੜਾ 2007 ਵਿਚ ਟਰੀਟਮੈਂਟ ਪਲਾਂਟ ਲੱਖਾਂ ਰੁਪਏ ਖਰਚ ਕੇ ਬਣਿਆ ਸੀ, ਉਹ ਬੰਦ ਹੋਣ ਨਾਲ ਲੋਕਾਂ ਨੂੰ ਅਨੇਕਾਂ ਮੁਸ਼ਕਲਾਂ ਦੇ ਆਲਮ ਵਿੱਚੋਂ ਗੁਜਰਨਾ ਪੈ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਨੁਸ਼ਹਿਰਾ ਦੇ ਸਾਬਕਾ ਸਰਪੰਚ ਪ੍ਰੇਮ ਲਾਲ, ਮਸੀਹ ਆਗੂ ਖਜਾਨ ਮਸੀਹ ਨੇ ਦੱਸਿਆ ਕਿ ਪਿੰਡ ਚਾਵਾ ਵਿੱਚ ਸੀਵਰੇਜ ਪਲਾਂਟ ਵਾਟਰ ਸਪਲਾਈ ਤੇ



ਸੈਨੀਟੇਸ਼ਨ ਵਿਭਾਗ ਗੁਰਦਾਸਪੁਰ ਨੇ 2007 ਵਿੱਚ ਲਗਵਾਇਆ ਸੀ ਅਤੇ ਇਹ ਪਲਾਂਟ ਸਿਰਫ ਦੋ ਸਾਲ ਬਾਅਦ ਹੀ ਠੱਪ ਹੋ ਕੇ ਰਹਿ ਗਿਆ ਅਤੇ ਸਰਕਾਰ ਵਲੋਂ ਖਰਚੇ ਲੱਖਾਂ ਰੁਪਏ ਬੇਕਾਰ ਗਏ ਹਨ। ਉਨ੍ਹਾਂ ਦੱਸਿਆ ਕਿ ਪਿੰਡ ਦੇ ਲੋਕਾਂ ਨੇ ਸੀਵਰੇਜ ਦੇ ਕਨੈਕਸ਼ਨ ਵੀ ਲਏ ਸਨ ਪਰ ਹੁਣ ਪਾਈਪਾਂ ਬੰਦ ਹੋਣ ਕਰਕੇ ਘਰਾਂ ਦੇ ਸੀਵਰੇਜ ਦੇ ਪਾਣੀ ਬੰਦ ਹੋਣ ਨਾਲ ਲੋਕਾਂ ਨੂੰ ਕਾਫੀ ਮੁਸ਼ਕਲਾਂ ਵਿੱਚੋਂ ਗੁਜਰਨਾ ਪੈ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜਦੋਂ ਪਿੰਡ ਚਾਵਾਂ ਅੰਦਰ ਇਹ ਪਲਾਂਟ ਕਾਂਗਰਸ ਸਰਕਾਰ ਨੇ ਲਗਾਇਆ ਸੀ ਤਾਂ ਉਸ ਸਮੇਂ ਹੀ ਜ਼ਿਲ੍ਹਾ ਗੁਰਦਾਸਪੁਰ ਅਤੇ ਕਲਾਨੌਰ ਅੰਦਰ ਵੀ ਇਹ ਪਲਾਂਟ ਲਗੇ ਸਨ ਜੋ ਨਿਰੰਤਰ ਚੱਲ ਰਹੇ ਹਨ। ਆਗੂਆਂ ਨੇ ਦੱਸਿਆ ਕਿ ਸੀਵਰੇਜ ਪਲਾਂਟ ਨੂੰ ਚਲਾਉਣ ਵਾਸਤੇ ਮਹਿਕਮੇ ਦੇ ਅਧਿਕਾਰੀਆਂ ਤੇ ਸਰਕਾਰ ਨੂੰ ਚਿੱਠੀਆਂ ਲਿਖੀਆਂ ਗਈਆਂ ਸਨ ਪਰ ਇਸ ਦਾ ਕੋਈ ਹੱਲ ਨਹੀਂ ਹੋਇਆ। ਉਨ੍ਹਾਂ ਕਿਹਾ ਇਹ ਪ੍ਰਾਜੈਕਟ ਲਗਵਾਉਣ ਵੇਲੇ ਪੰਚਾਇਤ ਨੇ ਜਗ੍ਹਾ ਵੀ ਖਰੀਦੀ ਸੀ ਉਹ ਵੀ ਬੇਕਾਰ ਗਈ ਹੈ। ਉਨ੍ਹਾਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਪਿੰਡ ਚਾਵਾ ਦਾ ਸੀਵਰੇਜ ਪਲਾਂਟ ਚਲਾਉਣ ਵਾਸਤੇ ਸਬੰਧਿਤ ਵਿਭਾਗ ਨੂੰ ਹਦਾਇਤਾਂ ਜਾਰੀ ਕੀਤੀਆਂ ਜਾਣ ਜਿਸ ਨਾਲ ਲੋਕਾਂ ਨੂੰ ਬੰਦ ਪਏ ਸੀਵਰੇਜ ਦੇ ਚੱਲਣ ਨਾਲ ਨਿਜਾਤ ਮਿਲ ਸਕੇ।

# ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਅੰਮ੍ਰਿਤਸਰ ਵਿਖੇ ਪਲੇਸਮੈਂਟ ਕੈਂਪ ਅੱਜ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾ ਅਧੀਨ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਲਈ ਹਰ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਰੁਪਿੰਦਰ ਪਾਲ ਸਿੰਘ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ)-ਕਮ-ਮੁੱਖ ਕਾਰਜਕਾਰੀ ਅਫਸਰ ਡੀ. ਬੀ. ਈ. ਈ. ਅੰਮ੍ਰਿਤਸਰ ਨੇ ਕੀਤਾ।ਇਸ ਬਾਰੇ ਹੋਰ ਜਾਣਕਾਰੀ ਦਿੰਦੇ ਹੋਏ ਰੋਜ਼ਗਾਰ ਉਤਪੱਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫਸਰ ਸ਼੍ਰੀ ਮੁਕੇਸ਼ ਸਰੰਗਲ ਨੇ ਦੱਸਿਆ ਕਿ 25-03-2026 ਦਿਨ ਬੁੱਧਵਾਰ ਨੂੰ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਡੀ. ਸੀ. ਦਫਤਰ, ਜ਼ਮੀਨੀ ਮੰਜ਼ਿਲ ਨੇੜੇ ਸੁਵਿਧਾ ਕੇਂਦਰ ਵਿਖੇ ਕੈਂਪ ਲਗਾਇਆ ਜਾ ਰਿਹਾ ਹੈ।ਇਸ ਪਲੇਸਮੈਂਟ ਕੈਂਪ ਵਿੱਚ ਓ. ਸੀ. ਐੱਮ. ਪ੍ਰਾਈਵੇਟ ਲਿਮਟਿਡ ਅੰਮ੍ਰਿਤਸਰ ਵੱਲੋਂ ਰਿੰਗ ਫਰੇਮ ਆਪਰੇਟਰ, ਆਟੋਕੋਨਰ ਆਪਰੇਟਰ, ਸ਼ਟਲ ਰੂਮ ਵਿਵਰ ਅਤੇ ਫਿਟਰ ਮੇਨਟੇਨੈਂਸ ਦੀ ਅਸਾਮੀ ਦੇ ਲਈ ਯੋਗ ਉਮੀਦਵਾਰਾਂ ਦੀ ਚੋਣ ਕੀਤੀ ਜਾਵੇਗੀ।ਇਸ ਪਲੇਸਮੈਂਟ ਕੈਂਪ ਵਿਚ 8ਵੀਂ. 10ਵੀਂ, 12ਵੀਂ, ਆਈਟੀਆਈ, ਬੀ. ਟੈਕ, ਟੈਕਸਟਾਈਲ ਡਿਪਲੋਮਾ ਹੋਲਡਰ ਦੀ ਯੋਗਤਾ ਵਾਲੇ ਉਮੀਦਵਾਰ (ਦੋਵੇਂ ਲੜਕੇ ਅਤੇ ਲੜਕੀਆਂ) ਭਾਗ ਲੈ ਸਕਦੇ ਹਨ।ਚਾਹਵਾਨ ਉਮੀਦਵਾਰ ਆਪਣੇ ਯੋਗਤਾ ਦੇ ਸਰਟੀਫਿਕੇਟ ਲੈ ਕੇ ਬੁੱਧਵਾਰ ਸਵੇਰੇ 10:30 ਵਜੇ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਡੀ. ਸੀ. ਦਫਤਰ ਨੇੜੇ ਕਚਹਿਰੀ ਚੌਕ ਵਿਖੇ ਪਹੁੰਚ ਸਕਦੇ ਹਨ।ਵਧੇਰੇ ਜਾਣਕਾਰੀ ਲਈ ਇਸ ਦਫਤਰ ਦੇ ਹੈਲਪਲਾਈਨ ਨੰਬਰ 9915789068 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਖੰਡ ਮਿੱਲ ਸ਼ੇਰੋਂ ਨੂੰ ਮੁੜ ਚਾਲੂ ਕਰਵਾਉਣ ਲਈ ਕਿਸਾਨਾਂ ਵੱਲੋਂ ਪੁਤਲਾ ਫੂਕ ਪ੍ਰਦਰਸ਼ਨ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਸੰਯੁਕਤ ਕਿਸਾਨ ਮੋਰਚਾ ਅਤੇ ਟਰੇਡ ਯੂਨੀਅਨਾਂ ਦੇ ਸਾਂਝੇ ਮੰਚ ਵੱਲੋਂ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ ਸ਼ਹੀਦੀ ਦਿਨ 'ਤੇ ਭਾਵਪੂਰਤ ਸ਼ਰਧਾਂਜਲੀਆਂ



ਦਿੱਤੀਆਂ ਗਈਆਂ।ਤਰਨ ਤਾਰਨ ਡੀਸੀ ਦਫਤਰ ਮੂਹਰੇ ਵੱਡੀ ਗਿਣਤੀ 'ਚ ਇਕੱਠੇ ਹੋਏ ਮਜ਼ਦੂਰਾਂ, ਕਿਸਾਨਾਂ ਅਤੇ ਬੀਬੀਆਂ ਨੇ ਸੂਬਾਈ ਸੱਦੇ 'ਤੇ ਇਨਕਲਾਬ-ਜ਼ਿੰਦਾਬਾਦ, ਸਾਮਰਾਜਵਾਦ-ਮੁਰਦਾਬਾਦ ਦੇ ਨਾਅਰੇ ਲਾਉਂਦਿਆਂ ਅੱਜ ਦੇ ਦਿਨ ਨੂੰ ਸਾਮਰਾਜ ਵਿਰੋਧੀ ਦਿਨ ਦੇ ਤੌਰ 'ਤੇ ਮਨਾਇਆ।ਡੀ ਸੀ ਦਫਤਰ ਤੋਂ ਧਰਨਾ ਸਮਾਪਤ ਕਰਨ ਉਪਰੰਤ ਵੱਡੀ ਗਿਣਤੀ 'ਚ ਕਿਸਾਨ ਸ਼ੇਰੋਂ ਖੰਡ ਮਿੱਲ ਪਹੁੰਚੇ ਅਤੇ ਮਿੱਲ ਨੂੰ ਮੁੜ ਚਾਲੂ ਕਰਨ ਲਈ ਪੁਤਲਾ ਫੂਕ ਪ੍ਰਦਰਸ਼ਨ ਕੀਤਾ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਮਹਾਂਬੀਰ ਸਿੰਘ ਗਿੱਲ, ਤਰਸੇਮ ਸਿੰਘ ਲੁਹਾਰ, ਸੀਮਾ ਸੋਹਲ, ਨਛੱਤਰ ਸਿੰਘ ਪੰਨੂ, ਮਨਜੀਤ ਸਿੰਘ ਬੱਗੂ, ਪ੍ਰਗਟ ਸਿੰਘ ਜਾਮਾ ਰਾਏ, ਹਰਜਿੰਦਰ ਸਿੰਘ ਟਾਂਡਾ, ਨਿਰਵੈਲ ਸਿੰਘ ਡਾਲੇਕੇ, ਪ੍ਰਗਟ ਸਿੰਘ ਮਹੀਦੀਪੁਰ, ਇੰਦਰਜੀਤ ਸਿੰਘ ਮਰਹਾਣਾ, ਦਿਲਬਾਗ ਸਿੰਘ ਮਾੜੀ, ਹਰਜਿੰਦਰ ਸਿੰਘ ਟਾਂਡਾ, ਦਲਵਿੰਦਰ ਸਿੰਘ ਪੰਨੂ ਨੇ ਕਿਹਾ ਕਿ ਅੱਜ ਸਾਮਰਾਜ ਟਰੰਪ ਦੀ ਅਗਵਾਈ ਵਿੱਚ ਦੁਨੀਆ ਨੂੰ ਲੁੱਟਣ ਲਈ ਜੰਗਾਂ ਲਾ ਕੇ ਬੇਦੋਸ਼ੇ ਲੋਕਾਂ ਨੂੰ ਮਾਰ ਰਿਹਾ ਹੈ।ਸਾਰੀ ਦੁਨੀਆ ਦੇ ਕੁਦਰਤੀ ਖਜ਼ਾਨਿਆਂ ਨੂੰ ਅਤੇ ਮਨੁੱਖੀ ਮਿਹਨਤ ਨੂੰ ਲੁੱਟਣ ਲਈ ਕਾਰਪੋਰੇਟ ਘਰਾਣਿਆਂ ਦਾ ਦਲਾਲ ਬਣਿਆ ਪਿਆ ਹੈ।ਉਨ੍ਹਾਂ ਸੰਘਰਸ਼ ਕਰ ਰਹੀਆਂ ਆਸ਼ਾ ਵਰਕਰਾਂ ਦੀ ਹਮਾਇਤ ਕਰਦਿਆਂ ਮੁੱਖ ਮੰਤਰੀ ਤੋਂ ਮੰਗ ਕੀਤੀ ਕਿ ਉਨ੍ਹਾਂ ਨਾਲ ਕੀਤਾ ਵਾਅਦਾ ਪੂਰਾ ਕੀਤਾ ਜਾਵੇ।ਉਨ੍ਹਾਂ ਇਹ ਵੀ ਮੰਗ ਕੀਤੀ ਕਿ ਨਿੱਜੀਕਰਨ ਦੀਆਂ ਨੀਤੀਆਂ ਬੰਦ ਕਰਕੇ ਸਮਾਜਵਾਦੀ ਨੀਤੀਆਂ ਦੇ ਰਾਹ ਪਿਆ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਤਪਾਲ ਸਿੰਘ ਨੱਥੋਕੇ, ਬਲਕਾਰ ਸਿੰਘ ਵਲਟੋਹਾ, ਗੁਰਪ੍ਰੀਤ ਸਿੰਘ ਗੰਡੀਵਿੰਡ, ਗੁਰਚਰਨ ਸਿੰਘ ਸਭਰਾ, ਦਲਜੀਤ ਸਿੰਘ ਦਿਆਲਪੁਰਾ, ਕੁਲਵਿੰਦਰ ਸਿੰਘ ਬਾਗੜੀਆਂ, ਕਾਰਜ ਸਿੰਘ ਕੈਰੋਂ, ਕੇਵਲ ਸਿੰਘ ਕੰਬੋਕੇ, ਰਤਨ ਸਿੰਘ ਢੰਡ, ਜੱਸਾ ਸਿੰਘ ਕੱਦਗਿੱਲ, ਕੁਲਵੰਤ ਕੌਰ, ਰਾਜਵਿੰਦਰ ਕੌਰ, ਨਿਰਮਲਜੀਤ ਸਿੰਘ, ਬਲਦੇਵ ਸਿੰਘ ਧੂੰਦਾ, ਬਲਜੀਤ ਸਿੰਘ ਫਤਿਆਬਾਦ ਨੇ ਵੀ ਸੰਬੋਧਨ ਕੀਤਾ।

# ਵੀਵੋ ਨੇ ਵਾਈ 51 ਪ੍ਰੋ 5ਜੀ ਪੇਸ਼ ਕੀਤਾ

ਅੰਮ੍ਰਿਤਸਰ : ਵੀਵੋ ਨੇ ਨਵਾਂ ਵਾਈ51 ਪ੍ਰੋ 5ਜੀ ਜਾਰੀ ਕੀਤਾ ਹੈ।ਵੀਵੋ ਨੇ ਇਸ ਵਿੱਚ ਉੱਨਤ ਬੈਟਰੀ ਸੰਭਾਲ ਤਕਨੀਕ ਵੀ ਦਿੱਤੀ ਹੈ, ਜੋ ਬੈਟਰੀ ਦੀ ਸਿਹਤ ਨੂੰ ਲੰਬੇ ਸਮੇਂ ਤੱਕ ਠੀਕ ਰੱਖਦੀ ਹੈ ਅਤੇ ਛੇ ਸਾਲ ਤੱਕ ਵਧੀਆ ਕੰਮ ਕਰਨ ਦਾ ਭਰੋਸਾ ਦਿੰਦੀ ਹੈ।ਇਸ ਦੇ ਨਾਲ ਹੀ ਉਲਟੀ ਚਾਰਜ ਸੁਵਿਧਾ ਨਾਲ ਤੁਸੀਂ ਹੋਰ ਜੰਤਰ ਵੀ ਚਾਰਜ ਕਰ ਸਕਦੇ ਹੋ।ਤਸਵੀਰਾਂ ਦੇ ਸ਼ੌਕੀਨਾਂ ਲਈ ਇਸ ਵਿੱਚ 50 ਮੇਗਾਪਿਕਸਲ ਚੌੜੇ ਕੋਣ ਵਾਲਾ ਮੁੱਖ ਕੈਮਰਾ ਦਿੱਤਾ ਗਿਆ ਹੈ, ਜੋ ਵੱਖ-ਵੱਖ ਰੌਸ਼ਨੀ ਹਾਲਤਾਂ ਵਿੱਚ ਸਾਫ਼ ਅਤੇ ਤਿੱਖੀਆਂ ਤਸਵੀਰਾਂ ਖਿੱਚਦਾ ਹੈ।ਕ੍ਰਿਤ੍ਰਿਮ ਬੁੱਧੀ ਅਧਾਰਿਤ ਖੂਬੀਆਂ ਭਰਪੂਰ ਤਸਵੀਰਾਂ ਦੀ ਸਪੱਸ਼ਟਤਾ ਅਤੇ ਰੰਗਾਂ ਦਾ ਸੰਤੁਲਨ ਹੋਰ ਚੰਗਾ ਕਰਦੀਆਂ ਹਨ, ਜਦਕਿ ਚਿੱਤਰ ਸਥਿਰਤਾ ਤਕਨੀਕ ਫੋਟੋ ਅਤੇ ਵੀਡੀਓ ਨੂੰ ਹਿੱਲਣ ਤੋਂ ਬਚਾਉਂਦੀ ਹੈ।

## ਸਿਵਲ ਸੇਵਾਵਾਂ ਦੀ ਪ੍ਰੀਖਿਆ ਪਾਸ ਕਰਨ 'ਤੇ ਅਸੀਮ ਮਹਾਜਨ ਦਾ ਸਨਮਾਨ

**ਬਟਾਲਾ (ਡਾ. ਮਲਵਿੰਦਰ ਸਿੰਘ)**- ਸੀਨੀਅਰ ਸਿਟੀਜ਼ਨ ਵੈੱਲਫੇਅਰ ਫੋਰਮ ਰਜਿ : ਵੱਲੋਂ ਸਿਵਲ ਸੇਵਾਵਾਂ ਦੀ ਪ੍ਰੀਖਿਆ ਪਾਸ ਕਰਨ ਵਾਲੇ ਅਸੀਮ ਮਹਾਜਨ ਨੂੰ ਸਨਮਾਨਿਤ ਕੀਤਾ ਗਿਆ।ਇਸ



ਮੌਕੇ ਜਾਣਕਾਰੀ ਦਿੰਦਿਆਂ ਫੋਰਮ ਦੇ ਪ੍ਰਧਾਨ ਸੱਤਪਾਲ ਸਿੰਘ ਰਿਟਾਇਰਡ ਖੇਤੀਬਾੜੀ ਵਿਕਾਸ ਅਫ਼ਸਰ (ਪੀ. ਏ. ਐੱਸ. 1) ਨੇ ਦੱਸਿਆ ਕਿ ਇਹ ਸਨਮਾਨ ਸੀਨੀਅਰ ਸਿਟੀਜ਼ਨ ਵੈੱਲਫੇਅਰ ਫੋਰਮ ਦੀ ਮਹੀਨਾਵਾਰ ਮੀਟਿੰਗ 'ਚ ਕੀਤਾ ਗਿਆ। ਇਸ ਮੌਕੇ ਸ਼੍ਰੀ ਅਸੀਮ ਮਹਾਜਨ ਵੱਲੋਂ ਸਨਮਾਨਿਤ ਕਰਨ ਲਈ ਫੋਰਮ ਦੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ ਗਿਆ।ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਮਿਲੇਗੀ ਉਹ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।ਇਸ ਮੌਕੇ ਅਜੈ ਮਹਾਜਨ, ਗੁਰਦਰਸ਼ਨ ਸਿੰਘ ਧਾਮੀ, ਜਸਵੰਤ ਸਿੰਘ ਜੇ.ਈ., ਨਵਤੇਜਪਾਲ ਸਿੰਘ ਪਨੇਸਰ, ਨਰਿੰਦਰ ਸਿੰਘ ਸਿੱਧੂ, ਨਰਿੰਦਰ ਕੌਸ਼ਲ, ਕੁਲਵੰਤ ਸਿੰਘ ਸਟੇਟ ਐਵਾਰਡੀ, ਪ੍ਰਿੰ. ਬਲਵੰਤ ਸਿੰਘ ਮੱਲ੍ਹੀ, ਰਜਿੰਦਰ ਸਿੰਘ ਡੀ. ਐੱਸ. ਐੱਸ. ਓ. , ਡਾ. ਗੁਰਦੇਵ ਸਿੰਘ ਰੰਧਾਵਾ, ਸਵਿੰਦਰ ਸਿੰਘ ਸੰਧੂ, ਦਰਸ਼ਨ ਲਾਲ, ਬਲਕਾਰ ਸਿੰਘ, ਸੁਰਿੰਦਰ ਸਿੰਘ ਕਾਹਲੋਂ, ਸਰਦੂਲ ਸਿੰਘ ਸੋਢੀ ਆਦਿ ਹਾਜ਼ਰ ਸਨ।

# ਸ਼ਹੀਦਾਂ ਸਦਕਾ ਅਸੀਂ ਆਜ਼ਾਦੀ ਦਾ ਆਨੰਦ ਮਾਣ ਰਹੇ ਹਾਂ : ਡਿੰਪੀ ਚੌਹਾਨ, ਅਨੁਜ ਖੇਮਕਾ

**ਛੇਹਰਟਾ,(ਮਨੋਜ ਕੁਮਾਰ)**- ਸ਼ਹੀਦ ਦੇਸ਼ ਦਾ ਸਰਮਾਇਆ ਹੁੰਦੇ ਹਨ, ਜੋ ਦੇਸ਼ ਆਪਣੇ ਸ਼ਹੀਦਾਂ ਨੂੰ ਭੁੱਲ ਜਾਂਦੇ ਹਨ, ਉਹ ਜ਼ਿਆਦਾ ਦੇਰ ਤਕ ਤਰੱਕੀ ਨਹੀਂ ਕਰ ਸਕਦੇ। ਇਹ ਸ਼ਬਦ ਰਾਸ਼ਟਰੀ ਹਿੰਦੂ ਚੇਤਨ ਮੰਚ ਦੇ ਕੌਮੀ ਪ੍ਰਧਾਨ ਤੇ ਮੈਂਬਰ ਟਰੇਡ ਕਮਿਸ਼ਨ ਵਿਧਾਨ ਸਭਾ ਨੌਰਥ ਅਸ਼ੋਕ ਡਿੰਪੀ ਚੌਹਾਨ ਨੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਵਸ 'ਤੇ ਮੰਚ ਦੇ ਸੂਬਾ ਪ੍ਰਧਾਨ ਅਨੁਜ ਖੇਮਕਾ ਵੱਲੋਂ ਜਵਾਹਰ ਨਗਰ ਬਟਾਲਾ ਰੋਡ ਵਿਖੇ ਕਰਵਾਏ ਗਏ ਸ਼ਰਧਾਂਜਲੀ ਸਮਾਗਮ ਵਿਚ ਕਹੇ। ਡਿੰਪੀ ਚੌਹਾਨ ਤੇ ਅਨੁਜ ਖੇਮਕਾ ਨੇ ਕਿਹਾ ਕਿ ਸ਼ਹੀਦਾਂ ਦੀ ਬਦੌਲਤ ਹੀ ਅੱਜ ਅਸੀਂ ਆਜ਼ਾਦੀ ਦਾ ਆਨੰਦ ਮਾਣ ਰਹੇ ਹਾਂ। ਨੌਜਵਾਨਾਂ ਨੂੰ ਦੇਸ਼ ਉੱਪਰ ਜਾਨ ਵਾਰਨ ਵਾਲੇ ਸ਼ਹੀਦਾਂ ਦੀ ਸੋਚ ਉੱਤੇ ਪਹਿਰਾ ਦੇਣਾ ਚਾਹੀਦਾ ਹੈ। ਦੇਸ਼ ਦੇ ਹਰ ਨੌਜਵਾਨ ਨੂੰ ਅੱਜ ਦੇ ਦਿਨ ਇਹ ਪ੍ਰਣ ਲੈਣਾ ਚਾਹੀਦਾ ਹੈ ਕਿ ਅਸੀਂ ਸ਼ਹੀਦਾਂ ਵੱਲੋਂ ਵਿਖਾਏ ਮਾਰਗ ਉਤੇ ਚਲੀਏ, ਜਿਨ੍ਹਾਂ ਨੇ ਦੇਸ਼ ਦੀ ਆਜ਼ਾਦੀ ਲਈ ਆਪਣੇ ਪ੍ਰਾਣਾਂ ਦੀ ਆਹੂਤੀ ਦੇ ਦਿੱਤੀ। ਉਨ੍ਹਾਂ ਕਿਹਾ ਕਿ ਅੱਜ ਵੀ ਸ਼ਹੀਦ ਭਗਤ ਸਿੰਘ ਕਰੋੜਾਂ ਲੋਕਾਂ ਲਈ ਪ੍ਰੇਰਨਾ ਸਰੋਤ ਹਨ। ਡਿੰਪੀ ਚੌਹਾਨ ਨੇ ਕਿਹਾ ਕਿ ਸ਼ਹੀਦ ਦੇਸ਼ ਦਾ ਗੌਰਵ ਹੁੰਦੇ ਹਨ। ਇਨ੍ਹਾਂ ਸ਼ਹੀਦਾਂ ਉਤੇ ਦੇਸ਼ ਵਾਸੀਆਂ ਨੂੰ ਮਾਨ ਹੋਣਾ ਚਾਹੀਦਾ। ਇਸ ਸ਼ਰਧਾਂਜਲੀ ਸਮਾਗਮ ਵਿਚ ਰਾਜ ਕੁਮਾਰ ਮਹਾਜਨ, ਮੰਚ ਦੇ ਕੌਮੀ ਜਨਰਲ ਸਕੱਤਰ ਸੰਜੀਵ ਮਹਿਤਾ, ਸੂਬਾ ਮੀਤ ਪ੍ਰਧਾਨ ਸ਼ੰਕਰ ਅਰੋੜਾ, ਰਾਕੇਸ਼ ਖੰਨਾ, ਨਰੇਸ਼ ਮਹਾਜਨ, ਅਮਨ ਜੋਸ਼ੀ, ਸੰਦੀਪ ਸੱਗੜ, ਵਿਜੇ ਚੌਹਾਨ, ਗੋਰਾ ਲੂਥਰਾ, ਪਰਦੀਪ ਸ਼ਰਮਾ, ਰਾਹੁਲ ਬਜਾਜ, ਵਿਸ਼ਾਲ ਸ਼ਰਮਾ, ਜਸਪ੍ਰੀਤ ਸਮੇਤ ਵੱਡੀ ਗਿਣਤੀ ਵਿਚ ਮੰਚ ਦੇ ਮੈਂਬਰਾਂ ਨੇ ਸ਼ਹੀਦਾਂ ਨੂੰ ਆਪਣੇ ਸ਼ਰਧਾ ਸੁਮਨ ਭੇਟ ਕੀਤੇ।



# ਚੋਰ ਦੁਕਾਨ 'ਚੋਂ ਕੀਮਤੀ ਸਾਮਾਨ ਕੱਢ ਕੇ ਰਫੂਚੱਕਰ, ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਤਿੱਬੜ ਪੁਲਿਸ ਨੂੰ ਦਿੱਤੇ ਬਿਆਨਾਂ ਵਿਚ ਜਸਪਿੰਦਰ ਸਿੰਘ ਪੁੱਤਰ ਗੁਰਮੇਲ ਸਿੰਘ ਵਾਸੀ ਸੋਹਲ ਥਾਣਾ ਧਾਰੀਵਾਲ ਨੇ ਦੱਸਿਆ ਕਿ 22 ਮਾਰਚ ਨੂੰ ਉਹ ਦੁਪਹਿਰ 2 ਵਜੇ ਦੇ ਕਰੀਬ ਦੁਕਾਨ ਬੰਦ ਕਰਕੇ ਆਪਣੇ ਘਰ ਚਲਾ ਗਿਆ ਸੀ। 23 ਮਾਰਚ ਨੂੰ 8 ਵਜੇ ਦੇ ਕਰੀਬ ਉਸ ਦੇ ਗੁਆਂਢੀ ਜਸਕੀਰਤ ਸਿੰਘ ਵਾਸੀ ਬੱਬੇਹਾਲੀ ਨੇ ਦੱਸਿਆ ਕਿ ਤੁਹਾਡੀ ਦੁਕਾਨ ਦੇ ਤਾਲੇ ਟੁੱਟੇ ਹੋਏ ਹਨ ਤੇ ਦੁਕਾਨ ਵਿੱਚੋਂ ਸਾਮਾਨ ਚੋਰੀ ਹੋਇਆ ਹੈ। ਮੌਕੇ 'ਤੇ ਜਾ ਕੇ ਦੇਖਿਆ ਕਿ 22/23 ਮਾਰਚ ਦੀ ਦਰਮਿਆਨੀ ਰਾਤ ਨੂੰ ਅਣਪਛਾਤੇ ਵਿਅਕਤੀ ਦੁਕਾਨ ਵਿੱਚੋਂ ਕੀਮਤੀ ਸਾਮਾਨ ਚੋਰੀ ਕਰਕੇ ਲੈ ਗਏ ਹਨ। ਥਾਣਾ ਤਿੱਬੜ ਦੀ ਪੁਲਸ ਨੇ ਨਾ-ਮਾਲੂਮ ਚੋਰਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੀੜਤ ਜਸਪਿੰਦਰ ਸਿੰਘ ਨੇ ਜ਼ਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਚੋਰੀ ਕਰਨ ਵਾਲੇ ਚੋਰਾਂ ਨੂੰ ਜਲਦ ਤੋਂ ਜਲਦ ਫੜ ਕੇ ਮੇਰਾ ਚੋਰੀ ਹੋਇਆ ਸਾਮਾਨ ਵਾਪਸ ਦਿਵਾਇਆ ਜਾਵੇ।

# ਸ਼ਹੀਦੀ ਦਿਹਾੜੇ ਮੌਕੇ ਖ਼ੂਨਦਾਨ ਕੈਂਪ ਆਯੋਜਿਤ; 65 ਯੂਨਿਟ ਖ਼ੂਨ ਇਕੱਠਾ ਹੋਇਆ

**ਧਾਰੀਵਾਲ, (ਮਨਦੀਪ ਵਿੱਕੀ)**- ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਸ਼ਹੀਦ ਸੁਖਦੇਵ ਅਤੇ ਸ਼ਹੀਦ ਰਾਜਗੁਰੂ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਨੌਜਵਾਨ ਸੇਵਾ ਸੋਸਾਇਟੀ ਧਾਰੀਵਾਲ ਵੱਲੋਂ ਪੰਜਵਾਂ ਖੂਨਦਾਨ ਕੈਂਪ ਰਘੂਨਾਥ ਮੰਦਰ ਧਾਰੀਵਾਲ ਵਿਖੇ ਲਗਾਇਆ ਗਿਆ, ਜਿਸ ਦੌਰਾਨ ਨੌਜਵਾਨਾਂ ਨੇ ਬੜੇ ਉਤਸ਼ਾਹ ਨਾਲ ਖੂਨਦਾਨ ਕੀਤਾ। ਇਸ ਕੈਂਪ ਦੌਰਾਨ 65 ਯੂਨਿਟ ਖੂਨ ਇਕੱਠਾ ਹੋਇਆ।ਇਸ ਮੌਕੇ ਈ. ਐੱਮ. ਸੀ. ਗਰੁੱਪ ਦੇ ਕੋਹਲੀ ਹਸਪਤਾਲ ਡਡਵਾਂ ਰੋਡ ਧਾਰੀਵਾਲ ਵੱਲੋਂ ਮੁਫਤ ਮੈਡੀਕਲ ਕੈਂਪ ਵੀ ਲਗਾਇਆ ਗਿਆ।



ਖੂਨਦਾਨ/ਮੈਡੀਕਲ ਕੈਂਪ ਦੌਰਾਨ ਮੁੱਖ ਮਹਿਮਾਨ ਵਜੋਂ ਪਹੁੰਚੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵੱਲੋਂ ਸ਼ਹੀਦਾਂ ਦੀ ਸ਼ਹਾਦਤ ਨੂੰ ਯਾਦ ਕਰਦੇ ਹੋਏ ਬੱਸ ਸਟੈਂਡ ਧਾਰੀਵਾਲ ਕੋਲ ਭਗਤ ਸਿੰਘ ਚੌਕ ਵਿੱਚ ਲੱਗੇ ਸ਼ਹੀਦ ਭਗਤ ਸਿੰਘ ਦੇ ਬੁੱਤ 'ਤੇ ਫੁੱਲਾਂ ਦੀ ਮਾਲਾ ਪਾ ਕੇ ਸ਼ਹੀਦ ਅਮਰ ਰਹੇ ਅਤੇ ਇਨਕਲਾਬ ਜ਼ਿੰਦਾਬਾਦ ਦੇ ਨਾਅਰੇ ਲਗਾਏ।ਖੂਨਦਾਨ ਕੈਂਪ ਦੌਰਾਨ ਖੂਨਦਾਨ ਕਰਨ ਵਾਲੇ ਡੋਨਰਾਂ ਨੂੰ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵੱਲੋਂ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਨੌਜਵਾਨਾਂ ਨੂੰ ਕਿਹਾ ਕਿ ਖੂਨਦਾਨ ਤੋਂ ਸਭ ਤੋਂ ਮਹਾਨ ਦਾਨ ਹੈ ਅਤੇ ਇਸ ਦਾਨ ਕੀਤੇ ਖੂਨ ਨਾਲ ਕਈ ਮਨੁੱਖੀ ਜਾਨਾਂ ਦਾ ਬਚਾਈਆਂ ਜਾ ਸਕਦੀਆਂ ਹਨ।ਇਸ ਮੌਕੇ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਨੌਜਵਾਨ ਸੇਵਾ ਸੋਸਾਇਟੀ ਧਾਰੀਵਾਲ ਦੀ ਸਮੁੱਚੀ ਟੀਮ ਵੱਲੋਂ ਕੀਤੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਸੋਸਾਇਟੀਆਂ ਨੌਜਵਾਨ ਪੀੜ੍ਹੀ ਲਈ ਮਾਰਗ ਦਰਸ਼ਕ ਹਨ ਅਤੇ ਇਹ ਨੌਜਵਾਨ ਜੋ ਵੀ ਸੇਵਾ ਉਨ੍ਹਾਂ ਦੀ ਲਗਾਉਣਗੇ ਉਸਨੂੰ ਪੂਰਾ ਕਰਨ ਵਿੱਚ ਮਾਣ ਮਹਿਸੂਸ ਕਰਾਂਗਾ।ਇਸ ਮੌਕੇ ਮਾਰਕੀਟ ਕਮੇਟੀ ਧਾਰੀਵਾਲ ਦੇ ਚੇਅਰਮੈਨ ਭੁਪਿੰਦਰ ਸਿੰਘ ਰਿੰਕਾ, ਨਗਰ ਕੌਂਸਲ ਪ੍ਰਧਾਨ ਅਸ਼ਵਨੀ ਦੁੱਗਲ, ਵਾਈਸ ਪ੍ਰਧਾਨ ਦੀਪਕ ਕੁਮਾਰ ਰਿੰਟੂ, ਕੌਂਸਲਰ ਡਾ. ਇੰਦਰਿਆਸ ਹੰਸ, ਸਰਪੰਚ ਹਰਪਾਲ ਸਿੰਘ ਕੰਗ, ਰਕੇਸ਼ ਵਿਲੀਅਮ ਤਰੀਜਾ ਨਗਰ, ਸਰਪੰਚ ਗੁਰਮੀਤ ਸਿੰਘ ਅਹਿਮਦਾਬਾਦ, ਸਰਪੰਚ ਗੁਰਨਾਮ ਸਿੰਘ ਆਲੋਵਾਲ ਸਮੇਤ ਹੋਰ ਸਹਿਯੋਗ ਕਰਨ ਵਾਲੀਆਂ ਸਖਸ਼ੀਅਤਾਂ ਨੂੰ ਪ੍ਰਬੰਧਕਾਂ ਵੱਲੋਂ ਯਾਦਗਿਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਨੌਜਵਾਨ ਸੇਵਾ ਸੋਸਾਇਟੀ ਧਾਰੀਵਾਲ ਦੇ ਪ੍ਰਧਾਨ ਜੈਨਿਸ਼ ਮਹਾਜਨ ਨੇ ਆਪਣੇ ਸ਼ਹਿਯੋਗੀ ਰੌਕੀ, ਲੱਕੀ, ਵਿਸ਼ਾਲ ਢਾਬੇਵਾਲੇ, ਭਾਗ ਸਿੰਘ ਮਠਾਰੂ, ਦਲੇਰ ਸਿੰਘ ਮਠਾਰੂ, ਨੱਥੀ ਮੱਲ੍ਹੀ ਹਰਜੀ ਫਾਊਂਡੇਸ਼ਨ, ਸ਼ਿਵ ਮਹਾਜਨ, ਸੁਖਪਾਲ ਸੀਟਾ, ਯੂਨਾਈਟਿਡ ਸਿੱਖ ਵੈੱਲਫੇਅਰ ਫਾਉਂਡੇਸ਼ਨ, ਮਨਮੋਹਨਜੀਤ ਸਿੰਘ ਗਿੱਲ, ਨਰਾਇਣ ਮਲਹੋਤਰਾ, ਜ਼ਿਲ੍ਹੇਦਾਰ ਗੁਰਬਚਨ ਸਿੰਘ, ਬੀਬੀ ਸੁਖਵਿੰਦਰ ਕੌਰ ਬਾਜਵਾ, ਖਾਟੂ ਸ਼ਿਆਮ ਟੀਮ ਸਮੇਤ ਹੋਰ ਸਹਿਯੋਗੀ ਦਾ ਧੰਨਵਾਦ ਕੀਤਾ ਗਿਆ।ਖੂਨਦਾਨ ਕੈਂਪ ਦੌਰਾਨ ਰਿਫਰੈਸ਼ਮੈਂਟ ਦੇਣ ਦੀ ਸੇਵਾ ਵਿੱਚ ਕੇਵਲ ਢਾਬੇ ਵਾਲਿਆਂ ਨੇ ਵੱਧ ਚੜ੍ਹ ਕੇ ਯੋਗਦਾਨ ਪਾਇਆ।

# ਬਿਜਲੀ ਮੰਤਰੀ ਦੀ ਕੋਠੀ ਅੱਗੇ ਦਿੱਤਾ ਜਾਣ ਵਾਲਾ ਧਰਨਾ ਮੁਲਤਵੀ : ਸੁਰਿੰਦਰ ਪੱਪੂ

**ਗੁਰਦਾਸਪੁਰ, (ਜਨਕ ਮਹਾਜਨ)**- ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਤੇ ਟਰਾਂਸਕੋ ਦੇ ਪੈਨਸ਼ਨਰ ਐਸੋਸੀਏਸ਼ਨ ਰਜਿ. ਨੰਬਰ 56 ਦੇ ਸਰਕਲ ਗੁਰਦਾਸਪੁਰ ਦੇ ਸਕੱਤਰ ਸੁਰਿੰਦਰ ਪੱਪੂ ਨੇ ਵਿਸ਼ੇਸ਼ ਤੌਰ 'ਤੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੈਨਸ਼ਨਰ ਐਸੋਸੀਏਸ਼ਨ ਪੰਜਾਬ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ ਪਾਵਰਕਾਮ ਅਤੇ ਪੰਜਾਬ ਸਰਕਾਰ ਪਾਸੋਂ ਮਨਵਾਉਣ ਲਈ 28 ਮਾਰਚ ਨੂੰ ਬਿਜਲੀ ਮੰਤਰੀ ਪੰਜਾਬ ਦੀ ਕੋਠੀ ਸਾਹਮਣੇ ਪੰਜਾਬ ਪੱਧਰੀ ਧਰਨਾ ਦੇਣਾ ਸੀ ਪਰੰਤੂ ਪਾਵਰਕਾਮ ਦੀ



ਮੈਨੇਜਮੈਂਟ ਨੇ ਪੈਨਸ਼ਨਰਾਂ ਦੇ ਦਬਾਅ ਹੇਠ ਆ ਕੇ ਪੈਨਸ਼ਨਰਾਂ ਨਾਲ 19 ਮਾਰਚ ਨੂੰ ਮੀਟਿੰਗ ਕਰਕੇ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਜਲਦੀ ਲਾਗੂ ਕਰਨ ਦਾ ਭਰੋਸਾ ਦਵਾਇਆ ਜਿਸ ਕਾਰਨ 28 ਮਾਰਚ ਨੂੰ ਬਿਜਲੀ ਮੰਤਰੀ ਦੀ ਕੋਠੀ ਅੱਗੇ ਦਿੱਤਾ ਜਾਣ ਵਾਲਾ ਧਰਨਾ ਕੁਝ ਸਮੇਂ ਲਈ ਮੁਲਤਵੀ ਕਰ ਦਿੱਤਾ ਹੈ। ਪੱਪੂ ਨੇ ਦੱਸਿਆ ਕਿ ਜੇਕਰ 4 ਅਪ੍ਰੈਲ ਤੋਂ ਪਹਿਲਾਂ-ਪਹਿਲਾਂ ਪੈਨਸ਼ਨਰਾਂ ਦੀਆਂ ਮੰਗਾਂ ਪੂਰੀਆਂ ਨਾ ਕੀਤੀਆਂ ਗਈਆਂ ਤਾਂ 4 ਅਪ੍ਰੈਲ ਨੂੰ ਸਟੇਟ ਵਰਕਿੰਗ ਕਮੇਟੀ ਪੰਜਾਬ ਦੀ ਮੀਟਿੰਗ ਵਿੱਚ ਅਗਲੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਪੱਪੂ ਨੇ ਸਮੂਹ ਪੈਨਸ਼ਨਰਾਂ ਨੂੰ ਅੱਗੇ ਸੰਘਰਸ਼ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ।

# ਚੇਅਰਪਰਸਨ ਸੀਮਾ ਸੋਢੀ ਨੇ ਅਟਾਰੀ ਮੰਡੀ 'ਚ ਬਣ ਰਹੇ ਸ਼ੈੱਡਾਂ ਦੀ ਕੀਤੀ ਚੈਕਿੰਗ



**ਅਟਾਰੀ (ਸਤਬੀਰ ਭੀਲ)**- ਚੇਅਰਪਰਸਨ ਸੀਮਾ ਸੋਢੀ ਨੇ ਅਨਾਜ ਮੰਡੀ ਅਟਾਰੀ ਵਿਖੇ ਬਣ ਰਹੇ ਨਵੇਂ ਸ਼ੈੱਡਾਂ ਦੀ ਚੈਕਿੰਗ ਕੀਤੀ। ਉਨ੍ਹਾਂ ਠੇਕੇਦਾਰ ਨੂੰ ਸਖਤ ਤਾੜਨਾ ਕੀਤੀ ਕਿ ਕਿਸਾਨਾਂ ਦੀ ਫਸਲ ਦੀ ਸਾਂਭ-ਸੰਭਾਲ ਵਾਸਤੇ ਬਣ ਰਹੇ ਇਨ੍ਹਾਂ ਸ਼ੈੱਡਾਂ ਵਿੱਚ ਕਿਸੇ ਵੀ ਕਿਸਮ ਦਾ ਘਟੀਆ ਮਟੀਰੀਅਲ ਬਿਲਕੁਲ ਨਾ ਵਰਤਿਆ ਜਾਵੇ। ਉਨ੍ਹਾਂ ਕਿਹਾ ਕੀ ਮਾਰਕੀਟ ਕਮੇਟੀ ਅਟਾਰੀ ਅਧੀਨ ਬਣ ਰਹੇ ਸ਼ੈੱਡ ਕਣਕ ਦਾ ਸੀਜ਼ਨ ਸ਼ੁਰੂ ਹੋਣ ਤੋਂ ਪਹਿਲਾਂ ਪਹਿਲਾਂ ਤਿਆਰ ਬਰ ਤਿਆਰ ਹੋ ਜਾਣਗੇ। ਉਨ੍ਹਾਂ ਅਟਾਰੀ ਮੰਡੀ ਦੇ ਸਮੂਹ ਆੜ੍ਹਤੀਆਂ ਨੂੰ ਆਖਿਆ ਕਿ ਆਪੋ ਆਪਣੀਆਂ ਦੁਕਾਨਾਂ ਅੱਗੇ ਸਾਫ-ਸਫਾਈ ਕਰਕੇ ਚਿੱਟਾ ਪੇਂਟ ਕੀਤਾ ਜਾਵੇ ਤਾਂ ਕਿ ਮੰਡੀ ਦੀ ਦਿੱਖ ਨੂੰ ਹੋਰ ਨਿਖਾਰਿਆ ਜਾ ਸਕੇ। ਉਨ੍ਹਾਂ ਆੜ੍ਹਤੀਆਂ ਨੂੰ ਅਪੀਲ ਕੀਤੀ ਕਿ ਉਹ ਸੁੱਕੀ ਕਣਕ ਹੀ ਆਪਣੇ ਫੜ੍ਹ ਉਤੇ ਲਵਾਉਣ ਤਾਂ ਕਿ ਖਰੀਦ ਏਜੰਸੀਆਂ ਨੂੰ ਕੋਈ ਵੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਣਜੀਤ ਸਿੰਘ ਕਾਨਗੜ੍ਹ, ਗੁਰਦੇਵ ਸਿੰਘ, ਸੋਨੀ ਖੰਨਾ, ਰਕੇਸ਼ ਕੁਮਾਰ ਰਾਜੂ, ਪ੍ਰਧਾਨ ਰਾਜਵਿੰਦਰ ਸਿੰਘ ਰਾਜੂ, ਆੜ੍ਹਤੀ ਰਾਜਵਿੰਦਰ ਸਿੰਘ ਬੱਬਾ, ਆੜ੍ਹਤੀ ਬਿਕਰਮਜੀਤ ਸਿੰਘ, ਬਿੱਕਰ ਮੋਦੇ, ਆੜ੍ਹਤੀ ਹਰਜੀਤ ਸਿੰਘ ਮੋਦੇ, ਸਾਬਕਾ ਸਰਪੰਚ ਰਜਿੰਦਰ ਸਿੰਘ ਘਰਿੰਡਾ, ਆੜ੍ਹਤੀ ਗੋਲਡੀ ਪੰਡੋਰੀ, ਸਰਤਾਜਬੀਰ ਸਿੰਘ ਭੀਲ, ਆੜ੍ਹਤੀ ਗੁਰਲਾਲ ਸਿੰਘ ਭੀਲ ਆਦਿ ਆਗੂ ਹਾਜ਼ਰ ਸਨ।

# ਸਿਟੀ ਵੈੱਲਫੇਅਰ ਕਲੱਬ ਨੇ ਸ਼ਹੀਦੀ ਦਿਵਸ ਨੂੰ ਸਮਰਪਿਤ ਲਗਾਇਆ ਮੈਡੀਕਲ ਕੈਂਪ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਸਿਟੀ ਵੈੱਲਫੇਅਰ ਕਲੱਬ (ਰਜਿ:), ਡੇਰਾ ਬਾਬਾ ਨਾਨਕ ਵੱਲੋਂ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀ ਸ਼ਹੀਦੀ ਦਿਵਸ 'ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ



ਵਿਖੇ ਸ਼ਹੀਦਾਂ ਦੀ ਯਾਦ ਵਿੱਚ ਇੱਕ ਸ਼ਰਧਾਂਜਲੀ ਸਮਾਰੋਹ ਕੀਤਾ ਗਿਆ। ਇਸ ਮੌਕੇ ਪ੍ਰੋਗਰਾਮ ਦੇ ਮੁੱਖ ਮਹਿਮਾਨ ਸੰਦੀਪ ਮਹਾਜਨ ਜਨਰਲ ਮੈਨੇਜਰ ਕਰਤਾਰਪੁਰ ਸਾਹਿਬ ਕੋਰੀਡੋਰ, ਲੈਕਚਰਾਰ ਬਚਨ ਦਾਸ ਅਤੇ ਰਿਟਾਇਰਡ ਡੀਈਓ ਵਿਨੋਦ ਮੰਤਰੀ ਨੇ ਮਹਾਨ ਸ਼ਹੀਦਾਂ ਨੂੰ ਆਪਣੇ ਵਿਚਾਰਾਂ ਅਤੇ ਕਵਿਤਾਵਾਂ ਰਾਹੀਂ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਬੀਐੱਸਐੱਫ ਦੇ ਅਫਸਰ ਅਤੇ ਕਲੱਬ ਮੈਂਬਰਾਂ ਨੇ ਵੀ ਦੇਸ਼ ਦੇ ਮਹਾਨ ਸ਼ਹੀਦਾਂ ਨੂੰ ਫੁੱਲ ਅਰਪਿਤ ਕਰਕੇ ਸ਼ਰਧਾਂਜਲੀ ਭੇਟ ਕੀਤੀ। ਬਾਅਦ 'ਚ ਸ਼ਹੀਦਾਂ ਦੀ ਯਾਦ ਵਿੱਚ ਕਲੱਬ ਵੱਲੋਂ ਇੱਕ ਮੈਡੀਕਲ ਕੈਂਪ ਲਗਾਇਆ ਗਿਆ ਜਿਸ ਵਿੱਚ ਚਮੜੀ, ਬੱਚਿਆਂ ਦੀਆਂ ਅੱਖਾਂ, ਕੰਨ, ਨੱਕ, ਗਲਾ ਅਤੇ ਜਨਰਲ ਬਿਮਾਰੀਆਂ ਦੇ ਮਾਹਰ ਡਾਕਟਰਾਂ ਨੇ ਮਰੀਜ਼ਾਂ ਦਾ ਚੈੱਕਅਪ ਕੀਤਾ ਅਤੇ ਕਲੱਬ ਵੱਲੋਂ ਸਭ ਮਰੀਜ਼ਾਂ ਨੂੰ ਮੁਫਤ ਦਵਾਈਆਂ ਵੰਡੀਆਂ ਗਈਆਂ।ਇਸ ਮੌਕੇ ਕਲੱਬ ਵੱਲੋਂ ਮੁੱਖ ਮਹਿਮਾਨ ਸਮੇਤ ਡਾਕਟਰਾਂ ਦੀ ਟੀਮ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ ।ਇਸ ਮੌਕੇ ਕਲੱਬ ਦੇ ਪ੍ਰਧਾਨ ਰਾਜੇਸ਼ ਕੁਮਾਰ ਹਾਂਡਾ ਨੇ ਆਏ ਹੋਏ ਮੁੱਖ ਮਹਿਮਾਨਾਂ ਸਮੇਤ ਡਾਕਟਰਾਂ ਦੀ ਟੀਮ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ ।ਇਸ ਮੌਕੇ ਕਲੱਬ ਦੇ ਸਰਪ੍ਰਸਤ ਰਮੇਸ਼ ਬੱਬਰ, ਸਾਬਕਾ ਕੌਂਸਲਰ ਡਾਕਟਰ ਅਸ਼ੋਕ ਸੋਨੀ, ਤੇਜਿੰਦਰ ਪਾਲ ਸਿੰਘ ਪੂੰਨੀ, ਰਾਜੇਸ਼ ਡੋਗਰਾ, ਹਰਭਜਨ ਲਾਲ ਡਿਗਰਾ, ਡਾਕਟਰ ਗੁਰਦੇਵ ਸਿੰਘ, ਡਾਕਟਰ ਪ੍ਰਦੀਪ ਕੁਮਾਰ, ਮਾਸਟਰ ਪਲਵਿੰਦਰ ਸਿੰਘ, ਮਾਸਟਰ ਰਾਮ ਸਰੂਪ, ਹੈੱਡਮਾਸਟਰ ਅਰਵਿੰਦਰ ਪਾਲ ਸਿੰਘ, ਮਾਸਟਰ ਦਵਿੰਦਰ ਪਾਲ ਢਿੱਲੋਂ ਆਦਿ ਹਾਜ਼ਰ ਸਨ।

# ਕਾਮਰੇਡਾਂ ਦਾ ਵੱਡਾ ਕਾਫਲਾ ਦਿੱਲੀ ਦੇ ਰਾਮ ਲੀਲ੍ਹਾ ਮੈਦਾਨ 'ਚ ਪਹੁੰਚਿਆ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਵੱਲੋਂ ਪਿੰਡ ਝਬਾਲ ਪੁਖਤਾ ਤੋਂ ਵੱਡਾ ਕਾਫ਼ਲਾ ਜ਼ਿਲ੍ਹਾ ਜੁਆਇੰਟ ਸਕੱਤਰ ਕਾਮਰੇਡ ਮਨਜੀਤ ਸਿੰਘ ਝਬਾਲ ਦੀ ਅਗਵਾਈ ਵਿੱਚ ਪਿੰਡ ਝਬਾਲ ਤੋਂ ਰਵਾਨਾ ਹੋ ਕੇ ਦਿੱਲੀ ਦੇ ਰਾਮ ਲੀਲ੍ਹਾ ਮੈਦਾਨ ਵਿੱਚ ਪਹੁੰਚਿਆ।ਇਸ ਸੰਬਧੀ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕਾਮਰੇਡ ਮਨਜੀਤ ਸਿੰਘ ਝਬਾਲ ਨੇ ਦੱਸਿਆ ਕਿ ਸਾਡੀ ਯੂਨੀਅਨ ਦੇਸ਼ ਦੀ ਵੱਡੀ ਜਥੇਬੰਦੀ ਹੈ ਜਿਸ ਦੀ ਲੱਖਾਂ ਮੈਂਬਰਸ਼ਿਪ ਹੈ ਅਤੇ ਸਾਰੇ ਰਾਜਾਂ ਵਿੱਚ ਦਲਿਤਾਂ, ਖੇਤ ਮਜ਼ਦੂਰਾਂ ਤੇ ਬੇਜ਼ਮੀਨਿਆਂ ਦੇ ਮਸਲਿਆਂ ਨੂੰ ਲੈ ਕੇ ਸੰਘਰਸ਼ ਕੀਤਾ ਤੇ ਜਿੱਤਾਂ ਵੀ ਪ੍ਰਾਪਤ ਕੀਤੀਆਂ।ਜਾਣਕਾਰੀ ਦਿੰਦੇ ਕਾਮਰੇਡ ਮਨਜੀਤ ਸਿੰਘ ਝਬਾਲ ਨੇ ਕਿਹਾ ਕਿ ਇਹ ਕਾਫ਼ਲਾ ਫਿਰਕੂ-ਕਾਰਪੋਰੇਟ ਨੀਤੀਆਂ ਦੇ ਵਿਰੁੱਧ ਮਿਹਨਤਕਸ਼ ਲੋਕਾਂ ਦੀ ਲੁੱਟ ਵਿਰੁੱਧ ਲੋਕ ਰੋਹ ਜਥਾ ਮਾਰਚ ਤਹਿਤ ਇਹ ਕਾਫ਼ਲਾ ਦਿੱਲੀ ਦੇ ਰਾਮ ਲੀਲ੍ਹਾ ਮੈਦਾਨ ਵਿੱਚ ਪਹੁੰਚਿਆ।ਉਨ੍ਹਾਂ ਦੱਸਿਆ ਕਿ ਮੰਗਾਂ ਸੈਂਟਰ ਦੀ ਬੀਜੇਪੀ ਸਰਕਾਰ ਅੱਗੇ ਰੱਖੀਆਂ ਜਾਣਗੀਆਂ ਤੇ ਸਰਕਾਰ ਵਿਰੁੱਧ ਜੰਮ ਕੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਇਸ ਮੌਕੇ ਕਾਮਰੇਡ ਬਲਵਿੰਦਰ ਸਿੰਘ ਝਬਾਲ, ਕਾਮਰੇਡ ਸਾਬ ਸਿੰਘ ਹੀਰਾਪੁਰ, ਸਤਨਾਮ ਸਿੰਘ ਮੀਰਪੁਰ, ਬਲਕਾਰ ਸਿੰਘ, ਯੁਵਰਾਜ ਸਿੰਘ, ਮੇਜਰ ਸਿੰਘ, ਜਸਪਾਲ ਸਿੰਘ ਐਮਾ ਖੁਰਦ ਅਤੇ ਸਾਬ ਸਿੰਘ ਠੱਠਾ ਆਦਿ ਹਾਜ਼ਰ ਸਨ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਤਿੱਖਾ ਰੋਸ ਪ੍ਰਗਟਾਵਾ

**ਅੱਡਾ ਜੈਂਤੀਪੁਰ (ਸੁਖਬੀਰ ਸਿੱਧੂ)**- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਚੱਲ ਰਹੇ ਮੋਰਚੇ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਸਰਕਾਰ ਦੀ ਜ਼ਬਰਦਸਤੀ ਨੀਤੀ ਦੇ ਵਿਰੋਧ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਸੰਘਰਸ਼ ਕਮੇਟੀ ਵੱਲੋਂ ਤਿੱਖਾ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਸਰਕਾਰ ਦੇ ਪੁਤਲੇ ਫੂਕੇ ਗਏ ਅਤੇ ਪਿੱਟ ਸਿਆਪਾ ਕਰਕੇ ਰੋਸ ਪ੍ਰਗਟਾਇਆ ਗਿਆ। ਸੂਬਾ ਪ੍ਰਧਾਨ



ਪਲਵਿੰਦਰ ਸਿੰਘ ਮਾਹਲ ਨੇ ਕਿਹਾ ਕਿ ਉਹ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਮੋਰਚੇ ਨੂੰ ਪੂਰੀ ਹਮਾਇਤ ਦਿੰਦੇ ਹਨ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜਦੋਂ ਵੀ ਕੋਈ ਸਾਂਝੀ ਕਾਲ ਦਿੱਤੀ ਜਾਵੇਗੀ, ਭਾਰਤੀ ਕਿਸਾਨ ਯੂਨੀਅਨ ਏਕਤਾ ਸੰਘਰਸ਼ ਕਮੇਟੀ ਵੱਲੋਂ ਵੱਧ ਚੜ੍ਹ ਕੇ ਹਿੱਸਾ ਲਿਆ ਜਾਵੇਗਾ ਅਤੇ ਸੰਘਰਸ਼ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ।ਭਾਰਤੀ ਕਿਸਾਨ ਯੂਨੀਅਨ ਏਕਤਾ ਸੰਘਰਸ਼, ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਚੱਲ ਰਹੇ ਧਰਨਾ-ਪ੍ਰਦਰਸ਼ਨ ਉਤੇ ਸਰਕਾਰ ਵੱਲੋਂ ਕੀਤੇ ਜਾ ਰਹੇ ਪੁਲਸੀਆ ਜਬਰ ਅਤੇ ਆਗੂਆਂ ਦੀਆਂ ਗ੍ਰਿਫਤਾਰੀਆਂ ਦੀ ਕੜੀ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ।ਯੂਨੀਅਨ ਦੇ ਸੂਬਾ ਪ੍ਰਧਾਨ ਪਲਵਿੰਦਰ ਸਿੰਘ ਮਾਹਲ ਨੇ ਕਿਹਾ ਕਿ ਆਪਣੇ ਹੱਕਾਂ ਲਈ ਸ਼ਾਂਤਮਈ ਢੰਗ ਨਾਲ ਸੰਘਰਸ਼ ਕਰ ਰਹੇ ਕਿਸਾਨਾਂ ਅਤੇ ਮਜ਼ਦੂਰਾਂ ਦੀ ਆਵਾਜ਼ ਨੂੰ ਜਬਰ ਨਾਲ ਦਬਾਉਣਾ ਲੋਕਤੰਤਰ ਦੇ ਅਸੂਲਾਂ ਦੇ ਖ਼ਿਲਾਫ਼ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਦਬਾਅ ਦੀ ਨੀਤੀ ਤਿਆਗ ਕੇ ਸੰਵਾਦ ਦਾ ਰਾਹ ਅਪਣਾਉਣਾ ਚਾਹੀਦਾ ਹੈ ਅਤੇ ਗ੍ਰਿਫਤਾਰ ਕੀਤੇ ਗਏ ਆਗੂਆਂ ਨੂੰ ਬਿਨਾਂ ਦੇਰੀ ਤੁਰੰਤ ਰਿਹਾਅ ਕੀਤਾ ਜਾਵੇ।ਇਸ ਮੌਕੇ ਪ੍ਰਧਾਨ ਰਣਜੀਤ ਸਿੰਘ ਰਾਣਾ, ਜਨਰਲ ਸਕੱਤਰ ਜਗਤਾਰ ਸਿੰਘ, ਖਜ਼ਾਨਚੀ ਸਤਨਾਮ ਸਿੰਘ, ਜ਼ਿਲ੍ਹਾ ਆਗੂ ਨਿਰਮਲ ਸਿੰਘ ਕਲੇਰ, ਪ੍ਰਗਟ ਸਿੰਘ, ਜਸਪਾਲ ਸਿੰਘ ਝੰਜੋਟੀ, ਬਲਾਕ ਪ੍ਰਧਾਨ ਬਲਬੀਰ ਸਿੰਘ, ਜਰਨੈਲ ਸਿੰਘ, ਲਵਪ੍ਰੀਤ ਸਿੰਘ, ਹਰਦੀਪ ਸਿੰਘ, ਅਮਰਜੀਤ ਸਿੰਘ, ਗੁਰਮੇਜ ਸਿੰਘ, ਗੁਰਤਾਜ ਸਿੰਘ, ਸਾਹਿਬ ਸਿੰਘ, ਅਨੋਖ ਸਿੰਘ, ਉਂਕਾਰ ਸਿੰਘ, ਬਲਵਿੰਦਰ ਸਿੰਘ ਅਤੇ ਹੀਰਾ ਸਿੰਘ ਵੀ ਮੌਜੂਦ ਸਨ।

# ਪਲੇਸਮੈਂਟ ਕੈਂਪ ਅੱਜ

**ਮੋਹਾਲੀ (ਗੁਰਜੀਤ ਬਿੱਲਾ)**- ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਅਤੇ ਮਾਡਲ ਕਰੀਅਰ ਸੈਂਟਰ, ਐੱਸ ਏ ਐੱਸ ਨਗਰ ਵੱਲੋਂ 25 ਮਾਰਚ ਨੂੰ ਪਲੇਸਮੈਂਟ ਕੈਂਪ ਦਾ ਆਯੋਜਨ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਕਮਰਾ ਨੰ.461, ਤੀਜੀ ਮੰਜ਼ਿਲ, ਸੈਕਟਰ-76 ਮੋਹਾਲੀ ਵਿਖੇ ਕੀਤਾ ਜਾ ਰਿਹਾ ਹੈ। ਇਸ ਪਲੇਸਮੈਂਟ ਕੈਂਪ ਦਾ ਸਮਾਂ ਸਵੇਰ 10:00 ਵਜੇ ਤੋਂ ਦੁਪਹਿਰ 01.00 ਵਜੇ ਤੱਕ ਹੋਵੇਗਾ।ਡੀ ਬੀ ਈ ਈ ਐੱਸ ਏ ਐੱਸ ਨਗਰ ਦੇ ਡਿਪਟੀ ਡਾਇਰੈਕਟਰ, ਹਰਪ੍ਰੀਤ ਸਿੰਘ ਮਾਨਸ਼ਾਹੀਆਂ ਵੱਲੋਂ ਵਧੇਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਪ੍ਰਾਰਥੀਆਂ ਨੂੰ ਰੋਜ਼ਗਾਰ ਦੇਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ ਜਿਸ ਤਹਿਤ ਉਕਤ ਪਲੇਸਮੈਂਟ ਕੈਂਪਾਂ ਦਾ ਆਯੋਜਨ ਕੀਤਾ ਜਾਦਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਸ ਕੈਂਪ ਵਿੱਚ ਏ ਕੇ ਐੱਸ ਆਈ ਪੀ ਐੱਸ ਸਮਾਰਟ ਸਕੂਲ ਮੋਹਾਲੀ, ਚੰਡੀਗੜ੍ਹ ਟ੍ਰਾਈਸਿਟੀ ਅਤੇ ਟਰੇਂਟ ਲਿਮਿ: ਜ਼ੂਡੀਓ ਕੰਪਨੀਆਂ ਵੱਲੋਂ ਪੀ ਜੀ ਟੀ ਕਮਿਸਟਰੀ, ਫਾਈਨ ਆਰਟਸ (ਪੀਜੀਟੀ), ਐਨਟੀਟੀ, ਏਰੀਆ ਸੇਲਜ਼ ਮੈਨੇਜਰ (ਏਐੱਸਐੱਮ), ਸਹਿਯੋਗੀ ਅਤੇ ਲਈ ਦਸਵੀਂ, ਬਾਰਵੀਂ, ਐਮ.ਐਸਸੀ (ਕਮਿਸਟਰੀ), ਐਮ.ਏ. ਫਾਈਨ ਆਰਟਸ, ਬੀ.ਏ. ਐਨਟੀਟੀ/ਬੀ.ਐਡ ਪ੍ਰਾਰਥੀਆਂ ਦੀ ਚੋਣ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਚੁਣੇ ਗਏ ਪ੍ਰਾਰਥੀਆਂ ਦੀ ਤਨਖਾਹ ਤਜਰਬਾ ਅਤੇ ਕੰਪਨੀ ਨੋਰਮਜ਼ ਅਨੁਸਾਰ ਹੋਵੇਗੀ ਅਤੇ ਕੰਮ ਕਰਨ ਦਾ ਸਥਾਨ ਮੋਹਾਲੀ ਹੋਵੇਗਾ।

ਨਵਾਂ ਜ਼ਮਾਨਾ
ਬੁੱਧਵਾਰ, 25 ਮਾਰਚ 2026

# ਰਾਜੇ ਨਾਲੋਂ ਵੱਧ ਵਫ਼ਾਦਾਰ!

ਸੁਪਰੀਮ ਕੋਰਟ ਦੇ ਜੱਜ ਜਸਟਿਸ ਉੱਜਵਲ ਭੁਈਆਂ ਦਾ ਕਹਿਣਾ ਹੈ ਕਿ ਅਸਹਿਮਤੀ ਜਤਾਉਣ 'ਤੇ ਨਾਗਰਿਕਾਂ ਨੂੰ ਜੇਲ੍ਹ ਵਿੱਚ ਸੁੱਟਣਾ ਤੇ ਦਲਿਤਾਂ ਖਿਲਾਫ ਲਗਾਤਾਰ ਹੋ ਰਹੇ ਅੱਤਿਆਚਾਰ 'ਵਿਕਸਤ ਭਾਰਤ ਦਾ ਮਾਡਲ' ਨਹੀਂ ਹੋ ਸਕਦੇ। ਉਨ੍ਹਾ ਐਤਵਾਰ ਬੇਂਗਲੁਰੂ ਵਿੱਚ 'ਵਿਕਸਤ ਭਾਰਤ ਵਿੱਚ ਨਿਆਂ ਪਾਲਿਕਾ ਦੀ ਭੂਮਿਕਾ' ਉੱਤੇ ਬੋਲਦਿਆਂ ਕਿਹਾ ਕਿ ਹਾਲਾਂਕਿ ਸਰਕਾਰ ਦਾ ਵਿਕਸਤ ਭਾਰਤ ਜਾਂ 2047 ਤੱਕ ਇੱਕ ਵਿਕਸਤ ਭਾਰਤ ਬਣਾਉਣ ਦਾ ਸੁਫਨਾ ਸ਼ਲਾਘਾਯੋਗ ਤੇ ਹਾਸਲ ਕਰਨ ਲਾਇਕ ਹੈ, ਪਰ ਆਰਥਕ ਵਿਕਾਸ ਨਾਗਰਿਕਾਂ ਦੀ ਆਜ਼ਾਦੀ ਤੇ ਗੈਰਤ ਦੀ ਕੀਮਤ 'ਤੇ ਨਹੀਂ ਹੋ ਸਕਦਾ। ਵਿਕਸਤ ਭਾਰਤ ਵਿੱਚ ਅਸਹਿਮਤੀ ਤੇ ਬਹਿਸ ਲਈ ਜ਼ਿਆਦਾ ਜਗ੍ਹਾ ਹੋਣੀ ਚਾਹੀਦੀ ਹੈ। ਅਸਹਿਮਤੀ ਨੂੰ ਅਪਰਾਧ ਨਹੀਂ ਬਣਾਇਆ ਜਾ ਸਕਦਾ।

ਜਸਟਿਸ ਭੁਈਆਂ ਨੇ ਪ੍ਰੋਟੈਸਟ, ਵਿਦਿਆਰਥੀ ਅੰਦੋਲਨਾਂ ਤੇ ਇੱਥੋਂ ਤੱਕ ਕਿ ਸੋਸ਼ਲ ਮੀਡੀਆ ਪੋਸਟਾਂ 'ਤੇ ਫੌਜਦਾਰੀ ਕਾਨੂੰਨ ਲਾਗੂ ਕਰਨ ਦੇ ਰੁਝਾਨ 'ਤੇ ਚਿੰਤਾ ਜ਼ਾਹਰ ਕੀਤੀ। ਉਨ੍ਹਾ ਕਿਹਾ ਕਿ ਪਿਛਲੇ ਕੁਝ ਸਾਲਾਂ ਵਿੱਚ ਰਾਜ ਵੱਲੋਂ ਲਾਪ੍ਰਵਾਹੀ ਨਾਲ ਫੌਜਦਾਰੀ ਮਾਮਲੇ ਦਰਜ ਕਰਨ ਦਾ ਪੈਟਰਨ ਦੇਖਿਆ ਗਿਆ ਹੈ, ਅਕਸਰ ਨਿੱਕੀਆਂ-ਨਿੱਕੀਆਂ ਗੱਲਾਂ 'ਤੇ ਵੀ। ਜਨਤਕ ਪ੍ਰਦਰਸ਼ਨਾਂ ਜਾਂ ਆਨਲਾਈਨ ਸਮੱਗਰੀ ਲਈ ਐੱਫ ਆਈ ਆਰ ਦਰਜ ਕਰ ਦਿੱਤੀ ਜਾਂਦੀ ਹੈ, ਜਿਸ ਨਾਲ ਲੋਕ ਲੰਮੀ ਜਾਂਚ ਤੇ ਹਿਰਾਸਤ ਵਿੱਚ ਫਸ ਜਾਂਦੇ ਹਨ। ਨਿਆਂ ਪਾਲਿਕਾ ਰਾਜ ਨੂੰ ਅਜਿਹੇ ਮਾਮਲੇ ਦਰਜ ਕਰਨ ਦਾ ਨਿਰਦੇਸ਼ ਨਹੀਂ ਦਿੰਦੀ। ਜਨਤਕ ਪ੍ਰਦਰਸ਼ਨਾਂ ਤੇ ਅੰਦੋਲਨਾਂ, ਇੱਥੋਂ ਤੱਕ ਕਿ ਵਿਦਿਆਰਥੀਆਂ ਦੇ ਮਾਮਲਿਆਂ ਵਿੱਚ, ਕਦੇ-ਕਦੇ ਮੀਮਜ਼ ਤੇ ਸੋਸ਼ਲ ਮੀਡੀਆ 'ਤੇ ਮੀਡੀਆ ਪੋਸਟ 'ਤੇ ਵੀ ਐੱਫ ਆਈ ਆਰ ਦਰਜ ਕਰ ਦਿੱਤੀ ਜਾਂਦੀ ਹੈ, ਜਾਂਚ ਚਲਦੀ ਰਹਿੰਦੀ ਹੈ ਅਤੇ ਮਾਮਲੇ ਸੁਪਰੀਮ ਕੋਰਟ ਤੱਕ ਪੁੱਜਦੇ ਹਨ। ਫਿਰ ਸੁਪਰੀਮ ਕੋਰਟ ਨੂੰ ਵਿਸ਼ੇਸ਼ ਜਾਂਚ ਟੀਮ (ਸਿੱਟ) ਕਾਇਮ ਕਰਨੀ ਪੈਂਦੀ ਹੈ।

ਜਸਟਿਸ ਭੁਈਆਂ ਨੇ ਇਹ ਵੀ ਸਵੀਕਾਰ ਕੀਤਾ ਕਿ ਅਦਾਲਤਾਂ ਹਮੇਸ਼ਾ ਪ੍ਰਭਾਵੀ ਕੰਟਰੋਲਰ ਨਹੀਂ ਬਣ ਸਕੀਆਂ। ਨਿਆਂ ਪਾਲਿਕਾ ਦੇ ਅੰਦਰ ਵੀ ਕਈ ਲੋਕ ਰਾਜੇ ਨਾਲੋਂ ਵੱਧ ਵਫ਼ਾਦਾਰ ਵਾਲੀ ਮਾਨਸਿਕਤਾ ਨਾਲ ਗ੍ਰਸਤ ਹਨ। ਇਸ ਦੇ ਨਤੀਜੇ ਵਜੋਂ ਬਿਨਾਂ ਜ਼ਮਾਨਤ ਤੇ ਬਿਨਾਂ ਮੁਕੱਦਮੇ ਦੇ ਲੋਕ ਮਹੀਨਿਆਂ-ਬੱਧੀ ਜੇਲ੍ਹਾਂ ਵਿੱਚ ਪਏ ਰਹਿੰਦੇ ਹਨ। ਉਨ੍ਹਾ ਜਸਟਿਸ ਵੀ ਆਰ ਕ੍ਰਿਸ਼ਨਾ ਅਈਅਰ ਦੇ ਉਸ ਸਿਧਾਂਤ ਦਾ ਵੀ ਜ਼ਿਕਰ ਕੀਤਾ, ਜਿਸ ਵਿੱਚ ਕਿਹਾ ਗਿਆ ਹੈ ਕਿ 'ਜ਼ਮਾਨਤ ਨਿਯਮ ਹੈ ਤੇ ਜੇਲ੍ਹ ਅਪਵਾਦ।' ਉਨ੍ਹਾ ਕਿਹਾ ਕਿ ਵਿਹਾਰ ਵਿੱਚ ਇਹ ਸਿਧਾਂਤ ਵੀ ਕਮਜ਼ੋਰ ਹੁੰਦਾ ਗਿਆ ਹੈ ਤੇ ਕਰੜੇ ਗੈਰਕਾਨੂੰਨੀ ਸਰਗਰਮੀਆਂ ਰੋਕਥਾਮ ਕਾਨੂੰਨ (ਯੂ ਏ ਪੀ ਏ) ਤਹਿਤ ਕਈ ਮਾਮਲੇ ਇਸ ਦੀਆਂ ਮਿਸਾਲਾਂ ਹਨ। ਗ੍ਰਹਿ ਮੰਤਰਾਲੇ ਵੱਲੋਂ ਸੰਸਦ ਵਿੱਚ ਪੇਸ਼ ਅੰਕੜਿਆਂ ਦਾ ਹਵਾਲਾ ਦਿੰਦਿਆਂ ਜਸਟਿਸ ਭੁਈਆਂ ਨੇ ਕਿਹਾ ਕਿ ਯੂ ਏ ਪੀ ਏ ਤਹਿਤ ਗ੍ਰਿਫਤਾਰੀਆਂ ਦੀ ਦਰ ਉੱਚੀ ਹੈ, ਜਦਕਿ ਦੋਸ਼ ਸਾਬਤ ਹੋਣ ਦੀ ਦਰ ਬਹੁਤ ਘੱਟ ਹੈ। ਇਹ 2019 ਤੋਂ 2023 ਤੱਕ ਇੱਕ ਤੋਂ ਛੇ ਪ੍ਰਤੀਸ਼ਤ ਦੇ ਵਿਚਾਲੇ ਰਹੀ ਹੈ। ਇਹ ਇਸ ਗੱਲ ਦਾ ਸੰਕੇਤ ਹੈ ਕਿ ਇਸ ਕਾਨੂੰਨ ਦੀ ਬਹੁਤ ਜ਼ਿਆਦਾ ਵਰਤੋਂ ਹੋ ਰਹੀ ਹੈ। ਉਨ੍ਹਾ ਇਹ ਵੀ ਕਿਹਾ ਕਿ ਜਦ ਬਰੀ ਹੋਣ ਦੀ ਸੰਭਾਵਨਾ ਬਹੁਤ ਜ਼ਿਆਦਾ ਹੋਵੇ ਤਾਂ ਪੰਜ ਤੋਂ ਛੇ ਸਾਲ ਤੱਕ ਜੇਲ੍ਹ ਵਿੱਚ ਰੱਖਣਾ ਗੰਭੀਰ ਸੰਵਿਧਾਨਕ ਚਿੰਤਾਵਾਂ ਪੈਦਾ ਕਰਦਾ ਹੈ।

ਦਲਿਤਾਂ ਖਿਲਾਫ ਅੱਤਿਆਚਾਰ ਤੇ ਜਾਤ ਅਧਾਰਤ ਵਿਤਕਰੇ ਦੇ ਮੁੱਦੇ ਨੂੰ ਛੂੰਹਦਿਆਂ ਜਸਟਿਸ ਭੁਈਆਂ ਨੇ ਕਿਹਾ ਕਿ ਵਿਕਸਤ ਭਾਰਤ ਵਿੱਚ ਅਸੀਂ ਇਹ ਨਹੀਂ ਦੇਖ ਸਕਦੇ ਕਿ ਮਾਤਾ-ਪਿਤਾ ਆਪਣੇ ਬੱਚਿਆਂ ਨੂੰ ਦਲਿਤਾਂ ਵੱਲੋਂ ਬਣਾਇਆ ਗਿਆ ਭੋਜਨ ਖਾਣ ਤੋਂ ਮਨ੍ਹਾਂ ਕਰਨ। ਅਸੀਂ ਇਹ ਵੀ ਨਹੀਂ ਦੇਖ ਸਕਦੇ ਕਿ ਦਲਿਤ ਪੁਰਸ਼ਾਂ 'ਤੇ ਪੇਸ਼ਾਬ ਕੀਤਾ ਜਾਵੇ। ਵਿਅਕਤੀ ਦੀ ਇੱਜ਼ਤ ਦੀ ਰਾਖੀ ਹੋਣੀ ਚਾਹੀਦੀ ਹੈ।

## ਹੱਥ ਸੋਚ ਕੇ ਪਾਈਏ!

'ਪਵੇ ਗਲ' ਤਾਂ 'ਠੋਕ ਕੇ' ਰੱਖ ਦੇਈਏ,
ਖਾ-ਮੁਖਾਹ ਨਾ ਟੰਗ ਅੜਾਈਏ ਜੀ।
ਲਾਏ ਹੋਏ ਅਨੁਮਾਨ ਜੇ ਗਲਤ ਹੋਵਣ,
ਜੁਗਤੀ ਨਾਲ ਪਿੱਛੇ ਹਟ ਜਾਈਏ ਜੀ।
ਸੁਪਨੇ ਵਿੱਚ ਜੇ ਮਹਿਲ ਕੋਈ ਖੜ੍ਹੇ ਕੀਤੇ।
ਅੱਖਾਂ ਖੁੱਲ੍ਹਦੇ ਸਾਰ ਉਹ 'ਢਾਹੀਏ' ਜੀ,
'ਪੱਥਰ ਚੱਟ' ਕੇ ਪਿਛਾਂਹ ਨੂੰ ਪਰਤਦੇ ਜੋ।
ਦੇਖ ਹੋਰਾਂ ਨੂੰ 'ਅਕਲ' ਵੀ ਚਾਹੀਏ ਜੀ,
ਸੁੱਤੀ ਪਈ ਜ਼ਮੀਰ ਜੇ 'ਜਾਗਦੀ' ਨਹੀਂ।
ਥੋੜ੍ਹੀ ਬਹੁਤ ਤਾਂ ਸ਼ਰਮ ਫਿਰ ਖਾਈਏ ਜੀ,
ਵਿਰਸਾ ਅਗਲੇ ਦਾ ਪਰਖ-ਪੜਚੋਲ ਕੇ ਤੇ।
ਹੱਥ ਫੇਰ ਹੀ ਦੁਸ਼ਮਣ ਤਾਈਂ ਪਾਈਏ ਜੀ,

-ਤਰਲੋਚਨ ਸਿੰਘ ਦੁਪਾਲਪੁਰ, 001-408-905-5517

# ਅਪਰਾਧ ਅਤੇ ਸਿਆਸਤ ਵਿਚਕਾਰ ਖ਼ਤਰਨਾਕ ਗੱਠਜੋੜ



ਗੁਰਮੀਤ ਸਿੰਘ ਪਲਾਹੀ

ਲੋਕਤੰਤਰ ਦੀ ਮਜ਼ਬੂਤੀ ਸਾਫ਼-ਸੁਥਰੀ ਸਿਆਸਤ 'ਤੇ ਨਿਰਭਰ ਕਰਦੀ ਹੈ, ਪਰ ਜਦੋਂ ਕਾਨੂੰਨ ਬਣਾਉਣ ਵਾਲੇ ਹੀ ਕਾਨੂੰਨ ਤੋੜਨ ਦੇ ਦੋਸ਼ਾਂ 'ਚ ਘਿਰੇ ਹੋਣ, ਤਾਂ ਇਹ ਪ੍ਰਣਾਲੀ ਲਈ ਵੱਡੀ ਚਿੰਤਾ ਬਣ ਜਾਂਦੀ ਹੈ। ਭਾਰਤ ਵਰਗੇ ਵਿਸ਼ਾਲ ਲੋਕਤੰਤਰ ਵਿੱਚ ਅਪਰਾਧ ਅਤੇ ਸਿਆਸਤ ਦੇ ਵਿਚਕਾਰ ਵਧਦਾ ਗੱਠਜੋੜ ਨਾ ਸਿਰਫ਼ ਨੈਤਿਕ ਪਤਨ ਦਾ ਸੰਕੇਤ ਹੈ, ਸਗੋਂ ਇਹ ਲੋਕਤੰਤਰ ਦੀ ਜੜ੍ਹ ਨੂੰ ਵੀ ਕਮਜ਼ੋਰ ਕਰ ਰਿਹਾ ਹੈ।

ਸਿਆਸੀ ਪਾਰਟੀਆਂ ਆਪਣੇ ਸਿਧਾਂਤਾਂ ਨੂੰ ਛਿੱਕੇ ਟੰਗ ਕੇ ਅਪਰਾਧਿਕ ਪਿਛੋਕੜ ਵਾਲੇ ਲੋਕਾਂ ਨੂੰ ਉਹਨਾਂ ਸੰਵਿਧਾਨਕ ਅਹੁਦਿਆਂ ਉੱਤੇ ਬੈਠਾ ਦਿੰਦੀਆਂ ਹਨ, ਉਹਨਾਂ ਹੱਥ ਦੇਸ਼ ਦੀ ਵਾਗਡੋਰ ਸੰਭਾਲ਼ ਦਿੰਦੀਆਂ ਹਨ, ਜਿੱਥੇ ਉਹ ਉਸ ਸੰਵਿਧਾਨਕ ਪ੍ਰਕਿਰਿਆ ਦਾ ਹਿੱਸਾ ਬਣ ਜਾਂਦੇ ਹਨ, ਜਿੱਥੇ ਨਾ ਸਿਰਫ਼ ਦੇਸ਼ ਦੇ ਅਹਿਮ ਫ਼ੈਸਲੇ ਹੀ ਲਏ ਜਾਂਦੇ ਹਨ, ਸਗੋਂ ਕਾਨੂੰਨ ਵੀ ਬਣਾਏ ਜਾਂਦੇ ਹਨ। ਸਵਾਲ ਇਹ ਉੱਠਦਾ ਹੈ ਕਿ ਅਪਰਾਧ ਅਤੇ ਸਿਆਸਤ ਦੇ ਵਿਚਕਾਰ ਇਹ ਕਾਲਾ ਅਤੇ ਖ਼ਤਰਨਾਕ ਗੱਠਜੋੜ ਕਿਉਂ ਅਤੇ ਕਿਵੇਂ ਵਧ-ਫੁੱਲ ਰਿਹਾ ਹੈ।

ਭਾਰਤੀ ਸਿਆਸਤ ਵਿੱਚ ਸਾਰੀਆਂ ਸਿਆਸੀ ਧਿਰਾਂ ਸਾਫ਼-ਸੁਥਰੀ ਸਿਆਸਤ ਦੇ ਪੱਖ ਵਿੱਚ ਹਨ, ਪਰ ਹੈਰਾਨੀ ਵਾਲੀ ਗੱਲ ਹੈ ਕਿ ਚੋਣਾਂ ਦੌਰਾਨ ਉਹਨਾਂ ਅਪਰਾਧਿਕ ਪਿਛੋਕੜ ਵਾਲੇ ਨੇਤਾਵਾਂ ਨੂੰ ਅੱਗੇ ਲਿਆਉਣ 'ਚ ਕੋਈ ਹਿਚਕਾਹਟ ਨਹੀਂ ਵਿਖਾਈ ਜਾਂਦੀ। ਨਤੀਜਾ ਇਹ ਨਿਕਲਦਾ ਹੈ ਕਿ ਦਾਗ਼ੀ ਨੇਤਾ ਵਿਧਾਨ ਸਭਾਵਾਂ ਤੋਂ ਲੈ ਕੇ ਭਾਰਤੀ ਸੰਸਦ ਤੱਕ ਪਹੁੰਚ ਜਾਂਦੇ ਹਨ ਅਤੇ ਹੋਰ ਤਾਕਤਵਰ ਧੱਕਾ-ਧੌਂਸ ਨੇਤਾ ਬਣ ਜਾਂਦੇ ਹਨ।

ਦੇਸ਼ ਵਿੱਚ ਪਿਛਲੇ ਕਈ ਦਹਾਕਿਆਂ ਵਿੱਚ ਸਿਆਸਤ ਦਾ ਜਿਸ ਤਰ੍ਹਾਂ ਅਪਰਾਧੀਕਰਨ ਹੋਇਆ ਹੈ, ਉਸ ਨਾਲ ਲੋਕਤੰਤਰ ਦੇ ਉਦੇਸ਼ਾਂ ਅਤੇ ਨਿਸ਼ਾਨਿਆਂ ਨੂੰ ਗਹਿਰੀ ਸੱਟ ਲੱਗੀ ਹੈ। ਭਾਰਤੀ ਪਾਰਲੀਮੈਂਟ ਵਿੱਚ ਸਿਆਣਿਆਂ ਦੇ ਸਦਨ ਰਾਜ ਸਭਾ ਸੰਬੰਧੀ ਛਪੀ ਇੱਕ ਰਿਪੋਰਟ ਨਾਲ ਆਮ ਲੋਕਾਂ 'ਚ ਵੱਡੀ ਚਿੰਤਾ ਉਸ ਸਮੇਂ ਸਾਹਮਣੇ ਆਈ, ਜਦੋਂ ਵੇਖਿਆ ਗਿਆ ਕਿ ਰਾਜ ਸਭਾ ਦੇ 32 ਫ਼ੀਸਦੀ ਮੌਜੂਦਾ ਮੈਂਬਰਾਂ ਉੱਤੇ ਅਪਰਾਧਿਕ ਮਾਮਲੇ ਭਾਰਤੀ ਅਦਾਲਤਾਂ ਵਿੱਚ ਲੰਬਿਤ ਹਨ। ਉਹ ਰਾਜ ਸਭਾ, ਜਿਸ ਵਿੱਚ ਮੈਂਬਰ ਹਰ ਛੇ ਸਾਲਾਂ ਬਾਅਦ ਸੂਬਿਆਂ ਦੀਆਂ ਵਿਧਾਨ ਸਭਾਵਾਂ, ਵਿਧਾਨ ਪਰਿਸ਼ਦਾਂ ਦੇ ਮੈਂਬਰਾਂ ਵੱਲੋਂ ਚੁਣੇ ਜਾਂਦੇ ਹਨ ਅਤੇ ਕੁਝ ਪ੍ਰਤੀਸ਼ਤ ਭਾਰਤ ਸਰਕਾਰ ਵੱਲੋਂ ਚੰਗੀ ਯੋਗਤਾ, ਵੱਖ-ਵੱਖ ਖੇਤਰਾਂ 'ਚ ਪ੍ਰਸਿੱਧੀ ਪ੍ਰਾਪਤ ਲੋਕ ਭੇਜੇ ਜਾਂਦੇ ਹਨ ਅਤੇ ਸਿਆਸੀ ਧਿਰਾਂ ਵਾਹ ਲੱਗਦੀ ਆਪਣੇ ਸਿਆਣੇ ਮੈਂਬਰਾਂ ਨੂੰ ਇਸ ਸਿਆਣੀ ਸੰਸਦ ਵਿੱਚ ਭੇਜਣ ਦਾ ਦਾਅਵਾ ਕਰਦੀਆਂ ਹਨ।

ਅਪ੍ਰੈਲ 2026 ਵਿੱਚ ਦੇਸ਼ ਦੀਆਂ ਪੱਛਮੀ ਬੰਗਾਲ, ਤਾਮਿਲਨਾਡੂ, ਕੇਰਲ, ਅਸਾਮ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਪਾਂਡੀਚੇਰੀ ਵਿੱਚ ਵਿਧਾਨ ਸਭਾ ਚੋਣਾਂ ਹੋ ਰਹੀਆਂ ਹਨ। ਖੱਬੇ ਪੱਖੀ ਵਿਚਾਰਧਾਰਾ ਵਾਲੇ ਕੇਰਲ ਵਿੱਚ ਏ ਡੀ ਆਰ. ਦੀ 2025 'ਚ ਛਪੀ ਰਿਪੋਰਟ ਵਿੱਚ ਸਾਹਮਣੇ ਆਇਆ ਕਿ 92 ਵਿਧਾਇਕ ਅਪਰਾਧਿਕ ਮਾਮਲਿਆਂ 'ਚ ਲਿਪਤ ਹਨ। ਇਸ ਸੰਬੰਧੀ ਉਹਨਾਂ ਵੱਲੋਂ ਦਿੱਤੇ ਹਲਫ਼ਨਾਮਿਆਂ ਵਿੱਚ ਉਹਨਾਂ ਇਹ ਗੱਲ ਕਬੂਲੀ ਹੈ ਕਿ ਉਹਨਾਂ ਖ਼ਿਲਾਫ਼ ਅਪਰਾਧਿਕ ਮਾਮਲੇ ਅਦਾਲਤਾਂ ਵਿੱਚ ਹਨ। ਪੱਛਮੀ ਬੰਗਾਲ ਦੀ ਏ ਡੀ ਆਰ. ਰਿਪੋਰਟ ਦੱਸਦੀ ਹੈ ਕਿ 223 ਤ੍ਰਿਣਮੂਲ ਕਾਂਗਰਸ ਦੇ ਵਿਧਾਇਕਾਂ ਵਿੱਚੋਂ 92 (41 ਫੀਸਦੀ), ਭਾਜਪਾ ਦੇ 64 ਵਿੱਚੋਂ 42 (66 ਫੀਸਦੀ) ਵਿਧਾਇਕਾਂ ਖ਼ਿਲਾਫ਼ ਕੇਸ ਕੋਰਟਾਂ ਵਿੱਚ ਹਨ ਤੇ 50 ਫ਼ੀਸਦੀ ਕਰੋੜਪਤੀ ਹਨ। ਇਹਨਾਂ ਅਪਰਾਧਿਕ ਮਾਮਲਿਆਂ ਵਿੱਚ ਧੋਖਾਧੜੀ, ਔਰਤਾਂ ਨਾਲ ਬਲਾਤਕਾਰ ਅਤੇ ਕਤਲ ਤੱਕ ਦੇ ਕੇਸ ਦਰਜ ਹਨ। ਤਾਮਿਲਨਾਡੂ ਵਿੱਚ 224 ਵਿੱਚੋਂ 134 ਵਿਧਾਇਕਾਂ ਉੱਤੇ, ਅਸਾਮ ਵਿੱਚ 34 ਵਿਧਾਇਕ ਅਤੇ ਪਾਂਡੀਚੇਰੀ 'ਚ 30 ਵਿੱਚੋਂ 13 ਵਿਧਾਇਕਾਂ ਉੱਤੇ ਅਪਰਾਧਿਕ ਮਾਮਲੇ ਦਰਜ ਹਨ। ਅਸਲ ਵਿੱਚ ਸਿਰਫ਼ ਕੁਝ ਪਾਰਟੀਆਂ ਨੂੰ ਛੱਡ ਕੇ ਬਾਕੀ ਸਾਰੀਆਂ ਪਾਰਟੀਆਂ ਦੇ ਨੇਤਾਵਾਂ ਵਿੱਚੋਂ ਬਹੁਤਿਆਂ ਵਿਰੁੱਧ ਇਹ ਕੇਸ ਅਦਾਲਤਾਂ ਵਿੱਚ ਲੰਮੇ ਸਮੇਂ ਤੋਂ ਚੱਲ ਰਹੇ ਹਨ।

ਧਿਆਨ ਦੇਣ ਯੋਗ ਹੈ ਕਿ ਹਰ ਸਾਲ ਏ ਡੀ ਆਰ ਦੀ ਰਿਪੋਰਟ ਛਪਦੀ ਹੈ। ਇਸ ਪ੍ਰਤੀ ਚਿੰਤਾ ਵੱਡੇ ਪੱਧਰ 'ਤੇ ਦਰਸਾਈ ਜਾਂਦੀ ਹੈ, ਪਰ ਬਾਅਦ ਵਿੱਚ ਚੁੱਪੀ ਸਾਧ ਲਈ ਜਾਂਦੀ ਹੈ, ਜਿਵੇਂ ਇਹ ਇੱਕ ਸਧਾਰਣ ਜਿਹੀ ਰਿਪੋਰਟ ਹੈ।

ਇਵੇਂ ਲੱਗਦਾ ਹੈ ਕਿ ਨਾ ਤਾਂ ਕੋਈ ਸਿਆਸੀ ਦਲ ਇਸ ਨੂੰ ਗੰਭੀਰਤਾ ਨਾਲ ਲੈਂਦਾ ਹੈ ਅਤੇ ਨਾ ਹੀ ਭਾਰਤੀ ਚੋਣ ਕਮਿਸ਼ਨ ਇਸ ਸੰਬੰਧੀ ਕੋਈ ਠੋਸ ਪਹਿਲ ਕਰਦਾ ਹੈ। ਨਤੀਜਾ ਇਹ ਨਿਕਲਦਾ ਹੈ ਕਿ ਹਰ ਵਾਰ ਦਾਗ਼ੀ ਪਿਛੋਕੜ ਵਾਲੇ ਲੋਕਾਂ ਨੂੰ ਸਿਆਸੀ ਪਾਰਟੀਆਂ ਟਿਕਟ ਦੇ ਦਿੰਦੀਆਂ ਹਨ ਅਤੇ ਉਸ ਦੇ ਨਾਮਜ਼ਦਗੀ ਉੱਤੇ ਚੋਣ ਕਮਿਸ਼ਨ ਦੀ ਮੋਹਰ ਲੱਗ ਜਾਂਦੀ ਹੈ।

ਨਰਿੰਦਰ ਮੋਦੀ ਜਦੋਂ 26 ਮਈ 2014 ਵਿੱਚ ਦੇਸ਼ ਦੇ ਪ੍ਰਧਾਨ ਮੰਤਰੀ ਬਣੇ ਸਨ ਤਾਂ ਉਹਨਾਂ ਪਾਰਲੀਮੈਂਟ ਵਿੱਚ ਇਹ ਗੱਲ ਗੱਜ-ਵੱਜ ਕੇ ਕਹੀ ਸੀ ਕਿ 'ਉਹ ਦੇਸ਼ ਦੀ ਪਾਰਲੀਮੈਂਟ ਵਿੱਚੋਂ ਅਪਰਾਧਿਕ ਪਿਛੋਕੜ ਵਾਲੇ ਲੋਕਾਂ ਤੋਂ ਸਮੁੱਚੀ ਸੰਸਦ ਨੂੰ ਮੁਕਤੀ ਦਿਵਾਉਣਗੇ।' ਆਪਣੇ 2014 ਤੋਂ 2026 ਤੱਕ ਦੇ ਰਾਜਕਾਲ 'ਚ ਏ ਡੀ ਆਰ ਦੀ ਰਿਪੋਰਟ ਅਨੁਸਾਰ ਅਪਰਾਧਿਕ ਮਾਮਲਿਆਂ ਵਾਲੇ ਐੱਮ ਪੀ ਅਤੇ ਐੱਮ ਐੱਲ ਏ ਦੀ ਹਕੀਕਤ ਇਹ ਹੈ ਕਿ ਮੌਜੂਦਾ ਲੋਕ ਸਭਾ, ਜੋ 2024 ਵਿੱਚ ਚੁਣੀ ਗਈ, ਕੁੱਲ 543 ਮੈਂਬਰਾਂ ਵਿੱਚੋਂ 251 (46 ਫੀਸਦੀ) ਉੱਤੇ ਅਪਰਾਧਿਕ ਮਾਮਲੇ ਹਨ, ਜਿਨ੍ਹਾਂ ਵਿੱਚ 170 ਉੱਤੇ ਗੰਭੀਰ ਅਪਰਾਧਿਕ ਮਾਮਲੇ ਹਨ, ਜਿਨ੍ਹਾਂ ਵਿੱਚ 151 ਇਹਨਾਂ ਕਾਨੂੰਨ-ਘਾੜਿਆਂ ਵਿਰੁੱਧ ਔਰਤਾਂ ਨਾਲ ਬਲਾਤਕਾਰ ਅਤੇ ਹੋਰ ਮਾਮਲਿਆਂ ਸੰਬੰਧੀ ਕੇਸ ਹਨ। ਦੇਸ਼ ਵਿੱਚ ਭਾਜਪਾ ਦੇ ਐੱਮ ਪੀ ਇਹਨਾਂ ਮਾਮਲਿਆਂ 'ਚ ਪਹਿਲੇ ਨੰਬਰ ਉੱਤੇ ਅਤੇ ਕਾਂਗਰਸ ਦੇ ਐੱਮ ਪੀ ਦੂਜੇ ਨੰਬਰ ਉੱਤੇ ਹਨ। ਇਹ ਅਪਰਾਧਿਕ ਮਾਮਲੇ ਅਦਾਲਤਾਂ ਵਿੱਚ ਭੁਗਤ ਰਹੇ ਹਨ।

ਦਾਗ਼ੀ ਸਿਆਸਤਦਾਨਾਂ ਦੇ ਕੇਸਾਂ ਦੀ ਸੁਣਵਾਈ ਲਈ ਵਿਸ਼ੇਸ਼ ਅਦਾਲਤਾਂ ਦਾ ਗਠਨ ਸੁਪਰੀਮ ਕੋਰਟ ਵੱਲੋਂ ਕੀਤਾ ਗਿਆ ਹੈ, ਪਰ ਅਨੇਕਾਂ ਕੇਸਾਂ ਵਿੱਚ ਫ਼ੈਸਲਾ ਸਾਲਾਂ ਬਾਅਦ ਆਉਂਦਾ ਹੈ ਅਤੇ ਇਹ ਨੇਤਾ ਆਪਣੇ ਅਹੁਦਿਆਂ ਉੱਤੇ ਕਾਇਮ ਰਹਿੰਦੇ ਹਨ। ਕਈ ਵਾਰ ਤਾਂ ਪੁਲਸ ਅਤੇ ਪ੍ਰਸ਼ਾਸਨ ਦੇ ਗੱਠਜੋੜ ਦੇ ਕਾਰਨ ਸਮੇਂ-ਸਿਰ ਜਾਂਚ ਹੀ ਪੂਰੀ ਨਹੀਂ ਕੀਤੀ ਜਾਂਦੀ ਅਤੇ ਸਿਆਸੀ ਦਲ ਆਪਣੇ ਇਹਨਾਂ ਨੇਤਾਵਾਂ ਦਾ ਅਪਰਾਧਿਕ ਪਿਛੋਕੜ ਲੋਕਾਂ ਸਾਹਮਣੇ ਵਿਖਾਉਂਦੇ ਹੀ ਨਹੀਂ। ਹਾਲਾਂਕਿ ਭਾਰਤੀ ਚੋਣ ਆਯੋਗ ਚੋਣ ਲੜਨ ਵਾਲੇ ਇਹੋ ਜਿਹੇ ਉਮੀਦਵਾਰਾਂ ਨੂੰ ਇਸ ਕਿਸਮ ਦੇ ਵੇਰਵੇ ਪ੍ਰੈੱਸ ਵਿੱਚ ਦਰਸਾਉਣ ਦੀ ਹਦਾਇਤ ਕਰਦਾ ਹੈ।

ਅਪਰਾਧਿਕ ਪਿਛੋਕੜ ਵਾਲੇ ਇਹ ਨੇਤਾ, ਧੱਕੇ-ਧੌਂਸ ਦੀ ਸਿਆਸਤ ਕਰਦਿਆਂ ਸਰਕਾਰੀ ਮਸ਼ੀਨਰੀ ਦੀ ਵਰਤੋਂ ਕਰਨ ਲਈ ਪੈਸੇ ਅਤੇ ਬਾਹੂਬਲ ਦੀ ਵਰਤੋਂ ਕਰਨ ਤੱਕ ਵੀ ਜਾਂਦੇ ਹਨ। ਹਾਲਾਂਕਿ ਭਾਰਤ ਦੀ ਸਰਬ ਉੱਚ ਅਦਾਲਤ ਸੁਪਰੀਮ ਕੋਰਟ ਨੇ ਇਹਨਾਂ ਮਾਮਲਿਆਂ ਸੰਬੰਧੀ ਗੰਭੀਰ ਫ਼ੈਸਲੇ ਲਏ ਹਨ। ਤੇਜ਼ ਗਤੀ ਵਾਲੀਆਂ ਅਦਾਲਤਾਂ ਦਾ ਗਠਨ ਕੀਤਾ ਹੈ, ਤਾਂ ਕਿ ਇਹਨਾਂ ਕੇਸਾਂ ਦਾ ਹਾਈ ਕੋਰਟਾਂ ਰਾਹੀਂ ਬਕਾਇਦਾ ਮੁਲਾਂਕਣ ਕਰਨ ਉਪਰੰਤ ਫ਼ੈਸਲੇ ਲਏ ਜਾਣ ਅਤੇ ਉਹਨਾਂ ਐੱਮ ਪੀ ਜਾਂ ਵਿਧਾਇਕਾਂ ਨੂੰ ਆਪਣੇ ਅਹੁਦਿਆਂ ਤੋਂ ਬਰਖ਼ਾਸਤ ਕੀਤਾ ਜਾ ਸਕੇ, ਪਰ ਇਸ ਸੰਬੰਧੀ ਅੱਗੋਂ ਕਾਰਵਾਈ ਚਿੰਤਾ ਦਾ ਵਿਸ਼ਾ ਹੈ।

ਸਿਆਸਤ ਵਿੱਚ ਜਦੋਂ ਤੋਂ ਬਾਹੂਬਲ ਅਤੇ ਧਨ ਦੀ ਵਰਤੋਂ ਲੋਕਾਂ ਨੂੰ ਪ੍ਰਭਾਵਤ ਕਰਨ ਲਈ ਵਧੀ ਹੈ, ਚੋਣਾਂ ਜਿੱਤਣ ਲਈ ਇਸ ਦੀ ਵਰਤੋਂ ਲਗਭਗ ਸਾਰੀਆਂ ਪਾਰਟੀਆਂ ਕਰਨ ਲੱਗੀਆਂ ਹਨ, ਤਾਂ ਕਿ ਸੱਤਾ ਹਥਿਆਈ ਜਾ ਸਕੇ। ਸਿਆਸੀ ਪਾਰਟੀਆਂ ਦੀ ਪਹਿਲ ਹੁਣ ਲੋਕ ਸੇਵਾ ਨਹੀਂ ਰਹੀ, ਸਗੋਂ ਚੋਣ ਜਿੱਤ ਤੱਕ ਸੀਮਤ ਹੋ ਗਈ ਹੈ, ਕਿਉਂਕਿ ਦੇਸ਼ ਵਿੱਚ ਜਾਤ ਅਤੇ ਧਰਮ ਦੇ ਆਧਾਰ ਉੱਤੇ ਵੋਟ ਬੈਂਕ ਹਥਿਆਏ ਜਾ ਰਹੇ ਹਨ। ਇਸੇ ਕਰਕੇ ਤਾਕਤਵਰ ਉਮੀਦਵਾਰ ਅੱਗੇ ਆ ਰਹੇ ਹਨ, ਜਿਹੜੇ ਕਾਲੇ ਧਨ ਦੀ ਖੁੱਲ੍ਹੇਆਮ ਵਰਤੋਂ ਕਰਦੇ ਹਨ। ਇਹਨਾਂ ਪਿੱਛੇ ਗੈਂਗ ਜੁੜੇ ਹਨ ਅਤੇ ਲੋੜ ਵੇਲੇ ਤਾਕਤ ਦੀ ਵਰਤੋਂ ਕਰਦੇ ਹਨ।

ਦੇਸ਼ ਦੇ ਪੇਂਡੂ ਅਤੇ ਪੱਛੜੇ ਖੇਤਰਾਂ ਵਿੱਚ ਇਹਨਾਂ ਉਮੀਦਵਾਰਾਂ ਦੇ ਅਪਰਾਧਿਕ ਪਿਛੋਕੜ ਦੀ ਗੱਲ ਨਹੀਂ ਪੁੱਜਦੀ, ਜੇਕਰ ਪੁੱਜਦੀ ਵੀ ਹੈ ਤਾਂ ਸਿਆਸੀ ਧਿਰਾਂ ਇਸ ਦਾ ਕੋਈ ਨਾ ਕੋਈ ਤੋੜ ਲੱਭ ਕੇ ਪੈਸੇ ਦੀ ਵਰਤੋਂ ਕਰਕੇ ਵੋਟਰਾਂ ਨੂੰ ਭਰਮਾ ਲੈਂਦੀਆਂ ਹਨ ਜਾਂ ਡਰਾ ਲੈਂਦੀਆਂ ਹਨ।

ਚੋਣਾਂ 'ਚ ਸਿਆਸੀ ਧੱਕਾ ਤੇ ਪੈਸੇ ਦੀ ਵਰਤੋਂ ਚੋਣਾਵੀਂ ਬਾਂਡ (ਇਲੈਕਟੋਰਲ ਬੌਂਡਜ਼) ਨੇ ਵਧਾਈ, ਕਿਉਂਕਿ ਵੱਡੇ ਕਾਰਪੋਰੇਟ ਅਸਿੱਧੇ ਨਹੀਂ ਸਗੋਂ ਸਿੱਧੇ ਤੌਰ 'ਤੇ ਇਸ 'ਚ ਆਪਣਾ ਹਿੱਸਾ, ਯੋਗਦਾਨ ਪਾਉਣ ਲੱਗੇ ਅਤੇ ਸਮਾਜ, ਵਪਾਰ, ਸਿਆਸਤ ਨੂੰ ਪ੍ਰਭਾਵਿਤ ਕਰਨ ਲੱਗੇ। ਉਹਨਾਂ ਦੀ ਪਹੁੰਚ ਦੰਭੀ ਸਿਆਸਤਦਾਨਾਂ ਤੱਕ ਵਧੀ ਅਤੇ ਉਹਨਾਂ ਦੇਸ਼ ਦੀ ਸਿਆਸਤ ਨੂੰ ਪ੍ਰਭਾਵਤ ਕਰਨ ਅਤੇ ਆਪਣੇ ਅਨੁਸਾਰ ਨੀਤੀਆਂ ਬਣਾਉਣ ਲਈ ਇਸ ਹਥਿਆਰ ਦੀ ਵਰਤੋਂ ਪਹਿਲਾਂ ਚੁੱਪ-ਚਾਪ ਅਤੇ ਹੁਣ ਸਿੱਧੇ ਤੌਰ 'ਤੇ ਕਰਨੀ ਸ਼ੁਰੂ ਕੀਤੀ ਹੋਈ ਹੈ ਅਤੇ ਦੇਸ਼ ਦੇ ਹਰ ਅਦਾਰੇ ਤੱਕ ਪਹੁੰਚ ਵਧਾਈ ਹੋਈ ਹੈ।

ਜਦੋਂ ਤੱਕ ਸਿਆਸੀ ਧਿਰਾਂ ਸਾਫ਼ ਦਿੱਖ ਅਤੇ ਲੋਕ-ਹਿਤੈਸ਼ੀ ਪਹੁੰਚ ਵਾਲੇ ਲੋਕਾਂ ਨੂੰ ਅੱਗੇ ਨਹੀਂ ਲਿਆਉਂਦੀਆਂ, ਉਦੋਂ ਤੱਕ ਇਸ ਕਾਲੇ ਕਾਰੋਬਾਰ-ਕਾਲੇ ਬਜ਼ਾਰ ਉੱਤੇ ਕਾਬੂ ਪਾਉਣਾ ਔਖਾ ਹੈ। ਸਮੇਂ ਦੀ ਲੋੜ ਹੈ ਕਿ ਕਾਇਦੇ-ਕਾਨੂੰਨ ਅਨੁਸਾਰ ਅਪਰਾਧਿਕ ਮਾਮਲੇ ਦਰਜ ਹੋਣ ਉੱਤੇ ਦਾਗ਼ੀ ਨੇਤਾਵਾਂ ਨੂੰ ਚੋਣ ਲੜਨ ਤੋਂ ਰੋਕਿਆ ਜਾਣਾ ਚਾਹੀਦਾ ਹੈ। ਇਹ ਸਾਫ਼-ਸੁਥਰੀ ਰਾਜਨੀਤੀ ਲਈ ਜ਼ਮੀਨ ਤਿਆਰ ਕਰਨ ਦੀ ਦਿਸ਼ਾ ਵੱਲ ਵੱਡਾ ਕਦਮ ਸਾਬਤ ਹੋ ਸਕਦਾ ਹੈ। ਅੱਜ ਭਾਰਤੀ ਲੋਕਤੰਤਰ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਸਮੇਂ ਦੀ ਲੋੜ ਹੈ, ਜਿਸ ਤੋਂ ਲਗਭਗ ਸਮੁੱਚੀਆਂ ਸਿਆਸੀ ਪਾਰਟੀਆਂ ਪਿੱਠ ਕਰੀ ਬੈਠੀਆਂ ਹਨ। ਜੇਕਰ ਇਸ ਰੁਝਾਨ ਨੂੰ ਸਮੇਂ ਸਿਰ ਨਹੀਂ ਰੋਕਿਆ ਗਿਆ, ਤਾਂ ਉਹ ਦਿਨ ਦੂਰ ਨਹੀਂ ਜਦੋਂ ਲੋਕਤੰਤਰ ਸਿਰਫ਼ ਕਾਗਜ਼ੀ ਪ੍ਰਣਾਲੀ ਬਣ ਕੇ ਰਹਿ ਜਾਵੇਗਾ।

# ਸੰਪਰਕ : 98158-02070

# ਅਧਿਆਪਕਾਂ ਲਈ ਪੀ ਐੱਸ ਟੈੱਟ ਕਿੰਨਾ ਕੁ ਜਾਇਜ਼



ਗੁਰਿੰਦਰ ਕਲੇਰ

ਇਸ ਲੇਖ ਨੂੰ ਮੈਂ ਆਪਣੇ ਤੋਂ ਸ਼ੁਰੂ ਕਰਨ ਜਾ ਰਿਹਾ ਹਾਂ। ਮੇਰੀ ਬਤੌਰ ਡਰਾਇੰਗ ਅਧਿਆਪਕ ਨਿਯੁਕਤੀ ਸੰਨ 2001 ਵਿੱਚ ਰੈਗੂਲਰ ਸਿੱਖਿਆ ਵਿਭਾਗ ਵਿੱਚ ਹੋਈ ਸੀ। ਮੇਰੇ ਮੈਟ੍ਰਿਕ ਤੋਂ 77 ਫੀਸਦੀ ਅਤੇ ਡਿਪਲੋਮੇ ਤੋਂ 62 ਫੀਸਦੀ ਨੰਬਰ ਸਨ। ਮੇਰੀ ਨੌਕਰੀ ਸਮੇਂ ਹੈਂਡੀਕੈਪਡ ਕੋਟੇ ਵਿੱਚ ਮੈਰਿਟ ਪੰਜਾਬ ਵਿੱਚ ਪਹਿਲੇ ਨੰਬਰ 'ਤੇ ਸੀ। ਜੇਕਰ ਇਹਨਾਂ ਨੰਬਰਾਂ ਦੀ ਤੁਲਨਾ ਅੱਜ ਦੇ ਬੱਚਿਆਂ ਦੇ ਨੰਬਰਾਂ ਨਾਲ ਕੀਤੀ ਜਾਵੇ ਤਾਂ ਇਹ ਬਹੁਤ ਘੱਟ ਹਨ। ਅੱਜ ਨੌਕਰੀ 24 ਸਾਲ ਤੋਂ ਉੱਪਰ ਹੋ ਗਈ ਹੈ। ਇੱਕ ਸਤੰਬਰ 2025 ਨੂੰ ਮਾਣਯੋਗ ਸੁਪਰੀਮ ਕੋਰਟ ਦਾ ਫੈਸਲਾ ਆਇਆ ਕਿ ਦੇਸ਼ ਦੇ ਸਮੂਹ ਅਧਿਆਪਕਾਂ ਨੂੰ ਟੈੱਟ ਦਾ ਪੇਪਰ ਪਾਸ ਕਰਨਾ ਜ਼ਰੂਰੀ ਹੋਵੇਗਾ, ਜਿਨ੍ਹਾਂ ਦੀ ਨੌਕਰੀ ਪੰਜ ਸਾਲ ਤੋਂ ਵੱਧ ਅਜੇ ਰਹਿੰਦੀ ਹੈ, ਨਹੀਂ ਤਾਂ ਕੋਰਟ ਦੇ ਫੈਸਲਾ ਆਉਣ ਤੋਂ ਦੋ ਸਾਲ ਬਾਅਦ ਰਿਟਾਇਰਡ ਕਰ ਦਿੱਤਾ ਜਾਵੇਗਾ। ਕੋਰਟ ਦਾ ਫੈਸਲਾ ਸਭ ਲਈ ਹੈਰਾਨੀਜਨਕ ਸੀ। ਮੈਨੂੰ ਨਹੀਂ ਲੱਗਦਾ ਕਿ ਦੁਨੀਆ ਦੇ ਕਿਸੇ ਦੇਸ਼ ਵਿੱਚ ਇਵੇਂ ਦਾ ਕੋਈ ਫੈਸਲਾ ਕਦੀ ਕੀਤਾ ਗਿਆ ਹੋਵੇ, ਜਿਸ ਵਿੱਚ ਵਿਭਾਗ ਦੀਆਂ ਸ਼ਰਤਾਂ ਪੂਰੀਆਂ ਕਰਕੇ ਨੌਕਰੀ ਵਿੱਚ ਆਏ ਲੋਕਾਂ 'ਤੇ ਕੋਈ ਇਸ ਤਰ੍ਹਾਂ ਦੀ ਸ਼ਰਤ ਲਗਾਈ ਗਈ ਹੋਵੇ। ਜੇਕਰ ਇਸ ਗੱਲ ਤੇ ਵਿਚਾਰ ਕੀਤੀ ਜਾਵੇ ਕਿ ਅਧਿਆਪਕ ਇਸ ਟੈਸਟ ਦੇਣ ਦਾ ਵਿਰੋਧ ਕਿਉਂ ਕਰ ਰਹੇ ਹਨ ਨੌਕਰੀ ਚਲੀ ਜਾਣ ਦਾ ਡਰ ਦਿਮਾਗੀ ਬੋਝ ਬਣਿਆ ਹੋਇਆ ਹੈ। ਲਗਭਗ 40-50 ਸਾਲ ਦੀ ਉਮਰ ਵਿੱਚ ਮਨੁੱਖ ਸਭ ਤੋਂ ਵੱਧ ਜਿੰਮੇਵਾਰੀਆ ਵਿੱਚ ਘਿਰਿਆ ਹੁੰਦਾ ਹੈ। ਨੌਕਰੀ, ਪਰਿਵਾਰ-ਸਮਾਜ, ਬਜੁਰਗ ਮਾਪਿਆ, ਬੇਰੁਜਗਾਰ ਬੱਚਿਆ ਦੀ ਜਿੰਮੇਵਾਰੀ ਵਿਆਹਾਂ ਦਾ ਫਿਕਰ ਆਦਿ। ਇਹਨਾਂ ਜਿੰਮੇਵਾਰੀਆ ਨੂੰ ਨਭਾਉਣ ਲਈ ਪੈਸੇ ਦੀ ਜਰੂਰਤ ਹੁੰਦੀ ਹੈ। ਜੇਕਰ ਨੌਕਰੀ ਹੀ ਨਾ ਰਹੀ ਤਾਂ ਪੈਸਾ ਕਿੱਥੋਂ ਆਵੇਗਾ? ਕਿਉਕਿ ਇਸ ਉਮਰ ਵਿੱਚ ਨਵਾ ਕੰਮ ਸਿੱਖਣਾ ਤੇ ਕਰਨਾ ਸੰਭਵ ਨਹੀਂ ਹੈ। ਇਸ ਟੈਸਟ ਦੇ ਸੰਬੰਧ ਵਿੱਚ ਜੇਕਰ ਪੰਜਾਬ ਸਰਕਾਰ ਦੇ ਰੋਲ ਨਭਾਉਣ ਦੀ ਗੱਲ ਕੀਤੀ ਜਾਵੇਂ ਤਾਂ ਅਧਿਆਪਕ ਵਰਗ ਨੂੰ ਇਸ ਗੱਲ ਦਾ ਰੋਸ ਹੈ ਕਿ ਸਰਕਾਰ ਨੇ ਕਾਹਲੀ ਨਾਲ ਇਸ ਟੈਸਟ ਨੂੰ ਅਧਿਆਪਕਾਂ ਤੇ ਥੋਪ ਦਿੱਤਾ। ਸਿੱਖਿਆ ਵਿਭਾਗ ਵੱਲੋ ਇੱਕ ਚਿੱਠੀ ਜਾਰੀ ਕਰ ਦਿੱਤੀ ਗਈ ਕਿ ਕੋਈ ਵੀ ਅਧਿਆਪਕ ਸਕੂਲ ਸਮੇਂ ਦੌਰਾਨ ਪੜ੍ਹੇਗਾ ਨਹੀ। ਪਰੰਤੂ ਇਸ ਟੈਸਟ ਵਿੱਚ ਜਨਰਲ ਕੈਟਾਗਰੀ ਲਈ 60% ਅਤੇ ਕੋਟੇ (ਰਿਜਰਵੇਸ਼ਨ) ਵਿੱਚ 55% ਨੰਬਰ ਪ੍ਰਾਪਤ ਕਰਨੇ ਹੋਣਗੇ। ਇੱਕ ਵਿਦਿਆਰਥੀਆ ਜੋ ਲਗਾਤਾਰ ਆਪਣੀ ਪੜ੍ਹਾਈ ਕਰ ਰਿਹਾ ਹੁੰਦਾ ਹੈ ਅਤੇ ਉਸ ਦੇ ਉਪਰ ਸਿਰਫ਼ ਪੜਣ ਦੀ ਹੀ ਜਿੰਮੇਵਾਰੀ ਹੁੰਦੀ ਹੈ। ਇਹਨਾਂ ਵਿਦਿਅਰਥੀਆਂ ਨਾਲ ਨੌਕਰੀ ਕਰ ਰਹੇ ਅਧਿਆਪਕਾਂ ਦੀ ਤੁਲਨਾ ਕਰਨੀ ਗਲਤ ਹੋਵੇਗੀ, ਕਿਉਂਕਿ ਇੱਕ ਅਧਿਆਪਕ ਨੂੰ ਸਵੇਰ ਦੀ ਤਿਆਰੀ ਤੋਂ ਘਰ ਵਾਪਸੀ ਤੱਕ ਲਗਭਗ 9-10 ਘੰਟੇ ਦਾ ਸਮਾਂ ਲੱਗ ਜਾਂਦਾ ਹੈ ਅਤੇ ਘਰ ਜਾ ਕੇ ਘਰ ਦੇ ਕੰਮ। ਉਮਰ ਦੇ ਲਿਹਾਜ਼ ਨਾਲ ਯਾਦਸ਼ਕਤੀ ਵੀ ਕਮਜ਼ੋਰ ਹੋ ਜਾਦੀ ਹੈ। ਕਹਿਣ ਦਾ ਮਤਲਬ ਇਸ ਟੈਸਟ ਵਿੱਚ ਅਧਿਆਪਕਾਂ ਦੀਆ ਮੁਸ਼ਕਲਾਂ ਨੂੰ ਸਮਝਦੇ ਹੋਏ ਘੱਟ ਤੋਂ ਘੱਟ 10 ਨੰਬਰ ਦੀ ਗਰੇਸ ਦਿੱਤੀ ਜਾਵੇ। ਇਹ ਇਸ ਟੈਸਟ ਨੂੰ ਗਰੈਜੂਏਸ਼ਨ, ਮਾਸਟਰ (ਐੱਮ.ਏ) ਲੈਵਲ ਦਾ ਕਿਹਾ ਜਾਵੇ ਤਾਂ ਗਲਤ ਨਹੀ ਹੋਵੇਗਾ, ਪਰੰਤੂ ਪੁਰਾਣੇ ਆਰਟ ਐਂਡ ਕਰਾਫਟ ਅਧਿਆਪਕਾਂ ਦੀ ਵਿੱਦਿਅਕ ਯੋਗਤਾ ਮੈਟ੍ਰਿਕ +ਦੋ ਸਾਲ ਡਿਪਲੋਮਾ ਅਤੇ ਪੀ ਟੀ ਆਈ ਦੀ 12ਵੀਂ ਤੇ ਡਿਪਲੋਮਾ ਸੀ। ਗਰੇਸ ਨੰਬਰ ਮਿਲਣੇ ਜ਼ਰੂਰੀ ਹਨ। ਸਰਕਾਰ ਵੱਲੋਂ ਇਸ ਟੈਸਟ ਵਿੱਚ ਸਪੋਰਟਸ ਕੋਟੇ ਨੂੰ ਵੀ ਨਹੀਂ ਵਿਚਾਰਿਆ ਗਿਆ। ਬਹੁਤ ਸਾਰੇ ਅਧਿਆਪਕਾਂ ਟੈਸਟ ਭਰਨ ਸਮੇਂ ਆਪਣੀ ਕੈਟਾਗਰੀ ਗਲਤ ਭਰ ਲਈ ਸੀ। ਫਾਈਨਲ ਐਨਸਰ ਕੀਅ ਤੋਂ ਪਹਿਲਾਂ ਸੋਧ ਦਾ ਇੱਕ ਮੌਕਾ ਜ਼ਰੂਰਤ ਦਿੱਤਾ ਜਾਵੇ। ਜੇਕਰ ਇਹਨਾ ਨੂੰ ਸੋਧ ਦਾ ਮੌਕਾ ਦਿੱਤਾ ਜਾਂਦਾ ਹੈ ਤਾ ਇਹਨਾਂ ਦੀ ਪਾਸ ਪ੍ਰਤੀਸ਼ਤਤਾ ਵਧ ਜਾਵੇਗੀ ਅਤੇ ਕਿਸੇ ਉਮੀਦਵਾਰ (ਅਧਿਆਪਕ) ਦਾ ਕਿਸੇ ਤਰ੍ਹਾਂ ਦਾ ਕੋਈ ਨੁਕਸਾਨ ਵੀ ਨਹੀਂ ਹੋਵੇਗਾ।

# ਸੰਪਰਕ : 99145-38888

# ਐਲਗੋਰਿਦਮਿਕ ਜੰਗ ਦਾ ਨਵਾਂ ਯੁੱਗ

**ਮੂਲ : ਰਾਜਨ ਕੇ ਸ੍ਰੀਸਾਗਰ**
**ਅਨੁਵਾਦ : ਐੱਮ ਐੱਸ ਭਾਟੀਆ**

**ਮੌਤ ਦਾ ਨਵਾਂ ਗਣਿਤ**

ਅੱਜ ਦੁਨੀਆ ਬੇਹੱਦ ਤੇਜ਼ੀ ਨਾਲ ਬਦਲ ਰਹੀ ਹੈ ਅਤੇ ਇਸ ਨਾਲ ਜੰਗ ਦੀ ਪਰਿਭਾਸ਼ਾ ਵੀ ਬਦਲ ਰਹੀ ਹੈ। ਪੈਟਰੀਅਟ ਮਿਜ਼ਾਇਲ ਵਰਗੇ ਮਹਿੰਗੇ ਹਥਿਆਰਾਂ ਦੇ ਆਸਰੇ ਕੀਤੇ ਜਾਣ ਵਾਲੇ ਹਮਲਿਆਂ ਦੀ ਥਾਂ ਹੁਣ ਇੱਕ ਨਵੀਂ, ਵੱਧ ਡਰਾਉਣੀ ਅਤੇ ਹੋਰ ਨਿਰਦਈ ਤਕਨੀਕ ਨੇ ਲੈ ਲਈ ਹੈ। ਇਹ ਤਕਨੀਕ ਹੈ ਐਲਗੋਰਿਦਮਿਕ ਜੰਗ (ਕਿਸੇ ਜੰਗ ਨੂੰ ਲੜਨ ਲਈ ਨਿਸਚਿਤ ਤਰਤੀਬ ਨਾਲ ਬਣਾਏ ਕਦਮ)।

ਜੰਗ ਦੇ ਮੈਦਾਨ ਵਿੱਚ ਦੁਸ਼ਮਣ ਨੂੰ ਨਸ਼ਟ ਕਰਨ ਲਈ ਹੁਣ ਮਸ਼ੀਨ ਲਰਨਿੰਗ, ਏ ਆਈ ਅਤੇ ਵਿਸ਼ਾਲ ਡਾਟਾ ਸੈਂਟਰਾਂ ਦੀ ਵਰਤੋਂ ਕੀਤੀ ਜਾ ਰਹੀ ਹੈ। ਇਹ ਤਕਨੀਕ ਜਿਸ ਠੰਢੇਪਣ, ਤੇਜ਼ੀ ਅਤੇ ਨਿਰਦਯਤਾ ਨਾਲ ਕੰਮ ਕਰ ਰਹੀ ਹੈ, ਉਸ ਨੇ ਨਾ ਕੇਵਲ ਜੰਗ ਦਾ ਰੂਪ ਬਦਲ ਦਿੱਤਾ ਹੈ, ਸਗੋਂ ਅਮਰੀਕਾ, ਇਜ਼ਰਾਈਲ ਅਤੇ ਉਨ੍ਹਾਂ ਦੀਆਂ ਨਿੱਜੀ ਕਾਰਪੋਰੇਟ ਕੰਪਨੀਆਂ ਦਾ ਅਸਲੀ ਚਿਹਰਾ ਵੀ ਦੁਨੀਆ ਸਾਹਮਣੇ ਲਿਆ ਦਿੱਤਾ ਹੈ। ਇਹ ਚਿਹਰਾ ਹੈ ਖ਼ੂਨ ਦੇ ਵਪਾਰ 'ਤੇ ਟਿਕੇ ਪੂੰਜੀਵਾਦ ਦਾ।

**ਅਮਰੀਕਾ ਦਾ ਡਿਜੀਟਲ ਏਅਰ ਕੰਟਰੋਲਰ : ਮੇਵਨ ਸਮਾਰਟ ਸਿਸਟਮ**

ਈਰਾਨ ਦੇ ਖ਼ਿਲਾਫ਼ ਹਾਲੀਆ ਕਾਰਵਾਈਆਂ ਵਿੱਚ ਅਮਰੀਕਾ ਨੇ ਆਪਣਾ ਇਹ ਨਵਾਂ ਭਿਆਨਕ ਰੂਪ ਦਿਖਾਇਆ ਹੈ। ਪੈਂਟਾਗਨ ਦੇ ਐਲਗੋਰਿਦਮਿਕ ਜੰਗ ਪ੍ਰੋਗਰਾਮ ਤਹਿਤ ਤਿਆਰ ਕੀਤਾ ਗਿਆ ਮੇਵਨ ਸਮਾਰਟ ਸਿਸਟਮ ਸਿਰਫ਼ ਇੱਕ ਸਾਫਟਵੇਅਰ ਨਹੀਂ, ਸਗੋਂ ਇੱਕ ਪੂਰਾ ਹੱਤਿਆ ਤੰਤਰ ਹੈ।

ਇਹ ਮਨੁੱਖੀ ਅੱਖਾਂ ਤੋਂ ਲੁਕੀਆਂ ਹੋਈਆਂ ਕਾਰਵਾਈਆਂ ਅਤੇ ਪੈਟਰਨਾਂ ਨੂੰ ਪਛਾਣ ਕੇ ਸੰਭਾਵਿਤ ਨਿਸ਼ਾਨਿਆਂ ਦੀ ਸੂਚੀ ਤਿਆਰ ਕਰਦਾ ਹੈ। ਸਿਰਫ਼ ਨਿਸ਼ਾਨੇ ਹੀ ਨਹੀਂ, ਸਗੋਂ ਉਨ੍ਹਾਂ ਦੇ ਸਟੀਕ ਜੀ ਪੀ ਐਸ ਤਾਲਮੇਲ ਵੀ ਨਿਰਧਾਰਤ ਕਰਦਾ ਹੈ, ਜਿਸ ਨਾਲ ਹਮਲੇ ਦੀ ਪ੍ਰਕਿਰਿਆ ਬੇਹੱਦ ਤੇਜ਼ ਹੋ ਜਾਂਦੀ ਹੈ।

ਅਪਰੇਸ਼ਨ ਐਪਿਕ ਫਿਊਰੀ ਦੌਰਾਨ ਪਹਿਲੇ 24 ਘੰਟਿਆਂ ਵਿੱਚ ਹੀ ਹਜ਼ਾਰਾਂ ਨਿਸ਼ਾਨਿਆਂ ਦੀ ਪਛਾਣ ਕੀਤੀ ਗਈ। ਜੋ ਕੰਮ ਪਹਿਲਾਂ 2000 ਕਰਮਚਾਰੀ ਕਈ ਮਹੀਨਿਆਂ ਵਿੱਚ ਕਰਦੇ ਸਨ, ਉਹ ਹੁਣ ਕੇਵਲ 20 ਸੈਨਿਕ ਕੁਝ ਮਿੰਟਾਂ ਵਿੱਚ ਕਰ ਸਕਦੇ ਹਨ।

ਇਸ ਦਾ ਸਿੱਧਾ ਮਤਲਬ ਹੈ—ਮੌਤ ਹੁਣ ਹੋਰ ਤੇਜ਼ੀ ਨਾਲ, ਵੱਧ ਮਾਤਰਾ ਵਿੱਚ ਅਤੇ ਹੋਰ ਸਟੀਕ ਤਰੀਕੇ ਨਾਲ ਭੇਜੀ ਜਾ ਸਕਦੀ ਹੈ।

**ਸਟੀਕਤਾ ਦਾ ਕਠੋਰ ਚਿਹਰਾ**

ਇਸ ਐਲਗੋਰਿਦਮਿਕ ਜੰਗ ਦੀ ਭਿਆਨਕਤਾ ਸਭ ਤੋਂ ਡਰਾਉਣੇ ਤਰੀਕੇ ਨਾਲ ਉਸ ਸਮੇਂ ਸਾਹਮਣੇ ਆਈ, ਜਦੋਂ ਈਰਾਨ ਦੇ ਉੱਚ ਆਗੂਆਂ 'ਤੇ ਹਮਲਾ ਕੀਤਾ ਗਿਆ।28 ਫਰਵਰੀ 2026 ਦੀ ਸਵੇਰ ਨੂੰ ਸੀਆਈਏ ਅਤੇ ਇਜ਼ਰਾਈਲ ਦੀਆਂ ਖ਼ੁਫ਼ੀਆ ਏਜੰਸੀਆਂ ਨੇ ਸਾਂਝੇ ਤੌਰ 'ਤੇ ਤਹਿਰਾਨ ਦੇ ਇੱਕ ਸਰਕਾਰੀ ਨਿਵਾਸ 'ਤੇ ਹਮਲਾ ਕੀਤਾ।

ਇਸ ਹਮਲੇ ਵਿੱਚ ਈਰਾਨ ਦੇ ਸਰਵਉਚ ਨੇਤਾ ਅਯਾਤੁੱਲਾ ਅਲੀ ਖਾਮਨੇਈ ਦੀ ਮੌਤ ਹੋ ਗਈ। ਉਨ੍ਹਾ ਨਾਲ ਉਨ੍ਹਾ ਦੀ ਧੀ, ਜਵਾਈ ਅਤੇ ਪੋਤੇ ਦੀ ਵੀ ਮੌਤ ਹੋ ਗਈ।

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਦਾਅਵਾ ਕੀਤਾ ਕਿ ਇਸ ਪਹਿਲੇ ਹੀ ਹਮਲੇ ਵਿੱਚ ਈਰਾਨ ਦੇ 48 ਉੱਚ ਪੱਧਰੀ ਨੇਤਾ ਮਾਰੇ ਗਏ।

ਨਿਊਯਾਰਕ ਟਾਈਮਜ਼ ਦੇ ਅਨੁਸਾਰ ਸੀ ਆਈ ਏ ਨੇ ਇਨ੍ਹਾਂ ਨੇਤਾਵਾਂ ਦੀ ਮੀਟਿੰਗ ਬਾਰੇ ਸਟੀਕ ਖ਼ੁਫ਼ੀਆ ਜਾਣਕਾਰੀ ਇਜ਼ਰਾਈਲ ਨੂੰ ਦਿੱਤੀ ਸੀ।ਇਜ਼ਰਾਈਲੀ ਲੜਾਕੂ ਜਹਾਜ਼ਾਂ ਨੇ ਲੰਮੀ ਦੂਰੀ ਵਾਲੀਆਂ ਮਿਜ਼ਾਈਲਾਂ ਨਾਲ ਸਵੇਰੇ 9:40 ਵਜੇ ਦੇ ਕਰੀਬ ਇਹ ਹਮਲਾ ਕੀਤਾ।

**ਇਜ਼ਰਾਈਲ ਦੇ ਰੱਖਿਆ ਮੰਤਰੀ ਨੇ ਟਵੀਟ ਕੀਤਾ:**

ਇਜ਼ਰਾਈਲ ਨੂੰ ਨਸ਼ਟ ਕਰਨ ਵਾਲੇ ਤਾਨਾਸ਼ਾਹ ਦਾ ਨਾਸ ਹੋ ਗਿਆ।

* ਮੀਨਾਬ ਵਿੱਚ ਸਕੂਲ 'ਤੇ ਹਮਲਾ *:170 ਮਾਸੂਮ ਬੱਚੀਆਂ ਦੀ ਮੌਤ

ਇਸ ਜੰਗ ਦੀ ਸਭ ਤੋਂ ਦਿਲ ਦਹਿਲਾ ਦੇਣ ਵਾਲੀ ਘਟਨਾ ਮੀਨਾਬ ਸ਼ਹਿਰ ਦੇ ਇੱਕ ਪ੍ਰਾਇਮਰੀ ਸਕੂਲ 'ਤੇ ਹਮਲਾ ਸੀ।28 ਫਰਵਰੀ ਨੂੰ ਸ਼ਜਰੇਹ ਤੈਯੇਬੇਹ ਸਕੂਲ 'ਤੇ ਹੋਏ ਹਮਲੇ ਵਿੱਚ ਲਗਭਗ 170 ਮਾਸੂਮ ਬੱਚੀਆਂ ਮਾਰੀਆਂ ਗਈਆਂ।

ਇਹ ਸਕੂਲ ਆਈ ਆਰ ਜੀ ਸੀ ਦੇ ਇੱਕ ਅੱਡੇ ਦੇ ਕੋਲ ਸੀ।

ਉਪਗ੍ਰਹਿ ਤਸਵੀਰਾਂ ਮੁਤਾਬਕ ਇੱਕ ਅਮਰੀਕੀ ਟੋਮਾਹਾਕ ਮਿਜ਼ਾਇਲ ਸਕੂਲ ਦੇ ਨੇੜੇ ਆ ਟਕਰਾਈ।

ਟਰੰਪ ਨੇ ਇਸ ਘਟਨਾ ਬਾਰੇ ਕਿਹਾ:

ਰਿਪੋਰਟ ਜੋ ਵੀ ਦਿਖਾਵੇਗੀ, ਮੈਂ ਉਸ ਨੂੰ ਮੰਨ ਲਵਾਂਗਾ।

170 ਬੱਚੀਆਂ ਦੀ ਮੌਤ ਨੂੰ ਸਿਰਫ਼ ਇੱਕ ਰਿਪੋਰਟ ਦੀ ਲਾਈਨ ਬਣਾ ਕੇ ਛੱਡ ਦੇਣਾ ਇਸ ਜੰਗ ਦੀ ਨਿਰਦਯਤਾ ਦਿਖਾਉਂਦਾ ਹੈ।

ਸੰਯੁਕਤ ਰਾਸ਼ਟਰ ਅਤੇ ਯੂਨੈਸਕੋ ਨੇ ਇਸ ਨੂੰ ਅੰਤਰਰਾਸ਼ਟਰੀ ਮਨੁੱਖੀ ਕਾਨੂੰਨ ਦੀ ਸੰਭਾਵਿਤ ਉਲੰਘਣਾ ਕਿਹਾ ਹੈ।

ਇਜ਼ਰਾਈਲ ਦੀ ਲੈਵੈਂਡਰ ਏਆਈ ਪ੍ਰਣਾਲੀ ਗਾਜ਼ਾ ਵਿੱਚ ਹਮਲਿਆਂ ਦੌਰਾਨ ਇਜ਼ਰਾਈਲ ਨੇ ਲੈਵੈਂਡਰ ਏ ਆਈ ਸਿਸਟਮ ਵਰਤਿਆ।ਇਹ ਸਿਸਟਮ ਗ਼ਲਤ ਨਿਸ਼ਾਨੇ ਚੁਣਨ ਲਈ ਕਾਫ਼ੀ ਬਦਨਾਮ ਹੈ।

ਏ ਆਈ ਮਾਡਲਾਂ ਵਿੱਚ ਹੈਲੂਸੀਨੇਸ਼ਨ (ਮੱਤ ਭਰਮ, ਜੋ ਚੀਜ਼ ਹੈ ਹੀ ਨਹੀਂ, ਉਹ ਦਿਖਾਈ ਦੇਣੀ) ਦਾ ਖ਼ਤਰਾ ਹੁੰਦਾ ਹੈ, ਪਰ ਇਜ਼ਰਾਈਲ ਨੇ ਇਸ ਦੀ ਪ੍ਰਵਾਹ ਕੀਤੇ ਬਿਨਾਂ ਹਜ਼ਾਰਾਂ ਨਾਗਰਿਕਾਂ ਨੂੰ ਨਿਸ਼ਾਨਾ ਬਣਾਇਆ। ਹਸਪਤਾਲਾਂ, ਸਕੂਲਾਂ ਅਤੇ ਰਿਹਾਇਸ਼ੀ ਇਮਾਰਤਾਂ 'ਤੇ ਹਮਲੇ ਇਸ ਦੀਆਂ ਉਦਾਹਰਣਾਂ ਹਨ।

**ਡਾਟਾ ਸੈਂਟਰ: ਨਵਾਂ ਜੰਗ ਮੈਦਾਨ**

ਇਸ ਜੰਗ ਨੇ ਇੱਕ ਨਵਾਂ ਖ਼ਤਰਨਾਕ ਰੁਝਾਨ ਵੀ ਪੈਦਾ ਕੀਤਾ ਹੈ।

ਈਰਾਨ ਨੇ ਜਵਾਬੀ ਕਾਰਵਾਈ ਵਿੱਚ ਬਹਿਰੀਨ ਅਤੇ ਯੂ ਏ ਈ (ਸੰਯੁਕਤ ਅਰਬ ਅਮੀਰਾਤ) ਵਿੱਚ ਏ ਡਬਲਯੂ ਐੱਸ ਡਾਟਾ ਸੈਂਟਰਾਂ 'ਤੇ ਹਮਲਾ ਕੀਤਾ।ਇਹ ਦੁਨੀਆ ਵਿੱਚ ਪਹਿਲੀ ਵਾਰ ਸੀ ਕਿ ਵਪਾਰਕ ਕਲਾਊਡ ਢਾਂਚੇ 'ਤੇ ਸਿੱਧਾ ਸੈਨਿਕ ਹਮਲਾ ਹੋਇਆ।

ਈਰਾਨ ਨੇ ਐਲਾਨ ਕੀਤਾ ਕਿ:

ਐਮਾਜ਼ੋਨ, ਗੂਗਲ ਅਤੇ ਮਾਈਕ੍ਰੋਸਾਫਟ ਹੁਣ ਸਾਡੇ ਜਾਇਜ਼ ਸੈਨਿਕ ਨਿਸ਼ਾਨੇ ਹਨ।

**ਕਾਰਪੋਰੇਟ ਕੰਪਨੀਆਂ ਦੇ ਖ਼ੂਨ ਨਾਲ ਰੰਗੇ ਹੱਥ**

ਇਸ ਜੰਗ ਵਿੱਚ ਕਈ ਵੱਡੀਆਂ ਕੰਪਨੀਆਂ ਸ਼ਾਮਲ ਹਨ:

ਪਾਲੈਂਟੀਰ:ਮੇਵਨ ਸਿਸਟਮ ਬਣਾਉਣ ਵਾਲੀ ਕੰਪਨੀ।

**ਐਂਥਰੋਪਿਕ** : ਏ ਆਈ ਸੁਰੱਖਿਆ ਦੇ ਨਾਂਅ 'ਤੇ ਕਲਾਊਡ ਏ ਆਈ ਪੈਂਟਾਗਨ ਨੂੰ ਦਿੱਤਾ।

ਐਮਾਜ਼ੋਨ, ਗੂਗਲ, ਮਾਈਕ੍ਰੋਸਾਫਟ ਅਮਰੀਕੀ ਫ਼ੌਜ ਨੂੰ ਕਲਾਊਡ ਸੇਵਾਵਾਂ ਦਿੰਦੇ ਹਨ।

ਮੇਟਾ(ਫੇਸਬੁਕ) ਸਨੋਡਨ ਦੇ ਖੁਲਾਸਿਆਂ ਮੁਤਾਬਕ ਪ੍ਰਿਸਮ ਪ੍ਰੋਗਰਾਮ ਦਾ ਹਿੱਸਾ ਹਨ।

ਐਨ ਐਸ ਓ ਗਰੁੱਪ; ਇਜ਼ਰਾਈਲੀ ਕੰਪਨੀ ਜੋ ਪੇਗਾਸਸ ਸਪਾਈਵੇਅਰ (ਜਾਸੂਸੀ ਕਰਨ ਦੀ ਡਿਜੀਟਲ ਤਕਨੀਕ ਉਪਕਰਨ) ਬਣਾਉਂਦੀ ਹੈ।ਇਹ ਸਪਾਈਵੇਅਰ ਭਾਰਤ ਸਮੇਤ ਕਈ ਦੇਸ਼ਾਂ ਵਿੱਚ ਪੱਤਰਕਾਰਾਂ ਅਤੇ ਕਾਰਕੁਨਾਂ 'ਤੇ ਵਰਤਿਆ ਗਿਆ।

**ਸਨੋਡਨ ਦੀ ਚੇਤਾਵਨੀ**

2013 ਵਿੱਚ ਐਡਵਰਡ ਸਨੋਡਨ ਨੇ ਐੱਨ ਐੱਸ ਏ ਦੇ ਪ੍ਰਿਸਮ ਪ੍ਰੋਗਰਾਮ ਦਾ ਖੁਲਾਸਾ ਕੀਤਾ ਸੀ।

ਇਸ ਪ੍ਰੋਗਰਾਮ ਰਾਹੀਂ ਐੱਨ ਐੱਸ ਏ ਨੂੰ ਗੂਗਲ, ਫੇਸਬੁਕ ,ਐਪਲ ਅਤੇ ਮਾਈਕਰੋਸਫਟ ਦੇ ਸਰਵਰਾਂ ਤੱਕ ਸਿੱਧੀ ਪਹੁੰਚ ਮਿਲਦੀ ਸੀ।

**ਇਹ ਜੰਗ ਨਹੀਂ —ਇਹ ਕਾਰੋਬਾਰ ਹੈ**

ਅੱਜ ਜੰਗ ਇੱਕ ਲਾਭਦਾਇਕ ਉਦਯੋਗ ਬਣ ਚੁੱਕੀ ਹੈ।

ਏ ਆਈ ਐਲਗੋਰਿਦਮ, ਡਾਟਾ ਸੈਂਟਰ, ਸਪਾਈਵੇਅਰ ਅਤੇ ਹਥਿਆਰ, ਇਹ ਸਭ ਹੁਣ ਇੱਕ ਟੈਂਕ-ਮਿਲਟਰੀ-ਕਾਰਪੋਰੇਟ ਗੱਠਜੋੜ ਬਣ ਚੁੱਕੇ ਹਨ।

ਜਿੰਨੇ ਵੱਧ ਬੰਬ ਗਿਰਨਗੇ,ਓਨਾ ਵੱਧ ਡਾਟਾ ਬਣੇਗਾ, ਓਨੀ ਵੱਧ ਏ ਆਈ ਬਣੇਗੀ, ਓਨੀ ਵੱਧ ਨਿਗਰਾਨੀ ਹੋਵੇਗੀ, ਉਨਾਂ ਵੱਧ ਮੁਨਾਫ਼ਾ ਕੰਪਨੀਆਂ ਨੂੰ ਹੋਵੇਗਾ।ਇਹ ਇੱਕ ਖ਼ੂਨੀ ਚੱਕਰ ਹੈ।

**ਸੰਘਰਸ਼ ਦੀ ਲੋੜ**

ਐਡਵਰਡ ਸਨੋਡਨ ਅੱਜ ਰੂਸ ਵਿੱਚ ਜਲਾਵਤਨ ਹੈ।ਭੀਮਾ ਕੋਰੇਗਾਂਵ ਮਾਮਲੇ ਦੇ ਕਈ ਦੋਸ਼ੀ ਛੇ ਸਾਲ ਤੋਂ ਵੱਧ ਸਮੇਂ ਤੋਂ ਜੇਲ੍ਹ ਵਿੱਚ ਹਨ।

ਅਖਿਲ ਭਾਰਤੀ ਕਿਸਾਨ ਸਭਾ:

ਸਨੋਡਨ ਦੇ ਸਾਹਸ ਨੂੰ ਸਲਾਮ ਕਰਦੀ ਹੈ। ਭੀਮਾ ਕੋਰੇਗਾਂਵ ਦੇ ਦੋਸ਼ੀਆਂ ਲਈ ਇਨਸਾਫ਼ ਦੀ ਮੰਗ ਕਰਦੀ ਹੈ

ਕਾਰਪੋਰੇਟ-ਸੈਨਿਕ ਗੱਠਜੋੜ ਦੇ ਖ਼ਿਲਾਫ਼ ਸੰਘਰਸ਼ ਜਾਰੀ ਰੱਖਣ ਦਾ ਐਲਾਨ ਕਰਦੀ ਹੈ। ਕਿਸਾਨ, ਮਜ਼ਦੂਰ, ਆਦਿਵਾਸੀ, ਦਲਿਤ ਅਤੇ ਸਾਰੇ ਮਿਹਨਤਕਸ਼ ਲੋਕ ਹੀ ਇਨ੍ਹਾਂ ਜੰਗਾਂ ਦੀ ਅਸਲ ਕੀਮਤ ਚੁਕਾਉਂਦੇ ਹਨ।ਇਸ ਲਈ: ਜੰਗੀ ਉਦਯੋਗ 'ਤੇ ਰੋਕ, ਨਿਗਰਾਨੀ ਰਾਜ ਦਾ ਵਿਰੋਧ ਅਤੇ ਵਿਸ਼ਵ ਸ਼ਾਂਤੀ ਲਈ ਸੰਘਰਸ਼ ਅੱਜ ਦੀ ਸਭ ਤੋਂ ਵੱਡੀ ਲੋੜ ਹੈ, ਕਿਉਂਕਿ ਜੰਗ ਕਦੇ ਵੀ ਸਮੱਸਿਆਵਾਂ ਦਾ ਹੱਲ ਨਹੀਂ ਹੁੰਦੀ, ਇਹ ਸਿਰਫ਼ ਮੌਤ ਅਤੇ ਤਬਾਹੀ ਦਾ ਕਾਰੋਬਾਰ ਹੁੰਦੀ ਹੈ।

(ਲੇਖਕ ਅਖਿਲ ਭਾਰਤੀ ਕਿਸਾਨ ਸਭਾ ਦੇ ਪ੍ਰਧਾਨ ਹਨ)

# ਸੰਪਰਕ : 98604-88860

# ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦੀ ਅਦੁੱਤੀ ਕੁਰਬਾਨੀ ਨੇ ਦੇਸ਼ ਦੀ ਗੁਲਾਮ ਫਿਜ਼ਾ 'ਚ ਆਜ਼ਾਦੀ ਦੀ ਨਵੀਂ ਰੂਹ ਫੂਕੀ : ਜਗਰੂਪ

- ਬਨੇਗਾ ਪ੍ਰਾਪਤੀ ਮੁਹਿੰਮ ਦੇ ਬੈਨਰ ਹੇਠ ਨੌਜਵਾਨਾਂ, ਵਿਦਿਆਰਥੀਆਂ ਨੇ ਬਣਾਈ ਬਨੇਗਾ ਵਲੰਟੀਅਰ ਮਨੁੱਖੀ ਕੜੀ
- ਬਨੇਗਾ ਬਣਵਾਉਣ ਲਈ ਵਿਧਾਨ ਸਭਾ ਵੱਲ ਮਾਰਚ ਦਾ ਐਲਾਨ



ਹੁਸੈਨੀਵਾਲਾ/ਫਿਰੋਜ਼ਪੁਰ (ਅਸ਼ੋਕ ਸ਼ਰਮਾ)

ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਇਥੇ ਸ਼ਹੀਦੀ ਸਮਾਰਕ ਹੁਸੈਨੀਵਾਲਾ ਵਿਖੇ ਸ਼ਹੀਦ ਭਗਤ ਸਿੰਘ, ਸ਼ਹੀਦ ਰਾਜਗੁਰੂ ਤੇ ਸ਼ਹੀਦ ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਸ਼ਹੀਦੀ ਸਮਾਰਕ 'ਤੇ ਫੁੱਲਮਾਲਾਵਾਂ ਅਰਪਿਤ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਪ੍ਰਧਾਨ ਕਰਮਵੀਰ ਕੌਰ ਬੱਧਨੀਂ, ਸੂਬਾ ਸਕੱਤਰ ਚਰਨਜੀਤ ਸਿੰਘ ਛਾਂਗਾਰਾਏ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਮਨ ਕੁਮਾਰ ਧਰਮੂਵਾਲਾ, ਸੂਬਾ ਸਕੱਤਰ ਸੁਖਵਿੰਦਰ ਸਿੰਘ ਮਲੋਟ ਦੀ ਅਗਵਾਈ ਵਿੱਚ ਬਨੇਗਾ ਪ੍ਰਾਪਤੀ ਮੁਹਿੰਮ ਦੇ ਬੈਨਰ ਹੇਠ ਸੈਂਕੜੇ ਨੌਜਵਾਨਾਂ ਤੇ ਵਿਦਿਆਰਥੀਆਂ ਵੱਲੋਂ ਸ਼ਹੀਦ ਭਗਤ ਸਿੰਘ ਦੀ ਫੋਟੋ ਵਾਲੀ ਬਨੇਗਾ ਟੀ ਸ਼ਰਟ ਪਹਿਨ ਕੇ ਇਸ ਪ੍ਰੋਗਰਾਮ ਵਿੱਚ ਸ਼ਮੂਲੀਅਤ ਕੀਤੀ ਗਈ ਅਤੇ ਇੱਕ ਵਿਸ਼ੇਸ਼ ਬਨੇਗਾ ਵਲੰਟੀਅਰ ਮਨੁੱਖੀ ਕੜੀ ਬਣਾ ਕੇ ਵਿਲੱਖਣ ਸ਼ਰਧਾਂਜਲੀ ਦਿੱਤੀ ਗਈ।ਇਸ ਮੌਕੇ ਬਨੇਗਾ ਪ੍ਰਾਪਤੀ ਮੁਹਿੰਮ ਦੇ ਮੁੱਖ ਸਲਾਹਕਾਰ ਕਾਮਰੇਡ ਜਗਰੂਪ ਸਿੰਘ ਤੇ ਸਰਬ ਭਾਰਤ ਨੌਜਵਾਨ ਸਭਾ ਦੇ ਸਾਬਕਾ ਸੂਬਾ ਸਕੱਤਰ ਕੁਲਦੀਪ ਭੋਲਾ ਮੌਕੇ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਸ ਮੌਕੇ ਕਾਮਰੇਡ ਜਗਰੂਪ ਸਿੰਘ ਨੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਸ਼ਹੀਦ ਭਗਤ ਸਿੰਘ ਤੇ ਉਸ ਦੇ ਸਾਥੀਆਂ ਨੂੰ ਉਨ੍ਹਾਂ ਦੇ ਸ਼ਹਾਦਤ ਦਿਵਸ 'ਤੇ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਸ਼ਹੀਦ ਭਗਤ ਸਿੰਘ ਤੇ ਉਸ ਦੇ ਸਾਥੀਆਂ ਦੀ ਅਦੁੱਤੀ ਕੁਰਬਾਨੀ ਨੇ ਦੇਸ਼ ਦੀ ਗੁਲਾਮ ਫਿਜ਼ਾ ਵਿੱਚ ਆਜ਼ਾਦੀ ਦੀ ਨਵੀਂ ਰੂਹ ਫੂਕੀ ਅਤੇ ਜਵਾਨੀ ਨੂੰ ਇਨਕਲਾਬ ਦੇ ਰਾਹ ਤੋਰਿਆ।ਉਨ੍ਹਾਂ ਦੀ ਵਿਚਾਰਧਾਰਕ ਪਰਪੱਕਤਾ ਨੇ ਉਨ੍ਹਾਂ ਨੂੰ ਇਨਕਲਾਬ ਦੇ ਕੁਰਬਾਨੀਆਂ ਭਰੇ ਰਾਹ 'ਤੇ ਸਾਬਤ ਕਦਮੀ ਅੱਗੇ ਵਧਣ ਦੀ ਊਰਜਾ ਦਿੱਤੀ।ਜਵਾਨੀ ਨੂੰ ਅਜਿਹੀਆਂ ਕੁਰਬਾਨੀਆਂ ਤੋਂ ਸਬਕ ਲੈਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਸਾਨੂੰ ਇਸ ਗੱਲ ਦਾ ਮਾਣ ਹੈ ਕਿ ਜਿਨ੍ਹਾਂ ਮੁੱਖ ਮੁੱਦਿਆਂ ਨੂੰ ਲੈ ਕੇ 1997 ਵਿੱਚ ਰੁਜ਼ਗਾਰ ਪ੍ਰਾਪਤੀ ਚੇਤਨਾ ਮੁਹਿੰਮ ਦਾ ਆਗਾਜ਼ ਕੀਤਾ ਗਿਆ ਸੀ, ਉਨ੍ਹਾਂ ਵਿੱਚੋਂ ਇੱਕ ਮੁੱਖ ਮਕਸਦ ਸ਼ਹੀਦ ਭਗਤ ਸਿੰਘ ਦੇ ਵਿਚਾਰਧਾਰਕ ਕੱਦ ਨੂੰ ਦੇਸ਼ ਸਮੇਤ ਦੁਨੀਆਂ ਵਿੱਚ ਹੋਰ ਉੱਚਾ ਕਰਨਾ ਸੀ ਅਤੇ ਅੱਜ ਜਦੋਂ ਉਨ੍ਹਾਂ ਦੇ ਸ਼ਹਾਦਤ ਦਿਹਾੜੇ ਮੌਕੇ ਪੰਜਾਬ ਦੇਸ਼ ਸਮੇਤ ਦੁਨੀਆਂ ਨੇ ਵੱਧ ਤੋਂ ਵੱਧ ਦੇਸ਼ਾਂ ਵਿੱਚ ਭਗਤ ਸਿੰਘ ਤੇ ਉਸ ਦੇ ਸਾਥੀਆਂ ਦਾ ਸ਼ਹੀਦੀ ਦਿਹਾੜਾ ਇਨਕਲਾਬੀ ਜੋਸ਼ੋ ਖਰੋਸ਼ ਨਾਲ ਮਨਾਇਆ ਜਾ ਰਿਹਾ ਹੈ ਤਾਂ ਇਸ ਗੱਲ ਦਾ ਸਿਹਰਾ ਰੁਜ਼ਗਾਰ ਪ੍ਰਾਪਤੀ ਚੇਤਨਾ ਮੁਹਿੰਮ ਦੇ ਸਮੁੱਚੀ ਲੀਡਰਸ਼ਿਪ (ਮੁੱਢਲੀ ਤੇ ਮੌਜੂਦਾ) ਦੇ ਸਿਰ ਜਾਂਦਾ ਹੈ, ਜਿਨ੍ਹਾਂ ਦੇ ਅਣਥੱਕ ਯਤਨਾਂ ਤੇ ਬੇਰੋਕ ਸਰਗਰਮੀ ਸਦਕਾ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦੇ ਸ਼ਹੀਦੀ ਦਿਹਾੜੇ ਅਤੇ ਖਾਸ ਕਰ ਉਨ੍ਹਾਂ ਦੇ ਜਨਮ ਦਿਨ ਨੂੰ ਤਿਉਹਾਰ ਵਾਂਗੂ ਮਨਾਉਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ।

ਇਸ ਮੌਕੇ ਸੰਬੋਧਨ ਕਰਦਿਆਂ ਕਰਮਵੀਰ ਬੱਧਨੀਂ ਤੇ ਰਮਨ ਕੁਮਾਰ ਧਰਮੂਵਾਲਾ ਨੇ ਕਿਹਾ ਕਿ ਨੌਜਵਾਨਾਂ ਤੇ ਵਿਦਿਆਰਥੀਆਂ ਵੱਲੋਂ 2014 ਨੂੰ ਅੱਜ ਦੇ ਦਿਨ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਨੂੰ ਪਾਰਲੀਮੈਂਟ ਵਿੱਚੋਂ ਪਾਸ ਕਰਵਾਉਣ ਲਈ ਸੰਘਰਸ਼ ਦਾ ਆਗਾਜ਼ ਇਸੇ ਜਗ੍ਹਾ ਤੋਂ ਹੀ ਕੀਤਾ ਸੀ ਅਤੇ ਅੱਜ ਇਸ ਗੱਲ ਦਾ ਮਾਣ ਮਹਿਸੂਸ ਹੁੰਦਾ ਹੈ ਕਿ ਅੱਜ ਦੇਸ਼ ਦੀ ਬੇਰੁਜ਼ਗਾਰ ਜਵਾਨੀ ਕੰਨਿਆਂ ਕੁਮਾਰੀ ਤੋਂ ਲੈ ਕੇ ਜੰਮੂ ਕਸ਼ਮੀਰ ਤੱਕ ਬਨੇਗਾ ਦੀ ਪ੍ਰਾਪਤੀ ਲਈ ਸੰਘਰਸ਼ ਦੇ ਮੈਦਾਨ ਵਿੱਚ ਆ ਰਹੀ ਹੈ।ਉਨ੍ਹਾਂ ਇਹ ਵੀ ਕਿਹਾ ਕਿ ਰੁਜ਼ਗਾਰ ਦੀ ਪ੍ਰਾਪਤੀ ਲਈ ਸੰਘਰਸ਼ ਕਰ ਰਹੀ ਹਰ ਇਕ ਧਿਰ ਬਨੇਗਾ ਤੋਂ ਬਹੁਤ ਵੱਡੀ ਉਮੀਦ ਰੱਖਦੀ ਹੈ।

ਇਸ ਮੌਕੇ ਸੂਬਾ ਸਕੱਤਰ ਚਰਨਜੀਤ ਸਿੰਘ ਛਾਂਗਾਰਾਏ ਤੇ ਸੁੱਖਵਿੰਦਰ ਮਲੋਟ ਨੇ ਕਿਹਾ ਕਿ ਅੱਜ ਜਦੋਂ ਇਕ ਪਾਸੇ ਏ. ਆਈ. ਨੇ ਉਤਪਾਦਨ ਦੇ ਖੇਤਰ ਵਿੱਚ ਇਨਕਲਾਬ ਲਿਆ ਕੇ ਰੁਜ਼ਗਾਰ ਦੇ ਮੌਜੂਦਾ ਢਾਂਚੇ ਨੂੰ ਉਥਲ-ਪੁਥਲ ਕਰ ਦਿੱਤਾ ਹੈ ਤਾਂ ਸਮਾਜ ਕੋਲ ਇਕੋ ਇਕ ਸਿਧਾਂਤਕ ਹੱਲ ਹੈ ਕਿ ਰੁਜ਼ਗਾਰ ਦੀ ਗਰੰਟੀ ਕਰਦਾ ਕਾਨੂੰਨ ਬਨੇਗਾ ਪ੍ਰਾਪਤ ਕੀਤਾ ਜਾਵੇ ਅਤੇ ਕੰਮ ਸਮੇਂ ਦੀ ਕਾਨੂੰਨੀ ਸੀਮਾ 8 ਤੋਂ ਘਟਾ ਕੇ ਛੇ ਘੰਟੇ ਕੀਤੀ ਜਾਵੇ।ਆਗੂਆਂ ਨੇ ਸਮੁੱਚੇ ਤੌਰ 'ਤੇ ਐਲਾਨ ਕਰਦਿਆਂ ਕਿਹਾ ਕਿ ਰੁਜ਼ਗਾਰ ਦੀ ਗਰੰਟੀ ਕਰਦੇ ਬਨੇਗਾ ਕਾਨੂੰਨ ਨੂੰ ਪਾਸ ਕਰਵਾਉਣ ਲਈ, ਹਰ ਇਕ ਨੂੰ ਮੁਫ਼ਤ ਤੇ ਲਾਜ਼ਮੀ ਸਿੱਖਿਆ ਦਾ ਅਧਿਕਾਰ ਲੈਣ ਲਈ ਤੇ ਮੁਫ਼ਤ ਮੈਡੀਕਲ ਸਹੂਲਤਾਂ ਲਈ ਅਗਾਮੀ ਵਿਧਾਨ ਸਭਾ ਸੈਸ਼ਨ ਮੌਕੇ ਪੰਜਾਬ ਦੇ ਹਜ਼ਾਰਾਂ ਨੌਜਵਾਨਾਂ ਵਿਦਿਆਰਥੀਆਂ ਵੱਲੋਂ ਵਿਧਾਨ ਸਭਾ ਮਾਰਚ ਕੀਤਾ ਜਾਵੇਗਾ, ਜਿਸ ਜਲਦੀ ਹੀ ਰੂਪ ਰੇਖਾ ਬਣਾਈ ਜਾਵੇਗੀ।ਇਸ ਮੌਕੇ ਇਸ ਸਮਾਗਮ ਨੂੰ ਹੋਰਨਾਂ ਤੋਂ ਇਲਾਵਾ ਸਰਬ ਭਾਰਤ ਨੌਜਵਾਨ ਸਭਾ ਦੇ ਕੌਮੀ ਕੌਂਸਲ ਮੈਂਬਰ ਵਿਸ਼ਾਲ ਵਲਟੋਹਾ, ਰਮਨਦੀਪ ਕੌਰ ਮੁਕਤਸਰ, ਬੋਹੜ ਭੁੱਟਰ, ਸਟਾਲਿਨ ਲਮੋਚੜ, ਰੋਹਿਤ ਕੁਮਾਰ ਮੁਕਤਸਰ, ਰਾਜਵਿੰਦਰ ਨੌਲਾਂ, ਬਲਵਿੰਦਰ ਘੁਬਾਇਆ, ਸੋਨਾ ਧੂਨਕੀਆਂ, ਚਰਨਜੀਤ ਚਮੇਲੀ, ਸੰਦੀਪ ਜੋਧਾ, ਕੁਲਬੀਰ ਵਲਟੋਹਾ, ਕੁਲਬੀਰ ਮਹੇਸਰੀ, ਹਰਜੀਤ ਢੰਡੀਆ, ਸੁਮਿਤਰਾ ਫਾਜ਼ਿਲਕਾ, ਅਜੀਤ ਢੰਡੀਆ ਨੇ ਵੀ ਸੰਬੋਧਨ ਕੀਤਾ।

# ਮੋਦੀ ਸਰਕਾਰ ਦੇ ਮਨੂਵਾਦੀ ਸਿਸਟਮ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰਾਂਗੇ : ਬੰਤ ਬਰਾੜ

**ਸਰਵ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟ ਫੈਡਰੇਸ਼ਨ ਵੱਲੋਂ ਸ਼ਹੀਦਾਂ ਨੂੰ ਸਮਰਪਤ ਸ਼ਰਧਾਂਜਲੀ ਸਮਾਗਮ**



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ)**-ਸ਼ਹੀਦ ਭਗਤ ਸਿੰਘ ਪਾਰਕ ਨੇੜੇ ਸਰਕਾਰੀ ਕੰਨਿਆ ਹਾਈ ਸਕੂਲ ਮਾਛੀਵਾੜਾ ਸਾਹਿਬ ਵਿਖੇ ਸਰਵ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟ ਫੈਡਰੇਸ਼ਨ ਵੱਲੋਂ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੀ ਯਾਦ ਨੂੰ ਸਮਰਪਤ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਇਪਟਾ ਮੋਗਾ ਵੱਲੋਂ ਸ੍ਰ. ਭਗਤ ਸਿੰਘ ਜੀ ਦੀ ਜੀਵਨੀ 'ਤੇ ਨਾਟਕ 'ਛਿਪਣ ਤੋਂ ਪਹਿਲਾ' ਤੇ ਨਸ਼ਿਆ 'ਤੇ ਨਾਟਕ 'ਸੁਲਗਦੀ ਧਰਤੀ' ਅਤੇ ਭੰਡ ਤੇ ਇਨਕਲਾਬੀ ਗੀਤ ਪੇਸ਼ ਕੀਤੇ ਗਏ। ਮੁੱਖਵੀਰ ਸਿੰਘ ਨੇ ਲੋਕਾਂ ਨੂੰ ਵਹਿਮਾ ਭਰਮਾ 'ਚੋਂ ਕੱਢਣ ਲਈ ਯਾਦੂ ਦੇ ਟ੍ਰਿਕ ਪੇਸ਼ ਕੀਤੇ।ਇਨ੍ਹਾਂ ਤੋਂ ਇਲਾਵਾ ਸ਼ਹੀਦ ਭਗਤ ਸਿੰਘ ਪਬਲਿਕ ਹਾਈ ਸਕੂਲ ਦੇ ਬੱਚਿਆਂ ਵੱਲੋਂ ਇਨਕਲਾਬੀ ਕੋਰੀਓਗ੍ਰਾਫੀਆਂ ਪੇਸ਼ ਕੀਤੀਆਂ ਗਈਆਂ ਤੇ ਨਿੱਕੇ-ਨਿੱਕੇ ਬੱਚਿਆਂ ਵੱਲੋਂ ਇਨਕਲਾਬੀ ਕਵਿਤਾਵਾਂ ਤੇ ਗੀਤ ਪੇਸ਼ ਕੀਤੇ ਗਏ।ਇਸ ਪ੍ਰੋਗਰਾਮ ਵਿੱਚ ਉੱਘੇ ਗਾਇਕ ਮੰਜ਼ਿਲ ਸਿੱਧੂ (ਮਨੀ ਕੈਨੇਡਾ) ਵੱਲੋਂ ਵਿਸ਼ੇਸ਼ ਸਹਿਯੋਗ ਕੀਤਾ ਗਿਆ।ਇਸ ਮੌਕੇ ਸਟੇਜ ਸੈਕਟਰੀ ਦੀ ਭੂਮਿਕਾ ਸਰਵ ਭਾਰਤ ਨੌਜਵਾਨ ਸਭਾ ਦੇ ਕੈਸ਼ੀਅਰ ਗੁਰਪ੍ਰੀਤ ਸਿੰਘ ਭੱਟੀਆ ਨੇ ਨਿਭਾਈ।ਇਸ ਮੌਕੇ ਭਾਰਤੀ ਕਮਿਊਨਿਸਟ ਪਾਰਟੀ ਦੀ ਲੀਡਰਸ਼ਿਪ ਵਿਸ਼ੇਸ਼ ਤੌਰ 'ਤੇ ਪਹੁੰਚੀ, ਜਿਨ੍ਹਾਂ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ, ਸੀ ਪੀ ਆਈ ਲੁਧਿਆਣਾ ਦੇ ਸਕੱਤਰ ਕਾਮਰੇਡ ਡੀ ਪੀ ਮੌੜ, ਕਾਮਰੇਡ ਐਮ ਐਸ ਭਾਟੀਆ ਸਹਾਇਕ ਸਕੱਤਰ, ਡਾਕਟਰ ਗੁਰਪ੍ਰੀਤ ਰਤਨ, ਪੰਜਾਬ ਇਸਤਰੀ ਸਭਾ ਬਲਾਕ ਮਾਛੀਵਾੜਾ ਸਾਹਿਬ ਦੇ ਚੇਅਰਪਰਸਨ ਮੈਡਮ ਸਰਬਜੀਤ ਕੌਰ ਗਿੱਲ, ਕੁਲਵੰਤ ਕੌਰ ਨੀਲੋ, ਸੁਸ਼ਮਾ ਰਾਣੀ, ਨਗਰ ਕੌਂਸਲ ਮਾਛੀਵਾੜਾ ਸਾਹਿਬ ਦੇ ਪ੍ਰਧਾਨ ਮੋਹਿਤ ਕੁੰਦਰਾ, ਸਾਬਕਾ ਕਾਰਜਸਾਧਕ ਅਫਸਰ ਸੁੱਖਸਾਗਰ ਸਿੰਘ, ਆਪ ਦੇ ਬਲਾਕ ਪ੍ਰਧਾਨ ਨਰਿੰਦਰਪਾਲ ਸਿੰਘ ਨਿੰਦੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਸੀ ਪੀ ਆਈ ਦੇ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੇ ਭਰ ਜਵਾਨੀ 'ਚ ਭਾਰਤ ਨੂੰ ਅਜ਼ਾਦ ਕਰਵਾਉਣ ਲਈ ਆਪਣੀ ਕੁਰਬਾਨੀ ਦਿੱਤੀ ਤੇ ਫਾਂਸੀ ਦੇ ਰੱਸੇ ਚੁੰਮੇ।ਇਨਕਲਾਬੀਆਂ, ਗ਼ਦਰੀ ਬਾਬਿਆਂ ਨੇ ਅੰਗਰੇਜ਼ਾਂ ਵਿਰੁੱਧ ਲੰਮੀ ਲੜਾਈ ਲੜੀ, ਤਸੀਹੇ ਝੱਲੇ ਤੇ ਕੁਰਬਾਨੀਆਂ ਦਿੱਤੀਆਂ ਤਾਂ ਸਾਡਾ ਦੇਸ਼ ਅਜ਼ਾਦ ਹੋਇਆ।ਦੇਸ਼ ਅਜ਼ਾਦ ਹੋਏ ਨੂੰ ਸੱਤ ਦਹਾਕਿਆਂ ਤੋਂ ਵੀ ਵੱਧ ਸਮਾਂ ਹੋ ਗਿਆ।ਸ਼ਹੀਦਾਂ, ਗ਼ਦਰੀ ਬਾਬਿਆਂ ਦੇ ਸੁਪਨੇ ਸਾਕਾਰ ਨਹੀਂ ਹੋਏ। ਸ਼ਹੀਦਾਂ ਦੇ ਸੁਪਨਿਆਂ ਦਾ ਭਾਰਤ ਬਨਾਉਣ ਲਈ ਸਰਕਾਰਾਂ ਨਾਕਾਮ ਰਹੀਆਂ।ਪੰਜਾਬ ਦੀ ਗੱਲ ਕਰਦਿਆਂ ਆਗੂਆ ਨੇ ਕਿਹਾ ਕਿ ਇੱਥੇ ਨਸ਼ਿਆਂ ਦਾ ਦੌਰ ਚੱਲ ਰਿਹਾ ਹੈ। ਕੁਰੱਪਸ਼ਨ ਜ਼ੋਰਾਂ 'ਤੇ ਹੈ।ਥਾਂ-ਥਾਂ ਗੋਲੀਆਂ ਚੱਲ ਰਹੀਆਂ ਹਨ।ਪੰਜਾਬ ਉਜੜ ਰਿਹਾ ਹੈ।ਰੁਜ਼ਗਾਰ ਦਾ ਕੋਈ ਪ੍ਰਬੰਧ ਨਹੀਂ।ਨੌਜਵਾਨ ਪੀੜ੍ਹੀ ਵਿਦੇਸ਼ਾਂ ਵੱਲ ਜਾ ਰਹੀ ਹੈ।ਪਿੰਡ ਦੇ ਪਿੰਡ ਖਾਲੀ ਹੋ ਰਹੇ ਹਨ।ਲੱਖਾਂ ਲੋਕ ਇਲਾਜ ਦੁੱਖੋਂ ਮਰ ਰਹੇ ਹਨ।ਪੰਜਾਬ ਸਰਕਾਰ ਲਾਰਿਆ ਦੀ ਸਰਕਾਰ ਸਾਬਤ ਹੋਈ।ਸਾਰੇ ਦੇਸ਼ ਅੰਦਰ ਅੱਜ ਸਾਮਰਾਜ ਵਿਰੋਧੀ ਦਿਨ ਮਨਾਇਆ ਜਾ ਰਿਹਾ ਹੈ।ਅਮਰੀਕਾ ਦੀ ਗੁੰਡਾਗਰਦੀ ਦਾ ਦੌਰ ਜਾਰੀ ਹੈ।ਈਰਾਨ 'ਤੇ ਹਮਲੇ ਕੀਤੇ ਜਾ ਰਹੇ ਹਨ, ਬੇਦੋਸ਼ੇ ਲੋਕ ਮਰ ਰਹੇ ਹਨ।ਅਮਰੀਕਾ ਈਰਾਨ ਦੇ ਤੇਲ 'ਤੇ ਕਬਜ਼ਾ ਕਰਨਾ ਚਾਹੁੰਦਾ ਹੈ।ਈਰਾਨ ਸਾਮਰਾਜ ਦੇ ਵਿਰੁੱਧ ਲੜਾਈ ਲੜ ਜਰ ਰਿਹਾ ਹੈ।ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਮਰੀਕਾ ਅੱਗੇ ਗੋਡੇ ਟੇਕ ਚੁੱਕਾ ਹੈ। ਮੋਦੀ ਭਾਰਤੀ ਸੱਭਿਅਤਾ ਨੂੰ ਖਤਮ ਕਰਨ 'ਤੇ ਤੁਲਿਆ ਹੋਇਆ ਹੈ।ਮੋਦੀ ਸਰਕਾਰ ਅਮਰੀਕਾ ਨਾਲ ਸਮਝੌਤਾ ਕਰ ਲਿਆ ਹੈ, ਜਿਸ ਨਾਲ ਭਾਰਤੀ ਖੇਤੀ ਤਬਾਹ ਹੋ ਜਾਵੇਗੀ।ਕੇਂਦਰ ਸਰਕਾਰ ਅਮਰੀਕਾ ਨਾਲ ਸੰਧੀ ਕਰ ਰਹੀ ਹੈ, ਜੋ ਵੀ ਤੁਹਾਡੇ ਕੋਲ ਸਮਾਨ ਵਾਧੂ ਹੈ, ਸਾਨੂੰ ਦਿਓ ਤੇ ਉਸ ਸਾਮਾਨ 'ਤੇ ਕੋਈ ਵੀ ਟੈਕਸ ਨਹੀਂ ਲੱਗੇਗਾ।ਮੋਦੀ ਸਰਕਾਰ ਭਾਰਤੀ ਸੰਵਿਧਾਨ ਨੂੰ ਖਤਮ ਕਰ ਕੇ ਮਨੂਵਾਦੀ ਸਿਸਟਮ ਲਿਆਉਣ ਚਾਹੁੰਦੇ ਹਨ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਡੀ ਪੀ ਮੌੜ ਵੱਲੋਂ ਸ਼ਹੀਦ ਭਗਤ ਸਿੰਘ ਦੀ ਜੀਵਨੀ 'ਤੇ ਚਾਨਣਾ ਪਾਇਆ ਗਿਆ ਤੇ ਕਿਹਾ ਕਿ ਸ਼ਹੀਦ ਕਦੇ ਵੀ ਇੱਕ ਜਾਤ, ਧਰਮ, ਫਿਰਕੇ ਜਾਂ ਦੇਸ਼ ਦੇ ਨਹੀਂ ਹੁੰਦੇ, ਸ਼ਹੀਦ ਤਾਂ ਸਾਰੀ ਇਨਸਾਨੀਅਤ ਦੇ, ਸਾਰੀ ਕਾਇਨਾਤ ਦੇ ਹੁੰਦੇ ਹਨ।ਜਿਵੇਂ ਸੂਰਜ ਤੇ ਚੰਦ ਦੀ ਰੋਸ਼ਨੀ ਸਾਰਿਆਂ ਲਈ ਹੁੰਦੀ ਹੈ ਬਿਲਕੁਲ ਉਸੇ ਤਰ੍ਹਾਂ ਸ਼ਹੀਦ ਵੀ ਸਾਰਿਆ ਦੇ ਹੁੰਦੇ ਹਨ ਅਤੇ ਲੋਕਾਂ ਨੂੰ ਸ਼ਹੀਦ ਭਗਤ ਸਿੰਘ ਦੀ ਸੋਚ ਨਾਲ ਜੁੜਨ ਦੀ ਅਪੀਲ ਕੀਤੀ।ਕਾਮਰੇਡ ਡੀ ਪੀ ਮੌੜ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੇ ਇਸ ਲਈ ਸ਼ਹੀਦੀ ਨਹੀਂ ਦਿੱਤੀ ਸੀ ਕਿ ਇਨ੍ਹਾਂ ਦਾ ਸਮਾਗਮ ਮਨਾਇਆ ਜਾਵੇ।ਇਨ੍ਹਾਂ ਨੇ ਤਾਂ ਲੋਕਾਂ ਨੂੰ ਅੰਗਰੇਜ਼ ਸਰਕਾਰ ਤੋਂ ਆਜ਼ਾਦ ਕਰਵਾਉਣ ਦੀ ਗੱਲ ਕੀਤੀ ਸੀ ਤੇ ਉਨ੍ਹਾਂ ਨੇ ਕਿਹਾ ਕਿ ਆਜ਼ਾਦੀ ਸੰਗਰਾਮੀਆਂ ਵੱਲੋਂ ਲਏ ਗਏ ਸੁਪਨੇ ਅਜੇ ਵੀ ਅਧੂਰੇ ਹਨ, ਜਿਸ ਸਾਮਰਾਜ ਵਿਰੁੱਧ ਉਹਨਾਂ ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਲੜਾਈ ਲੜੀ ਸੀ, ਉਸੇ ਸਾਮਰਾਜੀ ਤਾਕਤਾਂ ਦੇ ਇਸ਼ਾਰਿਆਂ 'ਤੇ ਦੇਸ਼ ਦੇ ਹੁਕਮਰਾਨ ਆਰਥਿਕ ਨੀਤੀਆਂ ਲਾਗੂ ਕਰ ਰਹੇ ਹਨ।ਇਸੇ ਤਰ੍ਹਾਂ ਸ਼ਹੀਦਾਂ ਵੱਲੋਂ ਆਪਣੀਆਂ ਜਾਨਾਂ ਵਾਰ ਕੇ ਦੇਸ਼ ਲਈ ਹਾਸਿਲ ਕੀਤੀ ਆਜ਼ਾਦੀ ਇੱਕ ਵਾਰੀ ਫਿਰ ਖਤਰੇ ਵਿੱਚ ਹੈ।ਉਨ੍ਹਾਂ ਕਿਹਾ ਕਿ ਮੌਜੂਦਾ ਹਾਕਮ ਧਿਰਾ ਦੇ ਆਗੂ ਸ਼ਹੀਦਾਂ ਦੀ ਕੁਰਬਾਨੀ ਦੀ ਗਾਥਾ ਤਾਂ ਗਾਉਂਦੇ ਹਨ, ਪਰ ਉਨ੍ਹਾਂ ਦੇ ਵਿਚਾਰਾਂ ਦਾ ਸਮਾਜ ਬਣਾਉਣ ਦੀ ਗੱਲ ਨਹੀਂ ਕਰਦੇ। ਸੀ ਪੀ ਆਈ ਬਲਾਕ ਮਾਛੀਵਾੜਾ ਤੇ ਸਮਰਾਲਾ ਦੇ ਜਨਰਲ ਸਕੱਤਰ ਕਾਮਰੇਡ ਜਗਦੀਸ਼ ਰਾਏ ਬੌਬੀ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਚਾਹੁੰਦਾ ਸੀ ਕਿ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਖਤਮ ਹੋਣੀ ਚਾਹੀਦੀ ਹੈ ਅਤੇ ਸਮਾਜ ਵਿੱਚ ਹਰੇਕ ਮਨੁੱਖ ਬਰਾਬਰ ਦਾ ਹੋਵੇਗਾ ਤੇ ਅਮੀਰ ਗਰੀਬ ਦਾ ਪਾੜਾ ਨਹੀਂ ਹੋਵੇਗਾ, ਹਰੇਕ ਬੱਚੇ ਨੂੰ ਵਿੱਦਿਆ ਲਾਜ਼ਮੀ ਮਿਲੇਗੀ ਤੇ ਦੇਸ਼ ਵਿੱਚੋਂ ਅਨਪੜ੍ਹਤਾ ਖਤਮ ਕਰ ਦਿੱਤੀ ਜਾਵੇਗੀ।ਗਰੀਬ ਲੋਕਾਂ ਨੂੰ ਘਰ ਬਣਾ ਕੇ ਦਿੱਤੇ ਜਾਣਗੇ, ਪਰ ਸਾਡੇ ਅੱਜਕਲ੍ਹ ਦੇ ਸਿਸਟਮ ਨੇ ਤਾਂ ਉਨ੍ਹਾਂ ਨੂੰ ਪਿੱਛੇ ਧੱਕ ਦਿੱਤਾ।ਇਸ ਮੌਕੇ ਆਲ ਇੰਡੀਆ ਸਟੂਡੈਂਟ ਫੈਡਰੇਸ਼ਨ ਦੇ ਬਲਾਕ ਸਕੱਤਰ ਕਾਮਰੇਡ ਰਾਜੀਵ ਕੁਮਾਰ ਨੇ ਆਏ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਸ਼ਹੀਦ ਭਗਤ ਸਿੰਘ ਪਬਲਿਕ ਹਾਈ ਸਕੂਲ ਦੇ ਪ੍ਰਿੰਸੀਪਲ ਦਰਸ਼ਨ ਜੈਨ, ਰੰਗਕਰਮੀ ਸਦਬਲਿਹਾਰ ਕੰਗ, ਆਲ ਇੰਡੀਆ ਸਟੂਡੈਂਟ ਫੈਡਰੇਸ਼ਨ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਦੀਪਕ ਕੁਮਾਰ, ਆੜ੍ਹਤੀ ਬਲਵਿੰਦਰ ਸਿੰਘ ਮਾਨ, ਕਾਮਰੇਡ ਬਲਦੇਵ ਸਿੰਘ, ਕਾਮਰੇਡ ਨਿਰਮਲ ਸਿੰਘ ਸ਼ੇਰਪੁਰ, ਕਾਮਰੇਡ ਮੁਕੇਸ਼ ਕੁਮਾਰ, ਵਿਸ਼ਨੂੰ ਕੁਮਾਰ, ਕਰਨ ਗੌੜ, ਸ਼੍ਰੀ ਰਾਮ, ਸਨੀ ਖੇੜਾ, ਅਜੇ ਕੁਮਾਰ, ਮਨਦੀਪ ਸਿੰਘ, ਸੁਨੀਲ ਕੁਮਾਰ, ਸੋਨੂੰ ਕੁਮਾਰ, ਭਾਵਿਸ਼ ਮਾਹਿਤੋ, ਮਨਦੀਪ ਸਿੰਘ ਭੌਰੀਆ, ਪ੍ਰੀਤ ਮਹਿਰਾ ਆਦਿ ਸ਼ਾਮਲ ਸਨ।

## ਕਾਤਰਾਂ

### ਹੈਰੋਇਨ ਸਮੇਤ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਕੁੱਲਗੜ੍ਹੀ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇਕ ਵਿਅਕਤੀ ਨੂੰ ਦੋ ਗ੍ਰਾਮ ਹੈਰੋਇਨ ਸਮੇਤ ਕਾਬੂ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਮਹਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਫਿਰੋਜ਼ਪੁਰ ਮੋਗਾ ਰੋਡ ਤੋਂ ਬਸਤੀ ਜੀਵਨ ਸਿੰਘ ਵਾਲੀ ਕੋਲ ਪੁਲ ਦੇ ਹੇਠਾਂ ਪੁੱਜੀ ਤਾਂ ਇਕ ਸ਼ੱਕੀ ਨੌਜਵਾਨ ਸੋਨੂੰ ਪੁੱਤਰ ਗੋਲਕ ਚੰਦ ਵਾਸੀ ਮਾਨਾ ਸਿੰਘ ਵਾਲਾ ਖੜਾ ਵਿਖਾਈ ਦਿੱਤਾ, ਜਿਸ ਨੂੰ ਪੁਲਸ ਪਾਰਟੀ ਦੀ ਮੱਦਦ ਨਾਲ ਕਾਬੂ ਕਰਕੇ ਉਸ ਦੀ ਤਲਾਸ਼ੀ ਲਈ ਤਾਂ ਉਸ ਦੇ ਕਬਜ਼ੇ ਵਿਚੋਂ 2 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਕੇਸ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

### ਨਾਬਾਰਡ ਵੱਲੋਂ 1.16 ਮੈਗਾਵਾਟ ਸੌਰ ਪ੍ਰੋਜੈਕਟਾਂ ਲਈ 4.88 ਕਰੋੜ ਦੀ ਮਨਜ਼ੂਰੀ ਹਰੀ ਊਰਜਾ ਵੱਲ ਵੱਡਾ ਕਦਮ : ਕਸ਼ਯਪ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਨਾਬਾਰਡ ਵੱਲੋਂ ਰੂਰਲ ਇੰਫਰਾਸਟਰਕਚਰ ਡਿਵੈਲਪਮੈਂਟ ਫੰਡ (ਆਰ.ਆਈ.ਡੀ.ਐੱਫ) ਹੇਠ ਫਿਰੋਜ਼ਪੁਰ ਜ਼ਿਲ੍ਹੇ ਲਈ ਸੌਰ ਊਰਜਾ ਪ੍ਰੋਜੈਕਟ ਮਨਜ਼ੂਰ ਕੀਤੇ ਗਏ ਹਨ, ਜਿਨ੍ਹਾਂ ਦਾ ਕਾਰਜਾਨੁਵੈਨ ਪੰਜਾਬ ਐਨਰਜੀ ਡਿਵੈਲਪਮੈਂਟ ਏਜੰਸੀ ਦੁਆਰਾ ਕੀਤਾ ਜਾਵੇਗਾ। ਇਹ ਕਦਮ ਜ਼ਿਲ੍ਹੇ ਵਿਚ ਹਰੀ ਊਰਜਾ ਨੂੰ ਪ੍ਰੋਤਸਾਹਿਤ ਕਰਨ ਵੱਲ ਮਹੱਤਵਪੂਰਨ ਹੈ। ?ਇਸ ਪ੍ਰੋਜੈਕਟ ਅਧੀਨ ਜ਼ਿਲ੍ਹੇ ਦੇ 113 ਸਰਕਾਰੀ ਇਮਾਰਤਾਂ 'ਤੇ ਕੁੱਲ 1.16 ਮੈਗਾਵਾਟ ਸਮਰੱਥਾ ਦੇ ਸੌਰ ਪਲਾਂਟ ਲਗਾਏ ਜਾਣਗੇ। ਪ੍ਰੋਜੈਕਟ ਦੀ ਕੁੱਲ ਵਿੱਤੀ ਲਾਗਤ 510.59 ਲੱਖ ਹੈ, ਜਿਸ ਵਿਚ 488.49 ਲੱਖ (4.88 ਕਰੋੜ) ਦੀ (ਆਰ.ਆਈ.ਡੀ.ਐੱਫ) ਲੋਨ ਸਹਾਇਤਾ ਸ਼ਾਮਲ ਹੈ। ?ਰੋਹਿਤ ਕਸ਼ਯਪ ਜ਼ਿਲ੍ਹਾ ਵਿਕਾਸ ਮੈਨੇਜਰ, ਨਾਬਾਰਡ ਫਿਰੋਜ਼ਪੁਰ ਨੇ ਕਿਹਾ ਕਿ ਇਹ ਪ੍ਰੋਜੈਕਟ ਸਾਫ਼ ਤੇ ਵਿਕੇਂਦਰੀਕ੍ਰਿਤ ਊਰਜਾ ਉਤਪਾਦਨ ਨੂੰ ਵਧਾਵੇਗਾ, ਰਵਾਇਤੀ ਊਰਜਾ ਸਰੋਤਾਂ 'ਤੇ ਨਿਰਭਰਤਾ ਘਟਾਏਗਾ ਤੇ ਕਾਰਬਨ ਉਤਸਰਜਨ ਤੇ ਊਰਜਾ ਖਰਚੇ ਵਿਚ ਕਮੀ ਲਿਆਵੇਗਾ। ਉਨ੍ਹਾਂ ਜ਼ੋਰ ਦਿੱਤਾ ਕਿ ਇਹ ਪਹਿਲ ਫ਼ਿਰੋਜ਼ਪੁਰ ਵਰਗੇ ਆਕਾਂਕਸ਼ੀ ਜ਼ਿਲ੍ਹੇ ਵਿਚ ਟਿਕਾਊ ਅਤੇ ਮੌਸਮੀ ਤੌਰ 'ਤੇ ਸੰਵੇਦਨਸ਼ੀਲ ਵਿਕਾਸ ਨੂੰ ਮਜ਼ਬੂਤ ਕਰੇਗੀ, ਸਰਕਾਰੀ ਢਾਂਚੇ ਵਿਚ ਨਵੀਕਰਨਯੋਗ ਊਰਜਾ ਨੂੰ ਪ੍ਰਮੁੱਖ ਬਣਾਏਗੀ, ਲੰਬੇ ਸਮੇਂ ਦੀ ਲਾਗਤ ਬਚਤ ਯਕੀਨੀ ਬਣਾਏਗੀ, ਗਰਿਡ 'ਤੇ ਦਬਾਅ ਘਟਾਏਗੀ ਤੇ ਸਥਾਨਕ ਊਰਜਾ ਸੁਰੱਖਿਆ ਨੂੰ ਮਜ਼ਬੂਤ ਕਰੇਗੀ।

### ਮਾਤਾ ਗੁਜਰੀ ਜੀ ਭਲਾਈ ਕੇਂਦਰ ਦੇ ਵਿਹੜੇ ਸ਼ਹੀਦੀ ਦਿਵਸ ਮਨਾਇਆ

**ਬੁਡਲਾਡਾ (ਅਸ਼ੋਕ ਲਾਕੜਾ)**-ਦੇਸ਼ ਦੀ ਆਜ਼ਾਦੀ ਲਈ ਮਹਾਨ ਸ਼ਹੀਦ ਭਗਤ ਸਿੰਘ, ਸੁਖਦੇਵ, ਰਾਜਗੁਰੂ ਜੀ ਦਾ ਬਲੀਦਾਨ ਦਿਵਸ ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਦੇ ਦਫ਼ਤਰ ਵਿਖੇ ਬੜੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ ਤੇ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ।ਮਾਸਟਰ ਕੁਲਵੰਤ ਸਿੰਘ ਤੇ ਕੁਲਵਿੰਦਰ ਸਿੰਘ ਈ.ਓ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਇਨ੍ਹਾਂ ਮਹਾਨ ਸ਼ਹੀਦਾਂ ਨੂੰ ਨਮਨ ਕੀਤਾ ਜਾਂਦਾ ਹੈ, ਜਿਨ੍ਹਾਂ ਨੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ ਤੇ ਅੰਗਰੇਜ਼ ਹਕੂਮਤ ਦੇ ਤਸ਼ੱਦਦ ਤੋਂ ਡਰੇ ਨਹੀਂ।ਸਟੇਜ ਸੰਚਾਲਨ ਰਜਿੰਦਰ ਵਰਮਾ ਨੇ ਦੱਸਿਆ ਕਿ ਅੱਜ ਦੇ ਦਿਨ 1931 ਵਿੱਚ ਉਨ੍ਹਾਂ ਨੇ ਫ਼ਾਂਸੀ ਦਾ ਰੱਸਾ ਚੁੰਮ ਕੇ ਸ਼ਹੀਦੀ ਦਿੱਤੀ ਤੇ ਦੇਸ਼ ਦੀ ਆਜ਼ਾਦੀ ਦੀ ਨੀਂਹ ਰੱਖੀ।

# ਭਾਰਤੀ ਕਿਸਾਨ ਯੂਨੀਅਨ ਚੜੂਨੀ ਕਿਸਾਨਾਂ ਵਿਰੋਧੀ ਅਮਰੀਕਾ-ਭਾਰਤ ਡੀਲ ਦਾ ਸਖ਼ਤ ਵਿਰੋਧ ਕਰੇਗੀ : ਗਿੱਲ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਹੈਪੀ, ਜਸਮੇਰ ਸਿੰਘ ਗਿੱਲ, ਸੀਨਿਅਰ ਮੀਤ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਚੜੂਨੀ ਪੰਜਾਬ ਨੇ ਰਾਜਪੁਰਾ ਵਿਖੇ ਜਥੇਬੰਦੀ ਦੇ ਦਫ਼ਤਰ ਵਿਖੇ ਵੱਡੇ ਇਕੱਠ ਨੂੰ ਸਬੋਧਨ ਕਰਦਿਆਂ ਕਿਹਾ ਕਿ ਭਾਰਤ ਦੀ ਮੋਦੀ ਸਰਕਾਰ ਤੇ ਅਮਰੀਕਾ ਦੀ ਟਰੰਪ ਸਰਕਾਰ ਨੇ ਆਪਸੀ ਸਮਝੌਤੇ ਰਾਹੀਂ ਜੋ ਟਰੇਡ ਡੀਲ ਕੀਤੀ ਹੈ। ਜਥੇਬੰਦੀ ਇਸ ਡੀਲ ਨੂੰ ਵਾਪਸ ਕਰਾ ਕੇ ਹੀ ਦਮ ਲਵੇਗੀ।ਜਥੇਬੰਦੀ ਨੂੰ ਭਾਵੇਂ ਵੱਡੀ ਤੋਂ ਵੱਡੀ ਕੁਰਬਾਨੀ ਕਿਉਂ ਨਾ ਦੇਣੀ ਪਵੇ। ਰੈਲੀ 'ਚ ਸ਼ਾਮਲ ਹੋਣ ਲਈ ਜਥੇਬੰਦੀ ਦੇ ਆਗੂਆਂ ਵੱਲੋਂ ਖੁੱਲ੍ਹੀ ਜੀਪ ਦਾ ਪ੍ਰਬੰਧ ਕੀਤਾ ਗਿਆ।ਖੁੱਲ੍ਹੀ ਬਲੈਰੋ ਗੱਡੀ ਦੀ ਛੱਤ ਉਪਰ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਹੈਪੀ, ਸੀਨੀਅਰ ਮੀਤ ਪ੍ਰਧਾਨ ਜਸਮੇਰ ਸਿੰਘ ਗਿੱਲ, ਮੀਤ ਪ੍ਰਧਾਨ ਹਰਦੀਪ ਸਿੰਘ ਢੇਰੀ, ਪਟਿਆਲਾ ਜ਼ਿਲ੍ਹੇ ਦੇ ਪ੍ਰਧਾਨ ਸਤਨਾਮ ਸਿੰਘ ਸਰਪੰਚ, ਸ਼ਰਨਜੀਤ ਸਿੰਘ ਸੋਨਾ ਸਿੱਧੂ, ਮਲਕੀਤ ਸਿੰਘ ਸੰਜਰਪੁਰ ਦੋਵੇ ਜ਼ਿਲ੍ਹਾ ਪਟਿਆਲਾ ਦੇ ਮੀਤ ਪ੍ਰਧਾਨ, ਕਿਸਾਨ ਆਗੂ ਬਹਾਦਰ ਸਿੰਘ ਖੈਰਪੁਰ, ਕਿਸਾਨ ਆਗੂ ਰਿੰਕੂ ਗੁਜਰ ਆਦਿ ਕਿਸਾਨ ਆਗੂਆਂ ਨੇ ਕਾਫ਼ਲੇ ਦੀ ਅਗਵਾਈ ਕਰਦਿਆਂ ਆਪਣੀ ਗੱਡੀ ਕਾਫ਼ਲੇ ਦੇ ਅੱਗੇ ਲਾ ਕੇ ਪਿੱਪਲੀ ਦੀ ਰੈਲੀ 'ਚ ਸ਼ਾਮਲ ਹੋਣ ਲਈ ਚਾਲੇ ਪਾਏ।ਇਕੱਠ 'ਚ ਤਕਰੀਬਨ 500 ਗੱਡੀਆਂ ਤੇ 10 ਬੱਸਾਂ ਦਾ ਕਾਫ਼ਲਾ ਸ਼ਾਮਲ ਸੀ।ਇਸ ਇਕੱਠ 'ਚ ਪੰਜਾਬ ਦੇ ਬਹੁਤ ਸਾਰੇ ਆਗੂ ਸ਼ਾਮਲ ਸਨ।ਰਾਸ਼ਟਰੀ ਪ੍ਰਧਾਨ ਗੁਰਨਾਮ ਸਿੰਘ ਚੜੂਨੀ ਦੀ ਅਗਵਾਈ ਹੇਠ ਕੁਰਕਸ਼ੇਤਰ ਪਿੱਪਲੀ ਦੀ ਅਨਾਜ ਮੰਡੀ ਵਿਖੇ ਕਿਸਾਨਾਂ ਮਜ਼ਦੂਰਾਂ ਤੇ ਹੋਰ ਵਰਗਾਂ ਦੀਆਂ ਮੰਗਾਂ ਸਬੰਧੀ ਬਹੁਤ ਵੱਡੀ ਰੈਲੀ ਕੀਤੀ ਗਈ।ਮੁੱਖ ਮੰਗਾਂ ਭਾਰਤ, ਅਮਰੀਕਾ ਸਮਝੌਤੇ ਦੀ ਡੀਲ ਨੂੰ ਰੱਦ ਕਰਨਾ, ਬਿਜਲੀ ਸੋਧ ਬਿੱਲ ਨੂੰ ਵਾਪਸ ਲੈਣਾ, ਫ਼ਸਲਾਂ 'ਤੇ ਐਮ.ਐਸ.ਪੀ. ਦੀ ਗਰੰਟੀ ਦੇਣਾ, ਹਸਪਤਾਲਾਂ ਤੇ ਸਕੂਲਾਂ 'ਚ ਹੋ ਰਹੀ ਲੁੱਟ ਬੰਦ ਕਰਨਾ, ਹਰਿਆਣਾ 'ਚ ਹੋਏ ਧਾਨ ਘੋਟਾਲੇ ਦੇ ਦੋਸ਼ਿਆਂ ਨੂੰ ਸਖਤ ਸਜ਼ਾਵਾਂ ਦੇਣਾ, ਰਾਸ਼ਟਰੀ ਪ੍ਰਧਾਨ ਸਰਦਾਰ ਗੁਰਨਾਮ ਸਿੰਘ ਚੜੂਨੀ ਦੀ ਸਿਹਤ ਠੀਕ ਨਾ ਹੋਣ ਕਾਰਨ ਹਸਪਤਾਲ ਤੋਂ ਰਾਸ਼ਟਰੀ ਪ੍ਰਧਾਨ ਗੁਰਨਾਮ ਸਿੰਘ ਨੇ ਲਾਈਵ ਰਾਹੀਂ ਰੈਲੀ ਨੂੰ ਸੰਬੋਧਨ ਕੀਤਾ ਤੇ ਅਖੀਰ 'ਚ ਕੁਰਕਸ਼ੇਤਰ ਦੇ ਡਿਪਟੀ ਕਮਿਸ਼ਨਰ ਨੇ ਸਟੇਜ 'ਤੇ ਆ ਕੇ ਯੂਨੀਅਨ ਵੱਲੋਂ ਮੰਗਾਂ ਸਬੰਧੀ ਮੰਗ ਪੱਤਰ ਪ੍ਰਾਪਤ ਕੀਤਾ ਨਾਲ ਹੀ ਡਿਪਟੀ ਕਮੀਸ਼ਨਰ ਕੁਰੂਕਸ਼ੇਤਰ ਨੇ ਹਰਿਆਣਾ ਦੇ ਮੁੱਖ ਮੰਤਰੀ ਦਾ ਯੂਨੀਅਨ ਦੇ ਆਗੂਆਂ ਨੂੰ ਸੱਦਾ ਪੱਤਰ ਦਿੱਤਾ, ਜਿਸ 'ਚ ਯੂਨੀਅਨ ਆਗੂਆਂ ਨੂੰ 2 ਅਪ੍ਰੈਲ ਨੂੰ ਚੰਡੀਗੜ੍ਹ ਵਿਖੇ ਮੀਟਿੰਗ ਵਿੱਚ ਬੁਲਾਇਆ ਗਿਆ ਹੈ।

## ਦੁਕਾਨਦਾਰ ਦੀ ਕੁੱਟਮਾਰ ਕਰਨ 'ਤੇ 11 ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਪੁਲਸ ਵੱਲੋਂ ਟਿੰਕੂ ਕਰਿਆਨੇ ਵਾਲੇ ਦੀ ਦੁਕਾਨ 'ਤੇ ਕੁੱਟਮਾਰ ਕਰਨ ਵਾਲੇ 11 ਲੋਕਾਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਐਸ.ਆਈ. ਅਮਨਦੀਪ ਕੌਰ ਨੇ ਦੱਸਿਆ ਕਿ ਸ਼ਿਕਾਇਤਕਰਤਾ ਰੋਹਿਤ ਕੁਮਾਰ ਪੁੱਤਰ ਚੰਨ ਕੁਮਾਰ ਵਾਸੀ ਵਾਰਡ ਨੰ. 13 ਵਾਟਰ ਵਰਕਸ ਨੰਬਰ-4 ਦਸਮੇਸ਼ ਨਗਰੀ ਜਲਾਲਾਬਾਦ ਵੱਲੋਂ ਗਗਨਦੀਪ ਉਰਫ ਸ਼ੁਭਮ ਉਰਫ ਗੱਗੂ ਵਗੈਰਾ ਦੇ ਖਿਲਾਫ਼ ਪੁਲਸ ਕੋਲ ਬਿਆਨ ਦਰਜ ਕਰਾਏ ਗਏ ਹਨ ਕਿ 21-03-2026 ਨੂੰ ਦੇਰ ਸ਼ਾਮ ਕਰੀਬ 5.30 ਵਜੇ ਗਗਨਦੀਪ ਤੇ ਕੁੱਝ ਵਿਅਕਤੀਆਂ ਨੇ ਉਸਦੀ ਕਰਿਆਨੇ ਦੀ ਦੁਕਾਨ ਵਿਖੇ ਆ ਕੇ ਉਸ ਨੂੰ ਜਾਨੋਂ ਮਾਰਨ ਦੀ ਨੀਅਤ ਨਾਲ ਕੁੱਟਮਾਰ ਕੀਤੀ ਗਈ ਤੇ ਗਾਲੀ-ਗਲੋਚ ਕੀਤਾ ਗਿਆ ਹੈ, ਜਿਸ 'ਤੇ ਪੁਲਸ ਵੱਲੋਂ ਸ਼ਿਕਾਇਤਕਰਤਾ ਰੋਹਿਤ ਕੁਮਾਰ ਦੇ ਬਿਆਨਾਂ ਦੇ ਅਧਾਰ 'ਤੇ ਗਗਨਦੀਪ ਉਰਫ ਸ਼ੁਭਮ ਉਰਫ਼ ਗੱਗੂ ਪੰਡਤ ਪੁੱਤਰ ਮਹਿੰਦਰ ਪਾਲ ਵਾਸੀ ਮੰਨੇਵਾਲਾ, ਲਖਵਿੰਦਰ ਸਿੰਘ, ਵਿਜੇ ਵਾਸੀਆਨ ਢਾਬ ਘੜਿਆਲ, ਲਵ ਪੁੱਤਰ ਲਾਡੀ ਵਾਸੀ ਬਸਤੀ ਭਗਵਾਨਪੁਰਾ, ਮੋਨੂੰ ਪੁੱਤਰ ਰਾਜੂ ਸਿੰਘ ਵਾਸੀ ਬਸਤੀ ਭਗਵਾਨਪੁਰਾ ਅਤੇ ਅਣਪਛਾਤੇ 6 ਵਿਅਕਤੀਆਂ ਦੇ ਵਿਰੁੱਧ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਨੰਬਰ 53 ਮਿਤੀ 23-03-2026 ਨੂੰ ਧਾਰਾ 109, 140(1), 115(2), 191(3)190 ਬੀ.ਐਨ.ਐਸ. ਤੇ 25/27/54/59 ਆਰਮਜ ਐਕਟ ਅਧੀਨ ਦਰਜ ਕੀਤਾ ਗਿਆ ਹੈ।

# ਵਰਲਡ ਯੂਨੀਵਰਸਿਟੀ ਵਿਖੇ ਗੁਰਬਾਣੀ ਅਨੁਵਾਦ ਸੰਬੰਧੀ ਕੌਮੀ ਕਾਰਜਸ਼ਾਲਾ



ਗੁਰਬਾਣੀ ਅਨੁਵਾਦ ਲਈ ਰਾਗ, ਰਸ ਤੇ ਚਿੰਨਾਤਮਕ ਸ਼ਬਦਾਂ ਦੀ ਠੀਕ ਸੂਝ ਹੋਣੀ ਬੇਹੱਦ ਜ਼ਰੂਰੀ ਹੈ।ਕਰਜਸ਼ਾਲਾ ਦੇ ਕਨਵੀਨਰ ਡਾ. ਅੰਕਦੀਪ ਕੌਰ ਅਟਵਾਲ ਡਾਇਰੈਕਟਰ

**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਵਿਖੇ 'ਗੁਰਬਾਣੀ ਅਨੁਵਾਦ : ਲੋੜ ਨੈਤਿਕਤਾ ਤੇ ਮਿਆਰ' ਸਬੰਧੀ ਹਫਤਾਵਰੀ ਕੌਮੀ ਕਾਰਜਸ਼ਾਲਾ ਸ਼ੁਰੂ ਹੋਈ।ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350ਵੇਂ ਗੁਰਿਆਈ ਪੁਰਬ ਨੂੰ ਸਮਰਪਤ ਇਹ ਕਾਰਜਸ਼ਾਲਾ ਅੰਦਰੂਨੀ ਗੁਣਵਤਾ ਨਿਰਧਾਰਨ ਸੈੱਲ ਤੇ ਵਿਰਾਸਤੀ ਗਿਆਨ ਪ੍ਰਬੰਧ ਕੇਂਦਰ ਵੱਲੋਂ ਕਰਵਾਈ ਗਈ।ਇਸ ਮੌਕੇ ਵਾਇਸ-ਚਾਂਸਲਰ ਪ੍ਰੋਫੈਸਰ (ਡਾ.) ਪਰਿਤ ਪਾਲ ਸਿੰਘ ਨੇ ਆਖਿਆ ਕਿ ਗੁਰਬਾਣੀ ਨੂੰ ਵਿਸ਼ਵ ਤੱਕ ਪਹੁੰਚਾਉਣ ਲਈ ਅਨੁਵਾਦ ਇਕ ਮਹੱਤਵਪੂਰਨ ਸਾਧਨ ਸਾਬਿਤ ਹੋਵੇਗਾ।ਉਨ੍ਹਾਂ ਆਖਿਆ ਕਿ ਅਕਾਦਮਿਕ ਜਗਤ ਅੰਦਰ ਅਨੁਵਾਦ ਇੱਕ ਮਹੱਤਵਪੂਰਨ ਜੁਗਤ ਹੈ, ਜਿਸ ਰਾਹੀਂ ਵਿਰਾਸਤੀ ਤੇ ਵਿਸ਼ਵ ਪੱਧਰ 'ਤੇ ਖੋਜੇ ਜਾ ਰਹੇ ਨਵੇਂ ਗਿਆਨ ਦਾ ਲੈਣ ਦੇਣ ਸੰਭਵ ਹੁੰਦਾ ਹੈ।ਉਦਘਾਟਨੀ ਵਕਤਾ ਡਾ. ਜਸਵੰਤ ਸਿੰਘ ਡਾਇਰੈਕਟਰ ਸਿੱਖ ਰਿਸਰਚ ਇੰਸਟੀਚਿਊਟ ਨੇ ਗੁਰਬਾਣੀ ਅਨੁਵਾਦ ਲਈ ਲੋੜੀਂਦੀ ਮੁਹਾਰਤ ਤੇ ਦਰਪੇਸ਼ ਚੁਣੌਤੀਆਂ ਉੱਪਰ ਵਿਸਤਾਰ ਸਹਿਤ ਚਰਚਾ ਕੀਤੀ।ਉਨ੍ਹਾਂ ਆਖਿਆ ਕਿ ਆਈ ਕਿਉ ਏ ਸੀ ਨੇ ਆਸ ਪ੍ਰਗਟਾਈ ਕਿ ਇਹ ਕਾਰਜਸ਼ਾਲਾ ਯੂਨੀਵਰਸਿਟੀ ਵੱਲੋਂ ਭਵਿੱਖ ਵਿੱਚ ਕੀਤੇ ਜਾਣ ਵਾਲੇ ਗੁਰਬਾਣੀ ਅਨੁਵਾਦ ਲਈ ਮੁੱਢਲੀ ਸਿੱਖਿਆ ਦੀ ਭੂਮਿਕਾ ਨਿਭਾਏਗੀ।ਉਨ੍ਹਾਂ ਆਖਿਆ ਕਿ ਗੁਰਬਾਣੀ ਵਿੱਚੋਂ ਪ੍ਰਾਪਤ ਹੋਣ ਵਾਲੀ ਸਰਬ ਸਾਂਝੀਵਾਲਤਾ ਦੀ ਸਿੱਖਿਆ ਨੂੰ ਵਿਸ਼ਵ ਦੀਆਂ ਵੱਖ ਵੱਖ ਭਾਸ਼ਾਵਾਂ ਵਿੱਚ ਅਨੁਵਾਦ ਕੀਤਾ ਜਾਣਾ ਸਮੇਂ ਦੀ ਵੱਡੀ ਲੋੜ ਹੈ।ਇਸ ਮੌਕੇ ਡਾ. ਹਰਦੇਵ ਸਿੰਘ ਕਨਵੀਨਰ ਵਿਰਾਸਤੀ ਗਿਆਨ ਪ੍ਰਬੰਧ ਕੇਂਦਰ ਨੇ ਆਖਿਆ ਕਿ ਅਕਾਦਮਿਕ ਸੰਸਥਾਵਾਂ ਜਿੱਥੇ ਆਪ ਨਵੀਨ ਖੋਜਾਂ ਕਰਦੀਆਂ ਹਨ, ਉੱਥੇ ਵਿਸ਼ਵ ਦੇ ਹੋਰ ਖੇਤਰਾਂ ਵਿੱਚ ਹੋਈਆਂ ਨਵੀਆਂ ਲੱਭਤਾਂ ਨੂੰ ਆਪਣੀ ਭਾਸ਼ਾ ਵਿੱਚ ਉਲਥਾ ਕੇ ਗਿਆਨ ਸੰਚਾਰ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਕਾਰਜਸ਼ਾਲਾ ਦੇ ਕੋਆਰਡੀਨੇਟਰ ਡਾ. ਬਲਜੀਤ ਕੌਰ ਨੇ ਸਟੇਜ ਸੰਚਾਲਨ ਦੀ ਭੂਮਿਕਾ ਨਿਭਾਈ।ਇਸ ਮੌਕੇ ਡੀਨ ਵਿਦਿਆਰਥੀ ਭਲਾਈ ਡਾ. ਸਿਕੰਦਰ ਸਿੰਘ ਯੂਨੀਵਰਸਿਟੀ, ਲੋਕ ਸੰਪਰਕ ਅਫਸਰ ਜਸਪ੍ਰੀਤ ਕੌਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਮੁਖੀ ਤੇ ਇੰਚਾਰਜ ਸਾਹਿਬਾਨ ਹਾਜ਼ਰ ਸਨ।

## ਦਮਦਮਾ ਠਾਠ 'ਚ ਸਮਾਗਮ ਜਾਰੀ, ਨਗਰ ਕੀਰਤਨ ਅੱਜ : ਸੰਤ ਬਾਬਾ ਗੁਰਜੀਤ ਸਿੰਘ



**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)**-ਨਾਨਕਸਰ ਸੰਪ੍ਰਦਾਇ ਦੇ ਧੰਨ ਧੰਨ ਬਾਬਾ ਈਸ਼ਰ ਸਿੰਘ ਜੀ ਦੇ ਜਨਮ ਨਗਰ ਪਿੰਡ ਝੋਰੜਾਂ ਦਮਦਮਾ ਠਾਠ ਵਿਖੇ ਸੰਤ ਬਾਬਾ ਕੁੰਦਨ ਸਿੰਘ ਜੀ ਦੀ ਕਿਰਪਾ ਸਦਕਾ ਬਾਬਾ ਕੁੰਦਨ ਸਿੰਘ ਦੇ ਬਾਗ਼ ਦੇ ਸਮੂਹ ਮਹਾਂਪੁਰਸ਼ਾਂ ਨੇ ਬਾਬਾ ਈਸ਼ਰ ਸਿੰਘ ਦੇ 113ਵੇਂ ਜਨਮ ਦਿਹਾੜੇ ਦੀ ਖੁਸ਼ੀ ਵਿੱਚ ਅਖੰਡ ਪਾਠਾਂ ਦੇ ਭੋਗ ਅਰਦਾਸ ਉਪਰੰਤ ਪਾਏ ਗਏ।ਇਨ੍ਹਾਂ ਭੋਗਾਂ ਉਪਰੰਤ ਬਾਬਾ ਰਵਿੰਦਰ ਸਿੰਘ ਜੋਨੀ ਨੇ ਕੀਰਤਨ ਕਥਾ ਕਰਕੇ ਬਾਬਾ ਈਸ਼ਰ ਸਿੰਘ ਜੀ ਦੀ ਜੈ ਜੈ ਕਾਰ ਕੀਤੀ।ਇਸ ਸਮੇਂ ਨਾਨਕਸਰ ਵੱਲੋਂ ਪੁਹੰਚੇ ਮਹਾਂਪੁਰਸ਼ਾਂ ਦਾ ਸੰਤ ਬਾਬਾ ਗੁਰਜੀਤ ਸਿੰਘ ਤੇ ਸੰਤ ਬਾਬਾ ਗੁਰਚਰਨ ਸਿੰਘ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਇਨ੍ਹਾਂ ਸਮਾਗਮਾਂ ਦੀ ਅਗਲੀ ਲੜੀ ਦੇ ਅਖੰਡ ਪਾਠਾਂ ਦੀ ਆਰੰਭਤਾ ਬਾਬਾ ਸੇਵਾ ਸਿੰਘ ਦੁਆਰਾ ਅਰਦਾਸ ਕਰਕੇ ਕੀਤੀ ਗਈ, ਜਿਨ੍ਹਾਂ ਦੇ ਭੋਗ 26 ਮਾਰਚ ਨੂੰ ਪੈਣਗੇ ਤੇ ਸਾਰੀ ਸਮਾਪਤੀ ਹੋਵੇਗੀ ਅਤੇ ਵਿਸ਼ਾਲ ਰੂਪ ਵਿੱਚ ਨਗਰ ਕੀਰਤਨ 25 ਮਾਰਚ ਨੂੰ ਹੋਵੇਗਾ ਤੇ ਰਾਤਰੀ ਕੀਰਤਨ ਦਰਬਾਰ ਸਜਾਇਆ ਜਾਵੇਗਾ।ਇਸ ਸਮੇਂ ਸੰਤ ਬਾਬਾ ਗੁਰਜੀਤ ਸਿੰਘ ਜੀ ਤੇ ਸੰਤ ਬਾਬਾ ਗੁਰਚਰਨ ਸਿੰਘ ਜੀ ਨੇ ਸਭ ਸੰਗਤਾਂ ਨੂੰ ਜੀ ਆਇਆਂ ਕਿਹਾ ਤੇ ਇਨ੍ਹਾਂ ਵੱਡੀਆਂ ਸੇਵਾਵਾਂ ਲਈ ਧੰਨਵਾਦ ਕੀਤਾ।

# ਮੋਦੀ ਨੇ ਦੇਸ਼ ਨੂੰ ਮੁੜ ਅਮਰੀਕਾ ਦਾ ਗੁਲਾਮ ਬਣਾਇਆ : ਕਾਮਰੇਡ ਤੂੰਗਾਂ



**ਸੰਗਰੂਰ (ਪ੍ਰਵੀਨ ਸਿੰਘ)**-ਸੰਗਰੂਰ ਦੇ ਪਿੰਡ ਤੁੰਗਾਂ ਵਿਖੇ ਸੀਟੂ ਦੇ ਸੱਦੇ 'ਤੇ 23 ਮਾਰਚ ਦੇ ਸ਼ਹੀਦਾਂ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ ਸ਼ਰਧਾਂਜਲੀ ਦਿੱਤੀ ਗਈ।ਇਹ ਦਿਨ ਸਾਮਰਾਜ ਵਿਰੋਧੀ ਦਿਵਸ ਵਜੋਂ ਮਨਾਇਆ ਗਿਆ।ਇਸ ਮੌਕੇ ਨਵੀਂ ਪੀੜ੍ਹੀ ਨੂੰ ਸ਼ਹੀਦ ਭਗਤ ਸਿੰਘ ਦੀ ਵਿਚਾਰਧਾਰਾ ਤੋਂ ਜਾਣੂ ਕਰਵਾਉਣ ਦੀ ਗੱਲ ਕੀਤੀ ਗਈ।ਇਸ ਮੌਕੇ ਸੀਟੂ ਦੇ ਜ਼ਿਲ੍ਹਾ ਆਗੂ ਸਤਵੀਰ ਤੁੰਗਾਂ ਨੇ ਕਿਹਾ ਕਿ ਅੱਜ ਸ਼ਹੀਦ ਭਗਤ ਸਿੰਘ ਦੇ ਵਿਚਾਰਾਂ ਦੀ ਸਾਰਥਿਕਤਾ ਹੋਰ ਵਧ ਗਈ ਹੈ, ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੇ ਜਿਨ੍ਹਾਂ ਸਾਮਰਾਜੀ ਸ਼ਕਤੀਆਂ ਖਿਲਾਫ਼ ਸੰਘਰਸ਼ ਵਿੱਢਿਆ ਤੇ ਦੇਸ਼ ਨੂੰ ਆਜ਼ਾਦ ਕਰਵਾ ਕੇ ਇਕ ਸਮਾਜਵਾਦੀ ਮੁਲਕ ਬਣਾਉਣ ਦਾ ਸੁਪਨਾ ਸੰਜੋਇਆ, ਉਹ ਸੁਪਨਾ ਅੱਜ ਤੱਕ ਪੂਰਾ ਨਹੀਂ ਹੋ ਸਕਿਆ, ਸਗੋਂ ਉਲਟਾ ਕੇਂਦਰ ਦੀ ਮੋਦੀ ਸਰਕਾਰ ਨੇ ਦੇਸ਼ ਨੂੰ ਮੁੜ ਅਮਰੀਕੀ ਸਾਮਰਾਜ ਦਾ ਗੁਲਾਮ ਬਣਾ ਦਿੱਤਾ ਹੈ।ਕਾਮਰੇਡ ਤੁੰਗਾਂ ਨੇ ਕਿਹਾ ਕਿ ਅੱਜ ਦੇਸ਼ ਦੀ ਨਵੀਂ ਪੀੜ੍ਹੀ ਨੂੰ ਭਗਤ ਸਿੰਘ ਦੀ ਵਿਚਾਰਧਾਰਾ ਤੋਂ ਜਾਣੂ ਕਰਵਾਉਣ ਦੀ ਸਖਤ ਜ਼ਰੂਰਤ ਹੈ ਤਾਂ ਆਉਣ ਵਾਲੇ ਸਮੇਂ 'ਚ ਚੱਲਣ ਵਾਲੇ ਸੰਘਰਸ਼ਾਂ ਨੂੰ ਸਹੀ ਦਿਸ਼ਾ ਮਿਲ ਸਕੇ।ਉਨ੍ਹਾਂ ਕਿਹਾ ਕਿ ਅੱਜ ਵੰਡ ਪਾਊ ਤੇ ਡਰਪੋਕ ਤਾਕਤਾਂ ਦੇਸ਼ ਦੀ ਸੱਤਾ 'ਤੇ ਕਾਬਜ਼ ਹਨ ਤੇ ਅਮਰੀਕਾ ਅੱਗੇ ਗੋਡੇ ਟੇਕ ਕੇ ਬੈਠੇ ਹਨ, ਸਾਡੇ ਦੇਸ਼ ਦਾ ਪ੍ਰਧਾਨ ਮੰਤਰੀ ਅਮਰੀਕੀ ਰਾਸ਼ਟਰਪਤੀ ਦੀ ਰਾਏ ਤੋਂ ਵਗੈਰ ਆਪਣੇ ਪੱਧਰ 'ਤੇ ਕੋਈ ਫੈਸਲਾ ਲੈਣ ਦੀ ਹਿੰਮਤ ਨਹੀਂ ਕਰ ਸਕਦਾ। ਉਨ੍ਹਾਂ ਕਿਹਾ ਕਿ ਅਮਰੀਕਾ ਨੇ ਇਜ਼ਰਾਇਲ ਦੀ ਸਿੱਧੀ ਮੱਦਦ ਕਰਕੇ ਈਰਾਨ ਉੱਪਰ ਹਮਲੇ ਕਰਵਾਏ ਹਨ, ਇਨ੍ਹਾਂ ਹਮਲਿਆਂ ਨਾਲ, ਜਿੱਥੇ ਈਰਾਨ ਦਾ ਭਾਰੀ ਜਾਨੀ ਤੇ ਮਾਲੀ ਨੁਕਸਾਨ ਹੋਇਆ ਹੈ, ਉਥੇ ਹੀ ਪੂਰੀ ਦੁਨੀਆ ਦੇ ਲੋਕਾਂ ਨੂੰ ਇਸ ਜੰਗ ਦਾ ਖਮਿਆਜ਼ਾ ਭੁਗਤਣਾ ਪੈ ਰਿਹਾ ਹੈ।

ਅੱਜ ਸਾਡੇ ਦੇਸ਼ ਦੇ ਲੋਕ ਗੈਸ ਸਿਲੰਡਰ ਲੈਣ ਲਈ ਤਰਲੋ ਮੱਛੀ ਹੋ ਰਹੇ ਹਨ ਤੇ ਹੋਰ ਮਹਿੰਗਾਈ ਦੀ ਮਾਰ ਝੇਲ ਰਹੇ ਹਨ।ਉਨ੍ਹਾ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਤੇ ਦੇਸ਼ ਦੀਆਂ ਮਜ਼ਦੂਰ ਤੇ ਟਰੇਡ ਯੂਨੀਅਨਾਂ ਵੱਲੋਂ ਸਾਂਝੇ ਤੌਰ 'ਤੇ ਪੂਰੇ ਦੇਸ਼ ਅੰਦਰ 23 ਮਾਰਚ ਦਾ ਦਿਨ ਸਾਮਰਾਜ ਵਿਰੋਧੀ ਦਿਵਸ ਵਜੋਂ ਮਨਾ ਕੇ ਅਮਰੀਕਾ ਤੇ ਸਾਡੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਚੇਤਾਵਨੀ ਦਿੱਤੀ ਗਈ ਹੈ ਕਿ ਉਹ ਆਪਣੀਆਂ ਲੋਕ ਮਾਰੂ ਨੀਤੀਆਂ ਤੋਂ ਬਾਜ਼ ਆਉਣ।ਇਸ ਮੌਕੇ ਕਾਮਰੇਡ ਬੇਅੰਤ ਸਿੰਘ, ਬਹਾਦਰ ਸਿੰਘ ਸਰਪੰਚ ਜਗਪਾਲ ਸਿੰਘ, ਪੰਚ ਸੁਖਵੀਰ ਸਿੰਘ, ਪੰਚ ਨਿਰਮਲ ਸਿੰਘ, ਬਬਲੀ ਸਿੰਘ, ਰਾਣਾ ਸਿੰਘ, ਸਾਗਰ ਸਿੰਘ, ਬਲਜਿੰਦਰ ਸਿੰਘ, ਮੱਘਰ ਸਿੰਘ, ਡੀ ਸੀ ਸਿੰਘ, ਗੁਰਮੀਤ ਸਿੰਘ, ਗੋਪੀ ਸਿੰਘ, ਨਿੱਕੂ ਤੇ ਹੋਰ ਪਿੰਡ ਵਾਸੀ ਹਾਜ਼ਰ ਸਨ।

# ਘੱਗਰ ਦੇ ਕਿਨਾਰਿਆਂ ਦੀ ਮਜ਼ਬੂਤੀ ਲਈ 12.42 ਕਰੋੜ ਖਰਚੇ ਜਾਣਗੇ : ਗੋਇਲ

**ਕੈਬਨਿਟ ਮੰਤਰੀ ਨੇ ਅੰਦਾਨਾ ਤੇ ਮਕਰੌੜ ਸਾਹਿਬ ਵਿਖੇ ਰੱਖੇ ਨੀਂਹ ਪੱਥਰ**



**ਮੂਨਕ (ਰਾਜਪਾਲ ਸਿੰਗਲਾ)**-ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਹੜ੍ਹਾਂ ਤੋਂ ਬਚਾਅ ਤੇ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵੱਡੇ ਪੱਧਰ 'ਤੇ ਯਤਨ ਕੀਤੇ ਜਾ ਰਹੇ ਹਨ।ਇਸ ਤਹਿਤ ਘੱਗਰ ਦਰਿਆ ਦੇ ਕਿਨਾਰਿਆਂ ਨੂੰ ਮਜ਼ਬੂਤ ਕਰਨ ਲਈ ਕਰੀਬ 12.42 ਕਰੋੜ ਰੁਪਏ ਦੀ ਲਾਗਤ ਨਾਲ ਵਿਸ਼ੇਸ਼ ਪ੍ਰੋਜੈਕਟ ਲਾਗੂ ਕੀਤਾ ਜਾ ਰਿਹਾ ਹੈ।ਇਹ ਜਾਣਕਾਰੀ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਪਿੰਡ ਅੰਦਾਨਾ ਤੇ ਮਕਰੌੜ ਸਾਹਿਬ ਵਿਖੇ ਨੀਂਹ ਪੱਥਰ ਰੱਖਣ ਮੌਕੇ ਦਿੱਤੀ।ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਅਧੀਨ ਪਿੰਡ ਅੰਦਾਨਾ ਵਿਖੇ 01.83 ਕਰੋੜ ਰੁਪਏ ਦੀ ਲਾਗਤ ਨਾਲ ਪੁਲ ਦੇ ਨੇੜੇ ਪੱਥਰਾਂ ਦੇ ਨਾਲ ਦਰਿਆ ਦੇ ਕਿਨਾਰਿਆਂ ਨੂੰ ਮਜ਼ਬੂਤ ਕੀਤਾ ਜਾਵੇਗਾ।ਇਸ ਤੋਂ ਇਲਾਵਾ ਮਕਰੌੜ ਸਾਹਿਬ ਤੋਂ ਕੜੈਲ ਤੱਕ 06.46 ਕਰੋੜ ਰੁਪਏ ਦੀ ਲਾਗਤ ਨਾਲ ਤੇ ਖਨੌਰੀ ਤੋਂ ਮਕਰੌੜ ਸਾਹਿਬ ਤੱਕ 04.13 ਕਰੋੜ ਰੁਪਏ ਦੀ ਲਾਗਤ ਨਾਲ ਘੱਗਰ ਦਰਿਆ ਦੇ ਕਿਨਾਰਿਆਂ ਦੀ ਮਜ਼ਬੂਤੀ ਦਾ ਕੰਮ ਕੀਤਾ ਜਾਵੇਗਾ।ਇਨ੍ਹਾਂ ਸਾਰਿਆਂ ਪ੍ਰੋਜੈਕਟਾਂ ਦੇ ਤਹਿਤ ਕੁੱਲ ਕਰੀਬ 42 ਕਿਲੋਮੀਟਰ ਲੰਬੇ ਹਿੱਸੇ ਵਿੱਚ ਦਰਿਆ ਦੇ ਕਿਨਾਰਿਆਂ ਨੂੰ ਹੋਰ ਮਜ਼ਬੂਤ ਤੇ ਉੱਚਾ ਕੀਤਾ ਜਾਵੇਗਾ।ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਹਿਲਾਂ ਵੀ ਘੱਗਰ ਦਰਿਆ ਦੇ ਕਿਨਾਰਿਆਂ ਦੀ ਮਜ਼ਬੂਤੀ ਲਈ ਕਰੀਬ 04 ਕਰੋੜ ਰੁਪਏ ਖਰਚੇ ਜਾ ਚੁੱਕੇ ਹਨ।ਉਨ੍ਹਾਂ ਦੱਸਿਆ ਕਿ ਇਨ੍ਹਾਂ ਯਤਨਾਂ ਦਾ ਹੀ ਨਤੀਜਾ ਸੀ ਕਿ ਸਾਲ 2025 ਦੌਰਾਨ ਆਏ ਭਾਰੀ ਹੜ੍ਹਾਂ ਸਮੇਂ, ਜਦੋਂ ਘੱਗਰ ਦਰਿਆ ਲਗਾਤਾਰ ਕਰੀਬ 10 ਦਿਨ ਤੱਕ ਖਤਰੇ ਦੇ ਨਿਸ਼ਾਨ ਤੋਂ ਉੱਪਰ ਵਗਦਾ ਰਿਹਾ, ਤਦ ਵੀ ਇਲਾਕੇ ਦੇ ਵਸਨੀਕਾਂ ਨੂੰ ਵੱਡੇ ਨੁਕਸਾਨ ਤੋਂ ਬਚਾਇਆ ਜਾ ਸਕਿਆ।

ਸ੍ਰੀ ਗੋਇਲ ਨੇ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਨੂੰ ਕੁਦਰਤੀ ਆਫ਼ਤਾਂ ਤੋਂ ਸੁਰੱਖਿਅਤ ਰੱਖਣਾ ਤੇ ਕਿਸਾਨਾਂ ਦੀ ਫ਼ਸਲਾਂ ਦੀ ਰੱਖਿਆ ਕਰਨੀ ਹੈ।ਉਨ੍ਹਾਂ ਕਿਹਾ ਕਿ ਘੱਗਰ ਦਰਿਆ ਦੇ ਕਿਨਾਰਿਆਂ ਦੀ ਮਜ਼ਬੂਤੀ ਨਾਲ ਨਾ ਸਿਰਫ਼ ਹੜ੍ਹਾਂ ਦੇ ਖਤਰੇ ਨੂੰ ਘਟਾਇਆ ਜਾਵੇਗਾ, ਸਗੋਂ ਇਲਾਕੇ ਵਿੱਚ ਖੇਤੀਬਾੜੀ ਨੂੰ ਵੀ ਮਜ਼ਬੂਤੀ ਮਿਲੇਗੀ।

# ਪੰਜਾਬ ਕਲਾ ਪ੍ਰੀਸ਼ਦ ਵੱਲੋਂ ਕਹਾਣੀ ਵਿਧਾ 'ਤੇ ਸੰਵਾਦ ਗੋਸ਼ਠੀ



**ਸਮਰਾਲਾ, (ਸੁਰਜੀਤ ਸਿੰਘ)**

ਸਾਹਿਤ ਸਭਾ (ਰਜਿ:) ਦੇ ਸਹਿਯੋਗ ਨਾਲ਼ ਪੰਜਾਬ ਕਲਾ ਪ੍ਰੀਸ਼ਦ ਚੰਡੀਗੜ੍ਹ ਤੇ ਪੰਜਾਬ ਸਾਹਿਤ ਅਕਾਦਮੀ ਵੱਲੋਂ 'ਪੰਜਾਬ ਦੀ ਨਵ-ਸਿਰਜਣਾ ਲਈ ਹਫ਼ਤਾਵਾਰੀ ਗੋਸ਼ਟੀ' ਤਹਿਤ 'ਸਿਰਜਣਾ ਅਤੇ ਸੰਵਾਦ' ਸੀਨੀਅਰ ਸੈਕੰਡਰੀ ਸਕੂਲ (ਲੜਕੇ) ਵਿਖੇ ਕਹਾਣੀ ਵਿਧਾ ਤੇ ਸੰਵਾਦ ਗੋਸ਼ਠੀ ਕੀਤੀ ਗਈ।

ਸਭਾ ਦੇ ਪ੍ਰੈੱਸ ਸਕੱਤਰ ਇੰਦਰਜੀਤ ਸਿੰਘ ਕੰਗ ਤੇ ਜਨਰਲ ਸਕੱਤਰ ਦੀਪ ਦਿਲਬਰ ਨੇ ਦੱਸਿਆ ਕਿ ਸਮਾਗਮ ਦਾ ਆਰੰਭ ਸਭਾ ਦੇ ਪ੍ਰਧਾਨ ਸਿਮਰਜੀਤ ਸਿੰਘ ਕੰਗ ਨੇ ਸਾਰਿਆਂ ਨੂੰ ਜੀ ਆਇਆਂ ਕਰਕੇ ਕੀਤਾ।ਸਮਾਗਮ ਦੇ ਸੰਚਾਲਕ ਪ੍ਰਸਿੱਧ ਕਹਾਣੀਕਾਰ ਕ੍ਰਿਪਾਲ ਕਜ਼ਾਕ ਸਨ ਤੇ ਕੋਆਰਡੀਨੇਟਰ ਕਹਾਣੀਕਾਰ ਬਲਵਿੰਦਰ ਸਿੰਘ ਗਰੇਵਾਲ ਸਨ।ਇਸ ਸੰਵਾਦ ਵਿੱਚ ਨਵਾਂ ਸ਼ਹਿਰ ਤੋਂ ਕਹਾਣੀਕਾਰ ਅਜਮੇਰ ਸਿੱਧੂ ਤੇ ਜੋਗੇ ਭੰਗਲ ਸ਼ਾਮਲ ਹੋਏ।ਕਹਾਣੀਕਾਰ ਕਿਰਪਾਲ ਕਜ਼ਾਕ ਨੇ ਸਮੁੱਚੇ ਪ੍ਰੋਗਰਾਮ ਦਾ ਸੰਚਾਲਨ ਕਰਦੇ ਹੋਏ ਸਵਾਲਾਂ ਤੇ ਜਵਾਬਾਂ ਬਾਰੇ ਹਾਜ਼ਰੀਨ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਤੇ ਸੰਵਾਦ ਦੀ ਰੂਪਰੇਖਾ, ਸਮਾਂ-ਸੀਮਾ ਤੋਂ ਜਾਣੂ ਕਰਾਇਆ।

ਨੌਜਵਾਨ ਆਲੋਚਕਾ ਡਾ. ਸੁਖਪਾਲ ਕੌਰ ਸਮਰਾਲਾ ਨੇ ਕਹਾਣੀਕਾਰ ਅਜਮੇਰ ਸਿੱਧੂ ਨੂੰ ਉਨ੍ਹਾਂ ਦੀ ਲਿਖਣ ਪ੍ਰਕਿਰਿਆ ਸੰਬੰਧੀ ਕਈ ਸਵਾਲ ਕੀਤੇ, ਜਿਨ੍ਹਾਂ ਦੇ ਉਨ੍ਹਾਂ ਨੇ ਵਿਸਥਾਰ ਸਹਿਤ ਜਵਾਬ ਦਿੱਤੇ।ਏਸੇ ਤਰ੍ਹਾਂ ਕਹਾਣੀਕਾਰ ਜੋਗੇ ਭੰਗਲ ਨੂੰ ਕੁਲਵਿੰਦਰ ਕੁੱਲਾ ਨੇ ਸਵਾਲ ਕੀਤੇ ਤੇ ਉਨ੍ਹਾਂ ਨੇ ਵੀ ਆਪਣੇ ਵੱਲੋਂ ਜਵਾਬ ਦਿੱਤੇ।ਹਾਜ਼ਰੀਨ ਵੱਲੋਂ ਵੀ ਦੋਵੇਂ ਵਕਤਾ ਨੂੰ ਸਵਾਲ ਕੀਤੇ ਗਏ। ਸਮਾਗਮ ਦੌਰਾਨ ਖਾਸਕਰ ਕਿਰਪਾਲ ਕਜ਼ਾਕ ਦੇ ਤਿੱਖੇ ਸਵਾਲਾਂ ਦਾ ਸਾਹਮਣਾ ਕਰਨਾ ਬੜਾ ਔਖਾ ਸੀ।ਪ੍ਰੋਗਰਾਮ ਕੋਆਰਡੀਨੇਟਰ ਬਲਵਿੰਦਰ ਸਿੰਘ ਗਰੇਵਾਲ਼ ਵੱਲੋਂ ਵੀ ਲਿਖਣ ਪ੍ਰਕਿਰਿਆ ਸੰਬੰਧੀ ਕਈ ਨੁਕਤੇ ਸਾਂਝੇ ਕੀਤੇ ਗਏ। ਦੋਵੇਂ ਵਿਦਵਾਨਾਂ ਤੋਂ ਨਵੇਂ ਲੇਖਕਾਂ ਨੂੰ ਬਹੁਤ ਕੁਝ ਸਿੱਖਣ ਨੂੰ ਮਿਲਿਆ। ਪ੍ਰੋਗਰਾਮ ਦੇ ਦੂਜੇ ਸੈਸ਼ਨ ਵਿੱਚ ਹਰਬੰਸ ਸ਼ਾਨ ਬਗਲੀ ਨੇ ਕਵਿਤਾ 'ਨੈਤਿਕਤਾ' ਸੁਣਾਈ।

ਅਮਰਜੀਤ ਕੌਰ ਮੋਰਿੰਡਾ ਨੇ ਗ਼ਜ਼ਲ 'ਬੋਤਲਾਂ ਦੇ ਨਾਲ਼ ਪਾਣੀ ਬੂਟਿਆਂ ਨੂੰ ਲਾ ਰਿਹਾ ਹੈ, ਆਉਣ ਵਾਲ਼ੀ ਨਸਲ ਖ਼ਾਤਰ ਪੂਰਨੇ ਉਹ ਪਾ ਰਿਹਾ ਹੈ।' ਸ਼ਾਇਰ ਕੁਲਵਿੰਦਰ ਕੁੱਲਾ ਨੇ ਖ਼ੂਬਸੂਰਤ ਗ਼ਜ਼ਲ ਜਿਸਦਾ ਮਤਲਾ ਸੀ 'ਤੂੰ ਮਹਿਕਾਂ ਭਾਲ਼ ਨਾ ਕਲਮਾਂ 'ਚੋਂ ਹਾਲੇ, ਫੁਟਾਰਾ ਹੋਣ ਦੇ ਅੱਖਾਂ 'ਚੋਂ ਹਾਲੇ।' ਤਰੰਨਮ 'ਚ ਪੇਸ਼ ਕਰਕੇ ਸਭ ਦੀ ਵਾਹ-ਵਾਹ ਖੱਟੀ। ਕਹਾਣੀਕਾਰ ਰਵਿੰਦਰ ਰੁਪਾਲ ਕੌਲਗੜ੍ਹ ਨੇ ਆਪਣੀ ਨਵੀਂ ਲਿਖੀ ਕਹਾਣੀ 'ਚੋਟੂ' ਪੜ੍ਹੀ, ਜਿਸ 'ਤੇ ਨਿੱਠ ਕੇ ਵਿਚਾਰ ਚਰਚਾ ਹੋਈ।ਵਿਚਾਰ ਚਰਚਾ ਵਿੱਚ ਕਹਾਣੀਕਾਰ ਮੁਖ਼ਤਿਆਰ ਸਿੰਘ, ਸੁਰਿੰਦਰ ਰਾਮਪੁਰੀ, ਜਤਿੰਦਰ ਹਾਂਸ, ਤਰਨ ਬੱਲ, ਅਮਨਦੀਪ ਸਮਰਾਲਾ, ਡਾ. ਪਰਮਿੰਦਰ ਸਿੰਘ ਬੈਨੀਪਾਲ, ਇੰਦਰਜੀਤ ਸਿੰਘ ਕੰਗ, ਪੰਜਾਬੀ ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਦੇ ਪ੍ਰਧਾਨ ਗੁਰਸੇਵਕ ਸਿੰਘ ਢਿੱਲੋਂ, ਸੁਖਦੇਵ ਸਿੰਘ ਕਲੇਰ, ਦੀਪ ਦਿਲਬਰ, ਦਰਸ਼ਨ ਸਿੰਘ ਕੰਗ, ਨੇਤਰ ਸਿੰਘ ਨੇਤਰ, ਗੁਰਦੀਪ ਮਹੌਣ, ਅਵਤਾਰ ਸਿੰਘ ਉਟਾਲਾਂ, ਲਖਵਿੰਦਰਪਾਲ ਸਿੰਘ ਖਾਲਸਾ, ਰਛਪਾਲ ਕੌਰ ਸਮਰਾਲਾ, ਮੋਹਣ ਸਿੰਘ ਕੋਟਾਲਾ ਆਦਿ ਨੇ ਵੀ ਭਾਗ ਲਿਆ।

## ਗਹਿਣਿਆਂ ਤੇ ਨਕਦੀ ਸਮੇਤ ਚੋਰ ਕਾਬੂ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਐਸ.ਐਸ.ਪੀ ਅਜੈ ਗਾਂਧੀ ਤੇ ਉਪ ਕਪਤਾਨ ਅਨਵਰ ਅਲੀ ਦੀ ਅਗਵਾਈ ਹੇਠ ਪੂਰਨ ਸਿੰਘ ਧਾਲੀਵਾਲ ਮੁੱਖ ਅਫ਼ਸਰ ਥਾਣਾ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਸ਼ਿਕਾਇਤ ਪੱਤਰ 'ਚ ਕੁਲਵੰਤ ਕੌਰ ਨਿਵਾਸੀ ਪਿੰਡ ਰਾਮਗੜ੍ਹ ਭੁੱਲਰ ਨੇ ਦੱਸਿਆ ਕਿ ਉਹ 20 ਮਾਰਚ ਨੂੰ ਪਰਵਾਰ ਸਮੇਤ ਮਕਾਨ ਨੂੰ ਤਾਲੇ ਲਾ ਕੇ ਨਿਹਾਲ ਸਿੰਘ ਵਾਲਾ ਤੋਂ ਪਿੰਡ ਰਾਮਗੜ੍ਹ ਭੁੱਲਰ ਜਗਰਾਓਂ ਗਈ ਸੀ, ਜਦੋਂ ਉਹ ਘਰ ਵਾਪਸ ਆਈ ਤਾਂ ਵੇਖਿਆ ਘਰ ਦੇ ਮੇਨ ਗੇਟ ਦਾ ਤਾਲਾ ਟੁੱਟਿਆ ਹੋਇਆ ਸੀ। ਜਦੋਂ ਚੈੱਕ ਕੀਤਾ ਤਾਂ ਉਸ 'ਚੋਂ ਸੋਨੇ ਦੇ ਗਹਿਣੇ ਤੇ ਨਕਦੀ ਗਾਇਬ ਸੀ। ਮੈਂ ਬਰੀਕੀ ਨਾਲ ਅਲਮਾਰੀ ਦੀ ਜਾਂਚ ਕੀਤੀ ਤਾਂ ਪਤਾ ਲੱਗਾ ਕਿ ਗਹਿਣਿਆਂ ਨਾਲ ਉਸ 'ਚੋਂ 18-19 ਹਜ਼ਾਰ ਰੁਪਏ ਨਕਦ ਅਣਪਛਾਤੇ ਚੋਰ ਚੋਰੀ ਕਰਕੇ ਲੈ ਗਏ ਸਨ, ਜਦੋਂ ਮੈਂ ਕਮਰੇ 'ਚ ਪਏ ਬੈੱਡ ਦੀ ਢੋਹ ਖੋਲ੍ਹ ਕੇ ਚੈੱਕ ਕੀਤੀ, ਉਸ 'ਚੋਂ 15-20 ਹਜ਼ਾਰ ਦੇ ਸੂਟ ਜੋ ਲੋਕਾਂ ਸਿਲਾਈ ਲਈ ਮੈਨੂੰ ਦਿੱਤੇ ਗਏ ਸੀ, ਉਹ ਵੀ ਉੱਥੋਂ ਗਾਇਬ ਸੀ, ਜਿਸ 'ਤੇ ਮੈਂ ਇਜਦੀ ਜਾਂਚ ਕੀਤੀ ਤਾਂ ਪਤਾ ਲੱਗਾ ਕਿ ਇਹ ਚੋਰੀ ਜਸਵਿੰਦਰ ਸਿੰਘ ਉਰਫ ਭੋਲਾ ਨਿਵਾਸੀ ਪਿੰਡ ਮਧੇਕੇ ਵੱਲੋਂ ਕੀਤੀ ਗਈ ਹੈ। ਮੈਂ ਜਾਣਕਾਰੀ ਪੁਲਸ ਨੂੰ ਦਿੱਤੀ ਨਿਹਾਲ ਸਿੰਘ ਵਾਲਾ ਥਾਣਾ ਮੁਖੀ ਪੂਰਨ ਸਿੰਘ ਧਾਲੀਵਾਲ ਨੇ ਦੱਸਿਆ ਕਿ ਚੋਰੀ ਦੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਉਹ ਪੁਲਸ ਪਾਰਟੀ ਸਮੇਤ ਮੌਕੇ ਤੇ ਪੁੱਜੇ ਅਤੇ ਜਾਂਚ ਦੇ ਇਲਾਵਾ ਆਸ-ਪਾਸ ਦਾ ਨਿਰੀਖਣ ਕੀਤਾ ਤੇ ਇਲਾਕੇ 'ਚ ਲੱਗੇ ਸੀ.ਸੀ.ਟੀ.ਵੀ ਕੈਮਰੇ ਵੀ ਚੈੱਕ ਕੀਤੇ। ਇਸ ਦੀ ਜਾਂਚ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੂੰ ਕਰਨ ਦਾ ਆਦੇਸ਼ ਦਿੱਤਾ ਤਾ ਉਨ੍ਹਾਂ ਤੁਰੰਤ ਗੁਪਤ ਸੂਚਨਾ ਆਧਾਰ 'ਤੇ ਕਥਿਤ ਮੁਲਜ਼ਮ ਜਸਵਿੰਦਰ ਸਿੰਘ ਉਰਫ਼ ਭੋਲਾ ਨੂੰ ਜਾ ਦਬੋਚਿਆ ਤੇ ਉਸ ਕੋਲੋਂ ਸੋਨੇ ਦੇ ਗਹਿਣਿਆਂ ਦੇ ਇਲਾਵਾ 15 ਹਜ਼ਾਰ ਰੁਪਏ ਦੇ ਕਰੀਬ ਨਕਦੀ ਬਰਾਮਦ ਕੀਤੀ, ਜਦਕਿ ਹੋਰ ਸਾਮਾਨ ਦੀ ਬਰਾਮਦਗੀ ਬਾਕੀ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਕਥਿਤ ਮੁਲਜ਼ਮ ਨੂੰ ਪੁੱਛਗਿੱਛ ਦੇ ਬਾਅਦ ਅਦਾਲਤ 'ਚ ਪੇਸ਼ ਕਰਕੇ ਦੋ ਦਿਨ ਦਾ ਪੁਲਸ ਰਿਮਾਂਡ ਹਾਸਲ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪੁੱਛਗਿੱਛ ਦੌਰਾਨ ਹੋਰ ਵੀ ਕਈ ਹੋਰ ਅਹਿਮ ਸੁਰਾਗ ਮਿਲਣ ਦੀ ਸੰਭਾਵਨਾ ਹੈ।

## ਬਾਬਾ ਮੋਨੀ ਜੀ ਕਾਲਜ 'ਚ ਵਿਸ਼ਵ ਕਵਿਤਾ ਦਿਵਸ ਮਨਾਇਆ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਬਾਬਾ ਮੋਨੀ ਜੀ ਮਹਾਰਾਜ ਡਿਗਰੀ ਤੇ ਐਜੂਕੇਸ਼ਨ ਕਾਲਜ ਵਿਖੇ ਵਿਸ਼ਵ ਕਵਿਤਾ ਦਿਵਸ ਬੜੇ ਹੀ ਉਤਸ਼ਾਹ ਤੇ ਰਚਨਾਤਮਕ ਮਾਹੌਲ ਵਿੱਚ ਮਨਾਇਆ ਗਿਆ। ਵਿਦਿਆਰਥੀਆਂ ਵਿੱਚ ਸਾਹਿਤ ਤੇ ਕਲਾ ਪ੍ਰਤੀ ਰੁਝਾਨ ਵਧਾਉਣ ਲਈ ਕਵਿਤਾ ਲਿਖਣ ਤੇ ਕਵਿਤਾ ਪਾਠ ਮੁਕਾਬਲੇ ਕਰਾਏ ਗਏ। ਪ੍ਰੋਗਰਾਮ 'ਚ ਕਾਲਜ ਦੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਭਾਗ ਲਿਆ। ਮੁਕਾਬਲਿਆਂ ਦੌਰਾਨ ਵਿਦਿਆਰਥੀਆਂ ਨੇ ਆਪਣੇ ਜਜ਼ਬਾਤਾਂ, ਸਮਾਜਿਕ ਮੁੱਦਿਆਂ ਤੇ ਪ੍ਰਕਿਰਤੀ ਪ੍ਰੇਮ ਨੂੰ ਕਵਿਤਾਵਾਂ ਰਾਹੀਂ ਬਹੁਤ ਹੀ ਸੁੰਦਰ ਢੰਗ ਨਾਲ ਪ੍ਰਗਟ ਕੀਤਾ। ਭਾਗੀਦਾਰਾਂ ਦੀ ਪ੍ਰਸਤੁਤੀ ਨੇ ਦਰਸ਼ਕਾਂ ਨੂੰ ਮੋਹ ਲਿਆ ਤੇ ਸਮੂਹ ਮਾਹੌਲ ਸਾਹਿਤਕ ਰੰਗ ਵਿੱਚ ਰੰਗਿਆ ਰਿਹਾ। ਕਾਲਜ ਦੇ ਪ੍ਰਿੰਸੀਪਲ ਡਾ. ਰਜਨੀ ਚੌਧਰੀ ਤੇ ਅਧਿਆਪਕਾਂ ਨੇ ਵਿਦਿਆਰਥੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਵਿਦਿਆਰਥੀਆਂ ਦੀ ਰਚਨਾਤਮਕ ਸੋਚ ਨੂੰ ਨਿਖਾਰਦੇ ਹਨ ਤੇ ਉਨ੍ਹਾਂ ਨੂੰ ਆਪਣੇ ਵਿਚਾਰ ਪ੍ਰਗਟ ਕਰਨ ਦਾ ਮੌਕਾ ਦਿੰਦੇ ਹਨ। ਮੁਕਾਬਲੇ ਦੇ ਅੰਤ ਵਿੱਚ ਜੇਤੂ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਤ ਵੀ ਕੀਤਾ ਗਿਆ।

## ਐੱਮ ਐੱਸ ਐੱਮ ਈਜ਼ ਲਈ ਇੱਕ ਰੋਜ਼ਾ ਸਮਰੱਥਾ ਵਿਕਾਸ ਪ੍ਰੋਗਰਾਮ ਦਾ ਆਯੋਜਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਉਦਯੋਗ ਤੇ ਵਣਜ ਵਿਭਾਗ ਵੱਲੋਂ ਮਹਾਤਮਾ ਗਾਂਧੀ ਰਾਜ ਲੋਕ ਪ੍ਰਸ਼ਾਸਨ ਸੰਸਥਾਨ, ਪੰਜਾਬ ਦੇ ਸਹਿਯੋਗ ਨਾਲ ਸੂਖਮ, ਛੋਟੇ ਤੇ ਮਧਿਅਮ ਉਦਯੋਗਾਂ ਦੀ ਸਮਰੱਥਾ ਵਧਾਉਣ ਅਤੇ ਜਾਗਰੂਕਤਾ ਪੈਦਾ ਕਰਨ ਲਈ ਰੈਜ਼ਿੰਗ ਐਂਡ ਐਕਸਲਰੇਟਿੰਗ ਐੱਮ.ਐੱਸ.ਐੱਮ.ਈਜ਼ ਪਰਫਾਰਮੈਂਸ (ਰੈਂਪ) ਸਕੀਮ ਹੇਠ ਮਲੋਟ ਇੰਸਟੀਟਿਊਟ ਆਫ਼ ਮੈਨੇਜਮੈਂਟ ਤੇ ਇਨਫੋਰਮੇਸ਼ਨ ਟੈਕਨਾਲੋਜੀ, ਮਲੋਟ ਵਿਖੇ ਵਿਸ਼ੇਸ਼ ਇਕਰੋਜ਼ਾ ਸਮਰੱਥਾ ਵਿਕਾਸ ਪ੍ਰੋਗਰਾਮ ਦਾ ਆਯੋਜਨ ਕੀਤਾ ਜਾ ਰਿਹਾ ਹੈ।ਜਨਰਲ ਮੈਨੇਜਰ ਜ਼ਿਲ੍ਹਾ ਉਦਯੋਗ ਕੇਂਦਰ ਸ੍ਰੀ ਦੀਪ ਸਿੰਘ ਗਿੱਲ ਵੱਲੋਂ ਦੱਸਿਆ ਗਿਆ ਕਿ ਇਸ ਸਮਰੱਥਾ ਵਿਕਾਸ ਪ੍ਰੋਗਰਾਮ ਦੌਰਾਨ ਮਾਹਿਰਾਂ ਵੱਲੋਂ ਰੈਂਪ ਸਕੀਮ ਸਬੰਧੀ ਜਾਣਕਾਰੀ ਤੋਂ ਇਲਾਵਾ ਉਦਯੋਗਪਤੀਆਂ ਨੂੰ ਐੱਮ.ਐੱਸ.ਐੱਮ.ਈ ਉਤਪਾਦਾਂ ਦੀ ਮਾਰਕੀਟਿੰਗ ਤੇ ਬ੍ਰਾਂਡਿੰਗ, ਉਦਮਤਾ ਅਤੇ ਸਟਾਰਟਅਪ ਦੇ ਮੌਕੇ 'ਤੇ ਸੰਭਾਵਨਾਵਾਂ, ਸਰਕਾਰੀ ਯੋਜਨਾਵਾਂ ਜਿਵੇਂ ਪ੍ਰਧਾਨ ਮੰਤਰੀ ਰੋਜ਼ਗਾਰ ਉਦਪੱਤੀ ਪ੍ਰੋਗਰਾਮ ਤੇ ਪ੍ਰਧਾਨ ਮੰਤਰੀ ਫੋਰਮਲਾਈਜੇਸ਼ਨ ਆਫ਼ ਮਾਇਕ੍ਰੋ ਫੂਡ ਇੰਟਰਪਰਾਈਜ, ਪੰਜਾਬ ਦੀ ਉਦਯੋਗਿਕ ਪਾਲਿਸੀ ਆਦਿ ਵਿਸ਼ਿਆਂ ਸਬੰਧੀ ਜਾਣਕਾਰੀ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਪ੍ਰੋਗਰਾਮ ਦਾ ਮੁੱਖ ਉਦੇਸ਼ ਉਦਯੋਗਪਤੀਆਂ, ਨੌਜਵਾਨਾਂ ਤੇ ਸਟਾਰਟਅਪਸ ਨੂੰ ਸਰਕਾਰੀ ਯੋਜਨਾਵਾਂ, ਵਿੱਤੀ ਸਹਾਇਤਾ ਤੇ ਮਾਰਕੀਟ ਦੇ ਮੌਕਿਆਂ ਬਾਰੇ ਜਾਣਕਾਰੀ ਦੇ ਕੇ ਉਨ੍ਹਾਂ ਦੀ ਕਾਰੋਬਾਰੀ ਸਮਰੱਥਾ ਨੂੰ ਮਜ਼ਬੂਤ ਕਰਨਾ ਹੈ

## ਸ਼ਹੀਦੀ ਦਿਹਾੜਾ ਸਾਨੂੰ ਆਪਣੇ ਫਰਜ਼ਾਂ ਦੀ ਯਾਦ ਦਿਵਾਉਂਦੈ : ਸੰਧੂ



**ਸਨੌਰ (ਰਾਜਿੰਦਰ ਸਿੰਘ ਸੰਧੂ)**-ਦੇਸ਼ ਦੇ ਮਹਾਨ ਕ੍ਰਾਂਤੀਕਾਰੀ ਸ਼ਹੀਦ ਭਗਤ ਸਿੰਘ, ਸੁਖਦੇਵ ਸਿੰਘ ਤੇ ਰਾਜਗੁਰੂ ਦੇ ਸ਼ਹੀਦੀ ਦਿਹਾੜੇ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ, ਪੰਜਾਬ ਸਟੇਟ ਕੰਟੇਨਰ ਤੇ ਵੇਅਰਹਾਊਸਿੰਗ ਕਾਰਪੋਰੇਸ਼ਨ ਲਿਮਟਿਡ ਇੰਦਰਜੀਤ ਸਿੰਘ ਸੰਧੂ ਦੇ ਘਰ ਵਿਸ਼ੇਸ਼ ਤੌਰ 'ਤੇ ਸ਼ਰਧਾਂਜਲੀ ਸਮਾਗਮ ਕੀਤਾ ਗਿਆ, ਜਿੱਥੇ ਵੱਖ-ਵੱਖ ਇਲਾਕਿਆਂ ਤੋਂ ਪਹੁੰਚੇ ਆਗੂਆਂ ਤੇ ਵਰਕਰਾਂ ਵੱਲੋਂ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।ਸਮਾਗਮ ਦੌਰਾਨ ਹਾਜ਼ਰੀਨ ਨੇ ਸ਼ਹੀਦਾਂ ਦੀਆਂ ਤਸਵੀਰਾਂ ਅੱਗੇ ਦੀਵੇ ਜਗਾ ਕੇ ਤੇ ਫੁੱਲ ਚੜ੍ਹਾ ਕੇ ਉਨ੍ਹਾਂ ਦੀ ਕੁਰਬਾਨੀ ਨੂੰ ਯਾਦ ਕੀਤਾ।ਇੰਦਰਜੀਤ ਸਿੰਘ ਸੰਧੂ ਨੇ ਇਸ ਮੌਕੇ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦ ਭਗਤ ਸਿੰਘ, ਸੁਖਦੇਵ ਤੇ ਰਾਜਗੁਰੂ ਨੇ ਦੇਸ਼ ਦੀ ਆਜ਼ਾਦੀ ਲਈ ਆਪਣੀ ਜਵਾਨੀ ਕੁਰਬਾਨ ਕਰ ਦਿੱਤੀ, ਜਿਸ ਕਰਕੇ ਅਸੀਂ ਅੱਜ ਆਜ਼ਾਦ ਹਵਾ ਵਿੱਚ ਸਾਹ ਲੈ ਰਹੇ ਹਾਂ। ਉਨ੍ਹਾਂ ਕਿਹਾ ਕਿ ਇਹ ਸ਼ਹੀਦੀ ਦਿਹਾੜਾ ਸਾਨੂੰ ਆਪਣੇ ਫਰਜ਼ਾਂ ਦੀ ਯਾਦ ਦਿਵਾਉਂਦਾ ਹੈ ਤੇ ਦੇਸ਼ ਪ੍ਰਤੀ ਸਮਰਪਣ ਦੀ ਪ੍ਰੇਰਨਾ ਦਿੰਦਾ ਹੈ।ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਸ਼ਹੀਦਾਂ ਦੇ ਦੱਸੇ ਰਾਹ 'ਤੇ ਚੱਲਦਿਆਂ ਇਮਾਨਦਾਰੀ, ਹਿੰਮਤ ਤੇ ਦੇਸ਼ਭਗਤੀ ਨਾਲ ਜੀਵਨ ਬਤੀਤ ਕਰਨ।ਅੰਤ ਵਿੱਚ ਸਮਾਗਮ 'ਚ ਸ਼ਾਮਲ ਸਾਰੇ ਲੋਕਾਂ ਵੱਲੋਂ ਦੋ ਮਿੰਟ ਦਾ ਮੌਨ ਰੱਖ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਗਈ।ਇਸ ਮੌਕੇ ਕੁਲਵੰਤ ਸਿੰਘ ਕੌਂਸਲਰ ਨਗਰ ਨਿਗਮ ਪਟਿਆਲਾ, ਅਮਰਜੀਤ ਸਿੰਘ ਸ਼ੇਰੇ ਪੰਜਾਬ ਮਾਰਕਿਟ, ਜੱਸੀ ਮਰਦਾਂਹੇੜੀ, ਸੰਦੀਪ ਕੁਮਾਰ ਸਨੌਰ, ਗੁਰਮੀਤ ਸਿੰਘ ਨਾਨਕਸਰ, ਮਨਜੀਤ ਸਿੰਘ ਸੰਧੂ, ਭੀਮ ਤਾਜਲਪੁਰ, ਮਨਪ੍ਰੀਤ ਸਿੰਘ ਮਹਿਮਦਪੁਰ, ਮਨਦੀਪ ਖਾਨ ਬੋਸਰ, ਅਮਰ ਅਲੀ ਆਦਿ ਹਾਜ਼ਰ ਸਨ।

## ਸ਼ਹੀਦੀ ਦਿਹਾੜੇ ਨੂੰ ਸਮਰਪਤ ਖ਼ੂਨਦਾਨ ਕੈਂਪ ਤੇ ਨਾਟਕ ਮੇਲਾ



**ਧੂਰੀ (ਸੁਖਦੇਵ ਧੂਰੀ, ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸ਼ਹੀਦ ਭਗਤ ਸਿੰਘ ਸੋਸ਼ਿਲ ਐਂਡ ਵੈਲਫੇਅਰ ਸੁਸਾਇਟੀ ਪਿੰਡ ਬਮਾਲ ਪਿੰਡ ਵੱਲੋਂ ਸ਼ਹੀਦ ਭਗਤ ਸਿੰਘ ਤੇ ਉਸ ਦੇ ਸਾਥੀਆਂ ਨੂੰ ਸਮਰਪਤ ਖ਼ੂਨਦਾਨ ਕੈਂਪ ਤੇ ਨਾਟਕ ਮੇਲਾ ਕਰਵਾਇਆ ਗਿਆ।ਖ਼ੂਨਦਾਨ ਕੈਂਪ ਵਿੱਚ ਕਸ਼ਮੀਰੀ ਹਸਪਤਾਲ ਸੁਨਾਮ ਦੇ ਬਲੱਡ ਬੈਂਕ ਦੀ ਟੀਮ ਨੇ ਡਾਕਟਰ ਅਵਤਾਰ ਸਿੰਘ ਦੀ ਅਗਵਾਈ ਹੇਠ ਖ਼ੂਨ ਪ੍ਰਾਪਤ ਕੀਤਾ।ਇਸ ਮੌਕੇ ਸ਼ਹੀਦ ਭਗਤ ਸਿੰਘ ਸੋਸ਼ਲ ਐਂਡ ਵੈੱਲਫੇਅਰ ਸੁਸਾਇਟੀ ਦੇ ਸਕੱਤਰ ਸੁਖਦੇਵ ਸਿੰਘ ਨੇ ਦੱਸਿਆ ਕਿ ਖ਼ੂਨਦਾਨ ਮਹਾਂ ਦਾਨ ਹੈ, ਕਿਉਂਕਿ ਅਜੇ ਤੱਕ ਕਿਸੇ ਵੀ ਪ੍ਰਯੋਗਸ਼ਾਲਾ ਵਿੱਚ ਖ਼ੂਨ ਬਣਾਇਆ ਨਹੀਂ ਜਾ ਸਕਿਆ।ਇਸ ਲਈ ਤੰਦਰੁਸਤ ਵਿਅਕਤੀਆਂ ਦੁਆਰਾ ਦਿੱਤਾ ਖ਼ੂਨ ਹੀ ਲੋੜਵੰਦ ਬੀਮਾਰ ਵਿਅਕਤੀਆਂ ਦੀ ਜ਼ਿੰਦਗੀ ਬਚਾਉਣ ਵਿੱਚ ਮਦਦਗਾਰ ਸਾਬਿਤ ਹੁੰਦਾ ਹੈ।ਉਨ੍ਹਾਂ ਤੰਦਰੁਸਤ ਵਿਅਕਤੀਆਂ ਨੂੰ ਖ਼ੂਨ ਦਾਨ ਕਰਨ ਲਈ ਪ੍ਰੇਰਿਆ ਤੇ ਖ਼ੂਨਦਾਨੀਆਂ ਦਾ ਧੰਨਵਾਦ ਕੀਤਾ। ਇਸ ਦੇ ਨਾਲ ਹੀ ਦੁਪਹਿਰ ਨੂੰ ਸ਼ਹੀਦ ਭਗਤ ਸਿੰਘ ਤੇ ਉਸ ਦੇ ਸਾਥੀਆਂ ਨੂੰ ਸਮਰਪਤ ਨਾਟਕ ਮੇਲਾ ਪਿੰਡ ਬਮਾਲ ਦੇ ਕੱਚੇ ਦਰਵਾਜ਼ੇ ਵਿਖੇ ਕਰਵਾਇਆ ਗਿਆ।ਨਾਟਕ ਜੁਝਾਰ ਸਿੰਘ ਨਮੋਲ ਦੀ ਨਿਰਦੇਸ਼ਨਾਂ ਹੇਠ ਉਸ ਦੀ ਟੀਮ ਵੱਲੋਂ ਖੇਡੇ ਗਏ।ਪ੍ਰੋਗਰਾਮ ਦੇ ਅੰਤ ਵਿੱਚ ਸ਼ਹੀਦ ਭਗਤ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਦੀ ਫਾਂਸੀ ਨੂੰ ਦਰਸਾਉਂਦੀ ਕੋਰਿਓਗ੍ਰਾਫ਼ੀ ਪੇਸ਼ ਕੀਤੀ ਗਈ।ਸਮੁੱਚੀ ਪੇਸ਼ਕਾਰੀ ਨੇ ਦਰਸ਼ਕਾਂ ਦਾ ਮਨ ਮੋਹ ਲਿਆ ਤੇ ਦਰਸ਼ਕਾਂ ਨੂੰ ਭਾਵੁਕ ਕਰ ਦਿੱਤਾ।ਇਸ ਮੌਕੇ ਡੀ ਡੀ ਐੱਸ ਨਿਊਜ਼ ਦੇ ਚੀਫ ਐਡੀਟਰ ਸੁਖਵਿੰਦਰ ਸਿੰਘ ਪਲਾਹੇ, ਪਿੰਡ ਬਮਾਲ ਦੇ ਵਿਦਿਆਰਥੀ ਗੁਰਪ੍ਰੀਤ ਸਿੰਘ ਤੇ ਜੁਝਾਰ ਸਿੰਘ ਨਮੋਲ ਦੀ ਟੀਮ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਹਰਵਿੰਦਰ ਸਿੰਘ ਪਾਲ ਨੇ ਨੌਜਵਾਨਾਂ ਨੂੰ ਨਸ਼ਿਆਂ ਤੇ ਸੋਸ਼ਲ ਮੀਡੀਆ ਦੇ ਮਾੜੇ ਪ੍ਰਭਾਵਾਂ ਬਾਰੇ ਜਾਗ੍ਰਿਤ ਕੀਤਾ।ਸਟੇਜ ਸਕੱਤਰ ਦੀ ਭੂਮਿਕਾ ਮਾਸਟਰ ਮਿਸਰਾ ਸਿੰਘ ਨੇ ਬਾਖ਼ੂਬੀ ਨਿਭਾਈ।

# ਵੱਖ-ਵੱਖ ਜਥੇਬੰਦੀਆਂ ਨੇ ਸਾਂਝੇ ਤੌਰ 'ਤੇ ਮਨਾਇਆ ਸ਼ਹੀਦੀ ਦਿਹਾੜਾ

**ਤਲਵੰਡੀ ਸਾਬੋ/ਬਠਿੰਡਾ (ਜਗਦੀਪ ਗਿੱਲ)**



ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ 'ਤੇ ਸ਼ਹੀਦਾਂ ਨੂੰ ਯਾਦ ਕਰਦਿਆਂ ਸੰਯੁਕਤ ਕਿਸਾਨ ਮੋਰਚਾ ਵਿੱਚ ਸ਼ਾਮਲ ਜ਼ਿਲ੍ਹਾ ਬਠਿੰਡਾ ਦੀਆਂ ਕਿਸਾਨ ਜਥੇਬੰਦੀਆਂ, ਮਜ਼ਦੂਰ ਜਥੇਬੰਦੀਆਂ ਤੇ ਟ੍ਰੇਡ ਯੂਨੀਅਨਾ ਵੱਲੋਂ ਸਾਂਝੇ ਤੌਰ 'ਤੇ ਸਾਮਰਾਜ ਵਿਰੋਧੀ ਦਿਨ ਜ਼ਿਲ੍ਹਾ ਕਚਹਿਰੀਆਂ ਬਠਿੰਡਾ ਵਿਖੇ ਅੰਬੇਡਕਰ ਪਾਰਕ ਵਿੱਚ ਮਨਾਇਆ ਗਿਆ।ਇਸ ਸਮੇਂ ਜੁੜੇ ਹੋਏ ਕਿਸਾਨਾਂ, ਮਜ਼ਦੂਰਾਂ ਤੇ ਮੁਲਾਜ਼ਮਾਂ ਨੂੰ ਸੰਬੋਧਨ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਜਨਰਲ ਸਕੱਤਰ ਬਲਕਰਨ ਸਿੰਘ ਬਰਾੜ, ਬੀਕੇਯੂ ਡਕੌਂਦਾ ਦੇ ਸੂਬਾ ਮੀਤ ਪ੍ਰਧਾਨ ਬਲਦੇਵ ਸਿੰਘ ਭਾਈ ਰੂਪਾ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸਵਰਨ ਸਿੰਘ ਪੂਹਲੀ, ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੁਖਮੰਦਰ ਸਿੰਘ ਧਾਲੀਵਾਲ, ਬੀਕੇਯੂ ਮਾਲਵਾ ਦੇ ਸੂਬਾ ਕਮੇਟੀ ਮੈਂਬਰ ਜਗਜੀਤ ਸਿੰਘ ਕੋਟਸ਼ਮੀਰ, ਮਜ਼ਦੂਰ ਆਗੂ ਮਿੱਠੂ ਸਿੰਘ ਘੁੱਦਾ, ਪ੍ਰਕਾਸ਼ ਸਿੰਘ, ਮੁਲਾਜ਼ਮ ਆਗੂ ਚੰਦਰ ਸ਼ਰਮਾ, ਹਰਨੇਕ ਸਿੰਘ ਗਹਿਰੀ, ਭੁਪਿੰਦਰ ਸਿੰਘ, ਜਮਹੂਰੀ ਅਧਿਕਾਰ ਸਭਾ ਵੱਲੋਂ ਪ੍ਰਿਤਪਾਲ ਸਿੰਘ, ਕਿਸਾਨ ਆਗੂ ਜਸਵੀਰ ਸਿੰਘ ਰਾਜ ਮਹਿੰਦਰ ਸਿੰਘ ਕੋਟਭਾਰਾ ਨੇ ਬੋਲਦਿਆਂ ਦੋਸ਼ ਲਾਇਆ ਕਿ ਅਮਰੀਕਾ ਦਾ ਰਾਸ਼ਟਰਪਤੀ ਡੋਨਾਲਡ ਟਰੰਪ ਤੇ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਨਿਤਨਯਾਹੂ ਦੀ ਅਗਵਾਈ ਵਿੱਚ ਸਾਮਰਾਜੀ ਜੁੰਡਲੀ ਨੇ ਈਰਾਨ, ਫਲਸਤੀਨ ਤੇ ਲਿਬਨਾਨ ਵਿੱਚ ਜੰਗ ਛੇੜ ਕੇ ਪੂਰੀ ਦੁਨੀਆ ਨੂੰ ਵਿਸ਼ਵ ਜੰਗ ਵੱਲ ਧੱਕ ਦਿੱਤਾ ਹੈ।ਵੱਡੇ ਪੱਧਰ 'ਤੇ ਆਮ ਨਾਗਰਿਕਾਂ ਨੂੰ ਮਾਰਿਆ ਜਾ ਰਿਹਾ।

ਸਕੂਲਾਂ ਤੇ ਹਸਪਤਾਲਾਂ ਉੱਪਰ ਹਮਲੇ ਕਰਕੇ ਬੇਦੋਸ਼ੇ ਬੱਚਿਆਂ ਤੇ ਔਰਤਾਂ ਦਾ ਘਾਣ ਕੀਤਾ ਜਾ ਰਿਹਾ ਹੈ।ਇਹ ਸਾਮਰਾਜੀ ਜੁੰਡਲੀ ਦੁਨੀਆ ਦੇ ਵੱਖ-ਵੱਖ ਦੇਸ਼ਾਂ ਉੱਪਰ ਤਰ੍ਹਾਂ ਤਰ੍ਹਾਂ ਦੀਆਂ ਪਾਬੰਦੀਆਂ ਮੜ੍ਹ ਕੇ ਸਾਮਰਾਜੀ ਧੌਂਸ ਨਾਲ ਆਪਣੀਆਂ ਆਰਥਿਕ ਨੀਤੀਆਂ ਤੇ ਸਮਝੌਤੇ ਠੋਸ ਰਹੀਆਂ ਹਨ।ਤੇਲ ਤੇ ਗੈਸ ਦੇ ਟਿਕਾਣਿਆਂ 'ਤੇ ਹਮਲੇ ਹੋਣ ਕਾਰਨ ਪੂਰੀ ਦੁਨੀਆ ਵਿੱਚ ਇਸ ਦੇ ਭਾਅ ਵਧ ਰਹੇ ਹਨ ਤੇ ਆਮ ਲੋਕ ਇਸ ਦੀ ਕਿੱਲਤ ਦਾ ਸਾਹਮਣਾ ਕਰ ਰਹੇ ਹਨ।ਬੁਲਾਰਿਆਂ ਨੇ ਕੇਂਦਰ ਸਰਕਾਰ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਮਨੁੱਖਤਾ ਦੇ ਹੋ ਰਹੇ ਘਾਣ ਉੱਪਰ ਭਾਰਤ ਦੇ ਪ੍ਰਧਾਨ ਮੰਤਰੀ ਮੋਦੀ ਨੇ ਪੂਰੀ ਤਰ੍ਹਾਂ ਚੁੱਪ ਧਾਰੀ ਹੋਈ ਹੈ ਤੇ ਸਾਮਰਾਜੀ ਸ਼ਕਤੀਆਂ ਵੱਲੋਂ ਪੂਰੀ ਦੁਨੀਆ ਨੂੰ ਜੰਗ ਵਿੱਚ ਝੋਕਣ ਦੀ ਮੋਨ ਸਹਿਮਤੀ ਦੇ ਦਿੱਤੀ ਹੈ।ਆਗੂਆਂ ਨੇ ਭਗਵੰਤ ਮਾਨ ਸਰਕਾਰ ਦੇ ਮੰਤਰੀ ਲਾਲਜੀਤ ਭੁੱਲਰ ਵੱਲੋਂ ਸਰਕਾਰ ਦੇ ਇਮਾਨਦਾਰ ਅਫਸਰ ਨੂੰ ਖੁਦਕੁਸ਼ੀ ਕਰਨ ਲਈ ਮਜਬੂਰ ਕਰਨ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ।ਅਖੀਰ ਵਿੱਚ ਬੁਲਾਰਿਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਅੱਜ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ ਯਾਦ ਕਰਦਿਆਂ ਸਾਨੂੰ ਪ੍ਰਣ ਕਰਨਾ ਚਾਹੀਦਾ ਹੈ ਕਿ ਅਸੀਂ ਸ਼ਹੀਦਾਂ ਦੇ ਪਦ ਚਿੰਨ੍ਹਾਂ 'ਤੇ ਚਲਦਿਆਂ ਸਾਮਰਾਜੀ ਜੁੰਡਲੀ ਵੱਲੋਂ ਲਿਆਂਦੀਆਂ ਜਾ ਰਹੀਆਂ ਆਰਥਿਕ ਨੀਤੀਆਂ ਦਾ ਮਿਲ ਕੇ ਟਾਕਰਾ ਕਰਾਂਗੇ ਤੇ ਸ਼ਹੀਦਾਂ ਦੇ ਸੁਪਨਿਆਂ ਦਾ ਰਾਜ ਸਿਰਜਣ ਲਈ ਇਕੱਠੇ ਹੋ ਕੇ ਇਨਕਲਾਬ ਦੀ ਜੰਗ ਤੇਜ਼ ਕਰਾਂਗੇ।ਇਸ ਸਮੇਂ ਹੋਰਨਾਂ ਤੋਂ ਇਲਾਵਾ ਮਜ਼ਦੂਰ ਆਗੂ ਮੱਖਣ ਸਿੰਘ ਗੁਰੂਸਰ, ਕਿਸਾਨ ਆਗੂ ਬੂਟਾ ਸਿੰਘ ਤੁੰਗਵਾਲੀ, ਦਰਸ਼ਨ ਸਿੰਘ ਫੁੱਲੋ ਮਿੱਠੀ, ਬਲਤੇਜ ਸਿੰਘ ਪੂਲੀ ਮੁਲਾਜ਼ਮ ਆਗੂ ਪੂਰਨ ਸਿੰਘ ਗੁੰਮਟੀ, ਗੱਗੀ ਦਿਆਲਪੁਰਾ ਆਦਿ ਮੌਜੂਦ ਸਨ।

## ਸ਼ਹੀਦ ਭਗਤ ਸਿੰਘ ਕੇਵਲ ਵਿਅਕਤੀ ਨਹੀਂ ਇੱਕ ਵਿਚਾਰ ਸੀ : ਕਾ. ਵਿਰਕ

**ਸਿਰਸਾ (ਸੁਰਿੰਦਰ ਪਾਲ ਸਿੰਘ)**- ਸ਼ਹੀਦ ਭਗਤ ਸਿੰਘ ਵਿਚਾਰ ਮੰਚ ਕਰੀਵਾਲਾ ਵੱਲੋਂ ਭਗਤ ਸਿੰਘ ਤੇ ਉਨ੍ਹਾਂ ਦੇ ਨਾਲ ਫਾਸ਼ੀ ਦੇ ਰੱਸੇ ਚੁਮਣ ਵਾਲੇ ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪੰਚਾਇਤ ਘਰ ਕਰੀਵਾਲਾ ਵਿਖੇ



ਕਰਾਂਤੀਕਾਰੀ ਸਮਾਗਮ ਦਾ ਆਯੋਜਨ ਕੀਤਾ ਗਿਆ। ਮੰਚ ਦੇ ਪ੍ਰਧਾਨ ਜਸਪਿੰਦਰ ਸਿੰਘ ਵਿਰਕ ਵੱਲੋਂ ਸਮੂਹ ਕਾਰਜਕਾਰਨੀ ਮੈਂਬਰਾਂ ਨਾਲ ਭਗਤ ਸਿੰਘ ਚੌਕ ਵਿੱਚ ਬੁੱਤ ਤੇ ਫੁੱਲ ਅਰਪਣ ਕਰਨ ਉਪਰੰਤ ਪਿੰਡ ਦਮਦਮਾ, ਹਰੀਪੁਰਾ, ਸੰਤ ਨਗਰ, ਥੇੜ ਦਯਾ ਸਿੰਘ, ਅਮਰਾਸਰ, ਐਲਨਾਬਾਦ, ਰਾਣੀਆਂ ਤੇ ਨਕੌੜਾ ਸਮੇਤ ਵੱਖ ਵੱਖ ਖੇਤਰ ਵਿਚੋਂ ਆਏ ਲੋਕਾਂ ਨੇ ਦੇਸ਼ ਭਗਤੀ ਦੇ ਗੀਤ, ਕਵਿਤਾਵਾਂ ਤੇ ਵਿਚਾਰ ਗੋਸ਼ਟੀ ਵਿਚ ਹਿੱਸਾ ਲਿਆ। ਇਸ ਮੌਕੇ ਪ੍ਰਮੁਖ ਖੱਬੇ ਪੱਖੀ ਆਗੂ ਕਾ: ਸੁਵਰਣ ਸਿੰਘ ਵਿਰਕ, ਜਜਪਾ ਦੇ ਹਲਕਾ ਪ੍ਰਧਾਨ ਕੁਲਦੀਪ ਸਿੰਘ, ਕਾ: ਕਸ਼ਮੀਰ ਸਿੰਘ ਦਮਦਮਾ, ਸੂਬੇਦਾਰ ਬਲਦੇਵ ਸਿੰਘ, ਮਾਸਟਰ ਮੁਖਤਿਆਰ ਸਿੰਘ ਚੱਠਾ, ਕਰਨੈਲ ਅਸਪਾਲ, ਲਖਵਿੰਦਰ ਸਿੰਘ ਬਾਜਵਾ, ਸਤਨਾਮ ਚੰਦ, ਰਘਬੀਰ ਬਾਜਵਾ, ਗੁਰਚਰਨ ਸਿੰਘ ਕਿਲ੍ਹੇਵਾਲਾ, ਕਰਮ ਸਿੰਘ ਸਰਪੰਚ, ਸਰਬਜੀਤ ਡਾ. ਤਰਸੇਮ ਸਿੰਘ ਨੇ ਸੰਬੋਧਨ ਵਿੱਚ ਭਗਤ ਸਿੰਘ ਦੀ ਵਿਚਾਰਧਾਰਾ 'ਤੇ ਚਾਨਣਾ ਪਾਇਆ। ਇਸ ਦੌਰਾਨ ਕਈ ਸਾਲਾਂ ਤੋਂ ਭਗਤ ਸਿੰਘ ਚੌਕ ਦੀ ਨਿਸ਼ਕਾਮ ਸੇਵਾ ਕਰਦੇ ਆ ਰਹੇ ਦਿਦਾਰ ਸਿੰਘ ਕੱਕਾ ਨੂੰ ਮੰਚ ਵੱਲੋਂ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਰਣਜੀਤ ਸਿੰਘ ਨੇ ਆਪਣੇ ਪਿੰਡ ਥੇੜ ਦਯਾ ਸਿੰਘ ਵਿਖੇ ਭਗਤ ਸਿੰਘ ਦਾ ਚੌਕ ਦੇ ਨਿਰਮਾਣ ਦਾ ਸੰਕਲਪ ਵੀ ਲਿਆ। ਮੰਚ ਸੰਚਾਲਨ ਸੁਖਦੇਵ ਸਿੰਘ ਕੱਕਾ ਨੇ ਕੀਤਾ ਤੇ ਹੀਰਾ ਸਿੰਘ ਵੱਲੋਂ ਸਭ ਦਾ ਧੰਨਵਾਦ ਕੀਤਾ ਗਿਆ। ਇਸ ਕਾਂਤੀਕਾਰੀ ਸਮਾਗਮ ਵਿੱਚ ਸਾਬਕਾ ਚੇਅਰਮੈਨ ਪੂਰਨ ਸਿੰਘ ਵੜੈਚ, ਸਾਬਕਾ ਸਰਪੰਚ ਪ੍ਰਤਿਨਿਧੀ ਦਿਲਬਾਗ ਸਿੰਘ, ਸੁਖਦੇਵ ਰੰਧਾਵਾ, ਗੁਰਦੀਪ ਸਿੰਘ ਕੁਲਦੀਪ ਸਿੰਘ, ਪ੍ਰਗਟ ਸਿੰਘ ਫੌਜੀ, ਦਾਰਾ ਸਿੰਘ ਦਮਦਮਾ, ਦਲਜੀਤ ਸਿੰਘ ਵਿਰਕ, ਗੁਰਦੇਵ ਸੰਗਰ ਤੇ ਬਾਜ਼ ਸਿੰਘ ਤੋਂ ਬਿਨਾਂ ਬਹੁਤ ਸਾਰੇ ਬੁੱਧੀਜੀਵੀ ਹਾਜ਼ਰ ਰਹੇ।

## ਪੀ ਜੀ ਆਈ 'ਚ ਭਾਰਤ ਦੇ ਪ੍ਰਮੁੱਖ ਟ੍ਰਾਂਸਪਲਾਂਟ ਸਰਜਨਾਂ ਦੀ ਕਾਨਫਰੰਸ ਸੰਪੰਨ



**ਸਮਰਾਲਾ (ਸੁਰਜੀਤ ਸਿੰਘ)**-ਅੰਗ ਪਟਰਾਂਸਪਲਾਂਟ ਆਧੁਨਿਕ ਚਿਕਿਤਸਾ ਦੀਆਂ ਸਭ ਤੋਂ ਵੱਡੀਆਂ ਉਪਲਬਧੀਆਂ ਵਿੱਚੋਂ ਇੱਕ ਹੈ, ਪਰ ਇਹ ਸਭ ਤੋਂ ਘੱਟ ਸਮਝਿਆ ਗਿਆ ਖੇਤਰ ਵੀ ਹੈ।ਭਾਰਤ ਵਿੱਚ ਅੰਤਿਮ ਪੜਾਅ ਦੇ ਅੰਗ ਫੇਲ੍ਹ ਹੋਣ ਨਾਲ ਪੀੜਤ ਲੱਖਾਂ ਮਰੀਜ਼ਾਂ ਲਈ ਟ੍ਰਾਂਸਪਲਾਂਟ ਸਿਰਫ਼ ਇਲਾਜ ਨਹੀਂ, ਸਗੋਂ ਨਵੀਂ ਜ਼ਿੰਦਗੀ ਹੁੰਦਾ ਹੈ।ਫਿਰ ਵੀ ਟ੍ਰਾਂਸਪਲਾਂਟ ਵਿਗਿਆਨ, ਅੰਗ ਦਾਨ ਤੇ ਇਸ ਨਾਲ ਜੁੜੇ ਜਟਿਲ ਚਿਕਿਤਸਕੀ ਪ੍ਰਣਾਲੀ ਬਾਰੇ ਲੋਕਾਂ ਵਿੱਚ ਜਾਗਰੂਕਤਾ ਬਹੁਤ ਘੱਟ ਹੈ।ਨੀਤੀ ਨਿਰਧਾਰਕ ਵੀ ਮਰੀਜ਼ਾਂ ਦੀ ਵੱਧ ਰਹੀ ਗਿਣਤੀ ਤੇ ਅੰਗ ਫੇਲ੍ਹ ਹੋਣ ਦੇ ਮਾਮਲਿਆਂ ਤੋਂ ਜਾਣੂ ਹਨ, ਪਰ ਦੇਸ਼ ਭਰ ਵਿੱਚ ਮੌਤ ਤੋਂ ਬਾਅਦ ਅੰਗ ਦਾਨ ਨੂੰ ਸ਼ੁਰੂ ਕਰਨਾ ਇੱਕ ਵੱਡੀ ਚੁਣੌਤੀ ਬਣਿਆ ਹੋਇਆ ਹੈ।ਇਹ ਖਾਲੀਪਣ ਭਰਨ ਲਈ ਹੀ ਇੰਡੀਅਨ ਸੋਸਾਇਟੀ ਆਫ ਟ੍ਰਾਂਸਪਲਾਂਟ ਸਰਜਨਜ਼ ਵਰਗੀਆਂ ਸੰਸਥਾਵਾਂ ਕੰਮ ਕਰ ਰਹੀਆਂ ਹਨ।ਸੰਸਥਾ ਦੀ ਦੂਜੀ ਤਿੰਨ ਰੋਜ਼ਾ ਸਾਲਾਨਾ ਕਾਨਫਰੰਸ ਤੇ ਲਾਈਵ ਓਪਰੇਟਿਵ ਵਰਕਸ਼ਾਪ ਹੋਟਲ ਮਾਊਂਟਵਿਊ, ਚੰਡੀਗੜ੍ਹ ਵਿੱਚ ਆਯੋਜਿਤ ਕੀਤੀ ਗਈ।ਇਸ ਵਿਸ਼ੇਸ਼ ਸਮਾਗਮ ਵਿੱਚ ਲਗਭਗ 180 ਫੈਕਲਟੀ ਮੈਂਬਰ ਤੇ ਪ੍ਰਤੀਨਿਧੀਆਂ ਨੇ ਭਾਗ ਲਿਆ। ਕਾਨਫਰੰਸ ਦੀ ਸ਼ੁਰੂਆਤ ਕੈਡੇਵਰਿਕ ਡਿਸੈਕਸ਼ਨ ਵਰਕਸ਼ਾਪ ਨਾਲ ਹੋਈ, ਜਿਸ ਵਿੱਚ ਡੈਲੀਗੇਟਸ ਨੂੰ ਮੌਤ ਤੋਂ ਬਾਅਦ ਅੰਗ ਪ੍ਰਾਪਤੀ ਦੀ ਤਾਲੀਮ ਦਿੱਤੀ ਗਈ।ਲਾਈਵ ਓਪਰੇਟਿਵ ਡੈਮੋਨਸਟਰੇਸ਼ਨ ਇਸ ਕਾਨਫਰੰਸ ਦਾ ਵਿਗਿਆਨਕ ਕੇਂਦਰ ਰਹੇ, ਜਿਨ੍ਹਾਂ ਵਿੱਚ ਲੈਪ੍ਰੋਸਕੋਪਿਕ ਡੋਨਰ ਨੇਫਰੇਕਟੋਮੀ, ਖੁੱਲ੍ਹੀ ਤੇ ਰੋਬੋਟਿਕ ਕਿਡਨੀ ਟ੍ਰਾਂਸਪਲਾਂਟ ਅਤੇ ਲੈਪ੍ਰੋਸਕੋਪਿਕ ਡੋਨਰ ਹੈਪੇਟੈਕਟੋਮੀ ਵਰਗੀਆਂ ਤਕਨੀਕਾਂ ਸ਼ਾਮਲ ਸਨ। ਇਹ ਸੈਸ਼ਨ ਡਾ. ਅਰੁਣ ਕਪੂਰ ਤੇ ਡਾ. ਹਰਸ਼ਾ ਜੌਹਰੀ ਵੱਲੋਂ ਮਾਡਰੇਟ ਕੀਤੇ ਗਏ ਤੇ ਅੰਤਰਰਾਸ਼ਟਰੀ ਮਾਹਿਰਾਂ ਦੀ ਹਾਜ਼ਰੀ ਲਾਹੇਵੰਦ ਸਾਬਿਤ ਹੋਈ।ਕਾਨਫਰੰਸ ਦਾ ਮੁੱਖ ਆਕਰਸ਼ਣ ਪੈਂਕ੍ਰਿਆਸ ਟ੍ਰਾਂਸਪਲਾਂਟੇਸ਼ਨ ਸੈਸ਼ਨ ਸੀ, ਜਿੱਥੇ ਡਾ. ਭਡਾਨਾ ਨੇ ਟਾਈਪ-1 ਡਾਇਬੀਟੀਜ਼ ਮਰੀਜ਼ਾਂ ਨੂੰ ਆਉਣ ਵਾਲੀਆਂ ਚੁਣੌਤੀਆਂ ਬਾਰੇ ਚਾਨਣ ਪਾਇਆ।ਅਮਰੀਕਾ ਤੋਂ ਡਾ. ਬਾਲਾ ਵੱਲੋਂ ਆਇਸਲੈਟ ਸੈੱਲ ਟ੍ਰਾਂਸਪਲਾਂਟ ਦੇ ਸ਼ਾਨਦਾਰ ਨਤੀਜੇ ਵੀ ਪੇਸ਼ ਕੀਤੇ ਗਏ, ਜਿਨ੍ਹਾਂ ਨਾਲ ਮਰੀਜ਼ਾਂ ਨੂੰ ਲੰਬੇ ਸਮੇਂ ਲਈ ਇਨਸੁਲਿਨ ਤੋਂ ਆਜ਼ਾਦੀ ਮਿਲੀ।

ਇਸ ਮੌਕੇ ਪੀਜੀਆਈ ਦੇ ਡਾਇਰੈਕਟਰ ਪ੍ਰੋ. ਵਿਵੇਕ ਲਾਲ ਨੇ ਸੰਸਥਾ ਵਿੱਚ ਇੱਕ ਵੱਖਰਾ ਟ੍ਰਾਂਸਪਲਾਂਟ ਸੈਂਟਰ ਸਥਾਪਤ ਕਰਨ ਦੀ ਘੋਸ਼ਣਾ ਕਰਕੇ ਸਭ ਨੂੰ ਉਤਸ਼ਾਹਤ ਕੀਤਾ।ਉਨ੍ਹਾਂ ਪ੍ਰੋ. ਆਸ਼ਿਸ਼ ਸ਼ਰਮਾ ਦੇ ਯੋਗਦਾਨ ਦੀ ਵੀ ਸਰਾਹਨਾ ਕੀਤੀ। ਇਸ ਮੌਕੇ ਰੀਨਲ ਟ੍ਰਾਂਸਪਲਾਂਟ ਸਰਜਰੀ ਵਿਭਾਗ ਦੇ ਦੋ ਸੀਨੀਅਰ ਰੈਜੀਡੈਂਟ ਡਾ. ਕਪਿਲ ਬਾਜਾਜ ਤੇ ਡਾ. ਪ੍ਰਨੀਤ ਰੈੱਡੀ ਨੂੰ ਕਿਡਨੀ ਫੇਲ੍ਹ ਮਰੀਜ਼ਾਂ ਲਈ ਨਵੀਂ ਤਕਨੀਕਾਂ 'ਤੇ ਉਨ੍ਹਾਂ ਦੇ ਪ੍ਰਸਤੁਤੀ ਲਈ ਪਹਿਲਾ ਇਨਾਮ ਦਿੱਤਾ ਗਿਆ।

## ਚੇਅਰਮੈਨ ਰਾਜੂ ਚਾਵਲਾ ਦੀ ਪ੍ਰਧਾਨਗੀ 'ਚ ਪੰਜਾਬ ਸਟੇਟ ਟਰੇਡ ਕਮਿਸ਼ਨ ਦੀ ਮੀਟਿੰਗ

### ਵਪਾਰੀਆਂ ਦੀਆਂ ਮੁਸ਼ਕਲਾਂ ਸੁਣ ਮੌਕੇ 'ਤੇ ਕੀਤਾ ਨਿਪਟਾਰਾ




**ਲੁਧਿਆਣਾ (ਰਾਜ ਸਿੰਗਲਾ)**-ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਚੇਅਰਮੈਨ ਰਾਜੂ ਚਾਵਲਾ ਦੀ ਅਗਵਾਈ ਹੇਠ ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਅਧੀਨ ਭਾਈ ਮੰਨਾ ਸਿੰਘ ਨਗਰ ਵਿਖੇ ਪੰਜਾਬ ਸਟੇਟ ਟਰੇਡ ਕਮਿਸ਼ਨ ਵੱਲੋਂ ਵਪਾਰੀਆਂ ਨਾਲ ਮੀਟਿੰਗ ਕੀਤੀ ਗਈ।ਇਸ ਮੌਕੇ ਵਿਧਾਇਕ ਚੌਧਰੀ ਮਦਨ ਲਾਲ ਬੱਗਾ ਦੇ ਨਾਲ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।ਵਿਧਾਇਕ ਬੱਗਾ ਦੇ ਨਾਲ ਚੇਅਰਮੈਨ ਚਾਵਲਾ ਨੇ ਵਪਾਰੀਆਂ ਦੀਆਂ ਮੁਸ਼ਕਲਾਂ ਸੁਣੀਆਂ ਤੇ ਮੌਕੇ 'ਤੇ ਨਿਪਟਾਰਾ ਵੀ ਕੀਤਾ।

ਵਿਧਾਇਕ ਬੱਗਾ ਤੇ ਚੇਅਰਮੈਨ ਚਾਵਲਾ ਦੇ ਨਾਲ ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਦੀਆਂ ਵੱਖ-ਵੱਖ ਮਾਰਕੀਟ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਨੇ ਆਪਣੀਆਂ ਮੁਸ਼ਕਲਾਂ ਸਾਂਝੀਆਂ ਕੀਤੀਆਂ। ਉਨ੍ਹਾਂ ਸਪੱਸ਼ਟ ਤੌਰ 'ਤੇ ਕਿਹਾ ਕਿ ਬਾਜ਼ਾਰਾਂ ਵਿੱਚ ਬਿਜਲੀ ਦੀਆਂ ਢਿੱਲੀਆਂ ਤਾਰਾਂ ਨੂੰ ਦਰੁਸਤ ਕੀਤਾ ਜਾਵੇ, ਟਰਾਂਸਫਾਰਮਰ, ਤਹਿਬਜ਼ਾਰੀ ਨਾਲ ਸਬੰਧਤ ਮਸਲੇ, ਟ੍ਰੈਫਿਕ ਸਮੱਸਿਆ ਤੇ ਬਾਜ਼ਾਰਾਂ ਵਿੱਚ ਸੁਰੱਖਿਆ ਦੀ ਘਾਟ ਵਰਗੇ ਮੁੱਦੇ ਵੀ ਪਹਿਲ ਦੇ ਆਧਾਰ 'ਤੇ ਹੱਲ ਕੀਤੇ ਜਾਣ।ਇਸ ਤੋਂ ਇਲਾਵਾ ਵਪਾਰੀਆਂ ਨੇ ਜੀ.ਐੱਸ.ਟੀ. ਰਿਫੰਡ ਤੇ ਹੋਰ ਵਿਭਾਗੀ ਮਸਲਿਆਂ ਦੇ ਜਲਦ ਨਿਪਟਾਰੇ ਦੀ ਵੀ ਗੁਹਾਰ ਲਗਾਈ।ਵਿਧਾਇਕ ਚੌਧਰੀ ਮਦਨ ਲਾਲ ਬੱਗਾ ਤੇ ਚੇਅਰਮੈਨ ਰਾਜੂ ਚਾਵਲਾ ਵੱਲੋਂ ਜੀ.ਐੱਸ.ਟੀ. ਵਿਭਾਗ, ਪ੍ਰਦੂਸ਼ਣ ਕੰਟਰੋਲ ਬੋਰਡ, ਨਗਰ ਨਿਗਮ, ਫੂਡ ਸਪਲਾਈ ਤੇ ਹੋਰ ਸਬੰਧਤ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਕਿ ਵਪਾਰੀਆਂ ਦੀਆਂ ਮੁਸ਼ਕਲਾਂ ਪਹਿਲ ਦੇ ਆਧਾਰ 'ਤੇ ਹੱਲ ਕੀਤੀਆਂ ਜਾਣ।ਅਖੀਰ ਵਿੱਚ ਚੇਅਰਮੈਨ ਰਾਜੂ ਚਾਵਲਾ ਨੇ ਮੀਟਿੰਗ 'ਚ ਪਹੁੰਚੇ ਸਾਰੇ ਵਪਾਰੀਆਂ ਦਾ ਧੰਨਵਾਦ ਕੀਤਾ ਤੇ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਲੰਬਿਤ ਸ਼ਿਕਾਇਤਾਂ ਦਾ ਵੀ ਜਲਦ ਨਿਪਟਾਰਾ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਵਪਾਰੀ ਵਰਗ ਦੀਆਂ ਮੁਸ਼ਕਲਾਂ ਦੇ ਨਿਪਟਾਰੇ ਲਈ ਅਜਿਹੀਆਂ ਮੀਟਿੰਗਾਂ ਨਿਰੰਤਰ ਜਾਰੀ ਰਹਿਣਗੀਆਂ।ਇਸ ਮੌਕੇ ਅਮਰਜੀਤ ਸਿੰਘ ਹੈਪੀ, ਗੁਰਿੰਦਰ ਸਿੰਘ ਜੌਲੀ, ਅਰਵਿੰਦਰ ਸਿੰਘ ਟੋਨੀ, ਦਿਨੇਸ਼ ਟਕਿਆਰ, ਰਣਜੀਤ ਸਿੰਘ ਟੋਨੀ, ਤਰਲੋਚਨ ਸਿੰਘ ਮਨੋਚਾ, ਸਰਬਜੀਤ ਨਾਰੰਗ, ਵਿੱਕੀ ਕੁਕਰੇਜਾ, ਜਸਵੰਤ ਸਿੰਘ, ਕੁਲਵਿੰਦਰ ਸਿੰਘ ਚਾਂਦੀ ਆਦਿ ਮੌਜੂਦ ਸਨ।

## ਸ਼ਹੀਦਾਂ ਦੀ ਯਾਦ 'ਚ ਹੁਸੈਨੀਵਾਲਾ 'ਚ ਬਣਾਵਾਂਗੇ ਅਤਿ-ਆਧੁਨਿਕ ਸਟੇਡੀਅਮ : ਪਿੰਕੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਸ਼ਹੀਦਾਂ ਦੀ ਪਵਿੱਤਰ ਧਰਤੀ ਹੁਸੈਨੀਵਾਲਾ 'ਤੇ ਜਲਦੀ ਹੀ ਨੌਜਵਾਨਾਂ ਲਈ ਅਤਿ-ਆਧੁਨਿਕ ਖੇਡ ਸਟੇਡੀਅਮ ਜੋ ਸਮੇਂ ਦੀਆਂ ਸਮੂਹ ਸੁਵਿਧਾਵਾਂ ਨਾਲ ਲੈਸ ਹੋਵੇਗਾ ਅਤੇ ਸ਼ਹੀਦਾਂ ਦੀ ਯਾਦ ਚ ਭਵਨ ਬਣਾਇਆ

**● ਕਬੱਡੀ ਕੱਪ 'ਚ ਸੁਸਾਇਟੀ ਨੂੰ 2 ਲੱਖ ਦੀ ਗ੍ਰਾਂਟ ਦਾ ਐਲਾਨ**

ਜਾਵੇਗਾ। ਇਸ ਦਾ ਮਕਸਦ ਸਿਰਫ਼ ਸ਼ਹੀਦਾਂ ਦੀ ਯਾਦ ਨੂੰ ਸਦੀਵੀ ਬਣਾਈ ਰੱਖਣਾ ਹੀ ਨਹੀਂ, ਸਗੋਂ ਨੌਜਵਾਨਾਂ ਨੂੰ ਤੰਦਰੁਸਤ ਤੇ ਨਸ਼ਿਆਂ ਤੋਂ ਦੂਰ ਰੱਖ ਕੇ ਇਕ ਮਜ਼ਬੂਤ ਸਮਾਜ ਦੀ ਨਿਰਮਾਣ ਕਰਨ ਨੂੰ ਮੁੱਖ ਰੱਖ ਕੇ ਕਾਂਗਰਸ ਸਰਕਾਰ ਆਉਣ ਸਮੇਂ ਪਹਿਲ ਦੇ ਅਧਾਰ ਤੇ ਬਣਾਏਗੀ। ਇਹ ਪ੍ਰਗਟਾਵਾ ਕਾਂਗਰਸ ਦੇ ਸੀਨੀਅਰ ਆਗੂ ਤੇ ਸਾਬਕਾ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਪਰਮਿੰਦਰ ਸਿੰਘ ਪਿੰਕੀ ਨੇ ਕੀਤਾ। ਉਹ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਮੈਮੋਰੀਅਲ ਸੋਸਾਇਟੀ ਵੱਲੋਂ ਹੁਸੈਨੀਵਾਲਾ ਵਿਖੇ ਕਰਵਾਏ ਜਾ ਰਹੇ ਕਬੱਡੀ ਕੱਪ 'ਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਪਹੁੰਚੇ ਸਨ।



ਪਿੰਕੀ ਨੇ ਖਿਡਾਰੀਆਂ ਨਾਲ ਮੁਲਾਕਾਤ ਕਰਦਿਆਂ ਉਨ੍ਹਾਂ ਨੂੰ ਖੇਡਾਂ ਨਾਲ ਜੁੜੇ ਰਹਿਣ ਅਤੇ ਦੇਸ਼-ਵਿਦੇਸ਼ 'ਚ ਨਾਮ ਕਮਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਖੇਡਾਂ ਸਿਰਫ਼ ਸਰੀਰਕ ਤੰਦਰੁਸਤੀ ਹੀ ਨਹੀਂ, ਸਗੋਂ ਭਾਈਚਾਰੇ, ਸਹਿਣਸ਼ੀਲਤਾ ਤੇ ਪਿਆਰ ਦੀ ਭਾਵਨਾ ਨੂੰ ਵੀ ਮਜ਼ਬੂਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਹਰ ਪਿੰਡ 'ਚ ਖੇਡ ਮੈਦਾਨ ਬਣਾਉਣਾ ਸਮੇਂ ਦੀ ਲੋੜ ਹੈ, ਤਾਂ ਜੋ ਨੌਜਵਾਨ ਵਿਹਲਾਪਨ ਅਤੇ ਨਸ਼ਿਆਂ ਦੀ ਗਲਤ ਰਾਹ ਤੋਂ ਬਚ ਸਕਣ ਤੇ ਆਪਣੀ ਊਰਜਾ ਨੂੰ ਸਹੀ ਦਿਸ਼ਾ ਵਿੱਚ ਲੈ ਕੇ ਜਾ ਸਕਣ। ਇਸ ਮੌਕੇ ਪਿੰਕੀ ਨੇ ਵੱਡਾ ਐਲਾਨ ਕਰਦਿਆਂ ਕਿਹਾ ਕਿ ਕਾਂਗਰਸ ਸਰਕਾਰ ਆਉਣ 'ਤੇ ਹੁਸੈਨੀਵਾਲਾ ਵਿਚ ਖੇਡ ਸਟੇਡੀਅਮ ਦੀ ਕਮੀ ਨੂੰ ਪਹਿਲ ਦੇ ਅਧਾਰ 'ਤੇ ਪੂਰਾ ਕੀਤਾ ਜਾਵੇਗਾ, ਨਾਲ ਹੀ ਉਨ੍ਹਾਂ ਮੈਂਬਰ ਪਾਰਲੀਮੈਂਟ ਸ਼ੇਰ ਸਿੰਘ ਘੁਬਾਇਆ ਦੇ ਕੋਟੇ ਵਿਚੋਂ 2 ਲੱਖ ਰੁਪਏ ਦੀ ਗ੍ਰਾਂਟ ਦਿਵਾਉਣ ਦਾ ਵੀ ਐਲਾਨ ਕੀਤਾ। ਸੋਸਾਇਟੀ ਦੇ ਪ੍ਰਧਾਨ ਵਰਿੰਦਰ ਸਿੰਘ ਵੈਰੜ, ਰਵਿੰਦਰ ਸਿੰਘ ਢਿੱਲੋਂ, ਜਸਵਿੰਦਰ ਸਿੰਘ ਸੰਧੂ ਸਮੇਤ ਹੋਰ ਮੈਂਬਰਾਂ ਨੇ ਪਿੰਕੀ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਭਵਿੱਖ ਵਿਚ ਖੇਡਾਂ ਨੂੰ ਹੋਰ ਵੱਡੇ ਪੱਧਰ 'ਤੇ ਕਰਵਾਇਆ ਜਾਵੇਗਾ ਅਤੇ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਦਿੱਤੀ ਜਾਵੇਗੀ। ਇਸ ਮੌਕੇ ਇੰਜ. ਸੰਤੋਖ ਸਿੰਘ ਸੰਧੂ ਸਾਬਕਾ ਐੱਸਡੀਓ ਬਿਜਲੀ ਬੋਰਡ, ਬਲਵੀਰ ਸਿੰਘ ਬਾਠ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਸੁਖਵਿੰਦਰ ਸਿੰਘ ਅਟਾਰੀ ਸਾਬਕਾ ਚੇਅਰਮੈਨ, ਰਿੰਕੂ ਗਰੋਵਰ ਪ੍ਰਧਾਨ ਨਗਰ ਕੌਂਸਲ, ਗੋਰਾ ਸਰਪੰਚ, ਜਿੰਦਰ ਸਰਪੰਚ, ਜਸਵੰਤ ਸਿੰਘ ਖਾਰਾ ਸਾਬਕਾ ਚੇਅਰਮੈਨ ਡੀਸੀਯੂ, ਗੁਰਨੈਬ ਸਿੰਘ ਸਰਪੰਚ, ਸੁਖਪਾਲ ਸਿੰਘ ਸੰਧੂ ਗੋਬਿੰਦ ਨਗਰ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਤੇ ਖੇਡ ਪ੍ਰੇਮੀ ਮੌਜੂਦ ਸਨ।

## ਨਵੇਂ ਸੈਸ਼ਨ ਦੀ ਸ਼ੁਰੂਆਤ ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਾਏ

**ਕੋਟ ਈਸੇ ਖਾਂ (ਅਰੋੜਾ)** ਕੈਂਬਰਿਜ ਸਕੂਲ ਦੀ ਸਮੂਹ ਮੈਨੇਜਮੈਂਟ, ਪ੍ਰਿੰਸੀਪਲ ਤੇ ਸਟਾਫ਼ ਵੱਲੋਂ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਤੇ ਇੰਟਰਨੈਸ਼ਨਲ ਕੈਂਪਸ ਦੇ ਸ਼ੁਭ ਆਰੰਭ ਮੌਕੇ ਧਾਰਮਿਕ ਤੇ ਆਤਮਿਕ ਸਮਾਗਮ ਦਾ



ਆਯੋਜਨ ਕੀਤਾ ਗਿਆ।ਇਸ ਪਵਿੱਤਰ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਾਏ ਗਏ, ਜਿਸ ਵਿੱਚ ਸਕੂਲ ਮੈਨੇਜਮੈਂਟ, ਪ੍ਰਿੰਸੀਪਲ ਤੇ ਅਧਿਆਪਕ ਸ਼ਾਮਲ ਹੋਏ।ਸਮਾਗਮ ਦੌਰਾਨ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ ਗਿਆ ਤੇ ਸਾਰੇ ਮਾਹੌਲ ਨੂੰ ਆਤਮਿਕ ਰੰਗ ਵਿੱਚ ਰੰਗਿਆ ਗਿਆ।ਇਸ ਤੋਂ ਬਾਅਦ ਅਰਦਾਸ ਕਰਕੇ ਵਾਹਿਗੁਰੂ ਅੱਗੇ ਸਕੂਲ ਦੀ ਚੜ੍ਹਦੀ ਕਲਾ ਤੇ ਬੱਚਿਆਂ ਦੇ ਚੰਗੇ ਭਵਿੱਖ ਲਈ ਬੇਨਤੀ ਕੀਤੀ ਗਈ।ਅਰਦਾਸ ਵਿੱਚ ਖਾਸ ਤੌਰ 'ਤੇ ਸਕੂਲ ਅਤੇ ਬੱਚਿਆਂ ਦੀ ਤਰੱਕੀ ਲਈ ਦੁਆ ਮੰਗੀ ਗਈ, ਤਾਂ ਜੁ ਸੰਸਥਾ ਸਿੱਖਿਆ ਦੇ ਖੇਤਰ ਵਿੱਚ ਨਵੇਂ ਮਾਪਦੰਡ ਸਥਾਪਿਤ ਕਰਦੀ ਰਹੇ ਤੇ ਵਿਦਿਆਰਥੀ ਹਰ ਖੇਤਰ ਵਿੱਚ ਅੱਗੇ ਵਧਣ। ਅਧਿਆਪਕ ਵਰਗ ਲਈ ਚੰਗੇ ਮਾਰਗਦਰਸ਼ਨ, ਸਮਰਪਣ ਤੇ ਤੰਦਰੁਸਤੀ ਲਈ ਵੀ ਅਰਦਾਸ ਕੀਤੀ ਗਈ, ਤਾਂ ਜੁ ਉਹ ਆਪਣੀ ਜ਼ਿੰਮੇਵਾਰੀ ਨੂੰ ਹੋਰ ਵੀ ਨਿਭਾ ਸਕਣ ਤੇ ਵਿਦਿਆਰਥੀਆਂ ਨੂੰ ਉੱਚੀ ਸਿੱਖਿਆ ਦੇ ਸਕਣ।ਇਸ ਦੇ ਨਾਲ ਹੀ ਬੱਚਿਆਂ ਦੀ ਸਫਲਤਾ ਲਈ ਹਰ ਸੰਭਵ ਯੋਗ ਕੋਸ਼ਿਸ਼ ਕਰਨ ਦਾ ਸੰਕਲਪ ਲਿਆ ਗਿਆ ਅਤੇ ਉਨ੍ਹਾਂ ਨੂੰ ਸਿੱਖਿਆ ਦੇ ਨਾਲ-ਨਾਲ ਨੈਤਿਕ ਮੁੱਲਾਂ ਨਾਲ ਜੋੜਨ 'ਤੇ ਜ਼ੋਰ ਦਿੱਤਾ ਗਿਆ। ਮਾਤਾ-ਪਿਤਾ ਦੀਆਂ ਉਮੀਦਾਂ ਅਤੇ ਵਿਸ਼ਵਾਸ 'ਤੇ ਖਰਾ ਉਤਰਨ ਲਈ ਵੀ ਅਰਦਾਸ ਕੀਤੀ ਗਈ, ਤਾਂ ਜੋ ਸਕੂਲ ਹਮੇਸ਼ਾ ਉਨ੍ਹਾਂ ਦੇ ਭਰੋਸੇ ਨੂੰ ਕਾਇਮ ਰੱਖੇ।

## ਅਧਿਆਪਕ ਮਿਲਣੀ ਸਮਾਗਮ ਕਰਾਇਆ

**ਸੰਗਰੂਰ (ਪ੍ਰਵੀਨ ਸਿੰਘ)** ਜ਼ਿਲ੍ਹਾ ਪੈਨਸ਼ਨਰ ਭਵਨ ਤਹਿਸੀਲ ਕੰਪਲੈਕਸ ਵਿਖੇ ਜੇ.ਬੀ.ਟੀ ਸੇਵਾਮੁਕਤ ਅਧਿਆਪਕਾਂ ਦੀ ਸੰਸਥਾ ਜੇ.ਬੀ.ਟੀ ਸੰਸਥਾ (ਸੁੱਖਪੁਰ 1973-75) ਦੇ ਗੱਭਰੂਆਂ, ਪੈਨਸ਼ਨਰਾਂ ਦੀ ਸਾਲਾਨਾ ਮਿਲਣੀ ਪ੍ਰਧਾਨਗੀ ਹਰਬੰਸ ਸਿੰਘ ਔਲਖ ਕੁੱਪ ਕਲਾਂ, ਦੇਸਰਾਜ ਸ਼ਰਮਾ ਵੱਲੋਂ ਕੀਤੀ ਗਈ। ਸਾਲਾਨਾ ਅਧਿਆਪਕ ਮਿਲਣੀ ਵਿੱਚ ਵਿਸ਼ੇਸ਼ ਤੌਰ 'ਤੇ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਤੇ ਪੰਜਾਬ ਸਟੇਟ ਕਨਫੈਡਰੇਸ਼ਨ ਦੇ ਸੂਬਾਈ ਮੁੱਖ ਬੁਲਾਰੇ ਰਾਜ ਕੁਮਾਰ ਅਰੋੜਾ ਤੇ ਗੌਰਮਿੰਟ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਯੂਨਿਟ ਸੰਗਰੂਰ ਦੇ ਜਨਰਲ ਸਕੱਤਰ ਅਵਿਨਾਸ਼ ਸ਼ਰਮਾ ਨੇ ਸ਼ਿਰਕਤ ਕੀਤੀ। ਸਾਲਾਨਾ ਮਿਲਣੀ ਸਮਾਗਮ ਵਿੱਚ ਸੰਸਥਾ 'ਚੋਂ ਪੜ੍ਹਾਉਣ ਵਾਲੇ ਪ੍ਰੇਮੀ ਗੁਰੂ ਰਜਿੰਦਰ ਕੁਮਾਰ ਢਕੋਲੀ (ਜੀਰਕਪੁਰ) ਤੇ ਜੀਵਨ ਲਾਲ (ਜੀਰਕਪੁਰ) ਨੇ ਹਾਜ਼ਰ ਹੋ ਕੇ ਅਧਿਆਪਕਾਂ ਵੱਲੋਂ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਜਾਣੂ ਕਰਾਉਂਦਿਆਂ ਦੱਸਿਆ ਕਿ ਕਿਸ



ਤਰ੍ਹਾਂ ਨਾਲ 1973 ਅਤੇ 75 ਬੈਚ ਦੇ ਜੇ.ਬੀ.ਟੀ. ਅਧਿਆਪਕਾਂ ਵੱਲੋਂ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਚੰਗੇ ਸੰਸਕਾਰ ਵੀ ਦਿੱਤੇ ਜਾਂਦੇ ਸਨ। ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਰਾਜ ਕੁਮਾਰ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਮੁਲਾਜਮ ਅਤੇ ਪੈਨਸ਼ਨਰ ਵਿਰੋਧੀ ਸਰਕਾਰ ਹੈ।ਇਸ ਸਰਕਾਰ ਵੱਲੋ ਪੈਸ਼ਨਰਾਂ ਦੀਆਂ ਮੰਗਾਂ ਵੱਲ ਕੋਈ ਧਿਆਨ ਨਹੀ ਦਿੱਤਾ ਜਾ ਰਿਹਾ।ਸਰਕਾਰ ਬਣਦਾ 16 ਫੀਸਦੀ ਡੀਏ ਅਤੇ 2.59 ਦਾ ਗੁਣਾਂਕ ਦੇਣ ਤੋ ਮੁੱਕਰ ਗਈ ਹੈ।ਹੁਣ ਆਪਾਂ ਨੂੰ ਇਕੱਠੇ ਹੋ ਕੇ ਤਿੱਖੇ ਸੰਘਰਸ਼ ਕਰਨ ਦੀ ਲੋੜ ਹੈ।ਯੂਨਿਟ ਜਨਰਲ ਸਕੱਤਰ ਅਵਿਨਾਸ਼ ਸ਼ਰਮਾ ਨੇ ਕਿਹਾ ਕਿ ਅਧਿਆਪਕਾਂ ਵੱਲੋਂ ਜੋ ਸਾਲਾਨਾ ਮਿਲਣੀ ਸਮਾਗਮ ਕੀਤਾ ਜਾਂਦਾ ਹੈ, ਬਹੁਤ ਸ਼ਲਾਘਾਯੋਗ ਹੈ।ਇਸ ਨਾਲ ਆਪਸੀ ਪਿਆਰ ਤੇ ਮਿਲਵਰਤਨ ਵਿੱਚ ਵਾਧਾ ਹੁੰਦਾ ਹੈ।ਸਮਾਗਮ ਦੇ ਕਰਤਾ-ਧਰਤਾ ਮਾਸਟਰ ਸੱਤਪਾਲ ਸਿੰਗਲਾ, ਜੋ ਪੈਨਸ਼ਨਰ ਆਗੂ ਵੀ ਹਨ ਨੇ ਸਮੂਹ ਅਧਿਆਪਕਾਂ ਨੂੰ ਸਮਾਗਮ ਵਿੱਚ ਪੁੱਜਣ ਲਈ ਧੰਨਵਾਦ ਕੀਤਾ ਅਤੇ ਅੱਗੇ ਤੋਂ ਵੀ ਇਸੇ ਤਰ੍ਹਾਂ ਇਕਜੁਟਤਾ ਦਿਖਾਉਣ ਲਈ ਪ੍ਰੇਰਤ ਕੀਤਾ।

## ਪੰਜਾਬ ਦੇ ਮੰਤਰੀ ਹੀ ਵਿਕਵਾ ਰਹੇ ਨਸ਼ਾ : ਸੁਖਬੀਰ ਸਿੰਘ ਬਾਦਲ

**ਮੂਣਕ (ਰਾਜਪਾਲ ਸਿੰਗਲਾ)** 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਦਾਨਾ ਮੰਡੀ 'ਚ ਇੱਕ ਰੈਲੀ ਦਾ ਆਯੋਜਨ ਕੀਤਾ ਗਿਆ।ਰੈਲੀ ਵਿੱਚ ਹਲਕੇ ਦੇ ਲੋਕ ਭਾਰੀ ਉਤਸ਼ਾਹ ਦੇ ਨਾਲ ਇਸ ਰੈਲੀ ਦਾ ਹਿੱਸਾ ਬਣੇ, ਪਰ ਰੈਲੀ ਵਾਲੇ ਪੰਡਾਲ ਵਿੱਚ ਉਸ ਸਮੇਂ ਫਿੱਕ ਨਜ਼ਰ ਆਈ, ਜਦੋਂ ਪੰਡਾਲ ਅੰਦਰ ਪਈਆਂ ਤੀਜੇ ਹਿੱਸੇ ਦੀਆਂ ਕੁਰਸੀਆਂ ਆਖਰ ਤੱਕ ਬੰਦਿਆਂ ਦੀ ਉਡੀਕ ਕਰਦੀਆਂ ਰਹੀਆਂ। ਹਲਕਾ ਲਹਿਰਾ ਦੀ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਨੁਮਾਇੰਦਗੀ ਕਰ ਰਹੇ ਗਗਨਦੀਪ ਸਿੰਘ ਖੰਡੇਬਾਦ ਨੇ



ਕਿਹਾ ਕਿ ਮੈਨੂੰ ਹਲਕੇ ਦੇ ਲੋਕਾਂ ਦੇ ਸਹਿਯੋਗ ਦੀ ਲੋੜ ਹੈ ਤੇ ਲਹਿਰੇ ਦਾ ਕਿਲਾ ਫ਼ਤਿਹ ਕਰਨਾ ਹੈ।ਸ਼੍ਰੋਮਣੀ ਅਕਾਲੀ ਦਲ ਹੀ ਪੰਜਾਬ ਦੇ ਲੋਕਾਂ ਦੇ ਦਰਦ ਨੂੰ ਸਮਝਦੀ ਹੈ।ਮੈਨੂੰ ਰਾਜ ਨਹੀਂ ਹਲਕੇ ਦੇ ਲੋਕਾਂ ਦੀ ਸੇਵਾ ਕਰਨ ਦੀ ਲੋੜ ਹੈ। ਸੁਖਬੀਰ ਸਿੰਘ ਬਾਦਲ ਨੇ ਲੋਕਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਦੀ ਸਰਕਾਰ ਅੰਦਰ ਅਮਨ ਸ਼ਾਂਤੀ ਦੀ ਬਜਾਏ ਗੈਂਗਸਟਰਾਂ ਦਾ ਬੋਲਬਾਲਾ ਹੈ।ਇਸ ਸਰਕਾਰ ਨੇ ਲੋਕਾਂ ਨੂੰ ਗੁੰਮਰਾਹ ਕਰਕੇ ਝੂਠੇ ਵਾਅਦਿਆਂ ਦੀ ਲੜੀ 'ਚ ਪਰੋ ਕੇ ਪੰਜਾਬ ਅੰਦਰ ਸਰਕਾਰ ਬਣਾਈ ਸੀ, ਪਰ ਇਹ ਸਰਕਾਰ ਲੋਕਾਂ ਦੇ ਵਾਅਦੇ ਪੂਰੇ ਕਰਨ ਵਿੱਚ ਅਸਫਲ ਰਹੀ ਹੈ।ਇਸ ਨਾਲ ਹੀ ਅੱਜ ਪੰਜਾਬ ਡੁੱਬ ਰਿਹਾ ਹੈ।ਪੰਜਾਬ ਅੰਦਰ ਅੱਜ ਨਸ਼ਾ ਖਤਮ ਹੋਣ ਦੀ ਬਜਾਏ ਸ਼ਰੇਆਮ ਇਸ ਸਰਕਾਰ ਦੇ ਮੰਤਰੀ ਹੀ ਨਸ਼ਾ ਵਿਕਾ ਰਹੇ ਹਨ। ਜਦੋਂ ਪ੍ਰਕਾਸ਼ ਸਿੰਘ ਬਾਦਲ ਦੀ ਸਰਕਾਰ ਸੀ, ਉਸ ਸਮੇਂ 'ਚ ਥਰਮਲ ਪਲਾਂਟ, ਹਸਪਤਾਲ, ਸੜਕਾਂ, ਗਰਿੱਡ ਆਦਿ ਬਣਾ ਕੇ ਪੰਜਾਬ ਦਾ ਮੋਹਰੀ ਸੂਬਿਆਂ ਵਿੱਚ ਲਿਆਂਦਾ ਸੀ, ਸਾਡੀ ਸਰਕਾਰ ਆਉਣ 'ਤੇ ਰਾਜਸਥਾਨ ਦਾ ਨਹਿਰੀ ਪਾਣੀ ਬੰਦ ਕਰਕੇ ਪੰਜਾਬ ਨੂੰ ਦੇਵਾਂਗੇ।ਕਿਸਾਨਾਂ ਨੂੰ ਟਿਊਬਵੈੱਲ ਕੁਨੈਕਸ਼ਨ ਪਹਿਲ ਦੇ ਆਧਾਰ 'ਤੇ ਦਿੱਤੇ ਜਾਣਗੇ, ਪੈਨਸ਼ਨ ਸਕੀਮ 31 ਹਜ਼ਾਰ, ਸ਼ਗਨ ਸਕੀਮ ਇੱਕ ਲੱਖ ਰੁਪਏ, ਬੇਰੁਜ਼ਗਾਰ ਨੌਜਵਾਨਾਂ ਨੂੰ 10 ਲੱਖ ਦਾ ਕਰਜ਼ਾ ਬਿਨਾਂ ਵਿਆਜ ਤੋਂ ਦਿੱਤਾ ਜਾਵੇਗਾ।ਇਸ ਦੇ ਨਾਲ ਹੀ ਪੰਜਾਬ ਅੰਦਰ ਫੈਕਟਰੀਆਂ ਲੱਗਣ 'ਤੇ 75 ਪ੍ਰਤੀਸ਼ਤ ਸਬਸਿਡੀ ਦਿੱਤੀ ਜਾਵੇਗੀ।ਇਨ੍ਹਾਂ ਫੈਕਟਰੀਆਂ ਲੱਗਣ ਦੇ ਨਾਲ ਪੰਜਾਬ ਦੇ ਹਰ ਵਰਗ ਦੇ ਲੋਕਾਂ ਨੂੰ ਰੁਜ਼ਗਾਰ ਮਿਲੇਗਾ।

## ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦਾ ਸ਼ਹੀਦੀ ਦਿਹਾੜਾ ਵਿਖੇ ਜੋਸ਼ੋ-ਖਰੋਸ਼ ਨਾਲ ਮਨਾਇਆ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦਾ ਸ਼ਹੀਦੀ ਦਿਹਾੜਾ ਇਨਕਲਾਬੀ ਕੇਂਦਰ ਵੱਲੋਂ ਜਨਤਕ ਜਮਹੂਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਇਨਕਲਾਬੀ ਜੋਸ਼ੋ ਖਰੋਸ਼ ਨਾਲ ਮਨਾਇਆ ਗਿਆ। ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਨਰੈਣ ਦੱਤ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ



ਕਿ ਸ਼ਹੀਦ ਭਗਤ ਸਿੰਘ ਨੇ ਆਪਣੀਆਂ ਲਿਖਤਾਂ 'ਚ ਇਨਕਲਾਬ ਦੇ ਹਕੀਕੀ ਅਰਥਾਂ ਬਾਰੇ ਦੱਸਦਿਆਂ ਕਿਹਾ ਕਿ ਇਨਕਲਾਬ ਤੋਂ ਸਾਡਾ ਮਤਲਬ ਹੈ ਕਿ ਨੰਗੇ ਅਨਿਆਂ 'ਤੇ ਟਿਕਿਆ ਹੋਇਆ ਮੌਜੂਦਾ ਢਾਂਚਾ ਜ਼ਰੂਰ ਬਦਲਣਾ ਚਾਹੀਦਾ ਹੈ। ਇਨਕਲਾਬ ਤੋਂ ਸਾਡਾ ਭਾਵ ਇੱਕ ਐਸੀ ਵਿਵਸਥਾ ਨੂੰ ਕਾਇਮ ਕਰਨਾ ਹੈ, ਜਿਸ ਵਿੱਚ ਕਿਰਤੀ ਮਜ਼ਦੂਰ ਵਰਗ ਦੀ ਸਰਦਾਰੀ ਨੂੰ ਮੰਨਿਆ ਜਾਵੇ ਤੇ ਮਨੁੱਖਤਾ ਨੂੰ ਪੂੰਜੀਵਾਦ ਦੇ ਬੰਧਨਾਂ ਤੋਂ ਆਜ਼ਾਦ ਕਰਾਇਆ ਜਾਵੇ। ਉਨ੍ਹਾਂ ਕਿਹਾ ਕਿ ਕੌਮਾਂ 'ਚ ਜਦੋਂ ਇੱਕ ਵਾਰ ਜਾਗ੍ਰਿਤੀ ਫੈਲ ਜਾਵੇ, ਤਦੋਂ ਕੌਮਾਂ ਸੌਂਦੀਆਂ ਨਹੀਂ। ਕੁੱਝ ਹੀ ਦਿਨਾਂ ਬਾਅਦ ਫਿਰ ਬੜੇ ਜੋਸ਼ ਨਾਲ ਉੱਠਦੀਆਂ ਤੇ ਹੱਲਾ ਬੋਲਦੀਆਂ ਹਨ। ਇਨਕਲਾਬ ਉਹ ਆਜ਼ਾਦੀ ਲਿਆਵੇਗਾ, ਜਿਸ ਵਿੱਚ ਆਦਮੀ ਹੱਥੋਂ ਆਦਮੀ ਅਤੇ ਕੌਮ ਹੱਥੋਂ ਕੌਮ ਦੀ ਲੁੱਟ ਖਸੁੱਟ ਅਸੰਭਵ ਹੋ ਜਾਵੇਗੀ। ਇਸ ਲਈ ਮੌਜੂਦਾ ਨਿਜ਼ਾਮ ਨੂੰ ਮੁੱਢੋਂ ਸੁੱਢੋਂ ਤਬਦੀਲ ਕਰਕੇ ਸ਼ਹੀਦਾਂ ਵੱਲੋਂ ਚਿਤਵੇ ਨਵਾਂ ਬਰਾਬਰਤਾ ਵਾਲੇ ਜਮਹੂਰੀ ਪ੍ਰਬੰਧ ਸਿਰਜਣ ਲਈ ਚੱਲ ਰਹੀ ਜਮਾਤੀ ਜੱਦੋਜਹਿਦ ਨੂੰ ਤੇਜ਼ ਕਰਨਾ ਹੈ। ਭਾਕਿਯੂ ਏਕਤਾ ਡਕੌਂਦਾ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਅਮਰੀਕਾ ਸਾਮਰਾਜ ਦੇ ਦਬਾਅ ਹੇਠ ਕਿਸਾਨਾਂ ਮਜ਼ਦੂਰਾਂ ਤੇ ਛੋਟੇ ਕਾਰੋਬਾਰੀਆਂ ਦੇ ਹਿੱਤਾਂ ਮੁਕਤ ਵਪਾਰ ਸਮਝੌਤਾ ਮਨਜ਼ੂਰ ਕੀਤਾ ਹੈ। ਲੋਕ ਵਿਰੋਧੀ ਬਿਜਲੀ ਸੋਧ ਬਿੱਲ, ਸੀਡ ਬਿੱਲ, 4 ਕਿਰਤ ਕਾਨੂੰਨ ਤੇ ਮਨਰੇਗਾ ਕਾਨੂੰਨ ਦਾ ਭੋਗ ਪਾਉਣ ਲਈ ਨਿੱਜੀਕਰਨ ਸੰਸਾਰੀਕਰਨ ਦੇ ਕਦਮ ਚੁੱਕੇ ਜਾ ਰਹੇ ਹਨ। ਇਸ ਦੌਰਾਨ ਲੋਕ ਕਲਾ ਮੰਚ ਮੰਡੀ ਮੁੱਲਾਂਪੁਰ ਵੱਲੋਂ ਨਾਟਕ 'ਇਹ ਲਹੂ ਕਿਸਦਾ ਹੈ' ਤੇ ਨਸ਼ਿਆਂ ਉਪਰ 'ਦੁੱਖ ਪੰਜਾਬ ਦੇ' ਸੁਰਿੰਦਰ ਸ਼ਰਮਾ ਦੀ ਨਿਰਦੇਸ਼ਨਾ ਤਹਿਤ ਕੋਰਿਓਗ੍ਰਾਫੀ ਪੇਸ਼ ਕੀਤੀ ਗਈ।

ਮੰਦਰ ਜੱਸੀ ਤੇ ਗੁਰਕੀਰਤ ਔਲਖ ਨੇ ਖੂਬਸੂਰਤ ਕਵੀਸ਼ਰੀ 'ਲੱਖ-ਲੱਖ ਵਾਰ ਸਲਾਮਾਂ ਤੈਨੂੰ ਦੁਰਗਾ ਭਾਬੀ' ਪੇਸ਼ ਕੀਤੀ। ਸਟੇਜ ਸੰਚਾਲਕ ਦੀ ਜ਼ਿੰਮੇਵਾਰੀ ਇਨਕਲਾਬੀ ਕੇਂਦਰ ਪੰਜਾਬ ਦੇ ਸੂਬਾ ਕਮੇਟੀ ਮੈਂਬਰ ਜਗਜੀਤ ਸਿੰਘ ਨੇ ਬਾਖੂਬੀ ਨਿਭਾਈ। ਇਸ ਸਮੇਂ ਪ੍ਰਿਤਪਾਲ ਸਿੰਘ ਮੰਡੀਕਲਾਂ, ਜਗਦੀਸ਼ ਰਾਮਪੁਰਾ ਤੇ ਹਨੀ ਭੁੱਚੋ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।

## ਇੰਦਰਾ ਬਸਤੀ ਵਿਖੇ ਜੈਨ ਸਥਾਨਕ ਦਾ ਨੀਹ ਪੱਥਰ ਰੱਖਿਆ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**- ਸਥਾਨਕ ਇੰਦਰਾ ਵਸਤੀ ਵਿਖੇ ਸੰਘ ਪ੍ਰਮੁੱਖ ਸ੍ਰੀ ਅਰੁਣ ਚੰਦਰ ਜੀ ਮਹਾਰਾਜ ਦੇ ਉਦੇਸ਼ ਜਿਆਦਾ ਤੋਂ ਜ਼ਿਆਦਾ ਵਿਅਕਤੀ ਧਰਮ ਨਾਲ ਜੁੜਨ ਦੇ ਸੰਦੇਸ਼ ਦੀ ਪਾਲਣਾ ਕਰਦੇ ਹੋਏ ਅੱਜ ਇੰਦਰਾ ਵਸਤੀ ਜੈਨ ਸਮਾਜ ਵੱਲੋਂ ਜੈਨ ਸਥਾਨਕ ਦਾ ਨੀਂਹ ਪੱਥਰ ਰੱਖਿਆ ਗਿਆ।ਇਸ ਤੋਂ ਪਹਿਲਾਂ ਉਥੇ ਪਹੁੰਚੇ ਸ੍ਰੀ ਅਮਨ ਮੁਨੀ ਜੀ ਮਹਾਰਾਜ ਨੇ ਇਕੱਠੀ ਹੋਈ ਸੰਗਤ ਨੂੰ ਪ੍ਰਵਚਨ ਸੁਣਾਉਂਦੇ ਹੋਏ ਕਿਹਾ ਕਿ ਜਦੋਂ ਕਿਸੇ ਵੀ ਧਰਮ ਸਥਾਨ ਦੀ ਨੀਹ ਰੱਖੀ ਜਾਂਦੀ ਹੈ ਤਾਂ ਧਰਮ ਦਾ ਜੈ ਗੋਸ਼ ਹੁੰਦਾ ਹੈ।ਉਨ੍ਹਾਂ ਕਿਹਾ ਕਿ ਭਾਵੇਂ ਕਿੰਨਾ ਵੀ ਪਾਪ ਪਨਪ ਰਿਹਾ ਹੋਵੇ ਪਰ ਧਰਮ ਦਾ ਪਲੜਾ ਹਮੇਸ਼ਾ ਭਾਰੀ ਰਹਿੰਦਾ ਹੈ।ਉਨ੍ਹਾਂ ਕ੍ਰਿਸ਼ਨ ਜੀ ਮਹਾਰਾਜ ਦੀ ਬਾਣੀ ਸੁਣਾਉਂਦਿਆਂ ਕਿਹਾ ਕਿ ਜਦੋਂ ਜਦੋਂ ਧਰਮ ਦੀ ਹਾਨੀ ਹੁੰਦੀ ਹੈ ਤਾਂ ਕੋਈ ਮਹਾਂਪੁਰਸ਼ ਜਨਮ ਲੈਂਦਾ ਹੈ, ਜੋ ਆਪਣੇ ਪੁਰਸ਼ਾਰਥ ਨਾਲ ਧਰਮ ਦੀ ਰੱਖਿਆ ਕਰਦਾ ਹੋਇਆ ਮੁੜ ਤੋਂ ਧਰਮ ਦੀ ਸਥਾਪਨਾ ਕਰਦਾ ਹੈ ਇਸੇ ਤਰ੍ਹਾਂ ਅਜੋਕੇ ਸਮੇਂ ਵਿੱਚ ਸੰਘ ਪ੍ਰਮੁੱਖ ਸ੍ਰੀ ਅਰੁਣ ਚੰਦਰ ਜੀ ਮਹਾਰਾਜ ਸਮਾਜ ਦੇ



ਹਰ ਵਰਗ ਖਾਸ ਕਰਕੇ ਯੁਵਾ ਪੀੜ੍ਹੀ ਨੂੰ ਧਰਮ ਨਾਲ ਜੋੜਨ ਦਾ ਯਤਨ ਕਰਦੇ ਹਨ ਤੇ ਉਨ੍ਹਾਂ ਦਾ ਇਹ ਪ੍ਰਿਆਸ ਸਫਲ ਵੀ ਹੋ ਰਿਹਾ ਹੈ, ਜਿਨ੍ਹਾਂ ਦੀ ਪ੍ਰੇਰਨਾ ਨਾਲ ਅੱਜ ਇੱਥੇ ਸਮਾਜ ਵੱਲੋਂ ਨਵੇਂ ਜੈਨ ਸਥਾਨਕ ਦਾ ਨਿਰਮਾਣ ਕਾਰਜ ਸ਼ੁਰੂ ਹੋ ਰਿਹਾ ਹੈ।ਇਸ ਮੌਕੇ ਪਹੁੰਚੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਨਵੇਂ ਜੈਨ ਸਥਾਨਕ ਦੀ ਨੀਂਹ ਰੱਖਣ ਲਈ ਸਕਲ ਜੈਨ ਸਮਾਜ ਨੂੰ ਵਧਾਈ ਦਿੱਤੀ।ਇਸ ਮੌਕੇ ਪਹੁੰਚੇ ਹੋਰ ਮਹਿਮਾਨਾਂ ਜਿਨ੍ਹਾਂ ਵਿੱਚ ਅਮਨ ਅਰੋੜਾ ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਵਿਨਰਜੀਤ ਸਿੰਘ ਗੋਲਡੀ ਸੀਨੀਅਰ ਕਾਂਗਰਸੀ ਆਗੂ ਰਜਿੰਦਰ ਦੀਪਾ, ਰਜਿੰਦਰ ਸਿੰਘ ਰਾਜਾ, ਜਸਵਿੰਦਰ ਧਮਾਨ ਸਮੇਤ ਹੋਰ ਕਈ ਮਹਿਮਾਨ ਪਹੁੰਚੇ ਸਨ ਦਾ ਵੀ ਸਮਾਜ ਵੱਲੋਂ ਸਨਮਾਨ ਕੀਤਾ ਗਿਆ।ਇਥੇ ਜ਼ਿਕਰਯੋਗ ਹੈ ਕਿ ਇਸ ਨਵੇਂ ਬਣਨ ਜਾ ਰਹੇ ਜੈਨ ਸਥਾਨਕ ਲਈ ਇਕ ਦਾਨੀ ਸੱਜਣ ਵੱਲੋਂ ਗੁਪਤ ਦਾਨ ਦੇ ਰੂਪ ਵਿੱਚ ਪਲਾਟ ਦੇ ਨਾਲ 5 ਲੱਖ ਰੁਪਏ ਵੀ ਸਮਾਜ ਨੂੰ ਭੇਟ ਕੀਤੇ ਗਏ।ਇਸ ਮੌਕੇ ਸਭਾ ਦੇ ਪ੍ਰਧਾਨ ਦੀਪਕ ਜੈਨ, ਅਮਨਦੀਪ ਬੰਟੂ, ਰਤਨ ਕੁਮਾਰ ਰਿੰਕੂ, ਸੰਜੀਵ ਜੈਨ, ਸਤੀਸ਼ ਕੁਮਾਰ ਸੋਨੂ, ਉੱਜਵਲ ਜੈਨ, ਰਾਜੀਵ ਟੀਨਾ, ਮਹਿੰਦਰ ਜੈਨ, ਅਸ਼ਵਨੀ ਜੈਨ ਤੇ ਅਵਿਨਾਸ਼ ਜੈਨ ਆਦਿ ਵਿਅਕਤੀ ਹਾਜ਼ਰ ਸਨ।

## ਸਹੌਰ ਦੇ 25 ਕਿਸਾਨਾਂ ਦੀਆਂ ਮੋਟਰਾਂ ਤੋਂ ਕੇਬਲ ਤਾਰਾਂ ਚੋਰੀ

### ਕਿਸਾਨਾਂ ਵੱਲੋਂ ਪੁਲਸ ਖ਼ਿਲਾਫ਼ ਨਾਅਰੇਬਾਜ਼ੀ



**ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)** ਪਿੰਡ ਸਹੌਰ ਵਿਖੇ ਚੋਰਾਂ ਨੇ 25 ਕਿਸਾਨਾਂ ਦੀਆਂ ਖੇਤੀਬਾੜੀ ਮੋਟਰਾਂ ਤੋਂ ਕੇਬਲ ਤਾਰਾਂ ਚੋਰੀ ਕੀਤੀ ਗਈਆਂ ਹਨ।ਘਟਨਾ ਦੇ ਵਿਰੋਧ 'ਚ ਪੀੜਤ ਕਿਸਾਨਾਂ ਨੇ ਗ੍ਰਾਮ ਪੰਚਾਇਤ ਦੀ ਹਾਜ਼ਰੀ 'ਚ ਇਕੱਠੇ ਹੋ ਕੇ ਪੁਲਸ ਪ੍ਰਸ਼ਾਸਨ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਤੇ ਦੋਸ਼ੀਆਂ ਦੀ ਜਲਦ ਗ੍ਰਿਫ਼ਤਾਰੀ ਦੀ ਮੰਗ ਕੀਤੀ। ਸਰਪੰਚ ਲਖਬੀਰ ਸਿੰਘ ਸਹੌਰ, ਕਿਸਾਨ ਆਗੂ ਗੁਰਮੀਤ ਸਿੰਘ ਸਹੌਰ ਅਨੁਸਾਰ ਇਹ ਚੋਰੀਆਂ ਪਿੰਡ ਸਹੌਰ ਤੋਂ ਗੁਰਦੁਆਰਾ ਜੰਡਸਰ ਰਾਹੀਂ ਮਹਿਲ ਖੁਰਦ ਨੂੰ ਜੋੜਦੀ ਲਿੰਕ ਸੜਕ ਤੇ ਕੱਚੇ ਰਸਤਿਆਂ 'ਤੇ ਹੋਈਆਂ, ਜਿੱਥੇ ਚੋਰ ਗਿਰੋਹ ਵੱਲੋਂ ਤਕਰੀਬਨ 810 ਫੁੱਟ ਕੇਬਲ ਤਾਰ ਚੋਰੀ ਕੀਤੀ ਗਈ ਹੈ। ਕਿਸਾਨਾਂ ਨੂੰ ਪਤਾ ਉਸ ਸਮੇਂ ਲੱਗਾ, ਜਦੋਂ ਉਨ੍ਹਾਂ ਨੇ ਖੇਤ ਜਾ ਕੇ ਦੇਖਿਆ ਤਾਂ ਮੋਟਰ ਵਾਲੇ ਕੋਠਿਆਂ ਦੇ ਜਿੰਦਰਿਆਂ ਦੀ ਭੰਨਤੋੜ ਕੇ ਤਾਰਾਂ ਚੋਰੀ ਕੀਤੀ ਗਈਆਂ ਹਨ।

ਥਾਣਾ ਠੁੱਲੀਵਾਲ ਵਿਖੇ ਸ਼ਿਕਾਇਤ ਦਰਜ ਕਰਾਈ ਗਈ ਹੈ। ਥਾਣਾ ਮੁਖੀ ਗੁਰਪਾਲ ਸਿੰਘ ਧਨੌਲਾ ਨੇ ਭਰੋਸਾ ਦਿੱਤਾ ਹੈ ਕਿ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਤੇ ਦੋਸ਼ੀਆਂ ਨੂੰ ਜਲਦ ਕਾਬੂ ਕਰ ਲਿਆ ਜਾਵੇਗਾ।ਦੋਸ਼ੀਆਂ ਤੱਕ ਪਹੁੰਚਣ ਲਈ ਇਲਾਕੇ 'ਚ ਵੱਖ-ਵੱਖ ਥਾਵਾਂ 'ਤੇ ਲੱਗੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ ਖੰਘਾਲੀ ਜਾ ਰਹੀ ਹੈ।

# ਬੇਗਮਪੁਰਾ ਦਮੜੀ ਸ਼ੋਭਾ ਯਾਤਰਾ ਲਈ ਸੰਗਤਾਂ 'ਚ ਭਾਰੀ ਉਤਸ਼ਾਹ : ਸੰਤ ਪਰਮਜੀਤ ਦਾਸ, ਸੰਤ ਸਰਵਣ ਦਾਸ

**ਹੁਸ਼ਿਆਰਪੁਰ (ਓ ਪੀ ਰਾਣਾ)**- 3 ਅਪ੍ਰੈਲ ਨੂੰ ਜਲੰਧਰ ਰੇਲਵੇ ਸਟੇਸ਼ਨ ਤੋਂ ਹਰਿਦੁਆਰ ਲਈ ਆਰੰਭ ਹੋਣ ਵਾਲੀ ਇਤਿਹਾਸਕ ਬੇਗਮਪੁਰਾ ਦਮੜੀ ਸ਼ੋਭਾ ਯਾਤਰਾ ਲਈ ਸੰਗਤਾਂ ਅੰਦਰ ਭਾਰੀ ਉਤਸ਼ਾਹ ਤੇ ਖੁਸ਼ੀ ਦਾ ਮਾਹੌਲ ਹੈ,



ਸੰਗਤਾਂ ਭਾਰੀ ਗਿਣਤੀ ਵਿੱਚ ਆ ਕੇ ਆਪਣੀਆਂ ਰੇਲ ਸੀਟਾਂ ਬੁੱਕ ਕਰਵਾ ਰਹੀਆਂ ਹਨ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਦੇ ਕੈਸ਼ੀਅਰ ਸੰਤ ਪਰਮਜੀਤ ਦਾਸ ਨਗਰ, ਸੰਤ ਸਰਵਣ ਦਾਸ ਸਲੇਮਟਾਵਰੀ ਸੀਨੀ. ਮੀਤ ਪ੍ਰਧਾਨ, ਸੰਤ ਧਰਮਪਾਲ ਸਟੇਜ ਸਕੱਤਰ, ਸੰਤ ਰਮੇਸ਼ ਦਾਸ ਪ੍ਰਚਾਰ ਸਕੱਤਰ ਨੇ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਹਰਿਦੁਆਰ ਵਿਖੇ ਮਨਾਉਣ ਲਈ ਹਰ ਸਾਲ ਦੀ ਤਰਾਂ ਇਤਿਹਾਸਕ ਬੇਗਮਪੁਰਾ ਦਮੜੀ ਸ਼ੋਭਾ ਯਾਤਰਾ ਚੇਅਰਮੈਨ ਸੰਤ ਸਰਵਣ ਦਾਸ ਜੀ ਬੋਹਣ ,ਪ੍ਰਧਾਨ ਸੰਤ ਨਿਰਮਲ ਦਾਸ ਬਾਬੇਜੌੜੇ, ਜਨਰਲ ਸਕੱਤਰ ਸੰਤ ਇੰਦਰ ਦਾਸ ਸੇਖੇ ਦੀ ਅਗਵਾਈ ਹੇਠ ਇਸ ਵਾਰ 3 ਅਪ੍ਰੈਲ ਨੂੰ ਰੇਲਵੇ ਸਟੇਸ਼ਨ ਜਲੰਧਰ ਤੋਂ ਦੁਪਹਿਰ 1 ਵਜੇ ਆਰੰਭ ਹੋਵੇਗੀ, 4 ਅਪ੍ਰੈਲ ਨੂੰ ਹਰਿਦੁਆਰ ਵਿਖੇ ਨਿਰਮਲਾ ਛਾਉਣੀ ਆਸ਼ਰਮ ਤੋਂ ਹਰਿ ਕੀ ਪਾਉੜੀ ਤੱਕ ਪੈਦਲ ਸ਼ੋਭਾ ਯਾਤਰਾ ਹੋਵੇਗੀ ਅਤੇ 5 ਅਪ੍ਰੈਲ ਨੂੰ ਸ੍ਰੀ ਅਖੰਡ ਸਾਹਿਬ ਜੀ ਦੇ ਭੋਗ ਤੋਂ ਉਪਰੰਤ ਕੀਰਤਨ ਦੇ ਦੀਵਾਨਾਂ ਤੋਂ ਉਪਰੰਤ ਸੰਗਤਾਂ ਪੰਜਾਬ ਲਈ ਵਾਪਸੀ ਕਰਨਗੀਆਂ। ਸੰਤ ਮਹਾਂਪੁਰਸ਼ਾਂ ਨੇ ਕਿਹਾ ਕਿ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਦੇ ਮਹਾਨ ਉਪਰਾਲਿਆਂ ਅਤੇ ਵੱਡੇ ਕਾਰਜਾਂ ਨਾਲ ਦੇਸ਼ ਵਿਦੇਸ਼ ਦੀਆਂ ਲੱਖਾਂ ਸੰਗਤਾਂ ਅਲੌਕਿਕ ਸ਼ੋਭਾ ਯਾਤਰਾ ਦਾ ਆਨੰਦ ਮਾਣਦੀਆਂ ਹਨ ਤੇ ਹਾਜ਼ਰੀ ਭਰਦੀਆਂ ਹਨ। ਇਨਾਂ ਮਹਾਂਪੁਰਸ਼ਾਂ ਨੇ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਅਤੇ ਹੋਰ ਗੁਰੂ ਸਾਹਿਬਾਨਾਂ ਦੀ ਮਨੁੱਖਤਾ ਦੇ ਭਲੇ ਲਈ ਉਚਾਰਨ ਕੀਤੀ ਬਾਣੀ ਦੇ ਪ੍ਰਚਾਰ ਤੇ ਪ੍ਰਸਾਰ ਅਤੇ ਕੌਮ ਦੇ ਮਹਾਨ ਰਹਿਬਰਾਂ ਦੀ ਕ੍ਰਾਂਤੀਕਾਰੀ ਸੋਚ ਨੂੰ ਜਨ ਜਨ ਤੱਕ ਪਹੁੰਚਾਉਣ ਲਈ ਇਤਿਹਾਸਕ ਬੇਗਮਪੁਰਾ ਦਮੜੀ ਸ਼ੋਭਾ ਯਾਤਰਾ ਸਫਲਤਾ ਨਾਲ ਅੱਗੇ ਵਧ ਰਹੀ ਹੈ ਜਿਸ ਨਾਲ ਕੌਮ ਤੇ ਸਮਾਜ ਅੰਦਰ ਵੱਡੀ ਜਾਗ੍ਰਤੀ ਪੈਦਾ ਹੋ ਰਹੀ ਹੈ।

# ਸ਼ਿਵਪੁਰੀ ਮਾਡਲ ਟਾਊਨ ਦੀ ਪਾਰਕਿੰਗ 'ਚ ਸ਼ਹੀਦੀ ਸਮਾਗਮ ਕਰਵਾਇਆ

**ਜਲੰਧਰ (ਇਕਬਾਲ ਸਿੰਘ ਉਭੀ)**- ਇਨਕਲਾਬੀ ਲਹਿਰ ਦੇ ਮਹਾਨਾਇਕ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇਸ਼ਭਗਤਾਂ ਵੱਲੋਂ ਮਾਤ ਭੂਮੀ ਦੀ ਅਜ਼ਾਦੀ ਲਈ ਦਿੱਤੀ ਗਈ ਲਾਸਾਨੀ ਸ਼ਹਾਦਤ ਦੀ ਯਾਦ ਵਿੱਚ ਸਥਾਨਕ ਸ਼ਿਵ ਪੁਰੀ ਮਾਡਲ ਟਾਊਨ ਦੀ ਪਾਰਕਿੰਗ ਵਿੱਚ ਸ਼ਹੀਦੀ ਸਮਾਗਮ ਕਰਵਾਇਆ ਗਿਆ। ਸਮਾਗਮ ਬਾਰੇ ਜਾਣਕਾਰੀ ਦਿੰਦਿਆਂ ਸਵਤੰਤਰ ਚਾਵਲਾ ਨੇ ਦੱਸਿਆ ਕਿ ਇਸ ਮੌਕੇ ਸ਼ਹਿਰ ਦੀਆਂ ਵੱਖ-ਵੱਖ ਸੰਸਥਾਵਾਂ ਅਤੇ ਜਥੇਬੰਦੀਆਂ ਨੇ ਸ਼ਮੂਲੀਅਤ ਕਰਦੇ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀ ਸ਼ਹਾਦਤ ਤੇ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਸ਼ਹੀਦਾਂ ਦੀ ਕੁਰਬਾਨੀ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਦਰਸਾਏ ਰਾਹ 'ਤੇ ਚੱਲਣ ਦਾ ਸੰਕਲਪ ਕੀਤਾ ਗਿਆ। ਇਸ ਮੌਕੇ ਜੁਆਇੰਟ ਐਕਸ਼ਨ ਕਮੇਟੀ ਮਾਡਲ ਟਾਊਨ ਦੇ ਪ੍ਰਧਾਨ ਜਸਵਿੰਦਰ ਸਿੰਘ ਸਾਹਨੀ ਨੇ ਕਿਹਾ ਕਿ ਭਗਤ ਸਿੰਘ ਦੀ ਕੁਰਬਾਨੀ ਅਤੇ ਉਹਨਾਂ ਦੇ ਵਿਚਾਰ ਸਾਨੂੰ ਹਮੇਸ਼ਾ ਇਨਕਲਾਬ ਅਤੇ ਲੋਕ ਸੇਵਾ ਦੇ ਰਾਹ 'ਤੇ ਚੱਲਣ ਦੀ ਪ੍ਰੇਰਨਾ ਦਿੰਦੇ ਹਨ। ਅਸੀਂ ਵਚਨਬੱਧ ਹਾਂ ਕਿ ਉਹਨਾਂ ਦੇ ਦੱਸੇ ਹੋਏ ਰਸਤੇ 'ਤੇ ਚੱਲ ਕੇ ਇੱਕ ਖੁਸ਼ਹਾਲ ਅਤੇ ਨਸ਼ਾ ਮੁਕਤ ਪੰਜਾਬ ਕਰਨ ਵਿੱਚ ਹਰ ਇਕ ਪੰਜਾਬ ਦਾ ਨਾਗਰਿਕ ਆਪਣਾ ਯੋਗਦਾਨ ਪਾਵੇ।ਹਰਦੀਪ ਸਿੰਘ ਗੋਲਡੀ ਯੂ ਐਸ ਏ ਅਤੇ ਚੇਅਰਮੈਨ ਵਰਿੰਦਰ ਮਲਿਕ ਨੇ ਕਿਹਾ, ਆਓ ਅਸੀਂ ਸਭ ਮਿਲ ਕੇ ਸ਼ਹੀਦਾਂ ਦੇ ਸੁਪਨਿਆਂ



ਦਾ ਭਾਰਤ ਬਣਾਉਣ ਲਈ ਵਚਨਬੱਧ ਹੋਈਏ ਅਤੇ ਨੌਜਵਾਨ ਪੀੜ੍ਹੀ ਨੂੰ ਉਨ੍ਹਾਂ ਦੇ ਰਸਤੇ 'ਤੇ ਤੁਰਨ ਲਈ ਪ੍ਰੇਰਿਤ ਕਰੀਏ।ਮਨਮੀਤ ਸਿੰਘ ਸੋਢੀ ਪ੍ਰਧਾਨ ਜਲੰਧਰ ਮਾਡਲ ਟਾਊਨ ਸੁਸਾਇਟੀ ਨੇ ਕਿਹਾ ਭਗਤ ਸਿੰਘ ਸਿਰਫ਼ ਇਕ ਸ਼ਹੀਦ ਨਹੀਂ ਸਨ, ਸਗੋਂ ਇਕ ਸੋਚ, ਇਕ ਇਨਕਲਾਬ ਅਤੇ ਨੌਜਵਾਨੀ ਲਈ ਪ੍ਰੇਰਨਾ ਦਾ ਸਰੋਤ ਹਨ।ਇਸ ਮੌਕੇ ਕੰਵਲਜੀਤ ਸਿੰਘ ਟੋਨੀ ਮੁੱਖ ਸੇਵਾਦਾਰ ਗੁਰਦੁਆਰਾ ਨੌਵੀਂ ਪਾਤਸ਼ਾਹੀ ਗੁਰੂ ਤੇਗ਼ ਬਹਾਦਰ ਨਗਰ, ਮਨਜੀਤ ਸਿੰਘ ਠੁਕਰਾਲ, ਦਵਿੰਦਰ ਸਿੰਘ ਸੋਢੀ, ਆਤਮਪ੍ਰਕਾਸ਼ ਸਿੰਘ, ਕਰਨਲ ਅਮਰੀਕ ਸਿੰਘ, ਸੁਨੀਲ ਚੋਪੜਾ, ਪਰਮਪ੍ਰੀਤ ਸਿੰਘ ਵਿੱਟੀ, ਲਲਿਤ ਤ੍ਰਿਖਾ, ਵਰਿੰਦਰ ਸੈਣੀ, ਵਿਵੇਕ ਭਾਰਦਵਾਜ, ਜਗਦੀਪ ਸਿੰਘ ਨੰਦਾ, ਐਸ ਐਸ ਸਮਾਲੋਕ, ਡਾ. ਐਚ ਐਮ ਹੁਰੀਆ, ਸ੍ਰਿਸ਼ਟੀ, ਰਾਜ ਧੀਮਾਨ, ਰਾਮ ਪ੍ਰਕਾਸ਼ ਗੰਭੀਰ, ਜਸਵਿੰਦਰ ਸਿੰਘ ਸੋਢੀ, ਜੀ ਐਸ ਚੋਪੜਾ, ਸੁਖਵਿੰਦਰ ਨੰਦਰਾ, ਸੁਰਜੀਤ ਸਿੰਘ ਸੇਤੀਆ ਸੰਜੀਵ ਚੋਪੜਾ ਦਮਨਜੀਤ ਸਿੰਘ ਅਜੈ ਜੰਬਲਾ ਦਵਿੰਦਰ ਖੋਸਲਾ, ਰਤਨ ਸਿੰਘ ਰਾਕੇਸ਼ ਗੋਇਲ ਸਰਦਾਰਾ ਸਿੰਘ ਚੌਹਾਨ, ਰਬਿੰਦਰ ਸਿੰਘ ਸੁਨੀਲ ਸ਼ਰਮਾ, ਜਸਬੀਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ ।

# ਰਾਮ ਨੌਮੀ ਮੌਕੇ ਅਲੌਕਿਕ ਸ਼ੋਭਾ ਯਾਤਰਾ ਕੱਢੀ ਗਈ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**-ਮਰਿਆਦਾ ਪੁਰਸ਼ੋਤਮ ਪ੍ਰਭੂ ਸ਼੍ਰੀ ਰਾਮ ਚੰਦਰ ਜੀ ਦੇ ਜਨਮ ਉਤਸਵ ਨੂੰ ਸਮਰਪਿਤ ਸਨਾਤਨ ਧਰਮ ਸਭਾ ਉੜਮੁੜ ਦੇ ਪ੍ਰਧਾਨ ਦੀਪਕ ਬਹਿਲ ਦੀ ਅਗਵਾਈ ਵਿੱਚ ਸਮੂਹ ਕਮੇਟੀ ਮੈਂਬਰਾਂ, ਵੱਖ-ਵੱਖ ਮੰਦਰ ਕਮੇਟੀਆਂ, ਦੁਸਹਿਰਾ ਕਮੇਟੀ ਅਤੇ ਧਾਰਮਿਕ ਸੰਸਥਾਵਾਂ ਤੋਂ ਇਲਾਵਾ ਇਲਾਕਾ ਨਿਵਾਸੀਆਂ ਵੱਲੋਂ ਜੈ ਵੀਰ ਬਜਰੰਗੀ ਜੈ ਸ੍ਰੀ ਰਾਮ ਦੇ ਜੈਕਾਰੇ ਲਗਾਉਂਦੇ ਹੋਏ ਮਹਾਦੇਵ ਮੰਦਰ ਤੋਂ ਇੱਕ ਵਿਸ਼ਾਲ ਅਲੌਕਿਕ ਸ਼ੋਭਾ ਯਾਤਰਾ ਕੱਢੀ ਗਈ। ਸ਼ੋਭਾ ਯਾਤਰਾ ਵਿੱਚ ਮਧੂ ਸੂਦਨ ਜੀ ਮਹਾਰਾਜ ਵਰਿੰਦਾਵਨ ਵਾਲੇ ਅਤੇ ਮਹੰਤ ਰਘੁਵੀਰ ਦਾਸ ਜੀ ਮਹਾਰਾਜ ਪੰਡੋਰੀ ਧਾਮ ਵਾਲਿਆਂ ਨੇ ਜਿੱਥੇ



ਸੰਗਤਾਂ ਨੂੰ ਅਸ਼ੀਰਵਾਦ ਦਿੱਤਾ ਉਥੇ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ, ਸਾਬਕਾ ਕੈਬਨਟ ਮੰਤਰੀ ਸੰਗਤ ਸਿੰਘ ਗਿਲਜੀਆਂ, ਸ਼ਿਵ ਸੈਨਾ ਪੰਜਾਬ ਰਾਸ਼ਟਰੀ ਪ੍ਰਧਾਨ ਸੰਜੀਵ ਘਨੌਲੀ, ਰਾਸ਼ਟਰੀ ਚੇਅਰਮੈਨ ਰਜੀਵ ਟੰਡਨ, ਸਮਾਜ ਸੇਵੀ ਸੋਨੂੰ ਖੰਨਾ, ਸ਼ਿਵ ਸੈਨਾ ਪੰਜਾਬ ਉੱਤਰ ਭਾਰਤ ਪ੍ਰਧਾਨ ਮਿੱਕੀ ਪੰਡਿਤ, ਸਰ ਮਾਰਸ਼ਲ ਐਜੂਕੇਸ਼ਨਲ ਸੋਸਾਇਟੀ ਦੇ ਚੇਅਰਮੈਨ ਰਜਿੰਦਰ ਮਾਰਸ਼ਲ, ਮਾਤਾ ਸਾਹਿਬ ਕੌਰ ਐਜੂਕੇਸ਼ਨਲ ਸੋਸਾਇਟੀ ਦੇ ਚੇਅਰਮੈਨ ਸੁਖਵਿੰਦਰ ਅਰੋੜਾ, ਸ਼ਿਵ ਸੈਨਾ ਹਿੰਦੁਸਤਾਨ ਪੰਜਾਬ ਯੂਥ ਪ੍ਰਧਾਨ ਰਾਹੁਲ ਖੰਨਾ, ਸਰਬਜੀਤ ਮੋਮੀ ਅਤੇ ਬਿਕਰਮਜੀਤ ਸਿੰਘ ਲਾਲੀ, ਨਗਰ ਕੌਂਸਲ ਪ੍ਰਧਾਨ ਗੁਰਸੇਵਕ ਮਾਰਸ਼ਲ, ਆਸ਼ੂ ਵੈਦ ਤੋਂ ਇਲਾਵਾ ਹੋਰ ਉੱਘੀਆਂ ਸ਼ਖਸੀਅਤਾਂ ਨੇ ਪ੍ਰਭੂ ਸ਼੍ਰੀ ਰਾਮ ਜੀ ਦੇ ਚਰਨਾਂ ਵਿੱਚ ਆਪਣੀ ਹਾਜਰੀ ਲਗਵਾਈ। ਇਹ ਵਿਸ਼ਾਲ ਸ਼ੋਭਾ ਯਾਤਰਾ ਮਹਾਦੇਵ ਮੰਦਰ ਤੋਂ ਚੱਲ ਕੇ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਤੇ ਚੌਂਕਾਂ ਚੋਂ ਹੁੰਦੀ ਹੋਈ ਮਹਾਦੇਵ ਮੰਦਰ ਪਹੁੰਚ ਕੇ ਸੰਪੰਨ ਹੋਈ। ਇਸ ਸ਼ੋਭਾ ਯਾਤਰਾ ਵਿੱਚ ਸ਼ਾਮਿਲ ਪ੍ਰਭੂ ਸ਼੍ਰੀ ਰਾਮ ਜੀ ਦੀ ਸੰਗਤ ਤੇ ਸ਼ਰਧਾਲੂਆਂ ਵੱਲੋਂ ਫੁੱਲਾਂ ਦੀ ਬਰਖਾ ਕੀਤੀ ਜਾ ਰਹੀ ਸੀ। ਪ੍ਰਧਾਨ ਦੀਪਕ ਬਹਿਲ ਨੇ ਕਿਹਾ ਕਿ ਪ੍ਰਭੂ ਸ਼੍ਰੀ ਰਾਮ ਜੀ ਦੇ ਆਦਰਸ਼ ਮਨੁੱਖ ਜਾਮੇ ਨੂੰ ਸਫਲ ਬਣਾਉਣ ਦੀ ਪ੍ਰੇਰਨਾ ਦਿੰਦੇ ਹਨ ਇਸ ਲਈ ਸਾਨੂੰ ਸਾਰਿਆਂ ਨੂੰ ਉਨ੍ਹਾਂ ਦੇ ਦਰਸਾਏ ਮਾਰਗ ਤੇ ਚਲਦੇ ਹੋਏ ਨੇਕ ਕਰਮ ਕਰਨੇ ਚਾਹੀਦੇ ਹਨ। ਇਸ ਸ਼ੋਭਾ ਯਾਤਰਾ ਵਿੱਚ ਸ਼ਾਮਿਲ ਰਣਜੀਤ ਸਿੰਘ ਜੀਤਾ, ਸ਼ੁਭਮ ਬਿੱਲਾ, ਸ਼ਾਮਾਂ ਜੋਸ਼ੀ, ਸੁਰਿੰਦਰ ਨਈਅਰ, ਅਸ਼ੋਕ ਬਹਿਲ, ਦਿਲਬਾਗ ਰਾਏ, ਜੀਵਨ ਕੁਮਾਰ ਬਬਲੀ, ਪਵਨ ਚੱਢਾ, ਸੋਨੂੰ ਖੁਲਰ, ਨਵਦੀਪ ਛਿੱਤਰੂ, ਅਮਿਤ ਕੁਮਾਰ, ਮੋਹਨ ਸ਼ਰਮਾ, ਨਵੀਨ ਵਰਮਾ, ਵਿਕਾਸ ਮਰਵਾਹਾ, ਮਹੇਸ਼ ਸੋਬਤੀ ਅਤੇ ਹੋਰ ਸ਼ਰਧਾਲੂ ਹਾਜ਼ਰ ਸਨ।

# ਦੁਆਬਾ ਸਾਹਿਤ ਸਭਾ ਦਾ ਸਾਲਾਨਾ ਸਮਾਗਮ 29 ਨੂੰ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਦੁਆਬਾ ਸਾਹਿਤ ਸਭਾ ਗੜ੍ਹਸ਼ੰਕਰ ਦੀ ਮਾਸਿਕ ਇਕੱਤਰਤਾ ਸਭਾ ਦੇ ਪ੍ਰਧਾਨ ਪ੍ਰਿੰਸੀਪਲ ਬਿੱਕਰ ਸਿੰਘ (ਡਾ.) ਦੀ ਪ੍ਰਧਾਨਗੀ ਵਿੱਚ ਸਭਾ ਦੇ ਦਫ਼ਤਰ, ਮੇਜਰ ਸਿੰਘ ਮੌਜੀ ਯਾਦਗਾਰੀ ਲਾਇਬਰੇਰੀ, ਗਾਂਧੀ ਪਾਰਕ ਗੜ੍ਹਸ਼ੰਕਰ ਵਿਖੇ ਹੋਈ । ਇਕੱਤਰਤਾ ਦੀ ਕਾਰਵਾਈ



ਪ੍ਰੈੱਸ ਨੂੰ ਜਾਰੀ ਕਰਦਿਆਂ ਸਭਾ ਦੇ ਜਨਰਲ ਸਕੱਤਰ ਪਵਨ ਕੁਮਾਰ ਭੰਮੀਆਂ ਨੇ ਦੱਸਿਆ ਕਿ ਮੀਟਿੰਗ ਵਿੱਚ ਸਭਾ ਦੇ ਸਾਲਾਨਾ ਸਮਾਗਮ ਸਬੰਧੀ ਵਿਚਾਰ ਕਰਨ ਉਪਰੰਤ ਫੈਸਲਾ ਕੀਤਾ ਗਿਆ ਕਿ ਸਭਾ ਦਾ ਸਾਲਾਨਾ ਸਮਾਗਮ 29 ਮਾਰਚ ਨੂੰ ਇਲਾਕੇ ਦੀ ਸਿਰਮੌਰ ਸੰਸਥਾ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਕਰਵਾਇਆ ਜਾਵੇਗਾ।ਸਭਾ ਵੱਲੋਂ ਦਿੱਤੇ ਜਾਣ ਵਾਲੇ ਯਾਦਗਾਰੀ ਪੁਰਸਕਾਰ ਸਰਵਸੰਮਤੀ ਨਾਲ ਪਾਸ ਕੀਤੇ ਗਏ। ਸਭਾ ਵੱਲੋਂ ਦਿੱਤਾ ਜਾਣ ਵਾਲਾ ਮੇਜਰ ਸਿੰਘ ਮੌਜੀ ਯਾਦਗਾਰੀ ਪੁਰਸਕਾਰ ਉੱਘੇ ਸਾਹਿਤਕਾਰ ਤੇ ਗੀਤਕਾਰ ਅਮਰੀਕ ਹਮਰਾਜ ਨੂੰ ਦੇਣ ਦਾ ਫੈਸਲਾ ਕੀਤਾ ਗਿਆ। ਪ੍ਰਿੰਸੀਪਲ ਸੁਜਾਨ ਸਿੰਘ ਯਾਦਗਾਰੀ ਪੁਰਸਕਾਰ ਲੈਕਚਰਾਰ ਜਸਵਿੰਦਰ ਸਿੰਘ ਜੱਸੀ , ਉਸਤਾਦ ਉਲਫ਼ਤ ਬਾਜਵਾ ਯਾਦਗਾਰੀ ਪੁਰਸਕਾਰ ਗੁਰਦੀਪ ਸੈਣੀ ਤੇ ਸਭਾ ਦੇ ਮੈਂਬਰਾਂ ਵਿੱਚੋਂ ਉਤਸ਼ਾਹਿਤ ਵਿਸ਼ੇਸ਼ ਸਨਮਾਨ ਸਭਾ ਦੇ ਸੀਨੀਅਰ ਮੈਂਬਰ ਤੇ ਲੇਖਕ ਸਰਵਣ ਸਿੱਧੂ ਨੂੰ ਦੇਣ ਦਾ ਫੈਸਲਾ ਕੀਤਾ ਗਿਆ। ਸਮਾਗਮ ਦੀ ਕਾਮਯਾਬੀ ਲਈ ਸਭਾ ਦੇ ਹਾਜ਼ਰ ਸਾਰੇ ਮੈਂਬਰਾਂ ਵੱਲੋਂ ਬਹੁਤ ਹੀ ਉਸਾਰੂ ਸੁਝਾਅ ਦਿੰਦੇ ਹੋਏ ਕਾਰਵਾਈ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਗਿਆ । ਇਸ ਮੌਕੇ ਮੀਟਿੰਗ ਦੌਰਾਨ ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਦੇ ਜਨਰਲ ਸਕੱਤਰ ਪ੍ਰੋ. ਸੰਧੂ ਵਰਿਆਣਵੀ, ਬਲਵੀਰ ਖਾਨਪੁਰੀ, ਅਮਰੀਕ ਹਮਰਾਜ, ਰਣਵੀਰ ਬੱਬਰ, ਮੁਕੇਸ਼ ਗੁਜਰਾਤੀ, ਹੰਸ ਰਾਜ, ਪ੍ਰਿੰਸੀਪਲ ਦਲਵਾਰਾ ਰਾਮ, ਹਰਦੇਵ ਰਾਏ, ਸਰਵਣ ਸਿੱਧੂ, ਨੰਬਰਦਾਰ ਜੋਗਾ ਸਿੰਘ, ਗੁਰਮੇਲ ਸਿੰਘ ਤੇ ਤਰਸੇਮ ਭੰਮੀਆਂ ਆਦਿ ਹਾਜ਼ਰ ਸਨ ।

# ਸੰਧਵਾਂ ਤੇ ਸੀਚੇਵਾਲ ਨੇ 70 ਕਰੋੜ ਦੇ ਪ੍ਰੋਜੈਕਟਾਂ ਦਾ ਰੱਖਿਆ ਨੀਂਹ ਪੱਥਰ

**ਲੋਹੀਆਂ ਖਾਸ, (ਯੋਗੇਸ਼ਵਰ)**- ਲੋਹੀਆਂ ਨਾਟਕ ਕਲਾ ਮੰਚ ਤੇ ਯੂਥ ਵੈੱਲਫੇਅਰ ਕੱਲਬ ਵੱਲੋਂ ਸ਼ਹੀਦ ਭਗਤ ਸਿੰਘ ਸਿੰਘ ਦਾ ਸ਼ਹੀਦੀ ਦਿਹਾੜਾ ਦਸ਼ਮੇਸ਼ ਪਾਰਕ, ਲੋਹੀਆਂ ਖਾਸ ਵਿੱਚ ਬੜੀ ਧੂਮਧਾਮ ਨਾਲ ਮਨਾਇਆ ਗਿਆ। ਸਮਾਗਮ ਵਿੱਚ ਮੁੱਖ ਮਹਿਮਾਨ ਕੁਲਤਾਰ ਸਿੰਘ ਸੰਧਵਾਂ (ਸਪੀਕਰ ਪੰਜਾਬ ਵਿਧਾਨ ਸਭਾ) ਤੇ ਪ੍ਰਧਾਨਗੀ ਮਹਿਮਾਨ ਸੰਤ ਬਲਬੀਰ ਸਿੰਘ ਸੀਚੇਵਾਲ (ਮੈਂਬਰ ਰਾਜ ਸਭਾ) ਵਿਸ਼ੇਸ਼ ਤੌਰ 'ਤੇ ਪਹੁੰਚੇ। ਪੰਜਾਬ ਸਰਕਾਰ ਵੱਲੋਂ ਪੰਜਾਬ ਨੂੰ ਸ਼ਹੀਦਾਂ ਦੇ ਸੁਪਨਿਆਂ ਵਾਲਾ ਸੂਬਾ ਬਣਾਉਣ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ।



ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਵਲੋਂ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਦਸਮੇਸ਼ ਪਾਰਕ, ਲੋਹੀਆਂ ਖਾਸ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਕੀਤਾ। ਇੱਥੇ ਮੁੱਖ ਮਹਿਮਾਨ ਵਜੋਂ ਪੁੱਜੇ ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸ਼ਹੀਦ ਭਗਤ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਸ਼ਹੀਦ ਭਗਤ ਸਿੰਘ ਦੇ ਸੁਪਨੇ ਸਹਿਕਾਰ ਹੋ ਰਹੇ ਹਨ। ਇਸ ਮੌਕੇ ਕੁਲਤਾਰ ਸਿੰਘ ਸੰਧਵਾਂ (ਸਪੀਕਰ, ਪੰਜਾਬ ਵਿਧਾਨ ਸਭਾ) ਤੇ ਸੰਤ ਬਲਬੀਰ ਸਿੰਘ ਸੀਚੇਵਾਲ (ਮੈਂਬਰ ਰਾਜ ਸਭਾ) ਵੱਲੋਂ ਲੋਹੀਆਂ ਖਾਸ ਵਿਖੇ ਵਾਟਰ ਸਪਲਾਈ ਅਤੇ ਸੀਵਰੇਜ ਤੇ ਖੇਡ ਸਟੇਡੀਅਮ ਦੇ ਪ੍ਰੋਜੈਕਟਾਂ ਲਈ 70 ਕਰੋੜ ਰੁਪਏ ਦਾ ਨੀਂਹ ਪੱਥਰ ਆਪਣੇ ਕਰ ਕਮਲਾਂ ਨਾਲ ਰੱਖਿਆ ਗਿਆ। ਉਨ੍ਹਾਂ ਕਿਹਾ ਕਿ ਇਸ ਨਾਲ ਲੋਹੀਆਂ ਖਾਸ ਇਲਾਕੇ ਵਿੱਚ 3 ਐਮ ਐੱਲ ਡੀ. ਸਮਰਥਾ ਵਾਲਾ ਵਾਟਰ ਟਰੀਟਮੈਂਟ ਪਲਾਂਟ ਤੇ 3 ਐਮ ਐੱਲ ਡੀ ਸਮਰਥਾ ਵਾਲਾ ਸੀਵਰੇਜ ਟਰੀਟਮੈਂਟ ਪਲਾਂਟ ਲਗਾਇਆ ਜਾਵੇਗਾ। ਇਸ ਮੌਕੇ ਮਾਸਟਰ ਤੇ ਸੀਨੀਅਰ ਪੱਤਰਕਾਰ ਸੁਭੇਂਦੂ ਸ਼ਰਮਾ ਵੱਲੋਂ ਕੁਲਤਾਰ ਸਿੰਘ ਸੰਧਵਾਂ (ਸਪੀਕਰ, ਪੰਜਾਬ ਵਿਧਾਨ ਸਭਾ) ਨੂੰ ਲੋਹੀਆਂ ਖਾਸ ਦੇ ਟਰੈਫਿਕ ਸਮੱਸਿਆ ਨੂੰ ਹੱਲ ਕਰਨ ਲਈ ਮੰਗ ਪੱਤਰ ਦਿੱਤਾ।ਉਘੇ ਵਾਤਾਵਰਣ ਪ੍ਰੇਮੀ ਅਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ (ਮੈਂਬਰ ਰਾਜ ਸਭਾ) ਨੇ ਕਿਹਾ ਕਿ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਆਜ਼ਾਦੀ ਸੰਗਰਾਮ ਵਿੱਚ ਪਾਏ ਯੋਗਦਾਨ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਚੇਅਰਮੈਨ ਫੂਡ ਕਮਿਸ਼ਨ, ਪੰਜਾਬ ਬਾਲ ਮੁਕੰਦ ਸ਼ਰਮਾ ਦੇ ਵਿਸ਼ੇਸ਼ ਉਪਰਾਲੇ ਸਦਕਾ ਲੋਕ ਗਾਇਕ ਸੁਖਵਿੰਦਰ ਸੁੱਖੀ ਵੱਲੋਂ ਅਖਾੜਾ ਲਾਇਆ ਗਿਆ ਤੇ ਨਾਟਕਕਾਰ ਸੁਰਿੰਦਰ ਸ਼ਰਮਾ ਵੱਲੋਂ ਪੰਜਾਬੀ ਨਾਟਕ ਛਿੱਪਣ ਤੋਂ ਪਹਿਲਾਂ ਦਾ ਸਫ਼ਲ ਮੰਚਨ ਕੀਤਾ ਗਿਆ।

## ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇਸ਼ ਦੇ ਸੱਚੇ ਹੀਰੋ : ਸੰਦੀਪ ਸੈਣੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼ਹੀਦ-ਏ-ਆਜ਼ਮ ਸ: ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਸਾਡੇ ਦੇਸ਼ ਦੇ ਸੱਚੇ ਹੀਰੋ ਹਨ ਅਤੇ ਹਰ ਭਾਰਤੀ ਨੂੰ ਉਨ੍ਹਾਂ ਦੀ ਸੋਚ 'ਤੇ ਪਹਿਰਾ ਦੇਣਾ ਚਾਹੀਦਾ ਹੈ ਅਤੇ ਦੇਸ਼ ਅਤੇ ਸਮਾਜ ਦੇ ਹਿੱਤ 'ਚ ਕੰਮ ਕਰਨਾ ਚਾਹੀਦਾ ਹੈ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬੈਕਫਿੰਕੋ ਦੇ ਚੇਅਰਮੈਨ ਸੰਦੀਪ ਸੈਣੀ ਨੇ ਸ਼ਹੀਦੀ ਦਿਵਸ ਮੌਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਸਾਡਾ ਦੇਸ਼ ਜਿਸ ਦੌਰ ਵਿੱਚੋਂ ਗੁਜ਼ਰ ਰਿਹਾ ਹੈ, ਉਸ ਸਮੇਂ ਸ਼ਹੀਦਾਂ ਦੇ ਵਿਚਾਰਾਂ 'ਤੇ ਚੱਲਣਾ ਬਹੁਤ ਜ਼ਰੂਰੀ ਹੋ ਗਿਆ ਹੈ। ਅੰਗਰੇਜ਼ ਭਾਵੇਂ ਸਾਡੇ ਦੇਸ਼ ਨੂੰ ਛੱਡ ਕੇ ਚਲੇ ਗਏ



ਹਨ, ਪਰ ਉਨ੍ਹਾਂ ਨੇ ਸਾਨੂੰ ਗੁਲਾਮੀ ਵਾਲੀ ਮਾਨਸਿਕਤਾ ਵਾਲਾ ਸਿਸਟਮ ਛੱਡ ਦਿੱਤਾ ਹੈ, ਜਿਸ ਤੋਂ ਬਾਹਰ ਨਿਕਲਣ ਲਈ ਸਾਰਿਆਂ ਨੂੰ ਇਕਜੁੱਟ ਹੋ ਕੇ ਯਤਨ ਕਰਨੇ ਪੈਣਗੇ। ਇਸ ਮੌਕੇ ਸਮੂਹ ਵਰਕਰਾਂ ਨੇ ਸ਼ਹੀਦਾਂ ਦੇ ਵਿਚਾਰਾਂ 'ਤੇ ਪਹਿਰਾ ਦੇਣ ਦੀ ਸਹੁੰ ਚੁੱਕੀ ਅਤੇ ਇਨਕਲਾਬ ਜ਼ਿੰਦਾਬਾਦ ਦੇ ਨਾਅਰੇ ਲਾਏ। ਇਸ ਮੌਕੇ ਅਜੈ ਵਰਮਾ, ਰਾਏ ਸਾਹਿਬ, ਪਵਨ ਸੈਣੀ, ਸੰਦੀਪ ਲੋਈ, ਚਰਨਜੀਤ ਚੰਨੀ, ਕੌਂਸਲਰ ਮਨਜੀਤ, ਰਣਜੀਤ ਸਹੋਤਾ, ਅਸ਼ਵਨੀ ਸ਼ਰਮਾ ਛੋਟਾ, ਐਸ ਪੀ ਸ਼ਰਮਾ ਸਮੇਤ ਵੱਡੀ ਗਿਣਤੀ ਵਿੱਚ ਵਰਕਰਾਂ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

## ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਬਣ ਰਹੇ ਸਿਹਤ ਕਾਰਡ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)**- ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਚਲਾਈ ਜਾ ਰਹੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਨੰਗਲ ਖੇਤਰ ਦੇ ਵੱਖ-ਵੱਖ ਪਿੰਡਾਂ ਵਿੱਚ ਮੈਗਾ ਕੈਂਪ ਲਗਾ ਕੇ ਸਿਹਤ ਕਾਰਡ ਬਣਾਉਣ ਦੀ ਪ੍ਰਕਿਰਿਆ ਤੇਜ਼ ਕੀਤੀ ਜਾ ਰਹੀ ਹੈ।ਉਪ ਮੰਡਲ ਮੈਜਿਸਟ੍ਰੇਟ ਨੰਗਲ ਦੀ ਅਗਵਾਈ ਵਿੱਚ ਪਿੰਡ ਗੱਗ, ਜਿੰਦਵੜੀ ਅੱਪਰ, ਪੱਤੀ ਦਰਗਰਾਈ, ਰਾਏਪੁਰ ਲੋਅਰ ਅਤੇ ਬਾਸ ਵਿੱਚ ਵਿਸ਼ੇਸ਼



ਕੈਂਪ ਲਗਾਏ ਗਏ, ਜਿੱਥੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਪਹੁੰਚ ਕੇ ਆਪਣੀ ਰਜਿਸਟ੍ਰੇਸ਼ਨ ਕਰਵਾਈ। ਇਨ੍ਹਾਂ ਕੈਂਪਾਂ ਵਿੱਚ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਲੋਕਾਂ ਨੂੰ ਯੋਜਨਾ ਬਾਰੇ ਜਾਣਕਾਰੀ ਦੇਣ ਦੇ ਨਾਲ ਨਾਲ ਥਾਂ 'ਤੇ ਹੀ ਕਾਰਡ ਬਣਾਉਣ ਦੀ ਸੁਵਿਧਾ ਦਿੱਤੀ ਜਾ ਰਹੀ ਹੈ। ਇਸ ਯੋਜਨਾ ਹੇਠ ਹਰ ਯੋਗ ਪਰਵਾਰ ਨੂੰ ਇਲਾਜ ਦੀ ਸਹੂਲਤ ਮਿਲਦੀ ਹੈ, ਜਿਸ ਨਾਲ ਆਮ ਲੋਕਾਂ 'ਤੇ ਇਲਾਜ ਦਾ ਆਰਥਿਕ ਬੋਝ ਘਟਦਾ ਹੈ। ਪਿੰਡ ਵਾਸੀਆਂ ਨੇ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਯੋਜਨਾ ਉਨ੍ਹਾਂ ਲਈ ਬਹੁਤ ਲਾਭਕਾਰੀ ਸਾਬਤ ਹੋ ਰਹੀ ਹੈ।ਸਿਹਤ ਵਿਭਾਗ ਦੇ ਅਧਿਕਾਰੀਆਂ ਨੇ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਹੋਰ ਪਿੰਡਾਂ ਵਿੱਚ ਵੀ ਇਸ ਤਰ੍ਹਾਂ ਦੇ ਕੈਂਪ ਲਗਾਏ ਜਾਣਗੇ ਤਾਂ ਜੋ ਯੋਜਨਾ ਦਾ ਲਾਭ ਘਰ-ਘਰ ਤੱਕ ਪਹੁੰਚਾਇਆ ਜਾ ਸਕੇ।

## 40 ਸਾਲਾਂ ਬਾਅਦ ਪੰਜਾਬ 'ਚ ਹੋਵੇਗੀ ਰਾਸ਼ਟਰੀ ਬੈਡਮਿੰਟਨ ਚੈਂਪੀਅਨਸ਼ਿਪ

**ਜਲੰਧਰ**-ਪੰਜਾਬ ਵਿੱਚ ਬੈਡਮਿੰਟਨ ਨੂੰ ਵੱਡਾ ਬੜ੍ਹਾਵਾ ਮਿਲਣ ਜਾ ਰਿਹਾ ਹੈ, ਕਿਉਂਕਿ ਰਾਜ 40 ਸਾਲਾਂ ਬਾਅਦ ਰਾਸ਼ਟਰੀ ਚੈਂਪੀਅਨਸ਼ਿਪ ਦੀ ਮੇਜ਼ਬਾਨੀ ਕਰਨ ਜਾ ਰਿਹਾ ਹੈ। ਬੈਡਮਿੰਟਨ ਐਸੋਸੀਏਸ਼ਨ ਆਫ ਇੰਡੀਆ (ਬੀ ਏ ਆਈ) ਨੇ 38ਵੀਂ ਸਬ-ਜੂਨੀਅਰ ਨੈਸ਼ਨਲ ਬੈਡਮਿੰਟਨ ਚੈਂਪੀਅਨਸ਼ਿਪ ਪੰਜਾਬ ਨੂੰ ਸੌਂਪੀ ਹੈ।ਜਾਣਕਾਰੀ ਦਿੰਦੇ ਹੋਏ ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੇ ਸਕੱਤਰ ਰਿਤਿਨ ਖੰਨਾ ਨੇ ਦੱਸਿਆ ਕਿ ਇਹ ਚੈਂਪੀਅਨਸ਼ਿਪ 9 ਤੋਂ 12 ਦਸੰਬਰ 2026 ਤੱਕ ਰਾਇਜ਼ਾਦਾ ਹੰਸਰਾਜ ਬੈਡਮਿੰਟਨ ਸਟੇਡੀਅਮ, ਜਲੰਧਰ ਵਿੱਚ ਕਰਵਾਈ ਜਾਵੇਗੀ।

ਇਸ ਵਿੱਚ 33 ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਲਗਭਗ 350 ਖਿਡਾਰੀ ਹਿੱਸਾ ਲੈਣਗੇ। ਪੰਜਾਬ ਵਿੱਚ ਇਸ ਤੋਂ ਪਹਿਲਾਂ ਰਾਸ਼ਟਰੀ ਬੈਡਮਿੰਟਨ ਚੈਂਪੀਅਨਸ਼ਿਪ 1987 ਵਿੱਚ ਜਲੰਧਰ ਵਿੱਚ ਹੀ ਹੋਈ ਸੀ।

# ਪੰਜ ਦਰਿਆਵਾਂ ਵਾਲਾ ਪੰਜਾਬ ਅੱਜ ਗੰਧਲਾ ਹੋ ਗਿਆ : ਸੁਰਿੰਦਰ ਜਾਜਾ, ਵੀਨੂੰ ਪੰਡਤ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਨਸ਼ਿਆਂ ਜਿਹੀਆਂ ਮਾੜੀਆਂ ਅਲਾਮਤਾਂ ਦੇ ਦਲਦਲ ਵਿੱਚ ਡੁੱਬਦੇ ਜਾ ਰਹੇ ਪੰਜਾਬ ਨੂੰ ਮੁੜ ਨਸ਼ਾ ਮੁਕਤ ਕਰਕੇ ਹਸਦਾ ਵੱਸਦਾ ਪੰਜਾਬ ਬਣਾਉਣ ਸਬੰਧੀ ਵਿਚਾਰ ਵਟਾਂਦਰਾ ਕਰਨ ਲਈ ਭਾਜਪਾ ਪੰਜਾਬ ਦੇ ਐਗਜ਼ੈਕਟਿਵ ਮੈਂਬਰ ਸੁਰਿੰਦਰ



ਜਾਜਾ ਦੀ ਅਗਵਾਈ ਵਿੱਚ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਭਾਜਪਾ ਵਰਕਰਾਂ ਤੋਂ ਇਲਾਵਾ ਇਲਾਕੇ ਦੇ ਬੁੱਧੀਜੀਵੀਆਂ ਨੇ ਭਾਗ ਲਿਆ। ਮੀਟਿੰਗ 'ਚ ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਸੁਰਿੰਦਰ ਜਾਜਾ ਨੇ ਕਿਹਾ ਕਿ ਕਦੇ ਪੰਜਾਬ ਪੰਜ ਦਰਿਆਵਾਂ ਵਾਲਾ ਹਰਿਆਲੀ ਭਰਿਆ ਪੰਜਾਬ ਹੁੰਦਾ ਸੀ, ਪਰ ਨਸ਼ਿਆਂ ਦੇ ਸੌਦਾਗਰਾਂ ਨੇ ਪੰਜਾਬ ਵਿੱਚ ਨਸ਼ਿਆਂ ਦਾ ਦਰਿਆ ਵਹਾ ਕੇ ਇਸ ਨੂੰ ਉਜਾੜ ਦਿੱਤਾ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਦੀ ਸਰਕਾਰ ਬਣਨ ਤੇ ਪੰਜਾਬ ਵਿਚੋਂ ਨਸ਼ਿਆਂ ਨੂੰ ਹਮੇਸ਼ਾ ਲਈ ਖਤਮ ਕਰ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਭਾਜਪਾ ਦੇ ਵਰਕਰ ਵੱਖ-ਵੱਖ ਸੰਸਥਾਵਾਂ ਦੇ ਸਹਿਯੋਗ ਨਾਲ ਇਸ ਨਸ਼ੇ ਜਿਹੇ ਕੋਹੜ ਨੂੰ ਖ਼ਤਮ ਕਰਨ ਲਈ ਆਏ ਦਿਨ ਸੈਮੀਨਾਰਾਂ ਦਾ ਆਯੋਜਨ ਕਰ ਰਹੇ ਹਨ ਤਾਂ ਜੋ ਪੰਜਾਬ ਦੀ ਨੌਜਵਾਨੀ ਨੂੰ ਬਚਾਇਆ ਜਾ ਸਕੇ। ਇਸ ਮੌਕੇ ਤੇ ਜਸਵੀਰ ਛੋਟੂ, ਨਿਖਿਲ ਨੰਗਲ, ਕਸ਼ਮੀਰ ਸਿੰਘ, ਪ੍ਰੇਮ ਪਾਲ, ਸੁਖਵਿੰਦਰ ਸਿੰਘ ਟੀਟੂ, ਸਤਪਾਲ ਸਿੰਘ, ਧਰਮਪਾਲ, ਦਵਿੰਦਰ ਸਿੰਘ, ਸੁਖਵਿੰਦਰ ਸਿੰਘ ਲੱਖੀ, ਹਰਜਿੰਦਰ ਸਿੰਘ, ਕੁਲਦੀਪ ਮਾਣਕ, ਰਸ਼ਪਾਲ ਸਿੰਘ ਸੈਮੂਅਲ, ਅਸ਼ੋਕ ਕੁਮਾਰ, ਡੈਨੀਅਲ ਅਤੇ ਹੋਰ ਭਾਜਪਾ ਵਰਕਰਾਂ ਨੇ ਇਹ ਵਿਸ਼ਵਾਸ ਦਿਵਾਇਆ ਕਿ ਉਹ ਇਸ ਨਸ਼ੇ ਜਿਹੇ ਕੋਹੜ ਨੂੰ ਖ਼ਤਮ ਕਰਨ ਲਈ ਦਿਨ ਰਾਤ ਮਿਹਨਤ ਕਰਨਗੇ।

# ਪੱਤਰਕਾਰਾਂ 'ਚ ਵਿਧਾਇਕ ਪ੍ਰਤੀ ਗੁੱਸਾ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਮੋਰਿੰਡਾ ਪ੍ਰੈੱਸ ਕਲੱਬ ਦੀ ਪ੍ਰਧਾਨ ਕਰਨੈਲ ਸਿੰਘ ਜੀਤ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ 'ਚ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਵੱਲੋਂ ਦੋ ਪੱਤਰਕਾਰਾਂ ਨਾਲ ਕਥਿਤ ਦੁਰਵਿਹਾਰ ਕਰਨ ਦੀ ਘੋਰ ਨਿੰਦਾ ਕੀਤੀ ਗਈ। ਪੱਤਰਕਾਰਾਂ ਨੇ ਦੱਸਿਆ ਕਿ ਉਹ ਦੋਵੇਂ ਕਿਸੇ ਵਿਅਕਤੀ ਦੇ ਕੰਮ ਲਈ ਵਿਧਾਇਕ ਦੇ ਦਫ਼ਤਰ ਗਏ ਸਨ। ਗਲਬਾਤ ਚੰਗੇ ਮਾਹੌਲ ਵਿਚ ਹੋਈ। ਇਸ ਉਪਰੰਤ ਵਿਧਾਇਕ ਅਤੇ ਉਹ ਦੋਵੇਂ ਆਪਸ ਵਿੱਚ ਗਲਬਾਤ ਕਰਦੇ ਹੋਏ ਦਫ਼ਤਰ ਤੋਂ ਬਾਹਰ ਆ ਗਏ। ਗਲਬਾਤ ਕਰਦੇ ਕਰਦੇ ਵਿਧਾਇਕ ਤੈਸ਼ ਵਿੱਚ ਆ ਗਏ ਤੇ ਉਨ੍ਹਾਂ ਨੇ ਆਖਿਆ ਕਿ ਅੱਜ ਤੋਂ ਬਾਅਦ ਉਸ ਦੇ ਦਫਤਰ ਵਿਚ ਨਹੀਂ ਵੜਨਾ। ਪੱਤਰਕਾਰ ਭਾਈਚਾਰੇ ਨੇ ਵਿਧਾਇਕ ਦੇ ਰੋਲ ਦੀ ਕਰੜੀ ਨਿੰਦਾ ਕਰਦਿਆਂ ਆਖਿਆ ਕਿ ਵਿਧਾਇਕ ਸਾਰੇ ਹਲਕੇ ਦਾ ਨੁਮਾਇੰਦਾ ਹੈ ਉਸ ਦਾ ਦਫ਼ਤਰ ਸਾਰੇ ਲੋਕਾਂ ਲਈ ਖੁੱਲਾ ਹੋਣਾ ਚਾਹੀਦਾ ਹੈ। ਫਿਰ ਵਿਧਾਇਕ ਵਲੋਂ ਅਜਿਹੀ ਭਾਸ਼ਾ ਵਰਤਣੀ ਨਿੰਦਣਯੋਗ ਹੈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਪੰਜਾਬ ਦੇ ਪ੍ਰਧਾਨ ਨੇ ਵਿਧਾਇਕ ਦੇ ਇਸ ਰੋਲ ਦੀ ਅਲੋਚਨਾਂ ਕਰਦਿਆਂ ਆਖਿਆ ਕਿ ਦੇਸ਼ ਅੰਦਰ ਲੋਕਤੰਤਰ ਹੈ, ਲੋਕਤੰਤਰ ਦਾ ਚੋਥਾ ਥੰਮ ਪ੍ਰੈੱਸ ਹੈ । ਪ੍ਰੈੱਸ ਦਾ ਨਿਰਾਦਰ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਹੋ ਸਕਦਾ। ਇਸ



ਮੌਕੇ ਸਮੂਹ ਪਤਰਕਾਰ ਭਾਈਚਾਰੇ ਨੇ ਚੇਤਾਵਨੀ ਦਿਤੀ ਕਿ ਅੱਜ ਤੋਂ ਬਾਅਦ ਕਿਸੇ ਪੱਤਰਕਾਰ ਦਾ ਨਿਰਾਦਰ ਕੀਤਾ ਗਿਆ ਤਾਂ ਯੂਨੀਅਨ ਵੱਲੋਂ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਮੌਕੇ ਉਪਰੋਕਤ ਪਤਰਕਾਰਾਂ ਤੋਂ ਇਲਾਵਾ ਪ੍ਰਿਤਪਾਲ ਸਿੰਘ ਖ਼ਾਲਸਾ, ਗੁਰਮੀਤ ਸਿੰਘ ਚੋਪੜਾ, ਕਮਲਜੀਤ ਸਿੰਘ ਅਰਨੌਲੀ,ਗਗਨ ਸੁਕਲਾ, ਰਾਧੇ ਸ਼ਿਆਮ ਸ਼ਰਮਾ, ਗਿਆਨ ਸਿੰਘ ਸਰੋਆ, ਹਰਵਿੰਦਰ ਸੂਦ, ਰਵਿੰਦਰ ਸਿੰਘ ਬੱਬੂ, ਨਿਹਾਲ ਸਿੰਘ ਕਲਸੀ, ਵਰੁਣ ਸ਼ੁਕਲਾ, ਗਗਨਦੀਪ ਘੜੂੰਆਂ ਬਲਵੀਰ ਸਿੰਘ ਚਲਾਕੀ ਆਦਿ ਪਤਰਕਾਰ ਹਾਜ਼ਰ ਸਨ।

## ਛਿੰਝ ਮੇਲਾ ਸ਼ਾਨੋ ਸ਼ੌਕਤ ਨਾਲ ਸਮਾਪਤ



**ਬੰਗਾ (ਅਵਤਾਰ ਕਲੇਰ)** ਬੰਗਾ ਹਲਕੇ ਦੇ ਪਿੰਡ ਬਹੂਆ ਵਿਖੇ ਸਲਾਨਾ ਛਿੰਝ ਮੇਲਾ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ, ਐਨ ਆਰ ਆਈ ਵੀਰਾਂ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਛਿੰਝ ਮੇਲੇ 'ਚ ਡਾ. ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਬੰਗਾ, ਚੌਧਰੀ ਮੋਹਣ ਲਾਲ ਸਾਬਕਾ ਵਿਧਾਇਕ ਬੰਗਾ,ਆਪ ਆਗੂ ਹਰਜੋਤ ਕੌਰ ਲੋਹਟੀਆ ਵਿਸ਼ੇਸ਼ ਤੌਰ ਤੇ ਪਹੁੰਚੇ। ਛਿੰਝ ਮੇਲੇ 'ਚ 50 ਦੇ ਕਰੀਬ ਪਹਿਲਵਾਨਾਂ ਨੇ ਹਿੱਸਾ ਲਿਆ। ਨਾਮਵਰ ਪਹਿਲਵਾਨ ਪ੍ਰਵੀਨ ਕੋਹਾਲੀ, ਜੁਲਾਲ ਇਰਾਨ,ਜੱਸਾ ਬਾਹੜੋਵਾਲ ,ਤੀਰਥ ਫਗਵਾੜਾ, ਸ਼ੇਰਾਂ ਲੱਲੀਆਂ, ਗੁਰਨਾਮ ਮਾਛੀਵਾੜਾ ਨੇ ਹਿੱਸਾ ਲਿਆ। ਪਟਕੇ ਦੀ ਕੁਸ਼ਤੀ ਪ੍ਰਿਤਪਾਲ ਫਗਵਾੜਾ ਅਤੇ ਵਿਸ਼ਾਲ ਹਰਿਆਣਾ ਵਿਚਕਾਰ ਹੋਈ। ਜਿਸ ਵਿੱਚ ਪ੍ਰਿਤਪਾਲ ਫਗਵਾੜਾ ਜੇਤੂ ਰਿਹਾ। ਜੇਤੂ ਪਹਿਲਵਾਨ ਨੂੰ ਮੋਟਰਸਾਈਕਲ ਨਾਲ ਸਨਮਾਨਿਤ ਕੀਤਾ। ਉਪ ਜੇਤੂ ਪਹਿਲਵਾਨਾਂ ਨੂੰ ਵੀ ਨਗਦ ਰਾਸ਼ੀ ਨਾਲ ਸਨਮਾਨਿਤ ਕੀਤਾ। ਪ੍ਰਬੰਧਕਾਂ ਵੱਲੋਂ ਕੁਸ਼ਤੀ ਕੋਚ ਮਹਿੰਦਰ ਸਿੰਘ ਫਗਵਾੜਾ ਨੂੰ ਮੋਟਰਸਾਈਕਲ ਨਾਲ ਸਨਮਾਨਤ ਕੀਤਾ। ਗੁਰਦਿਆਲ ਸਿੰਘ ਸਾਬਕਾ ਸਰਪੰਚ ਬਹੂਆ ਨੇ ਖਿਡਾਰੀਆਂ ਅਤੇ ਦਰਸ਼ਕਾਂ ਨੂੰ ਜੀ ਆਇਆਂ ਕਿਹਾ ਤੇ ਸਾਰਿਆਂ ਦਾ ਧੰਨਵਾਦ ਕੀਤਾ। ਛਿੰਝ ਮੇਲਾ ਸ਼ਾਨੋ ਸ਼ੋਕਤ ਨਾਲ ਸਮਾਪਤ ਹੋਇਆ। ਇਸ ਮੌਕੇ ਅਮਰਜੀਤ ਸਿੰਘ ਸ਼ੇਰਗਿੱਲ ਪੰਚ, ਗੁਰਦਿਆਲ ਸਿੰਘ ਸਾਬਕਾ ਸਰਪੰਚ, ਅਮਨਪ੍ਰੀਤ ਸਰਪੰਚ, ਮੱਖਣ ਸਿੰਘ ਪੰਚ, ਕੁਲਵੀਰ ਸਿੰਘ, ਰਘਵੀਰ ਸਿੰਘ, ਅਵਤਾਰ ਸਿੰਘ, ਸੰਦੀਪ ਸਿੰਘ, ਸੁਰਿੰਦਰ ਸਿੰਘ, ਮਹਿੰਦਰ ਸਿੰਘ,ਬਿੱਟਾ ਸੰਧੂ, ਬਲਵਿੰਦਰ ਕੁਮਾਰ ਭਿੰਦਾ, ਜਸਵੰਤ ਸਿੰਘ ਤੋਂ ਇਲਾਵਾ ਭਾਰੀ ਗਿਣਤੀ 'ਚ ਦਰਸ਼ਕ ਹਾਜ਼ਰ ਸਨ।

# ਸ੍ਰੀ ਹਜ਼ੂਰ ਸਾਹਿਬ ਤੇ ਹੋਰ ਤੀਰਥ ਅਸਥਾਨਾਂ ਦੀ ਯਾਤਰਾ ਅੱਜ ਤੋਂ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)** ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਮਾਹਿਲਪੁਰ ਦੇ ਮੈਂਬਰਾਂ ਅਤੇ ਸਮੱਰਥਕਾਂ ਵੱਲੋਂ 25 ਮਾਰਚ ਤੋਂ 4 ਅਪ੍ਰੈਲ ਤੱਕ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਜਨਮ ਅਸਥਾਨ ਮਹੂ, ਦੀਕਸ਼ਾ ਭੂਮੀ ਨਾਗਪੁਰ, ਸ੍ਰੀ ਹਜ਼ੂਰ ਸਾਹਿਬ ਅਤੇ ਹੋਰ ਗੁਰਧਾਮਾਂ ਦੀ ਯਾਤਰਾ ਕੀਤੀ ਜਾ ਰਹੀ ਹੈ। ਯਾਤਰਾ ਤੇ ਜਾ ਰਹੇ ਥਾਣੇਦਾਰ ਸੁਖਦੇਵ ਸਿੰਘ, ਨਿਰਮਲ ਕੌਰ ਬੋਧ ਅਤੇ ਪਰਮਜੀਤ ਕੌਰ ਨੇ ਨਿਰਵਾਣੂ ਕੁਟੀਆ ਮਾਹਿਲਪੁਰ ਵਿਖੇ ਜਾਣਕਾਰੀ ਦਿੰਦਿਆਂ ਦੱਸਿਆ ਕਿ



ਇਹ ਯਾਤਰਾ 24 ਮਾਰਚ ਨੂੰ ਗੁਰਦੁਆਰਾ ਸਤਿਗੁਰੂ ਰਵਿਦਾਸ ਮਹਾਰਾਜ ਮਾਹਿਲਪੁਰ ਤੋਂ ਸਵੇਰੇ 8 ਵਜੇ ਰਵਾਨਾ ਹੋਵੇਗੀ। ਪਹਿਲੇ ਦਿਨ ਜੈਪੁਰ ਵਿਖੇ ਸਟੇ ਕੀਤਾ ਜਾਵੇਗਾ। ਦੂਜੇ ਦਿਨ ਦਰਗਾਹ ਅਜਮੇਰ ਸ਼ਰੀਫ ਦੇ ਦਰਸ਼ਨ ਦੀਦਾਰੇ ਕਰਕੇ ਰਾਤ ਚਿਤੌੜਗੜ੍ਹ ਵਿਖੇ ਰਿਹਾ ਜਾਵੇਗਾ। ਅਗਲੇ ਦਿਨ ਕਿਲਾ ਚਿਤੌੜਗੜ੍ਹ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀ ਰਵਿਦਾਸ ਛਤਰੀ ਅਤੇ ਮੀਰਾ ਮੰਦਰ ਦੇ ਦਰਸ਼ਨ ਦੀਦਾਰੇ ਕਰਕੇ ਰਾਤ ਉਜੈਨ ਮੰਦਰ ਵਿਖੇ ਰਿਹਾ ਜਾਵੇਗਾ। ਅਗਲੇ ਦਿਨ ਉਜੈਨ ਤੋਂ ਚੱਲ ਕੇ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਅਸਥਾਨ ਮਹੂ ਦੇ ਦਰਸ਼ਨ ਕਰਕੇ ਰਾਤ ਗੁਰਦੁਆਰਾ ਬੁਹਾਰਨਪੁਰ ਵਿਖੇ ਰਿਹਾ ਜਾਵੇਗਾ। ਅਗਲੀ ਰਾਤ ਤਖਤ ਸ੍ਰੀ ਹਜ਼ੂਰ ਸਾਹਿਬ ਵਿਖੇ ਸਟੇ ਕੀਤਾ ਜਾਵੇਗਾ। ਉਸ ਤੋਂ ਅਗਲੇ ਦਿਨ ਸ੍ਰੀ ਹਜ਼ੂਰ ਸਾਹਿਬ ਵਿਖੇ ਲੋਕਲ ਗੁਰੂ ਘਰਾਂ ਦੇ ਦਰਸ਼ਨ ਦੀਦਾਰੇ ਕਰਕੇ ਰਾਤ ਇੱਥੇ ਹੀ ਰਿਹਾ ਜਾਵੇਗਾ। ਅਗਲੇ ਦਿਨ ਹਜ਼ੂਰ ਸਾਹਿਬ ਤੋਂ ਨਾਗਪੁਰ ਜਾ ਕੇ ਦੀਕਸ਼ਾ ਭੂਮੀ ਜਿੱਥੇ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਨੇ 1956 ਵਿੱਚ 5 ਲੱਖ ਲੋਕਾਂ ਦੀ ਹਾਜ਼ਰੀ ਵਿੱਚ ਬੁੱਧ ਧਰਮ ਅਪਣਾਇਆ ਸੀ ਉਸ ਅਸਥਾਨ ਦੇ ਦਰਸ਼ਨ ਦੀਦਾਰੇ ਕਰਕੇ ਰਾਤ ਉਸੇ ਅਸਥਾਨ ਤੇ ਰਿਹਾ ਜਾਵੇਗਾ। ਉਸ ਤੋਂ ਅਗਲੇ ਦਿਨ ਰਾਤ ਲਲਿਤਪੁਰ ਸਟੇ ਕੀਤਾ ਜਾਵੇਗਾ। ਅਗਲੇ ਦਿਨ ਲਲਿਤਪੁਰ ਤੋਂ ਝਾਂਸੀ, ਗਵਾਲੀਅਰ ਹੋ ਕੇ ਰਾਤ ਆਗਰੇ ਗੁਰਦੁਆਰਾ ਸਾਹਿਬ ਵਿਖੇ ਰਿਹਾ ਜਾਵੇਗਾ। ਉਸ ਤੋਂ ਅਗਲੇ ਦਿਨ ਆਗਰੇ ਤੋਂ ਹਰਿਦੁਆਰ ਜਾਇਆ ਜਾਵੇਗਾ। ਇਸ ਦਿਨ ਰਾਤ ਇੱਥੇ ਹੀ ਸਟੇ ਕੀਤਾ ਜਾਵੇਗਾ ਤੇ ਦਮੜੀ ਯਾਤਰਾ ਵਿੱਚ ਸ਼ਾਮਿਲ ਹੋ ਕੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਿਮਾ ਦਾ ਗੁਣ ਗਾਇਨ ਕੀਤਾ ਜਾਵੇਗਾ। ਹਰਿਦੁਆਰ ਵਿਖੇ ਹੀ ਮੰਦਰ ਅਤੇ ਗੁਰੂ ਨਾਨਕ ਸਾਹਿਬ ਨਾਲ ਸੰਬੰਧਿਤ ਗੁਰਦੁਆਰਾ ਸਾਹਿਬ ਦੇ ਵੀ ਦਰਸ਼ਨ ਦੀਦਾਰੇ ਕੀਤੇ ਜਾਣਗੇ। ਯਾਤਰਾ ਦੇ ਅਖੀਰਲੇ ਦਿਨ ਹਰਿਦੁਆਰ ਤੋਂ ਚੱਲ ਕੇ ਹਿਮਾਚਲ ਪ੍ਰਦੇਸ਼ ਦੇ ਕੁਦਰਤੀ ਨਜ਼ਾਰਿਆਂ ਦਾ ਆਨੰਦ ਲੈਂਦੇ ਹੋਏ ਪਾਉਂਟਾ ਸਾਹਿਬ ਤੋਂ ਹੋ ਕੇ ਵਾਪਸ ਮਾਹਿਲਪੁਰ ਆ ਕੇ ਯਾਤਰਾ ਦੀ ਸਮਾਪਤੀ ਕੀਤੀ ਜਾਵੇਗੀ।

# ਮਿਹਨਤੀ ਤੇ ਵਫ਼ਾਦਾਰ ਆਗੂਆਂ ਨੂੰ ਪਾਰਟੀ ਨੇ ਹਮੇਸ਼ਾ ਮਾਣ ਦਿੱਤਾ : ਲੱਖੀ, ਢਿੱਲੋਂ, ਸੀਕਰੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸ਼੍ਰੋਮਣੀ ਅਕਾਲੀ ਦਲ ਦੀ ਵਿਦਿਆਰਥੀ ਜਥੇਬੰਦੀ ਵਲੋਂ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦੇਹਾਤੀ ਐਸ ਸੀ ਵਿੰਗ ਦੇ



ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਮੋਮੀ ਦਾ ਸਨਮਾਨ ਕੀਤਾ ਗਿਆ। ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦੇ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਅਤੇ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਸ਼ਾਮ ਚੁਰਾਸੀ ਸੰਦੀਪ ਸਿੰਘ ਸੀਕਰੀ ਦੀ ਅਗਵਾਈ ਹੇਠ ਐਸ ਸੀ ਵਿੰਗ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦਿਹਾਤੀ ਦੇ ਨਵ ਨਿਯੁਕਤ ਪ੍ਰਧਾਨ ਸਰਬਜੀਤ ਸਿੰਘ ਮੋਮੀ ਦਾ ਐਸ ਓ ਆਈ ਦੇ ਕੌਮੀ ਪ੍ਰਧਾਨ ਰਣਵੀਰ ਸਿੰਘ ਢਿੱਲੋਂ, ਦੁਆਬਾ ਜ਼ੋਨ ਦੇ ਪ੍ਰਧਾਨ ਸੁਖਜਿੰਦਰ ਸਿੰਘ ਔਜਲਾ, ਹੁਸ਼ਿਆਰਪੁਰ ਜ਼ਿਲ੍ਹੇ ਦੇ ਪ੍ਰਧਾਨ ਜਸ਼ਨ ਗੁਰਾਇਆ, ਯੂਥ ਵਿੰਗ ਹੁਸ਼ਿਆਰਪੁਰ ਸ਼ਹਿਰੀ ਦੇ ਪ੍ਰਧਾਨ ਅਮਰਿੰਦਰ ਹੁਸੈਨਪੁਰ, ਅਮਰੀਕ ਸਿੰਘ ਭਾਗੋਵਾਲ, ਅਮਨਦੀਪ ਸਿੰਘ ਹੁਸੈਨਪੁਰ, ਕਰਨ ਧੁੱਗਾ, ਮਨਜੋਤ ਰਿਆੜ ਤੇ ਹੋਰਨਾਂ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਲਖਵਿੰਦਰ ਸਿੰਘ ਲੱਖੀ, ਐਸ ਓ ਆਈ ਦੇ ਕੌਮੀ ਪ੍ਰਧਾਨ ਰਣਵੀਰ ਸਿੰਘ ਢਿੱਲੋਂ ਅਤੇ ਹਲਕਾ ਇੰਚਾਰਜ ਸ਼ਾਮ ਚੁਰਾਸੀ ਸ਼੍ਰੋਮਣੀ ਅਕਾਲੀ ਦਲ ਸੰਦੀਪ ਸਿੰਘ ਸੀਕਰੀ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਇਮਾਨਦਾਰ, ਮਿਹਨਤੀ ਅਤੇ ਵਫਦਾਰ ਆਗੂਆਂ ਨੂੰ ਹਮੇਸ਼ਾ ਮਾਣ ਸਤਿਕਾਰ ਦਿੱਤਾ ਹੈ ਅਤੇ ਪਾਰਟੀ ਨੇ ਸਰਬਜੀਤ ਸਿੰਘ ਮੋਮੀ ਦੀ ਵਫਾਦਾਰੀ ਅਤੇ ਮਿਹਨਤ ਨੂੰ ਦੇਖਦਿਆਂ ਹੀ ਸ਼੍ਰੋਮਣੀ ਅਕਾਲੀ ਦਲ ਐਸ ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਬਣਾਇਆ ਹੈ। ਉਨਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਪੂਰੀ ਤਰ੍ਹਾਂ ਚੜ੍ਹਦੀ ਕਲਾ ਵਿੱਚ ਹੈ ਅਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਸ਼੍ਰੋਮਣੀ ਅਕਾਲੀ ਦਲ ਨੂੰ ਹੋਰ ਮਜ਼ਬੂਤ ਕਰਨ ਲਈ ਦਿਨ ਰਾਤ ਇੱਕ ਕਰ ਰਹੇ ਹਨ। ਉਕਤ ਅਕਾਲੀ ਆਗੂਆਂ ਨੇ ਹੋਰ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਪੂਰੀ ਤਰ੍ਹਾਂ ਮਜ਼ਬੂਤ ਹੈ ਅਤੇ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਹੀ 2027 ਵਿੱਚ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾ ਕੇ ਸੁਖਬੀਰ ਸਿੰਘ ਬਾਦਲ ਨੂੰ ਪੰਜਾਬ ਦਾ ਮੁੱਖ ਮੰਤਰੀ ਬਣਾਇਆ ਜਾਵੇਗਾ ਅਤੇ ਫਿਰ ਜੋ ਪੰਜਾਬ ਦੇ ਵਿਕਾਸ ਕਾਰਜਾਂ ਵਿੱਚ ਜੋ ਖੜੋਤ ਆਈ ਹੈ ਉਹਨਾਂ ਵਿਕਾਸ ਕਾਰਜਾਂ ਨੂੰ ਅਗਾਂਹ ਤੋਰਿਆ ਜਾਵੇਗਾ। ਇਸ ਮੌਕੇ ਉਹਨਾਂ ਨਾਲ ਸ਼੍ਰੋਮਣੀ ਅਕਾਲੀ ਦਲ, ਯੂਥ ਅਕਾਲੀ ਦਲ, ਐਸ ਓ ਆਈ ਦੇ ਨੌਜਵਾਨ ਹਾਜ਼ਰ ਸੀ।

## ਜੀ ਟੀ ਯੂ ਵੱਲੋਂ ਦਸਵੀਂ ਦੇ ਗਣਿਤ ਦੇ ਅਧੂਰੇ ਸਵਾਲ ਦੇ ਗ੍ਰੇਸ ਅੰਕ ਦੇਣ ਦੀ ਮੰਗ

**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਗੌਰਮਿੰਟ ਟੀਚਰਜ਼ ਯੂਨੀਅਨ ਨੇ ਦਸਵੀਂ ਜਮਾਤ ਦੇ ਹੋਏ ਗਣਿਤ ਪੇਪਰ ਵਿੱਚ ਖੇਤਰ ਅਤੇ ਆਇਤਨ ਨਾਲ ਸੰਬੰਧਿਤ ਇੱਕ ਅਧੂਰੇ ਪ੍ਰਸ਼ਨ ਦੇ ਗ੍ਰੇਸ ਅੰਕ ਦੇਣ ਦੀ ਮੰਗ ਕੀਤੀ ਹੈ।ਜਥੇਬੰਦੀ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ ਤੇ ਪ੍ਰੈੱਸ ਸਕੱਤਰ ਧਰਮਿੰਦਰ ਸਿੰਘ ਭੰਗੂ ਨੇ ਕਿਹਾ ਹੈ ਕਿ ਦਸਵੀਂ ਜਮਾਤ ਦੇ ਗਣਿਤ ਵਿਸ਼ੇ ਦੇ ਹੋਏ ਪੇਪਰ ਵਿੱਚ ਪ੍ਰਸ਼ਨ ਨੰਬਰ 15 ਵਿੱਚ ਜੋ ਕਿ ਖੇਤਰ ਅਤੇ ਆਇਤਨ ਨਾਲ ਸੰਬੰਧਿਤ ਹੈ, ਵਿੱਚ ਤੰਬੂ ਜੋ ਕਿ ਸਿਲੰਡਰ ਤੇ ਸ਼ੰਕੂ ਭਾਗ ਨੂੰ ਮਿਲਾ ਕੇ ਬਣਾਇਆ ਗਿਆ ਹੈ, ਲਈ ਸਿਰਫ਼ ਸਿਲੰਡਰ ਭਾਗ ਦੀ ਉਚਾਈ ਦਿੱਤੀ ਗਈ ਹੈ । ਸ਼ੰਕੂ ਭਾਗ ਦੀ ਉਚਾਈ ਨਹੀਂ ਦਿੱਤੀ ਗਈ ਜਿਸ ਕਾਰਨ ਸ਼ੰਕੂ ਭਾਗ ਦੀ ਤਿਰਛੀ ਉਚਾਈ ਅਤੇ ਕੁੱਲ ਕੱਪੜੇ ਦਾ ਮਾਪ ਪਤਾ ਨਹੀਂ ਕੀਤਾ ਜਾ ਸਕਦਾ।ਅਧਿਆਪਕ ਆਗੂਆਂ ਨੇ ਕਿਹਾ ਇਸ ਅਧੂਰੇ ਪ੍ਰਸ਼ਨ ਨੇ ਪ੍ਰੀਖਿਆਰਥੀਆਂ ਨੂੰ ਬਹੁਤ ਦੁਬਿਧਾ ਵਿੱਚ ਪਾਇਆ ਹੈ ਅਤੇ ਵਿਦਿਆਰਥੀ ਹੱਲ ਨਹੀਂ ਕਰ ਸਕੇ ਹੋਣਗੇ । ਇਸ ਲਈ ਉਨ੍ਹਾਂ ਸਿੱਖਿਆ ਮੰਤਰੀ ਪੰਜਾਬ ਅਤੇ ਸਕੱਤਰ ਪੰਜਾਬ ਸਕੂਲ ਸਿੱਖਿਆ ਬੋਰਡ ਤੋਂ ਮੰਗ ਕੀਤੀ ਕਿ ਇਸ ਅਧੂਰੇ ਪ੍ਰਸ਼ਨ ਬਦਲੇ ਵਿਦਿਆਰਥੀਆਂ ਨੂੰ ਛੇ ਅੰਕ ਗ੍ਰੇਸ ਵਜੋਂ ਦਿੱਤੇ ਜਾਣ।

# ਸ਼ਹੀਦ-ਏ-ਆਜ਼ਮ ਭਗਤ ਸਿੰਘ, ਸੁਖਦੇਵ ਤੇ ਰਾਜਗੁਰੂ ਦਾ ਸ਼ਹੀਦੀ ਦਿਹਾੜਾ ਮਨਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਜਨਤਕ ਜਥੇਬੰਦੀਆਂ (ਜੇ.ਪੀ.ਐੱਮ.ਓ) ਦੀ ਅਗਵਾਈ ਵਿੱਚ ਭਾਰਤ ਨੂੰ ਅਜ਼ਾਦ ਕਰਵਾਉਣ ਲਈ ਆਪਣੀਆਂ ਜਾਨਾਂ ਦੀ ਪਰਵਾਹ ਕੀਤੇ ਬਗੈਰ ਫਾਂਸੀ ਦੇ ਰੱਸੇ ਨੂੰ ਚੁੰਮ ਕੇ ਸ਼ਹੀਦੀ ਪਾਉਣ ਵਾਲੇ ਯੋਧੇ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ, ਸੁਖਦੇਵ ਅਤੇ ਰਾਜਗੁਰੂ ਦਾ ਸ਼ਹੀਦੀ ਦਿਹਾੜਾ ਨਰਿੰਦਰ ਅਜਨੋਹਾ ਬਲਾਕ ਪ੍ਰਧਾਨ ਪ ਸ ਸ ਫ, ਮੱਖਣ ਸਿੰਘ ਲੰਗੇਰੀ, ਮਲਕੀਤ ਸਿੰਘ ਬਾਹੋਵਾਲ ਅਤੇ ਕਿਸਾਨ ਆਗੂ ਤਲਵਿੰਦਰ ਸਿੰਘ ਹੀਰ ਦੀ ਅਗਵਾਈ ਵਿੱਚ ਸੰਕਲਪ ਦਿਵਸ ਵਜੋਂ ਸ਼ਰਧਾਪੂਰਵਕ ਮਨਾਇਆ ਗਿਆ।ਆਗੂਆਂ ਵੱਲੋਂ ਸਭ ਤੋਂ ਪਹਿਲਾਂ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।ਆਗੂਆਂ ਨੇ ਸੰਬੋਧਨ 'ਚ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਾਰਪੋਰੇਟ-ਸਾਮਰਾਜਵਾਦ ਪੱਖੀ ਹੈ ਅਤੇ ਆਮ ਕਿਰਤੀ ਵਰਗ ਦਾ ਸ਼ੋਸ਼ਣ ਕਰ ਰਹੀ ਹੈ।ਸਰਮਾਏਦਾਰਾਂ ਦੇ ਪੱਖ ਵਿੱਚ ਨੀਤੀਆਂ ਬਣਾ ਕੇ ਆਮ ਲੋਕਾਂ ਦਾ ਕਚੂੰਬਰ ਕੱਢ ਰਹੀ ਹੈ।ਕਦੇ ਸਮਾਂ ਸੀ ਜਦੋਂ ਸਾਡੀਆਂ ਸਰਕਾਰਾਂ ਗੁੱਟ ਨਿਰਲੇਪਤਾ ਦੀ ਵਿਦੇਸ਼ ਨੀਤੀ 'ਤੇ ਪਹਿਰਾ



ਦਿੰਦੀਆਂ ਸਨ।ਪ੍ਰੰਤੂ ਹੁਣ ਕੇਂਦਰ ਦੀ ਮੋਦੀ ਸਰਕਾਰ ਅਮਰੀਕਾ ਦੀ ਕਠਪੁਤਲੀ ਬਣ ਗਈ ਹੈ।ਕੇਂਦਰ ਸਰਕਾਰ ਦੇ ਨਾਲ-ਨਾਲ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੀ ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਆਮ ਵਰਗ ਨਾਲ ਚੋਣਾਂ ਦੌਰਾਨ ਕੀਤੇ ਵਾਅਦੇ ਨਹੀਂ ਪੂਰੇ ਕਰ ਰਹੀ।ਇਸ ਮੌਕੇ ਆਗੂਆਂ ਅਤੇ ਇਨਸਾਫ਼ ਪਸੰਦ ਲੋਕਾਂ ਨੇ ਇਸ ਸੰਕਲਪ ਦਿਵਸ ਉੱਪਰ ਤਹੱਈਆ ਕੀਤਾ ਕਿ ਸ਼ਹੀਦਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਇੱਕ ਸਾਂਝਾ ਮੁਹਾਜ਼ ਸਿਰਜ ਕੇ ਆਮ ਲੋਕਾਂ ਦੇ ਮਸਲਿਆਂ ਨੂੰ ਹੱਲ ਕਰਵਾਉਣ ਦੇ ਸਾਂਝੇ ਯਤਨ ਕੀਤੇ ਜਾਣਗੇ।ਇਸ ਮੌਕੇ ਸ਼ਿੰਦਰ ਪਾਲ, ਪਿਆਰਾ ਰਾਮ, ਸਤਨਾਮ ਸਿੰਘ, ਸਰਬਜੀਤ ਸਿੰਘ, ਪਰਮਜੀਤ ਸਿੰਘ ਬੈਂਸ, ਅਮਰੀਕ ਸਿੰਘ, ਓਮ ਦੱਤ, ਹੁਸਨ ਲਾਲ, ਭਗਵੰਤ ਰਾਏ, ਬਲਵੀਰ ਚੰਦ, ਹੰਸ ਰਾਜ ਠੀਂਡਾ, ਅਮਰਜੀਤ ਸਿੰਘ, ਬਲਦੇਵ ਸਿੰਘ ਬੰਗਾ, ਪਰਮਜੀਤ ਸਿੰਘ, ਵਰਿੰਦਰ ਸ਼ਰਮਾ, ਅਜੀਤ ਸਿੰਘ, ਬਲਦੇਵ ਸਿੰਘ, ਸੋਹਣ ਲਾਲ, ਗੋਪਾਲ ਸਰੂਪ, ਕਸ਼ਮੀਰੀ ਲਾਲ, ਜਰਨੈਲ ਸਿੰਘ, ਜੈਰਾਮ ਬਾੜੀਆਂ, ਰਾਮ ਆਸਰਾ, ਡਾਕਟਰ ਰਵਿੰਦਰ ਕੁਮਾਰ, ਰਹਿਬਰ ਸਿੰਘ, ਬਲਵਿੰਦਰ ਸਿੰਘ ਆਦਿ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਵੱਲੋਂ ਖਟਕੜ ਕਲਾਂ ਵਿਖੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ

**ਬੰਗਾ (ਅਵਤਾਰ ਕਲੇਰ)** ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੇ ਸ਼ਹੀਦੀ ਦਿਹਾੜੇ 'ਤੇ ਪਿੰਡ ਖਟਕੜ ਕਲਾਂ ਵਿਖੇ ਸ਼੍ਰੋਮਣੀ ਅਕਾਲੀ ਦਲ (ਬ) ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਸੁਖਦੀਪ ਸਿੰਘ ਸ਼ੁਕਾਰ ਦੀ ਅਗਵਾਈ ਵਿੱਚ ਅਕਾਲੀ ਦਲ ਦੇ ਪ੍ਰਮੁੱਖ ਲੀਡਰਾਂ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜ਼ਿਲ੍ਹਾ ਪ੍ਰਧਾਨ ਜਥੇਦਾਰ ਸੁਖਦੀਪ ਸਿੰਘ ਸ਼ੁਕਾਰ ਅਤੇ ਚੌਧਰੀ ਮੋਹਣ ਲਾਲ ਸਾਬਕਾ ਵਿਧਾਇਕ ਬੰਗਾ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੇ ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਆਪਣੀਆਂ ਕੀਮਤੀ ਜਾਨਾਂ ਵਾਰੀਆਂ। ਇਹਨਾਂ ਦੀ ਦਿੱਤੀ ਹੋਈ ਕੁਰਬਾਨੀ ਸਾਡੇ ਦਿਲਾਂ ਅੰਦਰ ਹਮੇਸ਼ਾ ਹੀ ਦੇਸ਼ ਭਗਤੀ ਦੀ ਚਿਣਗ ਜਗਾਉਂਦੀ ਰਹੇਗੀ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੁਖਦੀਪ ਸਿੰਘ ਸ਼ੁਕਾਰ, ਚੌਧਰੀ ਮੋਹਣ ਲਾਲ ਸਾਬਕਾ ਵਿਧਾਇਕ ਬੰਗਾ, ਦਿਨੇਸ਼ ਕੁਮਾਰ ਕਰੀਹਾ ਰਿਟਾ ਡੀ ਈ ਓ, ਗੁਰਬਖਸ਼ ਸਿੰਘ ਖਾਲਸਾ, ਪਰਮ ਸਿੰਘ ਖਾਲਸਾ, ਜੀਤ ਸਿੰਘ ਭਾਟੀਆ ਐਮ ਸੀ ਬੰਗਾ, ਜਸਵਿੰਦਰ ਸਿੰਘ ਮਾਨ ਐਮ ਸੀ ਬੰਗਾ,



ਗੁਰਿੰਦਰਜੀਤ ਸਿੰਘ ਬਾਡੀ ਬਿਲਡਰ, ਹਰਦੀਪ ਸਿੰਘ ਦੀਪਾ, ਰਮਨਦੀਪ ਸਿੰਘ ਥਿਆੜਾ, ਪਰਮਜੀਤ ਸਿੰਘ ਬੰਗਾ, ਮਹਿੰਦਰ ਸਿੰਘ ਸ਼ੇਖੂਪੁਰ, ਰਣਦੇਵ ਸਿੰਘ ਰਾਹੋ, ਰਾਮ ਜੀ ਦਾਸ, ਤੀਰਥ ਸਿੰਘ ਭਰੋਮਜਾਰਾ, ਅਮਰੀਕ ਸਿੰਘ ਬਿਜਲੀ ਵਾਲੇ ਤੋਂ ਇਲਾਵਾ ਅਕਾਲੀ ਦਲ ਦੇ ਵਰਕਰ ਮੌਜੂਦ ਸਨ ।

# ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕਾਰਡ ਬਣਾਉਣ ਲਈ ਕੈਂਪ ਲਗਾਇਆ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਪਿੰਡ ਰਾਏਬਵਾਲ ਵਿਖੇ ਸਿਹਤ ਕਾਰਡ ਬਣਾਉਣ ਲਈ ਵਿਸ਼ੇਸ਼ ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਬਲਾਕ ਪ੍ਰਧਾਨ ਬਲਦੇਵ ਰਾਜ ਸਹੋਤਾ ਦੀ ਅਗਵਾਈ ਹੇਠ ਲਗਾਇਆ ਗਿਆ, ਜਿਸ ਵਿੱਚ ਪਿੰਡ ਅਤੇ ਆਸ-ਪਾਸ ਦੇ ਇਲਾਕਿਆਂ ਤੋਂ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕਰਕੇ ਯੋਜਨਾ ਦਾ ਲਾਭ ਪ੍ਰਾਪਤ ਕੀਤਾ। ਕੈਂਪ ਦੌਰਾਨ



ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਲੋਕਾਂ ਦੇ ਦਸਤਾਵੇਜ਼ਾਂ ਦੀ ਜਾਂਚ ਕਰਕੇ ਤੁਰੰਤ ਸਿਹਤ ਕਾਰਡ ਤਿਆਰ ਕੀਤੇ ਗਏ।ਇਸ ਮੌਕੇ ਉੱਤੇ ਮੌਜੂਦ ਲੋਕਾਂ ਵਿੱਚ ਕਾਫੀ ਉਤਸ਼ਾਹ ਦੇਖਣ ਨੂੰ ਮਿਲਿਆ ਤੇ ਲੋਕਾਂ ਨੇ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਮੀਡੀਆ ਨਾਲ ਗੱਲਬਾਤ ਕਰਦੇ ਹੋਏ ਬਲਦੇਵ ਰਾਜ ਸਹੋਤਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਆਮ ਲੋਕਾਂ ਲਈ ਵਰਦਾਨ ਸਾਬਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਦੇ ਤਹਿਤ ਲੋਕਾਂ ਨੂੰ ਮੁਫ਼ਤ ਅਤੇ ਸਸਤੀ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ, ਜਿਸ ਨਾਲ ਗਰੀਬ ਅਤੇ ਜ਼ਰੂਰਤਮੰਦ ਵਰਗ ਨੂੰ ਵੱਡਾ ਲਾਭ ਮਿਲ ਰਿਹਾ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਨੇ ਹਾਲੇ ਤੱਕ ਆਪਣੇ ਸਿਹਤ ਕਾਰਡ ਨਹੀਂ ਬਣਵਾਏ, ਉਹ ਜਲਦੀ ਤੋਂ ਜਲਦੀ ਇਹ ਕਾਰਡ ਬਣਵਾਕੇ ਸਰਕਾਰੀ ਯੋਜਨਾ ਦਾ ਲਾਭ ਲੈਣ।ਸਹੋਤਾ ਨੇ ਇਹ ਵੀ ਦੱਸਿਆ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਕੈਂਪ ਲਗਾਏ ਜਾਣਗੇ ਤਾਂ ਜੋ ਹਰ ਇੱਕ ਯੋਗ ਵਿਅਕਤੀ ਤੱਕ ਇਸ ਯੋਜਨਾ ਦਾ ਲਾਭ ਪਹੁੰਚਾਇਆ ਜਾ ਸਕੇ ਅਤੇ ਕਿਸੇ ਵੀ ਲੋੜਵੰਦ ਨੂੰ ਸਿਹਤ ਸਹੂਲਤਾਂ ਤੋਂ ਵਾਂਝਾ ਨਾ ਰਹਿਣਾ ਪਵੇ।

# ਖੇਲੋ ਮਾਸਟਰਜ਼ ਨੈਸ਼ਨਲ ਗੇਮਜ਼ 'ਚ ਕਮਲਜੀਤ ਕੌਰ ਨੇ 4 ਸੋਨੇ ਤੇ 1 ਚਾਂਦੀ ਦਾ ਤਗਮਾ ਜਿੱਤਿਆ

**ਹੁਸ਼ਿਆਰਪੁਰ (ਓ ਪੀ ਰਾਣਾ)**- ਪੰਜਵੀਂ ਖੇਲੋ ਮਾਸਟਰਜ਼ ਨੈਸ਼ਨਲ ਗੇਮਜ਼ 2026 ਵਿੱਚ ਦੇਸ਼ ਭਰ ਤੋਂ ਆਏ ਐਥਲੈਟਿਕਸ ਖਿਡਾਰੀਆਂ ਵਿਚਕਾਰ ਹੁਸ਼ਿਆਰਪੁਰ ਜ਼ਿਲ੍ਹੇ ਦੀ ਪ੍ਰਤਿਭਾ ਇੱਕ ਵਾਰ ਫਿਰ ਚਮਕੀ।ਪਿੰਡ ਰਾਜੋਵਾਲ ਦੀ ਰਹਿਣ ਵਾਲੀ ਸਰਕਾਰੀ ਐਲੀਮੈਂਟਰੀ ਸਕੂਲ ਮੰਡੇਰ ਦੀ ਮੁੱਖ ਅਧਿਆਪਿਕਾ ਕਮਲਜੀਤ ਕੌਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ 4 ਸੋਨੇ ਦੇ ਤਗਮੇ ਅਤੇ 1 ਚਾਂਦੀ ਦਾ ਤਗਮਾ ਆਪਣੇ ਨਾਂਅ ਕਰਕੇ ਜ਼ਿਲ੍ਹੇ ਦਾ ਨਾਂਅ ਰੌਸ਼ਨ ਕੀਤਾ।




ਚੰਡੀਗੜ੍ਹ ਵਿੱਚ ਆਯੋਜਿਤ ਇਸ ਪ੍ਰਤਿਸ਼ਠਿਤ ਮੁਕਾਬਲੇ ਵਿੱਚ ਕਮਲਜੀਤ ਕੌਰ ਨੇ ਲੰਬੀ ਕੂਦ, ਤਿਹਰੀ ਕੂਦ, ਰਿਲੇ ਦੌੜ ਅਤੇ ਮਿਕਸਡ ਰਿਲੇ ਦੌੜ ਵਿੱਚ ਸੋਨੇ ਦੇ ਤਗਮੇ ਹਾਸਲ ਕੀਤੇ। ਇਸ ਦੇ ਨਾਲ ਹੀ 100 ਮੀਟਰ ਦੌੜ ਵਿੱਚ ਚਾਂਦੀ ਦਾ ਤਗਮਾ ਜਿੱਤ ਕੇ ਆਪਣੀ ਬਹੁਮੁੱਖੀ ਪ੍ਰਤਿਭਾ ਦਾ ਪਰਚਾ ਦਿੱਤਾ। ਉਨ੍ਹਾਂ ਦੇ ਇਸ ਸ਼ਾਨਦਾਰ ਪ੍ਰਦਰਸ਼ਨ ਨਾਲ ਖੇਡ ਪ੍ਰੇਮੀਆਂ ਅਤੇ ਸਿੱਖਿਆ ਵਿਭਾਗ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਪਈ ਹੈ।

ਕਮਲਜੀਤ ਕੌਰ ਨੇ ਹਾਲ ਹੀ ਵਿੱਚ ਮਾਹਿਲਪੁਰ 10 ਕਿਲੋਮੀਟਰ ਨੈਸ਼ਨਲ ਮੈਰਾਥਨ ਵਿੱਚ ਵੀ ਤੀਜਾ ਸਥਾਨ ਹਾਸਲ ਕਰਕੇ ਆਪਣੀ ਫਿਟਨੈੱਸ ਅਤੇ ਲਗਾਤਾਰ ਮਿਹਨਤ ਦਾ ਸਬੂਤ ਦਿੱਤਾ ਸੀ।

# ਗੈਸ ਸਿਲੰਡਰਾਂ ਦੀ ਕਿੱਲਤ ਨਾਲ ਆਮ ਲੋਕ ਪ੍ਰੇਸ਼ਾਨ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**-ਗੈਸ ਸਿਲੰਡਰਾ ਦੀ ਕਿਲੱਤ ਨਾਲ ਜ਼ਿਆਦਾਤਰ ਆਮ ਲੋਕ ਪਰੇਸ਼ਾਨ ਹੋ ਰਹੇ ਹਨ। ਆਏ ਦਿਨ ਹਲਕੇ ਅੰਦਰ ਗੈਸ ਏਜੰਸੀ ਬਰਾਂਚਾਂ ਤੇ ਗੋਦਾਮਾ ਤੇ ਆਮ ਲੋਕ ਘਰੇਲੂ ਗੈਸ ਲੈਣ ਸਿਲੰਡਰ ਭਾਰੀ ਗਿਣਤੀ ਵਿੱਚ ਪਹੁੰਚੇ ਹੁੰਦੇ ਹਨ ਜਿਨਾਂ ਨਾਲ ਲੋਕਾਂ ਦੀ ਖੱਜਲ ਖੁਆਰੀ ਦੇਖੀ ਜਾ ਸਕਦੀ ਹੈ। ਕਿਉਕਿ ਏਜੰਸੀ ਹੋਲਡਰਾਂ ਵਲੋ ਬਿਨਾ ਓ.ਟੀ.ਪੀ ਤੋ ਸਿਲੰਡਰ ਦੇਣਾ ਮਨਾ ਕੀਤਾ ਜਾ ਰਿਹਾ ਹੈ। ਘਰੇਲੂ ਗੈਸ ਸਿਲੰਡਰ ਸ਼ਹਿਰ ਅੰਦਰ ਲੱਗੀਆ ਰੇਹੜੀਆ,ਢਾਬਿਆਂ,ਅਤੇ ਦੁਕਾਨਾਂ ਤੇ ਘਰੇਲੂ ਗੈਸ ਸਿਲੰਡਰ ਦੀ ਵਰਤੋ ਹੁੰਦਿਆ ਆਮ ਦੇਖਿਆ ਜਾ ਸਕਦਾ ਹੈ। ਇਸ ਸਬੰਧੀ ਕੁੱਲ ਹਿੰਦ ਕਿਸਾਨ ਦੇ ਸੂਬਾ ਸਕੱਤਰ ਨੇ ਕਿਹਾ ਕਿ ਕਈ ਗੈਸ ਖਪਤਕਾਰਾਂ ਦੀਆਂ ਅਜੇ ਵੀ ਕੇ.ਵਾਈ.ਸੀ ਵੀ ਨਹੀ ਹੋਈਆ ਜਿਸ ਕਾਰਨ ਉਹਨਾਂ ਦੇ ਗੈਸ ਸਿਲੰਡਰਾ ਦੀ ਬੁਕਿੰਗ ਨਹੀ ਹੋ ਰਹੀ। ਉਹਨਾਂ ਮੰਗ ਕੀਤੀ ਕਿ ਹਲਕੇ ਅੰਦਰ ਗੈਸ ਦੀ ਕਿੱਲਤ ਨੂੰ ਜਲਦ ਦੂਰ ਕੀਤਾ ਜਾਵੇ।

# ਸੀ ਪੀ ਆਈ ਐੱਮ ਐੱਲ ਵੱਲੋਂ ਸਾਮਰਾਜੀ ਜਕੜ ਤੋੜਨ ਲਈ ਤਿੱਖੇ ਸੰਘਰਸ਼ ਦਾ ਸੱਦਾ

ਨਵਾਂਸ਼ਹਿਰ (ਮਨੋਜ ਲਾਡੀ)-ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊਡੈਮੋਕ੍ਰੇਸੀ ਵੱਲੋਂ ਖੱਟਕੜ ਕਲਾਂ ਵਿਖੇ ਸਿਆਸੀ ਕਾਨਫਰੰਸ ਕਰਕੇ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਸ਼ਹੀਦ ਭਗਤ ਦੇ ਬੁੱਤ 'ਤੇ ਫੁੱਲ ਪੱਤੀਆਂ ਭੇਟ ਕਰਨ ਉਪਰੰਤ ਕੀਤੀ ਗਈ ਸਿਆਸੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪਾਰਟੀ ਦੀ ਪੰਜਾਬ ਇਕਾਈ ਦੇ ਸੀਨੀਅਰ ਆਗੂ ਕਾਮਰੇਡ ਦਰਸ਼ਨ ਸਿੰਘ ਖਟਕੜ, ਕੁਲਵਿੰਦਰ ਸਿੰਘ ਵੜੈਚ ਅਤੇ ਦਲਜੀਤ ਸਿੰਘ ਐਡਵੋਕੇਟ ਨੇ ਕਿਹਾ ਕਿ ਸਾਮਰਾਜੀ ਜਕੜ ਤੋੜਨ ਲਈ ਤਿੱਖੇ ਸੰਘਰਸ਼ ਲੜਨ ਦੀ ਲੋੜ ਹੈ। ਇਸ ਦੀ ਤਾਜ਼ਾ ਉਦਾਹਰਣ ਇਰਾਨ ਕੋਲੋਂ ਅਮਰੀਕਨ ਸਾਮਰਾਜ ਅਤੇ ਜਿਓਨਵਾਦੀ ਇਜ਼ਰਾਈਲ ਵਿਰੁੱਧ ਖੜ੍ਹਨ ਦੀ ਹੈ ਜਿਸ ਨੇ ਝੁੱਕਣ ਦੀ ਥਾਂ ਲੜਨ ਨੂੰ ਤਰਜੀਹ ਦਿੱਤੀ। ਸ਼ਹੀਦ ਭਗਤ ਸਿੰਘ ਦੀ ਸੋਚ ਅਨੁਸਾਰ ਭਾਰਤ ਵਿਚੋਂ ਸਾਮਰਾਜੀਆਂ ਦੀ ਦਖਲਅੰਦਾਜ਼ੀ ਪੂਰੀ ਤਰ੍ਹਾਂ ਖਤਮ ਕਰਨੀ ਹੋਵੇਗੀ। ਸਰਕਾਰਾਂ ਦੀਆਂ ਨੀਤੀਆਂ ਵਿਚ ਇਹਨਾਂ ਦੀ ਸੋਚ ਕਿਧਰੇ ਵੀ



ਨਜ਼ਰ ਨਹੀਂ ਆਉਂਦੀ।ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਫਾਸ਼ੀਵਾਦੀ ਅਤੇ ਦੇਸੀ ਵਿਦੇਸ਼ੀ ਕਾਰਪੋਰੇਟ ਪੱਖੀ ਸਰਕਾਰ ਹੈ ਜੋ ਇਕ ਤੋਂ ਬਾਅਦ ਇਕ ਸਰਕਾਰੀ ਅਦਾਰੇ ਵੇਚ ਰਹੀ ਹੈ। ਗਰ ਵਲੋਂ ਨਾਟਕ ਅਤੇ ਕੋਰੀਓਗ੍ਰਾਫੀਆਂ ਪੇਸ਼ ਕੀਤੀਆਂ ਗਈਆਂ।ਗਾਇਕ ਯਮਲਾ ਨੇ ਇਨਕਲਾਬੀ ਗੀਤ ਪੇਸ਼ ਕੀਤੇ।

# ਭਾਰਤ ਵਿਕਾਸ ਪ੍ਰੀਸ਼ਦ ਸਮਾਜ ਭਲਾਈ ਕੰਮਾਂ 'ਚ ਰਹੀ ਮੋਹਰੀ

## ਡੇਰਾਬੱਸੀ ਪਹਿਲੇ, ਨਾਭਾ ਦੂਸਰੇ ਤੇ ਪਟਿਆਲਾ ਤੀਸਰੇ ਸਥਾਨ 'ਤੇ ਰਹੇ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਭਾਰਤ ਵਿਕਾਸ ਪ੍ਰੀਸ਼ਦ ਵਿਵੇਕਾਨੰਦ ਡੇਰਾਬੱਸੀ ਸ਼ਾਖਾ ਨੂੰ ਸਮਾਜ ਭਲਾਈ ਦੇ ਕੰਮਾਂ ਵਿੱਚ ਮੋਹਰੀ ਰੋਲ ਅਦਾ ਕਰਨ ਤੇ ਪੂਰਬ ਪੰਜਾਬ ਵਿਚੋਂ ਪਹਿਲੇ ਨੰਬਰ ਤੇ ਆਉਣ ਲਈ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ਹੈ। ਸ਼ਾਖਾ ਦੇ ਪ੍ਰਧਾਨ ਡਾਕਟਰ ਬਰਖਾ ਰਾਮ ਨੇ ਦੱਸਿਆ ਕਿ ਨਾਭਾ ਵਿਖੇ ਆਯੋਜਿਤ ਸਾਲਾਨਾ ਸਮਾਗਮ ਦੌਰਾਨ ਵੱਖ ਵੱਖ ਸਮਾਜ ਸੇਵੀ ਕਾਰਜਾਂ ਲਈ ਡੇਰਾਬੱਸੀ ਪਹਿਲੇ, ਨਾਭਾ ਦੂਸਰੇ ਅਤੇ ਪਟਿਆਲਾ ਸ਼ਾਖਾ ਨੂੰ ਤੀਸਰਾ ਸਥਾਨ ਹਾਸਿਲ ਕਰਨ ਲਈ ਸਨਮਾਨਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਡੇਰਾਬੱਸੀ ਸ਼ਾਖਾ ਨੇ ਸਮੁੱਚੀ ਟੀਮ ਦੇ ਸਹਿਯੋਗ ਸਦਕਾ ਬੀਤੇ ਵਰ੍ਹੇ ਦੌਰਾਨ ਕੁੱਲ 231 ਪ੍ਰੋਜੈਕਟ ਕੀਤੇ ਜਿਨ੍ਹਾਂ ਵਿੱਚ 13 ਜੋੜੇ ਨੇਤਰਦਾਨ, 4 ਖ਼ੂਨਦਾਨ ਕੈਂਪਾਂ ਵਿੱਚ 252 ਯੂਨਿਟ ਖ਼ੂਨ, ਖੇੜੀ ਗੁੱਜਰਾਂ ਪਿੰਡ ਵਿੱਚ ਮੁਫ਼ਤ ਸਿਲਾਈ ਸੈਂਟਰ, ਵਾਤਾਵਰਣ ਦੀ ਸ਼ੁੱਧਤਾ ਲਈ 790 ਬੂਟੇ ਤੇ 425 ਤੁਲਸੀ ਦੇ ਪੌਦੇ ਸ਼ਾਮਲ ਹਨ। ਇਸ ਤੋਂ ਇਲਾਵਾ ਲੰਗਰ, ਸਕੂਲਾਂ ਵਿੱਚ ਬੱਚਿਆਂ ਨੂੰ ਸਟੇਸ਼ਨਰੀ ਸਮੇਤ ਹੋਰ ਲੋਕ ਭਲਾਈ ਦੇ ਕੰਮ ਸ਼ਾਖਾ ਵੱਲੋਂ ਕੀਤੇ ਗਏ ਹਨ।ਸ਼ਾਖਾ ਦੇ ਸਕੱਤਰ ਉਪੇਸ਼ ਬੰਸਲ ਅਨੁਸਾਰ ਇਸ ਸਮਾਗਮ ਦੌਰਾਨ ਸਰਦਾਰ ਸਿਬਿਆ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਜੇਤੂ ਸ਼ਾਖਾਵਾਂ ਨੂੰ



ਵਧਾਈ ਦਿੰਦਿਆਂ ਉਨ੍ਹਾਂ ਵੱਲੋਂ ਕੀਤੇ ਗਏ ਕਾਰਜਾਂ ਦੀ ਖ਼ੂਬ ਸ਼ਲਾਘਾ ਕੀਤੀ। ਇਸ ਮੌਕੇ ਪ੍ਰਾਂਤ ਪੰਜਾਬ ਤੋਂ ਪ੍ਰਧਾਨ ਬਲਜਿੰਦਰ ਸਿੰਘ ਬਿੱਟੂ, ਸਕੱਤਰ ਮੀਨਾ ਕੁਮਾਰੀ, ਵਿੱਤ ਸਕੱਤਰ ਨਵਦੀਪ ਗੁਪਤਾ, ਖੇਤਰੀ ਜੋਨ ਦੇ ਜਨਰਲ ਸਕੱਤਰ ਸੋਮਨਾਥ, ਡੇਰਾਬੱਸੀ ਤੋਂ ਅਸ਼ਵਨੀ ਸ਼ਰਮਾ, ਸਾਧਨਾ ਸੰਗਰ, ਜੇ ਪੀ ਧੀਮਾਨ ਸਮੇਤ ਵੱਖ ਵੱਖ ਜ਼ਿਲ੍ਹਿਆਂ ਤੋਂ ਵੱਡੀ ਗਿਣਤੀ ਭਾਰਤ ਵਿਕਾਸ ਪ੍ਰੀਸ਼ਦ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਸ਼ਮੂਲੀਅਤ ਕੀਤੀ।

# ਸੀਚੇਵਾਲ ਨੇ 25 ਪਿੰਡਾਂ ਨੂੰ ਪਾਣੀ ਵਾਲੇ ਟੈਂਕਰ ਵੰਡੇ

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**-ਜ਼ਿਲ੍ਹਾ ਕਪੂਰਥਲਾ ਵਿੱਚ ਵਾਤਾਵਰਣ ਸੁਰੱਖਿਆ ਅਤੇ ਪਾਣੀ ਸੰਭਾਲ ਵੱਲ ਇੱਕ ਅਹਿਮ ਉਪਰਾਲਾ ਕਰਦਿਆਂ ਅੱਜ ਪਵਿੱਤਰ ਕਾਲੀ ਵੇਈਂ ਦੇ ਕੰਢੇ ਨਿਰਮਲ ਕੁਟੀਆ, ਸੁਲਤਾਨਪੁਰ ਲੋਧੀ ਵਿਖੇ ਰਾਜ ਸਭਾ ਸੰਤ ਬਲਵੀਰ ਸਿੰਘ ਸੀਚੇਵਾਲ ਵੱਲੋਂ 25 ਪਿੰਡਾਂ ਨੂੰ ਪਾਣੀ ਵਾਲੇ ਟੈਂਕਰ ਵੰਡੇ ਗਏ। ਇਸ ਉਪਰਾਲੇ ਨਾਲ ਪਾਣੀ ਦੀ ਕਮੀ ਨਾਲ ਜੂਝ ਰਹੇ ਪਿੰਡਾਂ ਦੇ ਵਸਨੀਕਾਂ ਨੂੰ ਵੱਡੀ ਰਾਹਤ ਮਿਲਣ ਦੀ ਸੰਭਾਵਨਾ ਜਤਾਈ ਜਾ ਰਹੀ ਹੈ।ਇਸ ਮੌਕੇ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਵੱਲੋਂ ਸੰਤ ਸੀਚੇਵਾਲ ਦਾ ਧੰਨਵਾਦ ਕੀਤਾ ਗਿਆ। ਸਮਾਗਮ ਵਿੱਚ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ ਸਮੇਤ ਕਈ ਪਿੰਡਾਂ ਦੇ ਨੁਮਾਇੰਦੇ ਵੀ ਮੌਜੂਦ ਰਹੇ।ਇਸ ਦੌਰਾਨ ਸੰਤ ਸੀਚੇਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੁਹਿੰਮ ਤਹਿਤ ਹੁਣ ਤੱਕ 200 ਤੋਂ ਵੱਧ ਪਿੰਡਾਂ ਵਿੱਚ ਪਾਣੀ ਵਾਲੇ ਟੈਂਕਰ ਵੰਡੇ ਜਾ ਚੁੱਕੇ ਹਨ, ਜੋ ਪਾਣੀ ਦੀ ਸਮੱਸਿਆ ਨੂੰ ਘਟਾਉਣ ਵੱਲ ਇੱਕ ਵੱਡਾ ਕਦਮ ਸਾਬਤ ਹੋ ਰਿਹਾ ਹੈ।ਆਪਣੇ ਸੰਬੋਧਨ ਵਿੱਚ ਸੰਤ ਸੀਚੇਵਾਲ ਨੇ ਪੰਜਾਬ ਵਿੱਚ ਵਧ ਰਹੇ ਪ੍ਰਦੂਸ਼ਣ ਅਤੇ ਖਰਾਬ ਹੋ ਰਹੇ ਵਾਤਾਵਰਨ 'ਤੇ ਗੰਭੀਰ ਚਿੰਤਾ ਜਤਾਈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਪਾਣੀ ਦੀ ਬਚਤ, ਸਫ਼ਾਈ ਅਤੇ ਵੱਧ ਤੋਂ ਵੱਧ ਦਰੱਖਤ ਲਗਾਉਣ ਵਰਗੇ ਉਪਰਾਲਿਆਂ ਨੂੰ ਅਪਣਾਇਆ ਜਾਵੇ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼-ਸੁਥਰਾ ਵਾਤਾਵਰਨ ਸੁਨਿਸ਼ਚਿਤ ਕੀਤਾ ਜਾ ਸਕੇ।

# ਰੰਧਾਵਾ ਵੱਲੋਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੂੰ ਸ਼ਰਧਾਂਜਲੀ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸ਼ਹੀਦੀ ਦਿਵਸ ਮੌਕੇ ਮੁਬਾਰਕਪੁਰ ਵਿਖੇ ਸਥਿਤ



ਇਤਿਹਾਸਕ ਬੈਰਕ 'ਇਨਕਲਾਬ ਜ਼ਿੰਦਾਬਾਦ' ਦੇ ਗੂੰਜਦਿਆਂ ਨਾਅਰਿਆਂ ਨਾਲ ਮਾਹੌਲ ਦੇਸ਼ਭਗਤੀ ਦੇ ਰੰਗ ਵਿੱਚ ਰੰਗਿਆ ਹੋਇਆ ਨਜ਼ਰ ਆਇਆ। ਇਸ ਪਵਿੱਤਰ ਥਾਂ 'ਤੇ ਸ਼ਹੀਦ ਭਗਤ ਸਿੰਘ ਵੱਲੋਂ ਬਿਤਾਏ ਗਏ ਇਤਿਹਾਸਕ ਪਲਾਂ ਨੂੰ ਯਾਦ ਕਰਦਿਆਂ ਆਮ ਆਦਮੀ ਪਾਰਟੀ ਦੇ ਵਲੰਟੀਅਰਾਂ ਵੱਲੋਂ ਸ਼ਰਧਾਂਜਲੀ ਸਮਾਗਮ ਆਯੋਜਿਤ ਕੀਤਾ ਗਿਆ।ਇਸ ਮੌਕੇ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਬੈਰਕ ਵਿੱਚ ਸ਼ਹੀਦ ਭਗਤ ਸਿੰਘ ਦੀ ਤਸਵੀਰ ਅੱਗੇ ਫੁੱਲਮਾਲਾ ਅਰਪਿਤ ਕਰਦੇ ਹੋਏ ਅਤੇ ਮੋਮਬੱਤੀਆਂ ਜਲਾ ਕੇ ਉਨ੍ਹਾਂ ਨੂੰ ਨਿਮਰ ਸ਼ਰਧਾਂਜਲੀ ਭੇਟ ਕੀਤੀ। ਉਨ੍ਹਾਂ ਦੇ ਨਾਲ ਯੂਥ ਕਲੱਬ ਮੈਂਬਰ ,ਡੇਰਾਬੱਸੀ ਦੇ ਕੌਂਸਲਰ, ਸਰਪੰਚ ਸਾਹਿਬਾਨ, ਬਲਾਕ ਪ੍ਰਧਾਨ ਅਤੇ ਵੱਡੀ ਗਿਣਤੀ ਵਿੱਚ 'ਆਪ' ਵਰਕਰ ਵੀ ਮੌਜੂਦ ਸਨ।ਵਿਧਾਇਕ ਰੰਧਾਵਾ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਅੱਜ ਅਸੀਂ ਸ਼ਹੀਦਾਂ ਦੀਆਂ ਬੇਮਿਸਾਲ ਕੁਰਬਾਨੀਆਂ ਦੀ ਬਦੌਲਤ ਆਜ਼ਾਦ ਹਵਾ ਵਿੱਚ ਸਾਹ ਲੈ ਰਹੇ ਹਾਂ। ਉਨ੍ਹਾਂ ਕਿਹਾ ਕਿ ਭਾਵੇਂ ਅੰਗਰੇਜ਼ ਹਕੂਮਤ ਵੱਲੋਂ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਫਾਂਸੀ ਦੇ ਦਿੱਤੀ ਗਈ ਸੀ, ਪਰ ਉਨ੍ਹਾਂ ਦੀ ਸੋਚ ਅਤੇ ਇਨਕਲਾਬੀ ਜਜ਼ਬਾ ਅੱਜ ਵੀ ਹਰ ਭਾਰਤੀ ਦੇ ਦਿਲ ਵਿੱਚ ਜ਼ਿੰਦਾ ਹੈ।ਉਨ੍ਹਾਂ ਅੱਗੇ ਕਿਹਾ ਕਿ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਇਹੀ ਹੈ ਕਿ ਅਸੀਂ ਉਨ੍ਹਾਂ ਦੇ ਸੁਪਨਿਆਂ ਵਾਲੇ ਸਮਾਜ ਦੀ ਉਸਾਰੀ ਲਈ ਇਕਜੁੱਟ ਹੋ ਕੇ ਕੰਮ ਕਰੀਏ।

# ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਵੱਲੋਂ ਸ਼ਹੀਦ ਭਗਤ ਸਿੰਘ ਨੂੰ ਸ਼ਰਧਾਂਜਲੀ

**ਬਲਾਚੌਰ (ਜਸਵਿੰਦਰ ਬੈਂਸ)**

ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਅੱਜ ਸ਼ਹੀਦ ਭਗਤ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਜ਼ਿਲ੍ਹਾ ਪ੍ਰਧਾਨ ਡਾਕਟਰ ਕਸ਼ਮੀਰ



ਸਿੰਘ ਢਿੱਲੋਂ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਮੈਡੀਕਲ ਪ੍ਰੈਕਟੀਸ਼ਨਰਾਂ ਨੇ ਸ਼ਹੀਦ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਪਹੁੰਚ ਕੇ ਸ਼ਹੀਦੀ ਯਾਦਗਾਰ 'ਤੇ ਫੁੱਲ ਮਾਲਾਵਾਂ ਭੇਟ ਕੀਤੀਆਂ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਡਾ. ਢਿੱਲੋਂ ਅਤੇ ਹੋਰ ਬੁਲਾਰਿਆਂ ਨੇ ਸ਼ਹੀਦ ਭਗਤ ਸਿੰਘ ਦੇ ਜੀਵਨ ਅਤੇ ਉਨ੍ਹਾਂ ਦੀ ਲਾਸਾਨੀ ਕੁਰਬਾਨੀ ਬਾਰੇ ਵਿਸਤਾਰ ਵਿੱਚ ਚਾਨਣਾ ਪਾਇਆ। ਮੈਡੀਕਲ ਪ੍ਰੈਕਟੀਸ਼ਨਰਾਂ ਵੱਲੋਂ ਸ਼ਹੀਦੋ ਤੁਹਾਡੀ ਸੋਚ ਤੇ ਪਹਿਰਾ ਦਿਆਂਗੇ ਠੋਕ ਕੇ ਦੇ ਅਕਾਸ਼ ਗੁੰਜਾਊ ਨਾਅਰੇ ਲਗਾਏ ਗਏ ਅਤੇ ਪ੍ਰਣ ਕੀਤਾ ਗਿਆ ਕਿ ਉਹ ਸ਼ਹੀਦਾਂ ਦੇ ਸੁਪਨਿਆਂ ਦਾ ਸਮਾਜ ਸਿਰਜਣ ਲਈ ਹਮੇਸ਼ਾ ਤਤਪਰ ਰਹਿਣਗੇ।ਸ਼ਹੀਦ ਭਗਤ ਸਿੰਘ ਦੀ ਸ਼ਹੀਦੀ ਭਾਰਤੀ ਆਜ਼ਾਦੀ ਸੰਗਰਾਮ ਦਾ ਸਭ ਤੋਂ ਅਹਿਮ ਅਤੇ ਪ੍ਰੇਰਨਾਦਾਇਕ ਅਧਿਆਇ ਹੈ। ਉਨ੍ਹਾਂ ਦੀ ਸ਼ਹਾਦਤ ਨੇ ਪੂਰੇ ਦੇਸ਼ ਵਿੱਚ ਆਜ਼ਾਦੀ ਦੀ ਲਹਿਰ ਨੂੰ ਪ੍ਰਚੰਡ ਕਰ ਦਿੱਤਾ। ਇਸ ਮੌਕੇ ਤੇ ਡਾ. ਦਿਲਦਾਰ ਸਿੰਘ ਚਾਹਲ ਉਪ ਸੂਬਾ ਪ੍ਰਧਾਨ, ਜ਼ਿਲ੍ਹਾ ਚੇਅਰਮੈਨ ਟੇਕ ਚੰਦ, ਜਿਲਾ ਜਨਰਲ ਸਕੱਤਰ ਧਰਮਜੀਤ, ਜ਼ਿਲ੍ਹਾ ਕੈਸ਼ੀਅਰ ਡਾ ਰਾਮ ਜੀ ਦਾਸ, ਡਾ ਸਤਪਾਲ, ਡਾਕਟਰ ਗਿਆਨ ਸਿੰਘ, ਡਾ ਹਰਜਿੰਦਰ ਸਿੰਘ, ਡਾ ਕੁਲਵਿੰਦਰ ਡਾ, ਵਿਮਲ: ਕੁਲਵਿੰਦਰ, ਜਗਜੀਤ, ਗੁਰਦੇਵ, ਤਰਸੇਮ, ਸੁਰਿੰਦਰ, ਡਾ: ਰਾਜੇਸ਼ ਅਮਰੀਕ, ਡਾ: ਜਗਦੀਸ਼, , ਡਾ: ਰਾਣਾ ਔੜ , ਡਾ: ਕੁਲਵੀਰ ਸਿੰਘ ਔੜ , ਡਾ: ਰਾਜੇਸ਼ ਔੜ, ਬਲਿਹਾਰ ਔੜ, ਡਾ: ਕਰਨੈਲ ਸਿੰਘ ਮੱਲਾ ਚੌਰ ਤੋਂ ਡਾ ਤਜਿੰਦਰ ਜੋਤ ਪ੍ਰੈਸ ਸਕੱਤਰ ਸ਼ਾਮਿਲ ਹੋਏ।

# ਭਗਤ ਸਿੰਘ, ਰਾਜਗੁਰੂ, ਸੁਖਦੇਵ ਦਾ ਸ਼ਹੀਦੀ ਦਿਹਾੜਾ ਮਨਾਇਆ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਸੀ ਪੀ ਆਈ ਐੱਮ ਤਹਿਸੀਲ ਗੜਸ਼ੰਕਰ ਨੇ ਸ਼ਹੀਦੇ ਆਜ਼ਮ ਭਗਤ ਸਿੰਘ ਰਾਜ ਗੁਰੂ, ਸੁਖਦੇਵ ਦੀ ਸ਼ਹਾਦਤ ਨੂੰ ਪ੍ਰਣਾਮ ਕਰਦਿਆਂ ਉਨ੍ਹਾਂ ਦੀ ਸਮਾਰਕ ਤੇ ਫੁੱਲ ਅਰਪਿਤ ਕਰਦਿਆਂ ਉਨ੍ਹਾਂ ਦੀ ਵਿਚਾਰਧਾਰਾ ਤੇ ਦੇਸ਼ ਨੂੰ ਆਜ਼ਾਦ ਕਰਵਾਉਣ ਤੇ ਮਨੁੱਖ ਦੀ ਮਨੁੱਖ ਹੱਥੋਂ ਲੁੱਟ ਨੂੰ ਖ਼ਤਮ ਕਰਵਾਉਣ ਲਈ ਜ਼ਿੰਦਗੀ ਦਾ ਪੱਲ ਪੱਲ ਦੇਸ਼ ਦੇ ਲੇਖੇ ਲਾ ਦਿੱਤਾ। ਉਨ੍ਹਾਂ ਦਾ ਸੁਪਨਾ ਸੀ ਸਾਮਰਾਜ ਦੀਆਂ ਜੜ੍ਹਾਂ ਪੁੱਟਣ ਲਈ ਆਪਣੀ ਜ਼ਿੰਦਗੀ ਦੇਸ਼ ਨੂੰ ਆਜ਼ਾਦ ਕਰਾਉਣ ਲਈ ਲਾਉਂਦਿਆਂ ਦੇਸ਼ ਦੀ ਨੌਜਵਾਨੀ ਵਿੱਚ ਇੱਕ ਨਵਾਂ ਜੋਸ਼ ਭਰ ਗਿਆ। ਇਹ ਵਿਚਾਰ ਪਾਰਟੀ ਜ਼ਿਲ੍ਹਾ ਸਕੱਤਰ ਤੇ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਗੁਰਨੇਕ ਸਿੰਘ ਭੱਜਲ, ਸੂਬਾ ਕਮੇਟੀ ਮੈਂਬਰ ਕਾਮਰੇਡ ਦਰਸ਼ਨ ਸਿੰਘ ਮੱਟੂ ਤੇ ਸੁਭਾਸ਼ ਮੱਟੂ, ਮਹਿੰਦਰ ਕੁਮਾਰ ਤੇ ਨੀਲਮ ਬਡੋਆਣ, ਹਰਭਜਨ ਸਿੰਘ ਅਟਵਾਲ, ਕੁਲਵਿੰਦਰ ਸੰਘਾ, ਗੋਪਾਲ ਸਿੰਘ ਥਾਦੀ, ਕਸਮੀਰ ਸਿੰਘ, ਗੁਰਜੀਤ ਗੋਲਡੀ, ਗੁਰਮੇਲ ਸਿੰਘ, ਮਿੰਦਰ ਸਿੰਘ ਮੱਟੂ, ਪ੍ਰਮੋਦ ਸੰਤਨੋਰ, ਪਿਆਰਾ ਸਿੰਘ ਸੰਤਨੋਰ ਆਦਿ ਸਾਥੀ ਹਾਜ਼ਰ ਸਨ।

# ਸੰਤ ਬਾਬਾ ਹਰਕੇਵਲ ਸਿੰਘ ਦੀ ਸਾਲਾਨਾ ਬਰਸੀ ਮਨਾਈ

ਆਦਮਪੁਰ (ਪਰਮਜੀਤ ਸਿੰਘ)- ਬ੍ਰਹਮ ਗਿਆਨੀ ਸੰਤ ਬਾਬਾ ਰਣਜੀਤ ਸਿੰਘ ਜੀ ਦੇ ਵਰੋਸਾਏ ਸੰਤ ਬਾਬਾ ਹਰਕੇਵਲ ਸਿੰਘ ਜੀ (ਸਲਾਰਪੁਰ ਵਾਲੇ) ਦੀ 10ਵਾਂ ਸਾਲਾਨਾ ਬਰਸੀ ਡੇਰਾ ਸ੍ਰੀ ਗੁਰੂ ਹਰਿਗੋਬਿੰਦਗੜ੍ਹ (ਭੋਗਪੁਰ) ਨਜ਼ਦੀਕ ਫਗਵਾੜਾ ਵਿਖੇ ਸੰਤ ਬਾਬਾ ਤਲਵਿੰਦਰ ਸਿੰਘ (ਪਰਮੇਸਰ ) ਦੀ ਦੇਖ-ਰੇਖ ਹੇਠ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਈ ਗਈ । ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਮੁੱਖ ਸੇਵਾਦਾਰ ਸੰਤ ਬਾਬਾ ਤਲਵਿੰਦਰ ਸਿੰਘ (ਪਰਮੇਸ਼ਰ ਜੀ) ਨੇ ਦੱਸਿਆ ਕਿ ਬਰਸੀ ਸਮਾਗਮਾਂ



ਸਬੰਧੀ ਸਭ ਤੋਂ ਪਹਿਲਾ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਏ ਗਏ। ਉਪਰੰਤ ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਵਿਸ਼ਾਲ ਕੀਰਤਨ ਦਰਬਾਰ ਸਜਾਇਆ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਜੋਗਿੰਦਰ ਸਿੰਘ ਜੀ ਰਿਆੜ, ਭਾਈ ਜੈਦੀਪ ਸਿੰਘ ਜੀ (ਫਗਵਾੜਾ ਵਾਲੇ), ਅਤੇ ਗੁਰਦਿਆਲ ਸਿੰਘ ਲੱਖਪੁਰ (ਇੰਟਰਨੈਸ਼ਨਲ ਗੋਲਡ ਮੈਡਲਿਸਟ ਢਾਡੀ ਜਥਾ) ਅਤੇ ਹਜ਼ੂਰੀ ਰਾਗੀ ਭਾਈ ਰਾਮ ਸਿੰਘ ਸਮੇਤ ਹੋਰ ਪੰਥ ਪ੍ਰਸਿੱਧ ਰਾਗੀ ਅਤੇ ਢਾਡੀ ਜਥੇ ਸੰਗਤਾਂ ਨੂੰ ਗੁਰਬਾਣੀ ਅਤੇ ਇਤਿਹਾਸ ਰਾਹੀਂ ਨਿਹਾਲ ਕੀਤਾ। ਇਸ ਮਹਾਨ ਬਰਸੀ ਸਮਾਗਮ ਵਿੱਚ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖ਼ੁਸ਼ੀਆਂ ਪ੍ਰਾਪਤ ਕੀਤੀਆ ਗਈਆ, ਅਤੇ ਸਮਾਗਮ ਦੌਰਾਨ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ। ਇਸ ਮੌਕੇ ਜਥੇਦਾਰ ਬਾਬਾ ਨਾਗਰ ਸਿੰਘ ਤਰਨਾ ਦਲ, ਸੰਤ ਗੁਰਚਰਨ ਸਿੰਘ ਜੀ ਪੰਡਵਾ, ਸੰਤ ਸਰਵਣ ਸਿੰਘ ਜੀ ਜੱਬੜ, ਸੰਤ ਸੁਰਿੰਦਰ ਸੋਢੀ ਜੀ ਕੰਦੋਲਾ, ਸੰਤ ਰਿਸ਼ੀ ਰਾਜ ਜੀ, ਜਥੇਦਾਰ ਨੌਰੰਗ ਸਿੰਘ, ਜਥੇਦਾਰ ਤਰਲੋਚਨ ਸਿੰਘ ਕਾਲਰਾ, ਗੁਰਦਿਆਲ ਸਿੰਘ ਕਾਲਰਾ, ਬੀਬੀ ਦਵਿੰਦਰ ਕੌਰ ਕਾਲਰਾ ਮੈਂਬਰ ਐਸ.ਜੀ.ਪੀ.ਸੀ, ਹਰਬੰਸ ਸਿੰਘ ਬੋਲੀਨਾ, ਭਾਈ ਜਸਵਿੰਦਰ ਸਿੰਘ ਭੁੱਲਾਰਾਈ, ਭਾਈ ਅੰਮ੍ਰਿਤਪਾਲ ਸਿੰਘ, ਸਰਬਜੀਤ ਸਿੰਘ, ਹਰਭਜਨ ਸਿੰਘ, ਬਲਵੀਰ ਸਿੰਘ, ਕੁਲਵਿੰਦਰ ਸਿੰਘ ਕਿੰਦਾ, ਮਹਿੰਦਰ ਸਿੰਘ, ਗੁਰਮੇਲ ਸਿੰਘ, ਸਰਬਜੀਤ ਕੌਰ ਬਲਵਿੰਦਰ ਕੌਰ, ਮਨਜੀਤ ਕੌਰ ਲੱਖਪੁਰ, ਰਘਵੀਰ ਸਿੰਘ, ਸਾਬੀ ਜਲਪੋਤਾਂ, ਜਸਵਿੰਦਰ ਸਿੰਘ ਭੁੱਲਾ ਰਾਈ, ਸੁਖਵਿੰਦਰ ਸਿੰਘ, ਪਿਆਰ ਸਿੰਘ, ਮਨਜੀਤ ਸਿੰਘ ਤੇ ਹੋਰ ਸੰਗਤਾਂ ਹਾਜ਼ਰ ਸਨ।

# ਪਾਸ਼ ਹੰਸ ਰਾਜ ਯਾਦਗਾਰੀ ਸਮਾਗਮ ਸਫਲਤਾਪੂਰਵਕ ਨੇਪਰੇ ਚੜ੍ਹਿਆ

**ਬੰਗਾ (ਅਵਤਾਰ ਕਲੇਰ)**

ਸ਼ਹੀਦ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀ ਯਾਦ 'ਚ ਸ਼ਹੀਦੀ ਯਾਦਗਾਰ ਕਮੇਟੀ ਇਲਾਕਾ ਬੰਗਾ ਵੱਲੋਂ ਦਹਾਕਿਆਂ ਤੋਂ ਮਨਾਇਆ ਜਾ ਰਿਹਾ ਪਾਸ਼ ਹੰਸ ਰਾਜ



ਯਾਦਗਾਰੀ ਸਮਾਗਮ ਇਸ ਵਰ੍ਹੇ ਵੀ ਸਫ਼ਲਤਾ ਪੂਰਵਕ ਨੇਪਰੇ ਚੜ੍ਹਿਆ।ਸਮਾਗਮ ਮੌਕੇ ਅਮਰ ਸ਼ਹੀਦਾਂ ਦੀਆਂ ਤਸਵੀਰਾਂ ਨੂੰ ਸ਼ਹੀਦੀ ਯਾਦਗਾਰ ਕਮੇਟੀ ਇਲਾਕਾ ਬੰਗਾ, ਨਗਰ ਅਤੇ ਇਲਾਕਾ ਨਿਵਾਸੀਆਂ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ, ਤਰਕਸ਼ੀਲ ਸੁਸਾਇਟੀ ਪੰਜਾਬ, ਜਮਹੂਰੀ ਅਧਿਕਾਰ ਸਭਾ ਪੰਜਾਬ, ਪੰਜਾਬ ਲੋਕ ਸੱਭਿਆਚਾਰਕ ਮੰਚ (ਪਲਸ ਮੰਚ), ਇੰਗਲੈਂਡ,ਅਮਰੀਕਾ ਕੈਨੇਡਾ ਆਦਿ ਮੁਲਕਾਂ ਤੋਂ ਆਏ ਲੋਕ ਹੱਕਾਂ ਦੀ ਲਹਿਰ ਨਾਲ ਜੁੜੇ ਕਾਮਿਆਂ ਨੇ ਫੁੱਲਾਂ ਦੇ ਹਾਰ ਪਹਿਨਾਏ ਅਤੇ ਖੜ੍ਹੇ ਹੋ ਕੇ ਸਤਿਕਾਰ ਅਤੇ ਸਲਾਮ ਭੇਟ ਕੀਤੀ।ਇਸ ਸਮਾਗਮ ਦੀ ਲਾਜਵਾਬ ਪ੍ਰਾਪਤੀ ਸੀ ਬਬਰ ਅਕਾਲੀ ਲਹਿਰ ਦੀ ਸ਼ਹਾਦਤ ਸ਼ਤਾਬਦੀ ਨੂੰ ਸਮਰਪਿਤ ਗੁਰਸ਼ਰਨ ਭਾਅ ਜੀ ਦਾ ਲਿਖਿਆ ਨਾਟਕ 'ਸੀਸ ਤਲੀ ਤੇ' ਦੀ ਪੇਸ਼ਕਾਰੀ। ਇਸ ਸਮਾਗਮ 'ਚ ਕਨੇਡਾ ਤੋਂ ਸੋਹਣ ਸਿੰਘ ਪਰਮਾਰ ਸਾਥੀ ਸੁਰਿੰਦਰ ਹੀਰਾ, ਲਾਲ ਸਿੰਘ ਬੈਂਸ, ਮਲਕੀਤ ਝਿੰਗੜ ਉਚੇਚੇ ਤੌਰ 'ਤੇ ਸਮਾਗਮ 'ਚ ਪੁੱਜੇ ਹੋਏ ਸਨ। ਇਹਨਾਂ ਤੋਂ ਇਲਾਵਾ ਪਰਮਜੀਤ ਕੌਰ ਸ਼ੇਰਗਿੱਲ, ਤਲਵਿੰਦਰ ਸ਼ੇਰ ਗਿੱਲ, ਤਲਵਿੰਦਰ ਹੀਰ, ਜਗਤਾਰ ਬਾਹੋਵਾਲ, ਡਾ. ਮੰਗਤ ਰਾਏ, ਬੂਟਾ ਸਿੰਘ ਮਹਿਮੂਦਪੁਰ, ਰਣਜੀਤ ਕੌਰ ਮਹਿਮੂਦਪੁਰ,ਪਰਮਜੀਤ ਕੌਰ, ਮਹਿੰਦਰ ਕੌਰ ਰਾਏਪੁਰ ਡੱਬਾ, ਕਮਲੇਸ਼ ਕੌਰ ਰਸੂਲਪੁਰ, ਸਹਿਤ ਕਲਾ ਮੰਚ ਨਵਾਂ ਸ਼ਹਿਰ ਦੇ ਪ੍ਰਧਾਨ ਦੀਦਾਰ ਸ਼ੇਤਰਾ ਸ਼ਹੀਦੀ ਯਾਦਗਾਰ ਕਮੇਟੀ ਦੇ ਦੇਵ ਰਾਜ ਗੁਣਾਚੌਰ, ਖ਼ੁਸ਼ੀ ਰਾਮ ਗੁਣਾਂਚੌਰ, ਨੰਦ ਲਾਲ, ਸਤਨਾਮ ਸਿੰਘ ਰਾਏਪੁਰ ਡੱਬਾ, ਹਰਜਿੰਦਰ ਸਿੰਘ ਕਿਤਾਬ ਘਰ, ਸਰਬਜੀਤ ਮੰਗੂਵਾਲ ਕੁਲਵਿੰਦਰ ਖਟਕੜ ਆਦਿ ਹਾਜ਼ਰ ਸਨ।

# ਐੱਨ ਐੱਸ ਐੱਸ ਕੈਂਪ ਲਗਾਇਆ

**ਬਲਾਚੌਰ/ ਪੋਜੇਵਾਲ ( ਜਸਵਿੰਦਰ ਬੈਂਸ/ ਰਾਮ ਲਾਲ )**

ਬਾਬਾ ਬਲਰਾਜ ਪੰਜਾਬ ਯੂਨੀਵਰਸਿਟੀ ਕਾਂਸਟਿਟਿਊਐਂਟ ਕਾਲਜ, ਬਲਾਚੌਰ ਵਿੱਚ ਕਰਵਾਏ ਗਏ ਸੱਤ ਦਿਨਾਂ ਅਤੇ ਰਾਤ ਦੇ ਸਮੇਂ ਵਾਲੇ ਐੱਨ ਐੱਸ ਐੱਸ ਵਿਸ਼ੇਸ਼ ਕੈਂਪ ਦਾ ਚੌਥਾ ਦਿਨ ਜੋਸ਼, ਸਚੇਤਨਾ ਤੇ ਦੇਸ਼ ਪ੍ਰੇਮ ਦੀ ਭਾਵਨਾ ਨਾਲ ਸਫਲਤਾਪੂਰਵਕ ਸੰਪੂਰਣ ਹੋਇਆ। ਇਹ ਦਿਨ ਵਿਸ਼ੇਸ਼ ਤੌਰ 'ਤੇ ਵਿਸ਼ਵ ਟੀ.ਬੀ. ਦਿਵਸ ਅਤੇ ਕੁਰਬਾਨੀ ਦੇਣ ਵਾਲੇ ਵੀਰਾਂ ਦੀ ਯਾਦ ਨੂੰ ਅਰਪਿਤ ਰਿਹਾ।ਸਵੇਰੇ ਦੇ ਕਾਰਜਕ੍ਰਮ ਵਿੱਚ ਡਾ. ਰਵਿੰਦਰ ਜੀਤ ਸਿੰਘ (ਐੱਮ ਡੀ, ਇੰਟਰਨਲ ਮੈਡੀਸਿਨ), ਐੱਸ ਓ ਐੱਸ ਐੱਮ ਸੀ ਐੱਚ ਹਸਪਤਾਲ, ਮੇਹਤਪੁਰ ਊਲਦਾਨੀ ਵੱਲੋਂ ਟੀ.ਬੀ. ਵਿਸ਼ੇ 'ਤੇ ਇੱਕ ਬਹੁਤ ਹੀ ਜਾਣਕਾਰੀ ਵਧਾਉਣ ਵਾਲਾ ਵਿਆਖਿਆਨ ਦਿੱਤਾ ਗਿਆ। ਆਪਣੇ ਭਾਸ਼ਣ ਦੌਰਾਨ ਉਨ੍ਹਾਂ ਨੇ ਟੀ.ਬੀ. ਦੇ ਵੱਖ-ਵੱਖ ਕਿਸਮਾਂ, ਐੱਨ ਏ ਪੀ ਟੈਸਟ ਰਾਹੀਂ ਜਾਂਚ ਤਰੀਕਾ, ਚਿਕਿਤਸਕ ਇਲਾਜ, ਟੀ ਬੀ ਦੀਆਂ ਦਵਾਈਆਂ ਦੌਰਾਨ ਲਿਵਰ ਟੈਸਟ ਦੀ ਜ਼ਰੂਰਤ ਤੇ ਪ੍ਰੋਗਰਾਮ ਅਤੇ ਮੁੱਢਲੇ ਸਿਹਤ ਕੇਂਦਰਾਂ ਦੀ ਭੂਮਿਕਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸ ਸੈਸ਼ਨ ਨੇ ਸੇਵਾਦਾਰਾਂ ਵਿੱਚ ਸਿਹਤ ਪ੍ਰਤੀ ਸਚੇਤਨਾ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾਈ।ਦੂਜੇ ਕਾਰਜਕ੍ਰਮ ਵਿੱਚ ਸ਼ਮਸ਼ੇਰ ਸਿੰਘ ਵੱਲੋਂ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਬਲਿਦਾਨ ਅਤੇ ਉਨ੍ਹਾਂ ਦੇ ਵਿਚਾਰਾਂ ਸੰਬੰਧੀ ਯੋਗਦਾਨ ਤੇ ਹੌਸਲਾ ਦੇਣ ਵਾਲਾ ਵਿਆਖਿਆਨ ਦਿੱਤਾ ਗਿਆ। ਉਨ੍ਹਾਂ ਨੇ ਨੌਜਵਾਨਾਂ ਨੂੰ ਦੇਸ਼ ਪ੍ਰੇਮ, ਕੁਰਬਾਨੀ ਅਤੇ ਸਮਾਜ ਪ੍ਰਤੀ ਫਰਜ਼ ਦੇ ਮੁੱਲ ਅਪਣਾਉਣ ਲਈ ਉਤਸ਼ਾਹਿਤ ਕੀਤਾ।ਰਾਤ ਦੇ ਕਾਰਜਕ੍ਰਮ ਵਿੱਚ ਵੀਰਾਂ ਦੀ ਯਾਦ ਵਿੱਚ ਦੇਸ਼ ਪ੍ਰੇਮ ਗੀਤਾਂ ਦਾ ਇੰਤਜ਼ਾਮ ਕੀਤਾ ਗਿਆ, ਜਿਸ ਵਿੱਚ ਸੇਵਾਦਾਰਾਂ ਨੇ ਪੂਰੇ ਜੋਸ਼ ਅਤੇ



ਭਾਵਨਾਤਮਕ ਨਾਤੇ ਨਾਲ ਭਾਗ ਲਿਆ। ਇਸ ਮੌਕੇ ਦੇ ਖਾਸ ਮਹਿਮਾਨ ਸੁਰਿੰਦਰ ਪਾਲ ਵਰਮਾ ਰਹੇ, ਜਿਨ੍ਹਾਂ ਨੇ ਨੌਜਵਾਨਾਂ ਦੇ ਜੋਸ਼ ਅਤੇ ਅਰਪਣ ਭਾਵਨਾ ਦੀ ਤਾਰੀਫ਼ ਕਰਦੇ ਹੋਏ ਉਨ੍ਹਾਂ ਨੂੰ ਲੋਕ ਭਲਾਈ ਦੇ ਕੰਮਾਂ ਲਈ ਉਤਸ਼ਾਹਿਤ ਕੀਤਾ।ਇਸ ਸਫਲ ਕਾਰਜਕ੍ਰਮ ਵਿੱਚ ਇੰਤਜ਼ਾਮੀ ਕਮੇਟੀ ਦੇ ਮੈਂਬਰਾਂ ਡਾ. ਹਰਿ ਨਾਥ (ਐਨ ਐੱਸ ਐੱਸ ਪ੍ਰੋਗਰਾਮ ਅਫਸਰ), ਡਾ. ਅੰਜਲੀ ਪਾਠਕ (ਐਨ ਐੱਸ ਐੱਸ ਪ੍ਰੋਗਰਾਮ ਅਫਸਰ), ਦਾਕਸ਼ੀ ਜੈਨ, ਰਾਘਵ ਜੈਨ ਅਤੇ ਨੰਦਿਨੀ (ਰੇਡ ਰਿਬਨ ਕਲੱਬ ਕੋਆਰਡੀਨੇਟਰ), ਡਾ. ਸਰਬਜੀਤ ਸਿੰਘ ਦਾ ਖਾਸ ਯੋਗਦਾਨ ਰਿਹਾ।

# ਪੰਜਾਬ ਰਿਟਾਇਰਡ ਮਿਊਂਸਪਲ ਵਰਕਰਜ਼ ਯੂਨੀਅਨ ਦੀ ਮੀਟਿੰਗ

**ਫ਼ਗਵਾੜਾ (ਜਸਵਿੰਦਰ ਢੱਡਾ)**

ਪੰਜਾਬ ਰਿਟਾਇਰਡ ਮਿਊਂਸਪਲ ਵਰਕਰਜ਼ ਯੂਨੀਅਨ ਦੀ ਮੀਟਿੰਗ ਤਾਰਾ ਸਿੰਘ ਸੀਨੀਅਰ ਮੀਤ ਪ੍ਰਧਾਨ ਪੰਜਾਬ ਦੀ ਪ੍ਰਧਾਨਗੀ ਹੇਠ ਰੈਸਟ ਹਾਊਸ ਫਗਵਾੜਾ ਵਿਖੇ ਹੋਈ। ਮੀਟਿੰਗ ਵਿੱਚ ਯੂਨੀਅਨ ਦੇ ਸਰਪ੍ਰਸਤ ਜਨਕ ਰਾਜ ਮਾਨਸਾ



ਤੇ ਭੋਲਾ ਸਿੰਘ ਬਠਿੰਡਾ ਪ੍ਰਧਾਨ ਪੰਜਾਬ ਰਿਟਾਇਰਡ ਮਿਊਂਸਪਲ ਵਰਕਰਜ਼ ਯੂਨੀਅਨ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਮੀਟਿੰਗ ਦੇ ਆਰੰਭ ਵਿੱਚ ਜਨਕ ਰਾਜ ਮਾਨਸਾ ਯੂਨੀਅਨ ਦੇ ਸਰਪ੍ਰਸਤ ਨੇ ਪੈਨਸ਼ਨਰਾਂ ਦੀਆਂ ਸਮਸਿਆਵਾਂ ਸੰਬੰਧੀ ਜਾਣਕਾਰੀ ਦਿੱਤੀ ਤੇ ਪਿਛਲੀਆਂ ਪ੍ਰਾਪਤੀਆਂ ਦਾ ਵਰਨਣ ਕੀਤਾ। ਸਥਾਨਕ ਸਰਕਾਰਾਂ ਦੇ ਡਾਇਰੈਕਟਰ ਨਾਲ ਯੂਨੀਅਨ ਦੇ ਵਫ਼ਦ ਵੱਲੋਂ ਕੀਤੀ ਗਈ ਮੰਗਾਂ ਸਬੰਧੀ ਗੱਲਬਾਤ ਬਾਰੇ ਜਾਣਕਾਰੀ ਦਿੱਤੀ। ਪੰਜਾਬ ਰਿਟਾਇਰਡ ਮਿਊਂਸਪਲ ਵਰਕਰਜ਼ ਯੂਨੀਅਨ ਦੇ ਪ੍ਰਧਾਨ ਭੋਲਾ ਸਿੰਘ ਬਠਿੰਡਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਹੈ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ 16 %ਡੀ ਏ ਤੁਰੰਤ ਦੇ ਕੇ ਵਧੀ ਹੋਈ ਮਹਿਗਾਈ ਤੋਂ ਰਾਹਤ ਦਿੱਤੀ ਜਾਵੇ ਅਤੇ ਡੀ ਏ ਦਾ ਬਕਾਇਆ ਨਗਦ ਦਿੱਤਾ ਜਾਵੇ, 6 ਵੇ ਪੇ-ਕਮਿਸਨ ਦੀਆਂ ਸਿਫਾਰਸ਼ਾਂ ਅਨੁਸਾਰ ਪੈਨਸ਼ਨਰਾਂ ਦੀ ਪੈਨਸ਼ਨ 2.59 ਦੇ ਗੁਣਾਂਕ ਨਾਲ ਸ਼ੋਧ ਕੇ ਦਿੱਤੀ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ। ਮੀਟਿੰਗ ਦੇ ਅੰਤ ਵਿਚ ਜਨਕ ਰਾਜ ਮਾਨਸਾ ਨੇ ਪੰਜਾਬ ਦੇ ਮੁਲਾਜ਼ਮਾਂ ਅਤੇ ਰਿਟਾਇਰਡ ਮਿਊਂਸਪਲ ਪੈਨਸ਼ਨਰਾਂ ਦੇ ਮਸਲਿਆਂ ਤੇ ਵਿਚਾਰ ਵਟਾਂਦਰਾ ਕਰਨ ਤੇ ਉਨ੍ਹਾਂ ਦੇ ਹੱਲ ਕਰਨ ਲਈ 5 ਅਪ੍ਰੈਲ ਨੂੰ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੰਢਿਆਇਆ ਜ਼ਿਲ੍ਹਾ ਬਰਨਾਲਾ ਵਿਖੇ ਮਿਊਂਸਪਲ ਮੁਲਾਜ਼ਮ ਤੇ ਪੈਨਸ਼ਨਰਾਂ ਦੀ ਕਨਵੈਨਸ਼ਨ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ। ਕਨਵੈਨਸ਼ਨ ਵਿੱਚ ਦੋਨਾਂ ਯੂਨੀਅਨਾਂ ਦੇ ਸੂਬਾ ਪ੍ਰਧਾਨਾਂ ਦੀ ਚੋਣ ਵੀ ਹੋਵੇਗੀ। ਮੀਟਿੰਗ ਵਿੱਚ ਸਤਪਾਲ ਮਹਿਮੀ, ਸ਼ਿਵ ਦਾਸ, ਤਾਰਾ ਸਿੰਘ ਗੁਰਾਇਆ, ਸੁਰਜੀਤ ਸਿੰਘ,ਬਲਵਿਦਰ ਸਿੰਘ ਫਿਲੌਰ, ਗੁਰਮੇਲ ਸਿੰਘ , ਰਮੇਸ਼ ਚੰਦਰ, ਮਹਿੰਦਰ ਸਿੰਘ, ਹੁਸਨ ਲਾਲ, ਹਰਮੇਸ਼ ਚੰਦਰ ਗੜ੍ਹਸ਼ੰਕਰ, ਰਾਕੇਸ਼ ਕੁਮਾਰ, ਨਰੇਸ਼ ਕੁਮਾਰ, ਕਮਲਜੀਤ ਸਿੰਘ ਮਾਹਿਲ ਪੁਰ,ਜਨਕ ਰਾਜ ਮਾਨਸਾ ਤੇ ਭੋਲਾ ਸਿੰਘ ਬਠਿੰਡਾ ਹਾਜ਼ਰ ਸਨ।

# ਮੈਡੀਕਲ ਚੈੱਕਅੱਪ ਤੇ ਐਕਸ-ਰੇ ਕੈਂਪ ਲਗਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਿੰਡ ਭੀਲੋਵਾਲ ਵਿਖੇ ਸੀਨੀਅਰ ਮੈਡੀਕਲ ਅਫਸਰ ਡਾ. ਮਨਪ੍ਰੀਤ ਸਿੰਘ ਬੈਂਸ ਦੀ ਅਗਵਾਈ ਹੇਠ ਮੁਫ਼ਤ ਮੈਡੀਕਲ ਚੈਕਅਪ ਅਤੇ ਐਕਸ-ਰੇ ਕੈਂਪ ਲਗਾਇਆ ਗਿਆ ਜਿਸ ਵਿੱਚ ਲੱਗਭਗ 100 ਤੋਂ ਉੱਪਰ ਲੋਕਾਂ ਦੀ ਸਿਹਤ ਜਾਂਚ ਤੇ 66 ਲੋਕਾਂ ਦੇ ਫ੍ਰੀ ਐਕਸ ਰੇ ਕੀਤੇ ਗਏ।ਇਸ ਮੌਕੇ ਡਾ.ਮਨਪ੍ਰੀਤ ਸਿੰਘ ਬੈਂਸ ਨੇ ਕਿਹਾ ਕਿ ਇਸ ਕੈਂਪ ਦਾ ਮੁੱਖ ਉਦੇਸ਼ ਪਿੰਡ ਦੇ ਲੋਕਾਂ ਨੂੰ ਸਿਹਤ ਸੇਵਾਵਾਂ ਦੇ ਪ੍ਰਤੀ ਜਾਗਰੂਕ ਕਰਨਾ ਤੇ ਉਨ੍ਹਾਂ ਨੂੰ ਮੁਫ਼ਤ ਇਲਾਜ ਦੀ ਸਹੂਲਤ ਪ੍ਰਦਾਨ ਕਰਨਾ ਸੀ।ਇਸ ਮੌਕੇ ਡਾ. ਨਵਪ੍ਰੀਤ ਕੌਰ ਮੈਡੀਕਲ ਅਫਸਰ, ਪਰਮਜੀਤ ਕੌਰ ਰੇਡੀਓਗਰਾਫਰ, ਅਮਨਦੀਪ ਕੌਰ (ਸੀ ਐੱਚ ਓ), ਰਜਨੀ ਬਾਲਾ (ਮ ਪ ਹ ਵ-ਫੀਮੇਲ), ਹਰਬੰਸ ਲਾਲ(ਮ ਪ ਹ ਵ-ਮੇਲ) ਹਾਜ਼ਰ ਸਨ।



# ਰਵਿਦਾਸ ਮਹਾਰਾਜ ਆਗਮਨ ਪੁਰਬ ਤੇ ਰਵਿਦਾਸੀਆ ਧਰਮ ਦਾ ਸਥਾਪਨਾ ਦਿਵਸ ਮਨਾਇਆ



**ਅਲਾਵਲਪੁਰ, (ਮਦਨ ਬੰਗੜ)**

ਸ੍ਰੀ ਗੁਰੂ ਰਵਿਦਾਸ ਕਲਿਆਣ ਆਸ਼ਰਮ ਬਰਵਾਲਾ, ਪੰਚਕੂਲਾ (ਹਰਿਆਣਾ) ਵੱਲੋਂ ਦਾਨਾ ਮੰਡੀ ਬਰਵਾਲਾ ਵਿਖੇ ਜਗਤਗੁਰੂ ਰਵਿਦਾਸ ਮਹਾਰਾਜ ਜੀ ਦਾ 649ਵਾਂ ਆਗਮਨ ਪੁਰਬ ਤੇ ਰਵਿਦਾਸੀਆ ਧਰਮ ਦਾ 17ਵਾਂ ਸਥਾਪਨਾ ਦਿਵਸ ਬਹੁਤ ਹੀ ਸ਼ਰਧਾ ਅਤੇ ਸਤਿਕਾਰ ਨਾਲ ਸੰਤ ਸਤਿਆਪਾਲ ਦਾਸ ਦੀ ਸਰਪਰਸਤੀ ਹੇਠ ਮਨਾਇਆ ਗਿਆ।ਅੰਮ੍ਰਿਤ ਵੇਲੇ ਤੋਂ ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਦੇ ਪਾਵਨ ਜਾਪ ਕਰਵਾਏ ਗਏ। ਇਸ ਤੋਂ ਬਾਅਦ ਜਗਤਗੁਰੂ ਰਵਿਦਾਸ ਮਹਾਰਾਜ ਦੀ ਆਰਤੀ ਦਾ ਉਚਾਰਣ ਕੀਤਾ ਗਿਆ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਸੰਤ ਸੁਰਿੰਦਰ ਦਾਸ ਬਾਵਾ ਨੇ ਸਤਸੰਗ ਦੌਰਾਨ ਸੰਗਤਾਂ ਨੂੰ ਜਗਤਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਆਗਮਨ ਪੁਰਬ ਤੇ ਰਵਿਦਾਸੀਆ ਧਰਮ ਦੇ 17ਵੇਂ ਸਥਾਪਨਾ ਦਿਵਸ ਦੀਆਂ ਵਧਾਈਆਂ ਦਿੱਤੀਆਂ। ਉਨ੍ਹਾਂ ਨੇ ਜਗਤਗੁਰੂ ਰਵਿਦਾਸ ਮਹਾਰਾਜ ਜੀ ਦੇ ਪਾਵਨ ਜੀਵਨ 'ਤੇ ਚਾਨਣ ਪਾਇਆ ਅਤੇ ਸੰਗਤਾਂ ਨੂੰ ਸੱਚ ਦੇ ਮਾਰਗ 'ਤੇ ਚੱਲਣ ਅਤੇ ਨਾਮ ਜਪਣ ਲਈ ਪ੍ਰੇਰਿਤ ਕੀਤਾ।ਇਸ ਸਮਾਗਮ ਦੌਰਾਨ ਸੰਤ ਸਤਿਆਪਾਲ ਦਾਸ ਚੰਡੀਗੜ੍ਹ, ਸੰਤ ਬੀਬੀ ਕ੍ਰਿਸ਼ਨਾ ਦੇਵੀ ਬੋਪਰਾਇ ਕਲਾਂ, ਸੰਤ ਹਰਵਿੰਦਰ ਦਾਸ ਆਦਮਪੁਰ ਅਤੇ ਸੰਤ ਨਿਰਮਲ ਦਾਸ ਕਪਾਲ ਮੋਚਨ ਵੱਲੋਂ ਵੀ ਸੰਗਤਾਂ ਨੂੰ ਸਤਸੰਗ ਸੁਣਾਇਆ ਗਿਆ।ਕੀਰਤਨੀ ਜਥਿਆਂ ਵਿੱਚ ਗਗਨ ਧਨਾਲ, ਗਿਆਨੀ ਸੱਜਣ ਸਿੰਘ, ਧਰਮਪਾਲ ਰਵਿਦਾਸੀਆ ਅਤੇ ਹੋਰ ਕੀਰਤਨੀ ਜਥਿਆਂ ਵੱਲੋਂ ਸ਼ਬਦ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਗੁਰੂ ਦਾ ਅਟੁੱਟ ਲੰਗਰ ਵੀ ਵਰਤਾਇਆ ਗਿਆ।ਸੰਤ ਸੁਰਿੰਦਰ ਦਾਸ ਬਾਵਾ ਜੀ ਅਤੇ ਸੰਤ ਬੀਬੀ ਕ੍ਰਿਸ਼ਨਾ ਦੇਵੀ ਜੀ ਬੋਪਰਾਇ ਕਲਾਂ ਵੱਲੋਂ ਸੇਵਾ ਭੇਟ ਕੀਤੀ ਗਈ ਅਤੇ ਆਈ ਹੋਈ ਸੰਗਤ ਨੂੰ ਰਵਿਦਾਸੀਆ ਧਰਮ ਨਾਲ ਸੰਬੰਧਿਤ ਧਾਰਮਿਕ ਸਾਹਿਤ ਵੀ ਵੰਡਿਆ ਗਿਆ।

# ਭਗਤ ਸਿੰਘ ਦਾ ਸ਼ਹੀਦੀ ਦਿਵਸ ਮਨਾਇਆ




**ਅੱਡਾ ਸਰਾਂ (ਜਸਵੀਰ ਕਾਜਲ)**-ਬੀ ਐੱਨ ਡੀ. ਸਕੂਲ ਵਿਖੇ ਅਮਰ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਜੀ ਨੂੰ ਭਾਵਪੂਰਨ ਸ਼ਰਧਾਂਜਲੀ ਅਰਪਿਤ ਕੀਤੀ ਗਈ । ਸਕੂਲ ਦੇ ਪ੍ਰਿੰਸੀਪਲ ਜੈ ਕ੍ਰਿਸ਼ਨ ਮਹਿਤਾ ਨੇ ਭਗਤ ਸਿੰਘ, ਸੁਖਦੇਵ ਅਤੇ ਰਾਜਗੁਰੂ ਦੇ ਬਲਿਦਾਨਾਂ ਨੂੰ ਯਾਦ ਕਰਦੇ ਹੋਏ ਸ਼ਰਧਾਂਜਲੀ ਅਰਪਿਤ ਕੀਤੀ ਤੇ ਵਿਦਿਆਰਥੀਆਂ ਨੂੰ ਇਹਨਾਂ ਤਿੰਨਾਂ ਦੇਸ਼ ਭਗਤਾਂ ਦੇ ਆਦਰਸ਼ਾਂ ਤੇ ਚੱਲਣ ਨੂੰ ਪ੍ਰੇਰਿਤ ਕੀਤਾ। ਉਹਨਾਂ ਦੇ ਨਾਅਰੇ ਇਨਕਲਾਬ ਜਿੰਦਾਬਾਦ ਅਤੇ ਹਿੰਦ ਵਾਸੀਓ ਰੱਖਣਾ ਯਾਦ ਸਾਨੂੰ, ਕਿਤੇ ਦਿਲਾਂ ਚੋਂ ਨਾ ਭੁਲਾ ਜਾਣਾ, ਲਗਾ ਕੇ ਦੇਸ਼ ਪ੍ਰੇਮ ਅਤੇ ਦੇਸ਼ ਹਿੱਤ ਲਈ ਸਾਰਿਆਂ ਨੇ ਆਪਣਾ-ਆਪਣਾ ਜਜ਼ਬਾ ਪ੍ਰਗਟ ਕੀਤਾ। ਇਸ ਮੌਕੇ ਤੇ ਇੰਜੀ: ਅਨਿਲ ਮਹਿਤਾ, ਅਮਿਤ ਕੁਮਾਰ, ਇੰਚਾਰਜ ਰੁਕਸਾਨਾ, ਗੁਰਮੇਲ ਸਿੰਘ, ਗੁਰਪ੍ਰੀਤ ਸਿੰਘ, ਰਕੇਸ਼ ਕੁਮਾਰ, ਜਤਿੰਦਰ ਸਿੰਘ, ਜਸਬੀਰ ਕੌਰ, ਪਰਮਜੀਤ ਕੌਰ, ਮਨਦੀਪ ਕੌਰ, ਰਾਜਵਿੰਦਰ ਕੌਰ, ਮਨਿੰਦਰ ਕੌਰ, ਬੰਦਨਾ, ਗੁਰਬਖਸ਼ ਕੌਰ, ਕੋਮਲ, ਮੈਡਮ ਸੁਨੀਤਾ, ਅੰਜਨੀ, ਮਨਪ੍ਰੀਤ ਕੌਰ, ਤਰਸੇਮ ਕੌਰ, ਨਰਿੰਦਰ ਕੌਰ, ਸੰਦੀਪ ਕੌਰ, ਸ਼ਵਾਤੀ, ਮਨੀਸ਼ਾ, ਸਰੋਜ ਬਾਲਾ ਸਮੇਤ ਸਮੂਹ ਸਟਾਫ ਮੈਂਬਰ ਮੌਜੂਦ ਸਨ।

# ਸ੍ਰੀ ਗੁਰੂ ਰਵਿਦਾਸ ਚੈਰੀਟੇਬਲ ਟਰੱਸਟ ਨੇ 15 ਲੜਕੀਆਂ ਦੇ ਸਮੂਹਿਕ ਆਨੰਦ ਕਾਰਜ ਕਰਵਾਏ



**ਦਸੂਹਾ, (ਕਰਨੈਲ ਮਾਂਗਟ)**

ਸ੍ਰੀ ਗੁਰੂ ਰਵਿਦਾਸ ਚੈਰੀਟੇਬਲ ਟਰੱਸਟ ਦਸੂਹਾ, ਵੱਲੋਂ ਡੇਰਾ ਬਾਬਾ ਬੰਨਾ ਰਾਮ ਓਡਰਾ ਦੇ ਗੱਦੀ ਨਸ਼ੀਨ ਤੇ ਟਰੱਸਟ ਦੇ ਚੇਅਰਮੈਨ ਸੰਤ ਬਾਬਾ ਜਸਪਾਲ ਸਿੰਘ ਓਡਰਾ ਦੀ ਅਗਵਾਈ ਹੇਠ ਪੰਚਾਇਤ ਸੰਮਤੀ ਸਟੇਡੀਅਮ, ਦਸੂਹਾ ਵਿਖੇ ਆਯੋਜਿਤ ਤਿੰਨ ਰੋਜ਼ਾ 22ਵਾਂ ਅੰਤਰਰਾਸ਼ਟਰੀ ਮਹਾਨ ਸੰਤ ਸੰਮੇਲਨ ਤੇ ਕੀਰਤਨ ਦਰਬਾਰ ਦੌਰਾਨ 15 ਲੋੜਵੰਦ ਲੜਕੀਆਂ ਦੇ ਸਮੂਹਿੱਕ ਆਨੰਦ ਕਰਜ ਕੀਤੇ ਗਏ। ਇਸ ਮੌਕੇ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਵੱਖ-ਵੱਖ ਕੀਰਤਨੀ ਜਥਿਆਂ ਨੇ ਆਪਣੇ ਮਨਮੋਹਕ ਕੀਰਤਨ ਰਾਂਹੀ ਸੰਗਤਾਂ ਨੂੰ ਨਿਹਾਲ ਕੀਤਾ ਤੇ ਟਰੱਸਟ ਵੱਲੋ 15 ਲੋੜਵੰਦ ਪਰਵਾਰਾਂ ਦੀਆਂ ਲੜਕੀਆਂ ਦੇ ਸਮੂਹਿਕ ਵਿਆਹ ਵੀ ਕੀਤੇ ਗਏ। ਇਸ ਮੌਕੇ ਤੇ ਡਾ. ਰਾਜ ਕੁਮਾਰ ਚੱਬੇਵਾਲ, ਐੱਮ ਪੀ, ਵਿਧਾਇਕ ਦਸੂਹਾਤ ਐਡਵੋਕੇਟ ਕਰਮਵੀਰ ਸਿੰਘ ਘੁੰਮਣ, ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ, ਬਲਵਿੰਦਰ ਸਿੰਘ ਜੋੜਾ ਡੀ ਐੱਸ ਪੀ ਦਸੂਹਾ, ਅਮਰਜੀਤ ਕੌਰ ਐਸ.ਐਚ.ਓ ਦਸੂਹਾ, ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਸਿਮਰਪ੍ਰੀਤ ਸਿੰਘ ਹਜ਼ੂਰੀ ਰਾਗੀ ਦਰਬਾਰ ਸਾਹਿਬ, ਕਮਲਜੀਤ ਸਿੰਘ ਆਸਟਰੇਲੀਆ ਅਤੇ ਵਿਵੇਕ ਮਹਾਜਨ, ਵਿਸ਼ੇਸ਼ ਮਹਿਮਾਨ ਵੱਜੋ ਸਾਮਿਲ ਹੋਏ। ਇਸ ਅੰਤਰਰਾਸ਼ਟਰੀ ਸੰਤ ਸੰਮੇਲਨ ਵਿੱਚ ਲੱਖਾਂ ਸ਼ਰਧਾਲੂਆਂ ਨੇ ਸ਼ਿਰਕਤ ਕੀਤੀ। ਟਰੱਸਟ ਹੁਣ ਤੱਕ ਲਗਭਗ 168 ਲੋੜਵੰਦ ਪਰਵਾਰਾਂ ਦੀਆਂ ਲੜਕੀਆਂ ਦੇ ਸਮੂਹਿਕ ਆਨੰਦ ਕਾਰਜ ਕਰਵਾ ਚੁੱਕੇ ਹਨ । ਇਸ ਸੰਤ ਸੰਮੇਲਨ ਵਿੱਚ ਬਾਬਾ ਸੁਖਵਿੰਦਰ ਸਿੰਘ ਓਡਰਾ, ਐਡਵੋਕੇਟ ਕਰਨਦੀਪ ਸਿੰਘ, ਗੁਰਪ੍ਰੀਤ ਸਿੰਘ ਓਡਰਾ ਪ੍ਰੈਸ ਸਕੱਤਰ, ਜਸਵਿੰਦਰ ਸਿੰਘ ਬਿੱਟੂ, ਬਲਵਿੰਦਰ ਕੌਰ ਲੁਗਾਨਾ, ਜਸਵੀਰ ਕੌਰ, ਜਤਿੰਦਰ ਕੌਰ , ਮਾਸਟਰ ਗੁਰਮੀਤ ਲਾਲ, ਕੰਵਲਪ੍ਰੀਤ ਸਿੰਘ ਹੈਪੀ ਦਸੂਹਾ, ਬੀਬੀ ਨਿਰਮਲਾ ਦੇਵੀ, ਡਾ.ਦੀਦਾਰ ਸਿੰਘ, ਅਮਰਜੀਤ ਸਿੰਘ ਮੈਨੇਜਰ ਤੋਂ ਇਲਾਵਾ ਪ੍ਰਸਿੱਧ ਸੰਤਾਂ-ਮਹਪੁਰਸ਼ਾਂ, ਤੋਂ ਇਲਾਵਾ ਪ੍ਰਮੁੱਖ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਸ਼ਖ਼ਸੀਅਤਾਂ ਹਾਜ਼ਰ ਸਨ।

# ਗੌਰਮਿੰਟ ਟੀਚਰਜ਼ ਯੂਨੀਅਨ ਵੱਲੋਂ ਟਰਾਂਸਫਰ ਪੋਰਟਲ ਖੋਲ੍ਹਣ ਦੀ ਮੰਗ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਗੌਰਮਿੰਟ ਟੀਚਰਜ ਯੂਨੀਅਨ ਨੇ ਅਧਿਆਪਕਾਂ ਦੀ ਬਦਲੀ ਕਰਵਾਉਣ ਵਾਲਾ ਟਰਾਂਸਫਰ ਪੋਰਟਲ ਅਪ੍ਰੈਲ ਵਿੱਚ ਖੋਲਣ ਦੀ ਮੰਗ ਕੀਤੀ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਗੌਰਮਿੰਟ ਟੀਚਰਜ ਯੂਨੀਅਨ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ, ਜਨਰਲ ਸਕੱਤਰ ਉਂਕਾਰ ਸਿੰਘ ਤੇ ਜ਼ਿਲ੍ਹਾ ਆਗੂ ਪਰਮਜੀਤ ਕਾਤਿਬ ਨੇ ਕੀਤਾ। ਆਗੂਆਂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਸਰਕਾਰ ਸਿੱਖਿਆ ਵਿਭਾਗ ਨੂੰ ਬਦਲੀ ਪ੍ਰਕਿਰਿਆ ਅਪ੍ਰੈਲ ਵਿੱਚ ਸ਼ੁਰੂ ਕਰਨ ਲਈ ਪੱਤਰ ਜਾਰੀ ਕਰੇ ਤਾਂ ਜੋ ਦੂਰ ਦੁਰਾਡੇ ਬੈਠੇ ਅਧਿਆਪਕ ਵੀ ਆਪਣੇ ਰਿਹਾਇਸ਼ ਦੇ ਨਜਦੀਕ ਵਾਲੇ ਸਕੂਲਾਂ ਵਿੱਚ ਬਦਲੀ ਕਰਵਾ ਕੇ ਮਾਨਸਿਕ ਪ੍ਰੇਸ਼ਾਨੀ ਤੋਂ ਮੁਕਤ ਹੋ ਕੇ ਵਿਦਿਆਰਥੀਆਂ ਨੂੰ ਪੜਾਉਣ ਅਤੇ 5994 ਈ.ਟੀ.ਟੀ ਅਧਿਆਪਕਾਂ ਅਤੇ 4161 ਮਾਸਟਰ ਕਾਡਰ ਅਧਿਆਪਕਾਂ ਨੂੰ ਬਦਲੀ ਦਾ ਸਪੈਸ਼ਲ ਮੌਕਾ ਦਿੱਤਾ ਜਾਵੇ।ਆਗੂਆਂ ਨੇ ਕਿਹਾ ਕਿ ਸਿੱਖਿਆ ਵਿਭਾਗ ਬਦਲੀ ਪ੍ਰਕਿਰਿਆ ਨੂੰ ਸਰਲ ਕਰਕੇ ਆਮ ਬਦਲੀਆਂ ਮੌਕੇ ਜਿਲ੍ਹੇ ਅੰਦਰ ਬਦਲੀਆਂ ਅਤੇ ਜ਼ਿਲ੍ਹੇ ਤੋਂ ਬਾਹਰ ਦੂਜੇ ਜਿਲ੍ਹਿਆਂ ਵਿੱਚ ਬਦਲੀ ਕਰਵਾਉਣ ਦੇ ਚਾਹਵਾਨ ਅਧਿਆਪਕਾਂ ਲਈ ਦੋ ਤੋਂ ਵੱਧ ਰਾਊਂਡ ਬਦਲੀ ਪ੍ਰਕਿਰਿਆ ਦੇ ਮੌਕੇ ਮੁਹੱਈਆ ਕਰਵਾਏ ਤਾਂ ਜੋ ਬਦਲੀ ਦੇ ਚਾਹਵਾਨ ਅਧਿਆਪਕਾਂ ਨੂੰ ਇਸ ਦਾ ਲਾਭ ਮਿਲ ਸਕੇ।ਇਸ ਮੌਕੇ ਨਰਿੰਦਰ ਅਜਨੋਹਾ, ਪਰਮਜੀਤ ਕਾਤਿਬ, ਮੱਖਣ ਸਿੰਘ, ਮਲਕੀਤ ਸਿੰਘ, ਉਂਕਾਰ ਸਿੰਘ, ਅਜੇ ਕੁਮਾਰ, ਅਮਰਜੀਤ ਸਿੰਘ, ਸਿਮਰਨ ਸਿੰਘ, ਜਤਿੰਦਰ ਕੁਮਾਰ, ਅਭਿਸ਼ੇਕ ਗਰਗ, ਨਰੇਸ਼ ਕੁਮਾਰ, ਸਤਗੁਰ ਸਿੰਘ, ਸਗਲੀ ਰਾਮ, ਸਤੱਪਾਲ ਸਿੰਘ, ਜੋਗਿੰਦਰ ਸਿੰਘ, ਦਵਿੰਦਰ ਸਿੰਘ, ਸੇਠੀ ਰਾਮ, ਹਰਮਨਪ੍ਰੀਤ ਸਿੰਘ, ਇੰਦਰਜੀਤ ਸਿੰਘ, ਬਲਵਿੰਦਰ ਰਾਮ, ਹਰਿੰਦਰ ਸਿੰਘ, ਚਮਨ ਲਾਲ, ਜੈਰਾਮ ਅਤੇ ਰਾਮ ਆਸਰਾ ਆਦਿ ਹਾਜ਼ਰ ਸਨ।

# ਡੇਰਾ ਬਾਬਾ ਗੁਰਮੁਖ ਦਾਸ ਦੇ ਸਾਲਾਨਾ ਬਰਸੀ ਸਮਾਗਮ ਸ਼ਰਧਾਪੂਰਵਕ ਸੰਪੰਨ

**ਆਦਮਪੁਰ, (ਪਰਮਜੀਤ ਸਿੰਘ)**

ਆਦਮਪੁਰ ਦੇ ਪਿੰਡ ਚੋਮੋਂ-ਰਾਮਨਗਰ-ਫਤਿਹਪੁਰ ਵਿਖੇ ਸਥਿਤ ਡੇਰਾ ਸੰਤ ਬਾਬਾ ਗੁਰਮੁਖ ਦਾਸ ਜੀ ਦਾ 59ਵਾਂ ਸਲਾਨਾ ਮੇਲਾ, ਪਿੰਡ ਤੇ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਵਿਸ਼ੇਸ਼ ਸਹਿਯੋਗ ਨਾਲ ਮੁੱਖ ਸੇਵਾਦਾਰ ਪ੍ਰੇਮ ਦਾਸ ਜੀ ਦੀ ਅਗਵਾਈ ਵਿੱਚ ਸ਼ਰਧਾਪੂਰਵਕ ਸੰਪੰਨ ਹੋਇਆ। ਗੀਤ ਮੁਤਾਬਿਕ 16 ਮਾਰਚ ਨੂੰ ਸਵੇਰੇ ਸਲੇਮਪੁਰ ਤੋਂ ਆਈਆਂ ਸੰਗਤਾਂ, ਸਥਾਨਕ ਸੰਗਤਾਂ ਤੇ ਪ੍ਰਬੰਧਕਾਂ ਨੇ ਸਾਂਝੇ ਤੌਰ ਤੇ ਨਿਸ਼ਾਨ ਸਾਹਿਬ ਦੀ ਰਸਮ ਅਦਾ ਕੀਤੀ। ਸਟੇਜ ਸਕੱਤਰ ਦੀ ਭੂਮਿਕਾ ਸੁਖਵਿੰਦਰਪ੍ਰੀਤ ਬਿੱਟੂ ਨੇ ਬਾਖੂਬੀ ਨਿਭਾਈ। ਉਪਰੰਤ ਪੰਜਾਬ ਦੇ ਵੱਖ ਵੱਖ ਹਿੱਸਿਆਂ ਤੋਂ ਆਏ ਕਲਾਕਾਰਾਂ ਨੇ ਬਾਬਾ ਜੀ ਦੇ ਮੇਲੇ ਤੇ ਬਾਬਾ ਗੁਰਮੁਖ ਦਾਸ ਜੀ ਦੀ ਜੀਵਨੀ ਤੇ ਆਪਣੀ-ਆਪਣੀ ਹਾਜ਼ਰੀ ਲਗਵਾਈ। ਇਸ ਤਰ੍ਹਾਂ ਪੇਜੀ ਸ਼ਾਹਕੋਟੀ, ਡੌਲੀਸ਼ਾ, ਰੋਹਾਨ (ਵਾਇਸ ਆਫ ਪੰਜਾਬ) ਅਰਮਾਨ ਬੈਂਸ, ਰਿਸ਼ਭ, ਮਿਸ ਕਿਰਨ, ਪ੍ਰੀਤ ਹੰਸ, ਬਿੱਲਾ ਹਰੀਪੁਰ, ਸੰਤ ਮੁਕੇਸ਼ ਦਾਸ,ਤੇ ਹੋਰ ਕਲਾਕਾਰਾਂ ਨੇ ਬਾਬਾ ਗੁਰਮੁਖ ਦਾਸ ਜੀ ਦੀ ਮਹਿਮਾ ਦਾ ਗੁਣਗਾਨ ਕਰਕੇ ਸੂਫਿਆਨਾ ਕਲਾਮਾਂ ਰਾਹੀਂ ਹਾਜ਼ਰੀ ਲਗਵਾਈ। 17 ਮਾਰਚ ਨੂੰ ਰਾਤ ਵੇਲੇ ਕਰਵਾਏ ਸਮਾਗਮ ਵਿੱਚ ਭਾਰੀ ਗਿਣਤੀ ਵਿੱਚ ਸੰਗਤਾਂ ਨੇ ਭਰੀ ਹਾਜ਼ਰੀ । 'ਰਾਜ਼ੀ ਰਹੋ ਮੱਲਾ'- ਬਾਬਾ ਗੁਰਮੁਖ ਦਾਸ ਜੀ ਦੀ ਜੀਵਨੀ ਤੇ ਅਧਾਰਿਤ ਲਾਈਟ ਐਂਡ ਸਾਊਂਡ ਸ਼ੋਅ ਲੇਖਕ ਮਢਾਰ ਕਰਤਾਰਵੀ, ਨਿਰਦੇਸ਼ਕ-ਕਸ਼ਮੀਰ ਕਮਲ ਜੇ ਈ, ਸਮੁੱਚੀ ਸੁਪਰਵੀਜਨ - ਰਾਮ ਜੀਤ ਸੱਲਣ ਈ.ਉ., ਮਿਊਜ਼ਿਕ ਡਾਇਰੈਕਟਰ - ਸੁਰਿੰਦਰ ਕਾਜਲਾ, ਪੇਸ਼ ਕੀਤਾ ਗਿਆ। ਇਹ ਨਾਟਕ ਡੇਰੇ ਦੇ ਦਰਬਾਰੀ ਰਾਗੀ ਪ੍ਰਸਿੱਧ ਕਲਾਕਾਰ ਸਵਰਗੀ ਦਿਲਜਾਨ ਨੂੰ ਸਮਰਪਿਤ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਕਰੀਬ 100 ਪਾਤਰਾਂ ਨੇ ਪੇਸ਼ਕਾਰੀ ਦਿੱਤੀ। ਸਮੁੱਚੇ ਪ੍ਰੋਗਰਾਮ ਵਿਚ ਡੇਰਾ ਬਾਬਾ ਗੁਰਮੁਖ ਦਾਸ



ਪਬੰਧਕ ਕਮੇਟੀ ਵਿਸ਼ੇਸ਼ ਕਰ ਖਜ਼ਾਨਚੀ ਚਰਨ ਦਾਸ ਰੈਲੀ ਤੇ ਸਾਥੀਆਂ ਦਾ ਵਿਸ਼ੇਸ਼ ਯੋਗਦਾਨ ਰਿਹਾ।ਨਾਟਕ ਵਿੱਚ ਮਹੰਤ ਪਾਲੀ, ਮਹੰਤ ਮਿੱਠੀ ਤੇ ਸਾਥੀ, ਅਜੇ ਬੈਂਸ, ਬੱਗਾ ਅਹੀਰ, ਬਲਵਿੰਦਰ ਬਿੰਦੂ, ਪੁਸ਼ਪਾ,ਬਲਵੀਰ ਸੋਂਧੀ, ਨੀਲੀ ਨੱਕਾਲ ਪਾਰਟੀ, ਅਰਵਿੰਦ ਢਾਂਡਾ, ਰਾਮ ਰਤਨ ਮੱਲ, ਤਰਸੇਮ ਕੁੱਕੂ, ਰਾਜ ਕੁਮਾਰ ਮਿ?ਪਾ, ਹਰੀ ਰਾਮ, ਜੋਗਿੰਦਰ ਅਹੀਰ, ਧਰਮਪਾਲ ਬਾਂਗੜ, ਸੋਨੂ ਸਾਬਰੀ, ਦਲਜੀਤ ਮਹਿਮੀ, ਅਸੀਮ ਬਾਲਾ, ਅੱਬੀ, ਜਯੋਤੀ ਭੱਟੀ, ਤ੍ਰਿਪਤਾ ਭੱਟੀ, ਬਿਮਲਾ ਮੱਲ, ਕਾਂਤਾ, ਜਗੀਰ ਕੌਰ ਰਾਣੋ, ਦੀਪੋ, ਰੇਨੂ ਅਹੀਰ, ਸੁਨੀਤਾ, ਗਿਆਨੋ, ਬਲਵਿੰਦਰ ਕੌਰ, ਮਾਨਵ ਮੱਲ, ਅਮਨ ਬੈਂਸ, ਨਾਹਰ ਸਿੰਘ, ਟੀਟੂ, ਆਦਿ ਕਲਾਕਾਰਾਂ ਨੇ ਭਾਗ ਲਿਆ। ਇਸ ਮੌਕੇ ਸਮਾਗਮ 'ਚ ਪਹੁੰਚੇ ਵੱਖ ਵੱਖ ਡੇਰਿਆਂ ਦੇ ਸੰਤਾਂ ਮਹਾਂਪੁਰਸ਼ਾਂ ਨੇ ਬਾਬਾ ਗੁਰਮੁਖ ਦਾਸ ਜੀ ਦੇ ਡੇਰੇ ਸੰਗਤਾਂ ਵਿੱਚ ਹਾਜ਼ਰੀ ਭਰੀ। ਡੇਰਾ ਕਰਤਾਰਪੁਰ ਤੋਂ ਸੰਗਤਾਂ ਦੇ ਨਾਲ ਸੰਤ ਪਵਨ ਦਾਸ ਉਚੇਚੇ ਤੌਰ ਤੇ ਪਹੁੰਚੇ। ਪਤਵੰਤਿਆਂ ਨੂੰ ਮੁੱਖ ਸੇਵਾਦਾਰ ਪ੍ਰੇਮ ਦਾਸ ਤੇ ਪ੍ਰਬੰਧਕਾਂ ਵੱਲੋਂ ਸਨਮਾਨਤ ਕੀਤਾ ਗਿਆ।

## ਸ਼ਹੀਦ ਭਗਤ ਸਿੰਘ ਦੀ ਕੁਰਬਾਨੀ ਹਰ ਪੀੜ੍ਹੀ ਲਈ ਪ੍ਰੇਰਣਾਸਰੋਤ : ਗੁਰਸ਼ਰਨ ਕੌਰ



**ਸਮਾਣਾ/ਪਟਿਆਲਾ (ਇਕਬਾਲ ਸਿੰਘ ਬੱਲ/ਰਾਜਿੰਦਰ ਸਿੰਘ ਬਿੰਦ)**-ਸਮਾਣਾ ਵਿਖੇ ਪੰਜਾਬ ਮਹਿਲਾ ਕਾਂਗਰਸ ਦੇ ਪ੍ਰਧਾਨ ਤੇ ਜ਼ਿਲ੍ਹਾ ਕਾਂਗਰਸ ਪਟਿਆਲਾ ਦੇ ਪ੍ਰਧਾਨ ਬੀਬੀ ਗੁਰਸ਼ਰਨ ਕੌਰ ਰੰਧਾਵਾ ਦੀ ਅਗਵਾਈ ਹੇਠ ਟਿੰਕਾ ਗਾਜੇਵਾਸੀਆ ਐੱਮ ਸੀ ਦੇ ਦਫਤਰ ਵਿਖੇ ਸ਼ਹੀਦ ਭਗਤ ਸਿੰਘ ਦੇ ਸ਼ਹੀਦੀ ਦਿਹਾੜੇ 'ਤੇ ਉਨ੍ਹਾਂ ਦੀ ਕੁਰਬਾਨੀ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਸੀਨੀਅਰ ਕਾਂਗਰਸੀ ਆਗੂਆਂ ਵੱਲੋਂ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਤੇ ਫੁੱਲ ਮਲਾਵਾਂ ਭੇਟ ਕੀਤੀਆਂ ਗਈਆਂ।ਇਸੇ ਦੌਰਾਨ ਗੁਰਸ਼ਰਨ ਕੌਰ ਰੰਧਾਵਾ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਦੀ ਕੁਰਬਾਨੀ ਅੱਜ ਦੀ ਨੌਜਵਾਨ ਪੀੜ੍ਹੀ ਲਈ ਪ੍ਰੇਰਨਾ ਸਰੋਤ ਹੈ ਤੇ ਅੱਜ ਦੀ ਪੀੜ੍ਹੀ ਨੂੰ ਹਮੇਸ਼ਾ ਉਨ੍ਹਾਂ ਦੀ ਕੁਰਬਾਨੀ ਨੂੰ ਯਾਦ ਰੱਖ ਕੇ ਹੀ ਅੱਗੇ ਵਧਣਾ ਚਾਹੀਦਾ ਹੈ।ਇਸ ਮੌਕੇ ਟਿੰਕਾ ਗਾਜੇਵਾਸੀਆ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਦੀ ਕੁਰਬਾਨੀ ਨੂੰ ਯਾਦ ਕਰਦਿਆਂ ਹਰ ਨੌਜਵਾਨ ਨੂੰ ਇਸ ਤੋਂ ਚੰਗੀ ਸਿੱਖ ਲੈਣੀ ਚਾਹੀਦੀ ਹੈ।ਸਮਾਰੋਹ ਵਿੱਚ ਸੀਨੀਅਰ ਕਾਂਗਰਸੀ ਆਗੂ ਸਵਰਨ ਮਠਾੜੂ, ਸਾਬਕਾ ਐੱਮ ਸੀ ਵਿਜੇ ਅਗਰਵਾਲ, ਬਲਾਕ ਕਾਂਗਰਸ ਪ੍ਰਧਾਨ ਮੰਗਤ ਮਵੀ, ਬਲਾਕ ਮਹਿਲਾ ਕਾਂਗਰਸ ਦੇ ਪ੍ਰਧਾਨ ਪੂਜਾ ਗਰਗ, ਸ਼ਿਵ ਸ਼ਰਮਾ ਸ਼ਿਵਜੀ, ਨਵੀਨ ਸਿੰਗਲਾ, ਨਸੀਬ ਚੰਦ, ਰਾਮ ਸਿੰਘ, ਸੁਨੀਲ ਬੱਬਰ, ਗੁਰਮੀਤ ਸਿੰਘ ਮੀਤਾ ਵਿਰਕ, ਬੂਟਾ ਘਿਓਰਾ, ਪ੍ਰਭਜੋਤ ਭਿੰਡਰ, ਗੁਰਪ੍ਰੀਤ ਬੈਦਵਾਨ ਪੀਏ, ਕਾਕਾ ਹਰਜੀਤ ਜੀ, ਜਗਤਾਰ ਬਿਜਲਪੁਰ, ਸੁਰਜੀਤ ਸਿੰਘ ਫੌਜੀ, ਲੱਕੀ ਗਰਗ ਸਮੇਤ ਕਈ ਕਾਂਗਰਸੀ ਆਗੂ ਹਾਜ਼ਰ ਸਨ।

## ਕਿੰਡਰ ਗਾਰਟਨ ਸਕੂਲ 'ਚ ਮਨਾਇਆ ਸ਼ਹੀਦੀ ਦਿਹਾੜਾ



**ਸਮਰਾਲਾ (ਸੁਰਜੀਤ ਸਿੰਘ)**-ਸਥਾਨਕ ਕਿੰਡਰ ਗਾਰਟਨ ਸੀ. ਸੈ. ਸਕੂਲ ਵਿੱਚ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦਾ ਸ਼ਹੀਦੀ ਦਿਵਸ ਬੜੀ ਸ਼ਰਧਾ ਨਾਲ ਮਨਾਇਆ, ਜਿਸ ਵਿੱਚ ਨੰਨ੍ਹੇ-ਮੁੰਨੇ ਬੱਚਿਆਂ ਨੇ ਸ਼ਹੀਦ ਭਗਤ ਸਿੰਘ ਦੇ ਜੀਵਨ ਨਾਲ ਸਬੰਧਤ ਕਵਿਤਾਵਾਂ ਤੇ ਦੇਸ਼ ਭਗਤੀ ਦੇ ਗੀਤਾਂ ਰਾਹੀਂ ਕਈ ਸੰਦੇਸ਼ ਸਾਂਝੇ ਕੀਤੇ।ਇਸ ਮੌਕੇ ਅਧਿਆਪਕਾਂ ਨੇ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਜੀਵਨ ਤੋਂ ਸ਼ਹੀਦੀ ਤੱਕ ਦਾ ਸਫ਼ਰ ਬੱਚਿਆਂ ਨਾਲ ਸਾਂਝਾ ਕੀਤਾ।ਸਕੂਲ ਦੇ ਪ੍ਰਿੰਸੀਪਲ ਰਣਜੋਤ ਕੌਰ ਨੇ ਬੱਚਿਆਂ ਨੂੰ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੀ ਦੇਸ਼ ਖ਼ਾਤਰ ਦਿੱਤੀ ਕੁਰਬਾਨੀ ਬਾਰੇ ਦੱਸਿਆ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਦੇਸ਼ ਦੀ ਆਜ਼ਾਦੀ ਤੇ ਕੁਰਬਾਨੀਆਂ ਭਰੇ ਇਤਿਹਾਸ ਨੂੰ ਪੜ੍ਹਨ, ਸਮਝਣ ਤੇ ਉਸ ਤੋਂ ਸਿੱਖਿਆ ਲੈਣ ਲਈ ਪ੍ਰੇਰਿਤ ਕੀਤਾ।ਸਕੂਲ ਦੇ ਚੇਅਰਮੈਨ ਦਲਜੀਤ ਸਿੰਘ ਸ਼ਾਹੀ, ਉੱਪ ਚੇਅਰਮੈਨ ਕਮਲਜੀਤ ਸਿੰਘ ਸ਼ਾਹੀ, ਡਾਇਰੈਕਟਰ ਸਰਬਜੀਤ ਕੌਰ, ਪ੍ਰਿੰਸੀਪਲ ਰਣਜੋਤ ਕੌਰ ਤੇ ਸਮੂਹ ਸਟਾਫ਼ ਵੱਲੋਂ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।

## ਕੁੱਲ ਹਿੰਦ ਕਿਸਾਨ ਸਭਾ ਨੇ ਸ਼ਹੀਦਾਂ ਨੂੰ ਕੀਤਾ ਸਿਜਦਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਕੁੱਲ ਹਿੰਦ ਕਿਸਾਨ ਸਭਾ ਵੱਲੋਂ ਨੇੜਲੇ ਪਿੰਡ ਖੇੜਾ ਵਿਖੇ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਉਨ੍ਹਾਂ ਦੀ ਸ਼ਹਾਦਤ ਨੂੰ ਸਿਜਦਾ ਕੀਤਾ। ਇਸ ਮੌਕੇ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾਈ ਆਗੂ ਨਿੱਕਾ ਸਿੰਘ ਖੇੜਾ ਨੇ ਕਿਹਾ ਕਿ ਦੇਸ਼ ਨੂੰ ਅਜ਼ਾਦ ਕਰਵਾਉਣ ਲਈ ਵਾਲੇ ਇਹ ਸ਼ਹੀਦ ਹਮੇਸ਼ਾ ਸਾਡੇ ਦਿਲਾਂ ਵਿੱਚ ਧੜਕਦੇ ਰਹਿਣਗੇ, ਕਿਉਂਕਿ ਇਨ੍ਹਾਂ ਦੀ ਸ਼ਹਾਦਤ ਸਦਕਾ ਹੀ ਅਸੀਂ ਅਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਸ਼ਹੀਦ ਭਗਤ ਸਿੰਘ ਦੀ ਸੋਚ 'ਤੇ ਪਹਿਰਾ ਦੇਣ ਦੀ ਲੋੜ ਹੈ। ਕਾਮਰੇਡ ਨਿੱਕਾ ਸਿੰਘ ਨੇ ਕਿਹਾ ਕਿ ਕੁਝ ਸਿਆਸੀ ਪਾਰਟੀਆਂ ਸ਼ਹੀਦਾਂ ਦਾ ਨਾਮ ਵਰਤ ਕੇ ਸਿਆਸਤ ਕਰ ਰਹੀਆਂ ਹਨ, ਜਦਕਿ ਉਨ੍ਹਾਂ ਦੀਆਂ ਕੁਰਬਾਨੀਆਂ ਦਾ ਅਸਲ ਮਨੋਰਥ ਅਜੇ ਵੀ ਅਧੂਰਾ ਪਿਆ ਹੈ। ਇਸ ਮੌਕੇ ਪ੍ਰਕਾਸ਼ ਸਿੰਘ ਉਦੋਵਾਲ, ਅਸ਼ੋਕ ਖੇੜਾ, ਰਜਿੰਦਰ ਸਿੰਘ ਖੇੜਾ, ਦਰਸ਼ਨਾ ਦੇਵੀ, ਗੁਰਪ੍ਰੀਤ ਕੌਰ, ਯਮਨਾ ਦੇਵੀ, ਪੂਨਮ ਦੇਵੀ, ਸੁਮਨਪ੍ਰੀਤ, ਬਚਨੀ ਦੇਵੀ, ਰਵਿੰਦਰ ਕੌਰ, ਪਿੰਕੀ ਰਾਣੀ, ਮਾਇਆ ਦੇਵੀ, ਪ੍ਰੀਤਮ ਕੌਰ, ਪਰਮਜੀਤ ਕੌਰ, ਅੰਸ਼ਪ੍ਰੀਤ ਕੌਰ, ਮਲਕੀਤ ਸਿੰਘ, ਛਿੰਦਰਪਾਲ ਸਿੰਘ, ਬਲਕਾਰ ਸਿੰਘ, ਬਾਬੂ ਸਿੰਘ, ਮਨਦੀਪ ਸਿੰਘ, ਨਵਦੀਪ ਸਿੰਘ, ਹਰਪ੍ਰੀਤ ਸਿੰਘ, ਗੁਰਦੀਪ ਸਿੰਘ, ਰੋਇਲਲੀਨ ਕੌਰ, ਸ਼ਰਨਦੀਪ ਸਿੰਘ, ਮਲਕੀਤ ਸਿੰਘ ਮੌਜੂਦ ਸਨ।

## ਈ ਟੀ ਟੀ ਅਧਿਆਪਕ ਯੂਨੀਅਨ ਵੱਲੋਂ ਹੁਸੈਨੀਵਾਲਾ ਤੱਕ ਮੋਟਰਸਾਈਕਲ ਮਾਰਚ




**ਫਿਰੋਜ਼ਪੁਰ (ਗੁਰਬਚਨ ਸਿੰਘ)**-ਸ਼ਹੀਦ-ਏ-ਆਜ਼ਮ ਸ੍ਰ. ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਈਟੀਟੀ ਅਧਿਆਪਕ ਯੂਨੀਅਨ ਪੰਜਾਬ ਵੱਲੋਂ ਫ਼ਿਰੋਜ਼ਪੁਰ ਦੀ ਇਤਿਹਾਸਕ ਧਰਤੀ 'ਤੇ ਇਕ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ।ਯੂਨੀਅਨ ਵੱਲੋਂ ਸਥਾਨਕ ਸਾਰਾਗੜ੍ਹੀ ਗੁਰਦੁਆਰਾ ਸਾਹਿਬ ਤੋਂ ਲੈ ਕੇ ਸ਼ਹੀਦਾਂ ਦੀ ਸਮਾਧ ਹੁਸੈਨੀਵਾਲਾ ਤੱਕ ਮੋਟਰਸਾਈਕਲ ਮਾਰਚ ਕੱਢਿਆ ਗਿਆ।ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਉਪਰੰਤ ਅਧਿਆਪਕ ਆਗੂਆਂ ਨੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਆਉਣ ਵਾਲੇ ਦਿਨਾਂ ਵਿਚ ਸੰਘਰਸ਼ ਨੂੰ ਹੋਰ ਤੇਜ਼ ਕਰਨ ਦੀ ਚੇਤਾਵਨੀ ਦਿੱਤੀ।ਯੂਨੀਅਨ ਦੇ ਸੂਬਾ ਪ੍ਰਧਾਨ ਜਸਵਿੰਦਰ ਸਿੰਘ ਸਿੱਧੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਰਕਾਰ ਨੇ 2022 ਵਿੱਚ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਵਾਅਦਾ ਕੀਤਾ ਸੀ, ਪਰ ਅੱਜ ਤੱਕ ਇਹ ਸਿਰਫ਼ ਕਾਗਜ਼ੀ ਐਲਾਨ ਹੀ ਸਾਬਿਤ ਹੋਇਆ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਅਧਿਆਪਕ ਵਰਗ ਹੁਣ ਸਰਕਾਰ ਦੀਆਂ ਲਾਰੇਬਾਜ਼ੀਆਂ ਨੂੰ ਹੋਰ ਬਰਦਾਸ਼ਤ ਨਹੀਂ ਕਰੇਗਾ।ਜ਼ਿਲ੍ਹਾ ਪ੍ਰਧਾਨ ਗੁਰਜੀਤ ਸਿੰਘ ਸੋਢੀ ਨੇ ਕਿਹਾ ਕਿ ਇਸ ਲੜਾਈ ਵਿੱਚ ਹੋਰਨਾਂ ਜਥੇਬੰਦੀਆਂ ਨੂੰ ਵੀ ਨਾਲ ਜੋੜਿਆ ਜਾਵੇਗਾ।ਮਾਰਚ ਵਿੱਚ ਪੂਰੇ ਪੰਜਾਬ ਤੋਂ ਅਧਿਆਪਕ ਸ਼ਾਮਲ ਹੋਏ, ਜਿਨ੍ਹਾਂ ਵਿੱਚ ਮਹਿਲਾ ਅਧਿਆਪਕਾਵਾਂ ਦੀ ਗਿਣਤੀ ਕਾਫੀ ਜ਼ਿਆਦਾ ਸੀ।ਇਸ ਮੌਕੇ ਸੂਬਾ ਕਮੇਟੀ ਮੈਂਬਰ ਬੂਟਾ ਸਿੰਘ ਮੋਗਾ, ਗੁਰਪ੍ਰੀਤ ਸਿੰਘ ਬਰਾੜ, ਜਸਵਿੰਦਰ ਸਿੰਘ ਬਰਗਾੜੀ, ਅਨੂਪ ਸ਼ਰਮਾ, ਪੂਜਾ ਵੋਹਰਾ, ਗੁਰਵਿੰਦਰ ਕੌਰ ਸਿੱਧੂ ਸਮੇਤ ਵੱਡੀ ਗਿਣਤੀ ਵਿੱਚ ਆਗੂ ਮੌਜੂਦ ਸਨ।ਅਧਿਆਪਕਾਂ ਨੇ ਪ੍ਰਣ ਲਿਆ ਕਿ ਜਦੋਂ ਤੱਕ ਉਨ੍ਹਾਂ ਦੀਆਂ ਹੱਕੀ ਮੰਗਾਂ ਨਹੀਂ ਮੰਨੀਆਂ ਜਾਂਦੀਆਂ, ਸਰਕਾਰ ਵਿਰੁੱਧ ਇਹ ਰੋਸ ਪ੍ਰਦਰਸ਼ਨ ਜਾਰੀ ਰਹਿਣਗੇ।

## ਪਹਾੜਪੁਰ ਦੇ ਕਈ ਪਰਵਾਰ ਭਾਜਪਾ 'ਚ ਸ਼ਾਮਲ



**ਸਮਾਣਾ (ਇਕਬਾਲ ਸਿੰਘ ਬੱਲ)**-ਪੰਜਾਬ ਵਿੱਚ ਪਿੰਡਾਂ ਦੇ ਲੋਕਾਂ ਦਾ ਭਾਰਤੀ ਜਨਤਾ ਪਾਰਟੀ ਵੱਲ ਝੁਕਾਅ ਵਧਣਾ ਸ਼ੁਰੂ ਹੋਇਆ ਅਤੇ ਲੋਕ ਭਾਜਪਾ ਵਿੱਚ ਸ਼ਾਮਲ ਹੋਣੇ ਸ਼ੁਰੂ ਹੋ ਗਏ ਹਨ। ਪਿੰਡ ਪਹਾੜਪੁਰ ਵਿਖੇ ਗੁਰਪ੍ਰੀਤ ਸਿੰਘ ਤੇ ਗੁਰਤੇਜ ਸਿੰਘ ਦੀ ਰਹਿਨੁਮਾਈ ਵਿੱਚ ਪਿੰਡ ਦੇ 25-30 ਪਰਿਵਾਰਾਂ ਨੇ ਵੱਖ-ਵੱਖ ਪਾਰਟੀਆਂ ਨੂੰ ਅਲਵਿਦਾ ਕਹਿ ਕੇ ਸੁਰਿੰਦਰ ਸਿੰਘ ਖੇੜਕੀ ਹਲਕਾ ਇੰਚਾਰਜ ਭਾਜਪਾ ਸਮਾਣਾ ਦੀ ਅਗਵਾਈ ਵਿੱਚ ਭਾਰਤੀ ਜਨਤਾ ਪਾਰਟੀ ਦਾ ਪੱਲਾ ਫੜਿਆ।ਇਸ ਮੌਕੇ ਗੁਰਪ੍ਰੀਤ ਸਿੰਘ ਮਾਜਰੀ ਸਰਕਲ ਪ੍ਰਧਾਨ, ਜਸਕਰਨ ਸਿੰਘ ਸੋਨੀ, ਸਰਬਜੀਤ ਸਿੰਘ ਢਿੱਲੋਂ ਤੇ ਮਨਜੀਤ ਸਿੰਘ ਰਾਣਾ ਮੌਜੂਦ ਸਨ।

## ਹੈਲਿਕਸ ਸਕੂਲ ਵੱਲੋਂ ਹੈਪੀ ਹਾਰਟ ਕੈਸਲ ਦਾ ਉਦਘਾਟਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਦਾ ਹੈਲਿਕਸ ਆਕਸਫੋਰਡ ਸਮਾਰਟ ਸਕੂਲ ਪਾਤੜਾਂ ਵੱਲੋਂ ਆਪਣੇ ਪ੍ਰੀ-ਸਕੂਲ ਵਿੰਗ ਹੈਪੀ ਹਾਰਟ ਕੈਸਲ ਦਾ ਉਦਘਾਟਨ ਕਰਕੇ ਅਗਲੇ ਵਿੱਦਿਅਕ ਸੈਸ਼ਨ ਲਈ ਕਲਾਸਾਂ ਦੀ ਰਸਮੀ ਤੌਰ 'ਤੇ ਸ਼ੁਰੂਆਤ ਕੀਤੀ ਗਈ। ਹੈਲਿਕਸ ਆਕਸਫੋਰਡ ਸਮਾਰਟ ਸਕੂਲ ਦੀ ਪ੍ਰਿੰਸੀਪਲ ਸਮਤੀ ਅਮਰਜੋਤ ਕੌਰ ਹਰੀਕਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਨਵਾਂ ਪ੍ਰੀ-ਸਕੂਲ ਬੱਚਿਆਂ ਨੂੰ ਸੰਪੂਰਨ ਸਿੱਖਿਆ ਦੇਣ ਲਈ ਤਿਆਰ ਕੀਤਾ ਗਿਆ ਹੈ, ਜਿਸ ਵਿੱਚ ਉਨ੍ਹਾਂ ਦੇ ਬੌਧਿਕ, ਭਾਵਨਾਤਮਕ, ਸਮਾਜਿਕ ਤੇ ਸਰੀਰਕ ਵਿਕਾਸ 'ਤੇ ਖਾਸ ਧਿਆਨ ਦਿੱਤਾ ਜਾਂਦਾ ਹੈ।ਸਕੂਲ ਵਿੱਚ ਬੈਗ-ਫ੍ਰੀ ਤੇ ਐਕਟਿਵਿਟੀ-ਅਧਾਰਤ ਸਿੱਖਿਆ ਪ੍ਰਣਾਲੀ ਨੂੰ ਅਪਣਾਇਆ ਗਿਆ ਹੈ, ਜਿਸ ਨਾਲ ਬੱਚੇ ਖੇਡਾਂ, ਤਜਰਬਿਆਂ ਤੇ ਪ੍ਰਯੋਗਾਤਮਕ ਢੰਗ ਨਾਲ ਸਿੱਖਣਗੇ। ਇੱਥੇ ਪੜ੍ਹਾਉਣ ਵਾਲੇ ਅਧਿਆਪਕ ਇੰਟਰਨੈਸ਼ਨਲ ਡਿਪਲੋਮਾ ਸਰਟੀਫਿਕੇਟ ਹੋਲਡਰ ਹੋਣਗੇ।ਉਦਘਾਟਨ ਸਮਾਰੋਹ ਦੌਰਾਨ ਮਾਪਿਆਂ ਵੱਲੋਂ ਸਕੂਲ ਦੀ ਆਧੁਨਿਕ ਸਿੱਖਿਆ ਪ੍ਰਣਾਲੀ ਤੇ ਬੱਚਾ-ਮਿੱਤਰ ਵਾਤਾਵਰਣ ਦੀ ਖੂਬ ਸਰਾਹਨਾ ਕੀਤੀ।

## ਨਸ਼ੀਲੇ ਪਦਾਰਥਾਂ ਸਮੇਤ 3 ਕਾਬੂ

**ਲੌਂਗੋਵਾਲ (ਪ੍ਰਦੀਪ ਸੱਪਲ)**-ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਪੁਲਸ ਵੱਲੋਂ ਵਿੱਢੀ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਥਾਣਾ ਲੌਂਗੋਵਾਲ ਦੀ ਪੁਲਸ ਨੇ ਇੱਕ ਕੇਸ ਵਿੱਚ ਕਾਮਯਾਬੀ ਦਰਜ ਕੀਤੀ ਹੈ।ਇਸ ਕੇਸ ਵਿੱਚ ਸਹਾਇਕ ਥਾਣੇਦਾਰ ਗੁਰਤੇਜ ਸਿੰਘ 1624/ਸੰਗ ਨੇ ਸਮੇਤ ਪੁਲਸ ਪਾਰਟੀ ਦੇ ਬਰਾਏ ਗਸ਼ਤ ਬਾ ਚੈਕਿੰਗ ਸ਼ੱਕੀ ਪੁਰਸ਼ਾਂ ਦੌਰਾਨ ਮੁਖਬਰੀ ਮਿਲਣ 'ਤੇ ਲਖਵਿੰਦਰ ਸਿੰਘ ਉਰਫ ਲੱਖਾ ਪੁੱਤਰ ਬੱਲਮ ਸਿੰਘ ਵਾਸੀ ਝਾੜੋਂ ਪੱਤੀ ਲੌਂਗੋਵਾਲ, ਕਾਲਾ ਸਿੰਘ ਪੁੱਤਰ ਗਮਦੂਰ ਸਿੰਘ ਵਾਸੀ ਰੰਧਾਵਾ ਪੱਤੀ ਲੌਂਗੋਵਾਲ, ਸੁਖਚੈਨ ਸਿੰਘ ਉਰਫ ਚੈਨ ਪੁੱਤਰ ਗੁਰਜੰਟ ਸਿੰਘ ਵਾਸੀ ਗਾਹੂ ਪੱਤੀ ਲੌਂਗੋਵਾਲ ਵਿਰੁੱਧ ਥਾਣਾ ਲੌਂਗੋਵਾਲ ਵਿਖੇ ਕੇਸ ਦਰਜ ਕਰਵਾਇਆ ਤੇ ਫਿਰ ਪੁਲਸ ਦੀ ਮਦਦ ਨਾਲ ਮੁਖਬਰ ਵੱਲੋਂ ਦੱਸੇ ਜਾਣ 'ਤੇ ਜੋ ਤਿੰਨੋ ਵਿਅਕਤੀ ਰਲ ਕੇ ਲੌਂਗੋਵਾਲ ਵਿਖੇ ਮੋਟਰਸਾਇਕਲ ਨੰਬਰ ਡੀ-ਐਲ-08-ਐਸ.ਐਨ.ਬੀ. 1719 ਤੇ ਘੁੰਮ ਫਿਰ ਕੇ ਚਿੱਟਾ/ਹੈਰੋਇਨ ਵੇਚਦੇ ਹਨ, ਜੋ ਅੱਜ ਵੀ ਤਿੰਨੋ ਲੌਂਗੋਵਾਲ ਵਿਖੇ ਨਸ਼ਾ ਵੇਚਣ ਆ ਰਹੇ ਹਨ, 'ਤੇ ਰੇਡ ਕਰਕੇ ਉਕਤਾਨ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ 10 ਗ੍ਰਾਮ ਹੈਰੋਇਨ/ਚਿੱਟਾ ਬਰਾਮਦ ਕੀਤਾ।

ਇਨ੍ਹਾਂ ਦੋਸ਼ੀਆਂ ਵਿੱਚੋਂ ਕਾਲਾ ਸਿੰਘ ਤੇ ਸੁਖਚੈਨ ਸਿੰਘ ਉਰਫ ਚੈਨੀ 'ਤੇ ਪਹਿਲਾਂ 1-1 ਮੁਕੱਦਮਾ ਦਰਜ ਦਰਜ ਹੈ।

## ਸਾਮਰਾਜਵਾਦ ਵਿਰੋਧੀ ਦਿਵਸ ਮਨਾ ਕੇ ਸ਼ਹੀਦਾਂ ਨੂੰ ਦਿੱਤੀ ਸ਼ਰਧਾਂਜਲੀ



**ਬੁਢਲਾਡਾ (ਅਸ਼ੋਕ ਲਾਕੜਾ)**-ਸਥਾਨਕ ਗੋਲ ਚੱਕਰ ਦਾਣਾ ਮੰਡੀ ਵਿਖੇ ਸੰਯੁਕਤ ਕਿਸਾਨ ਮੋਰਚਾ, ਮਜ਼ਦੂਰਾਂ, ਮੁਲਾਜ਼ਮਾਂ, ਮੈਡੀਕਲ ਪ੍ਰੈਕਟੀਸ਼ਨਰਜ਼, ਐੱਫ ਸੀ ਆਈ, ਪੰਜਾਬ ਪੱਲੇਦਾਰ ਯੂਨੀਅਨ, ਗੱਲਾਂ ਮਜ਼ਦੂਰ ਯੂਨੀਅਨ, ਪੈਨਸ਼ਨਰ ਐਸੋਸੀਏਸ਼ਨ ਤੇ ਬਿਜਲੀ ਬੋਰਡ ਦੇ ਮੁਲਾਜ਼ਮਾਂ ਵੱਲੋਂ ਸਾਂਝੇ ਤੌਰ 'ਤੇ 23 ਮਾਰਚ ਦੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ ਕਰਕੇ ਸ਼ਹੀਦੀ ਦਿਵਸ ਮਨਾਇਆ ਗਿਆ। ਇਸ ਦੀ ਪ੍ਰਧਾਨਗੀ ਲਛਮਣ ਸਿੰਘ ਚੱਕ ਅਲੀਸ਼ੇਰ, ਅਮਰੀਕ ਸਿੰਘ ਫਫੜੇ ਤੇ ਪ੍ਰਸ਼ੋਤਮ ਸਿੰਘ ਗਿੱਲ ਨੇ ਕੀਤੀ। ਆਗੂਆਂ ਨੇ ਬੋਲਦਿਆਂ ਕਿਹਾ ਕਿ ਸਾਡੇ ਦੇਸ਼ ਦਾ ਪ੍ਰਧਾਨ ਮੰਤਰੀ ਅਮਰੀਕਾ ਭਾਰਤ ਮੁਕਤ ਵਪਾਰ ਸਮਝੌਤਾ ਕਰਕੇ ਮੌਤ ਦੇ ਮੂੰਹ ਵੱਲ ਧੱਕ ਰਿਹਾ ਹੈ, ਜਿਸ ਨੂੰ ਇਨਸਾਫ ਪਸੰਦ ਲੋਕ ਕਦੇ ਵੀ ਸਹਿਣ ਨਹੀਂ ਕਰਨਗੇ ਤੇ ਆਉਣ ਵਾਲੇ ਸਮੇਂ ਵਿੱਚ ਹੋਰ ਲਾਮਬੰਦੀ ਕਰਕੇ ਸਾਮਰਾਜਵਾਦ ਤੇ ਉਨ੍ਹਾਂ ਦੇ ਝੋਲੀ ਚੁੱਕਾਂ ਨੂੰ ਮੂੰਹ ਤੋੜਵਾਂ ਜਵਾਬ ਦੇਣਗੇ ਤੇ ਲੋਕ ਪੱਖੀ ਸਮਾਜਵਾਦ ਸਿਰਜਣ ਲਈ ਸ਼ਹੀਦਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਯਤਨਸ਼ੀਲ ਰਹਿਣਗੇ।

ਇਸ ਮੌਕੇ ਪੰਜਾਬ ਸਰਕਾਰ ਵੱਲੋਂ ਹੱਕ ਮੰਗਦੇ ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ, ਪੈਨਸ਼ਨਰਾਂ ਤੇ ਹਰ ਇੱਕ ਵਰਗ ਲਈ ਕੀਤੀਆਂ ਗਰੰਟੀਆਂ ਤੋਂ ਸਰਕਾਰ ਬੁਰੀ ਤਰ੍ਹਾਂ ਫੇਲ੍ਹ ਹੋਈ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਮਲਕੀਤ ਸਿੰਘ ਮੰਦਰਾਂ, ਜਗਸੀਰ ਸਿੰਘ ਰਾਏਕੇ, ਭੁਪਿੰਦਰ ਸਿੰਘ ਗੁਰਨੇ ਖੇਤ ਮਜ਼ਦੂਰ ਸਭਾ ਦੇ ਆਗੂ ਸੀਤਾਰਾਮ ਗੋਬਿੰਦਪੁਰਾ, ਪੰਜਾਬ ਕਿਸਾਨ ਸਭਾ ਦੇ ਆਗੂ ਜਗਸੀਰ ਸਿੰਘ ਬੀ ਕੇ ਯੂ ਡਕੌਂਦਾ ਦੇ ਜਗਰਾਜ ਸਿੰਘ, ਬੀ ਕੇ ਯੂ ਰਾਜੇਵਾਲ ਦੇ ਦਿਲਬਾਗ ਸਿੰਘ ਕਲੀਪੁਰ, ਕ੍ਰਾਂਤੀਕਾਰੀ ਕਿਸਾਨ ਸਭਾ ਦੇ ਜਗਰਾਜ ਸਿੰਘ, ਮਜ਼ਦੂਰ ਮੁਕਤੀ ਮੋਰਚਾ ਦੇ ਜੀਤ ਸਿੰਘ ਬੋਹਾ, ਐੱਫ ਸੀ ਆਈ ਪੱਲੇਦਾਰ ਯੂਨੀਅਨ ਦੇ ਸਰੇਸ ਸਿੰਘ, ਕ੍ਰਿਸ਼ਨ ਕੁਮਾਰ, ਭੋਲਾ ਸਿੰਘ, ਕਸ਼ਮੀਰ ਸਿੰਘ ਸੈਕਟਰੀ ਪੰਜਾਬ ਪੱਲੇਦਾਰ ਯੂਨੀਅਨ ਦੇ ਨਿਰਮਲ ਸਿੰਘ ਸੈਕਟਰੀ ਅੰਮ੍ਰਿਤਪਾਲ ਸਿੰਘ ਮੈਡੀਕਲ ਪ੍ਰੈਕਟੀਸ਼ਨਰਜ਼ ਬਲਾਕ ਬੁਢਲਾਡਾ ਦੇ ਪ੍ਰਧਾਨ ਸੁਰਜੀਤ ਸਿੰਘ, ਬਰੇਟਾ ਦੇ ਪ੍ਰੇਮ ਸਿੰਘ ਕਿਸਨ ਗੜ੍ਹ, ਬੋਹਾ ਦੇ ਪ੍ਰਧਾਨ ਸੁਖਪਾਲ ਸਿੰਘ ਪ੍ਰੈੱਸ ਕਲੱਬ ਦੇ ਪ੍ਰਧਾਨ ਦਰਸ਼ਨ ਸਿੰਘ ਹਾਕਮ ਵਾਲਾ, ਪ੍ਰਗਟ ਸਿੰਘ ਪ੍ਰਧਾਨ ਪੈਨਸ਼ਨਰ ਐਸੋਸੀਏਸ਼ਨ, ਰਘੂਨਾਥ ਸਿੰਗਲਾ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਰਘਬੀਰ ਸਿੰਘ, ਮੇਲਾ ਸਿੰਘ ਫਫੜੇ ਤੇ ਨਾਤਾ ਸਿੰਘ ਨੇ ਇਨਕਲਾਬੀ ਗੀਤ ਪੇਸ਼ ਕੀਤੇ।

## ਪਾਤੜਾਂ 'ਚ ਗਰਜੇ ਕਿਸਾਨ; ਸ਼ਹੀਦੀ ਦਿਹਾੜੇ ਮੌਕੇ ਫੂਕੇ ਪੁਤਲੇ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸ਼ਹੀਦ-ਏ-ਆਜ਼ਮ ਭਗਤ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਦੇ ਸ਼ਹੀਦੀ ਦਿਹਾੜੇ ਮੌਕੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਦਿੱਲੀ ਸੰਗਰੂਰ ਕੌਮੀ ਮੁੱਖ ਮਾਰਗ ਉੱਤੇ ਸ਼ਹਿਰ ਦੇ ਸ਼ਹੀਦ ਭਗਤ ਸਿੰਘ ਚੌਕ ਪਾਤੜਾਂ ਵਿਖੇ 'ਸਾਮਰਾਜਵਾਦ ਵਿਰੋਧੀ ਦਿਵਸ' ਮਨਾਉਂਦਿਆਂ ਕੇਂਦਰ ਸਰਕਾਰ ਦੀਆਂ ਲੋਕ-ਵਿਰੋਧੀ ਨੀਤੀਆਂ ਦਾ ਤਿੱਖਾ ਵਿਰੋਧ ਕੀਤਾ ਗਿਆ।ਇਸ ਮੌਕੇ ਇਕੱਠੇ ਹੋਏ ਕਿਸਾਨਾਂ ਤੇ ਮਜ਼ਦੂਰਾਂ ਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਤੇ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਦੇ ਪੁਤਲੇ ਸਾੜ ਕੇ ਵਿਸ਼ਵ ਪੱਧਰੀ ਜੰਗਖ਼ੋਰ ਨੀਤੀਆਂ ਵਿਰੁੱਧ ਆਪਣਾ ਗੁੱਸਾ ਜ਼ਾਹਰ ਕੀਤਾ।ਰੋਸ ਪ੍ਰਦਰਸ਼ਨ ਦੌਰਾਨ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਮੋਰਚੇ ਦੇ ਆਗੂਆਂ ਕੁਲਵੰਤ ਸਿੰਘ ਮੌਲਵੀਵਾਲਾ, ਸੁਖਦੇਵ ਸਿੰਘ ਹਰਿਆਊ ਤੇ ਗੁਰਵਿੰਦਰ ਸਿੰਘ ਦੇਧਨਾ ਨੇ ਕਿਹਾ ਕਿ ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਸ਼ਹੀਦਾਂ ਨੇ ਜਿਸ ਬਰਾਬਰਤਾ ਵਾਲੇ ਸਮਾਜ ਦੀ ਕਲਪਨਾ ਕੀਤੀ ਸੀ, ਉਹ ਅੱਜ ਵੀ ਇੱਕ ਸੁਪਨਾ ਹੀ ਬਣਿਆ ਹੋਇਆ ਹੈ।ਉਨ੍ਹਾਂ ਕਿਹਾ ਕਿ ਅੱਜ ਚਾਰੇ ਪਾਸੇ ਕਿਰਤ ਦੀ ਲੁੱਟ ਹੋ ਰਹੀ ਹੈ ਤੇ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਦਾ ਉਹ ਸਿਲਸਿਲਾ ਜਾਰੀ ਹੈ, ਜਿਸ ਵਿਰੁੱਧ ਸ਼ਹੀਦ ਭਗਤ ਸਿੰਘ ਨੇ ਸਿਸਟਮ ਨਾਲ ਲੜਨ ਦਾ ਹੋਕਾ ਦਿੱਤਾ ਸੀ ਤੇ ਕਿਹਾ ਸੀ ਇਹ ਸੰਘਰਸ਼ ਉਦੋਂ ਤੱਕ ਜਾਰੀ ਰਹੇਗਾ ਜਦੋਂ ਤੱਕ ਇਹ ਲੁੱਟ ਖ਼ਤਮ ਨਹੀਂ ਹੁੰਦੀ।ਬੁਲਾਰਿਆਂ ਨੇ ਤਿੱਖੇ ਸ਼ਬਦਾਂ ਵਿੱਚ ਕਿਹਾ ਕਿ ਅਮਰੀਕਾ ਵਿਸ਼ਵ ਵਿੱਚ ਆਪਣੀ ਚੌਧਰ ਕਾਇਮ ਰੱਖਣ ਲਈ ਹਰ ਪਾਸੇ ਜੰਗ ਦਾ ਮਾਹੌਲ ਬਣਾ ਕੇ ਬੇਕਸੂਰ ਲੋਕਾਂ ਦਾ ਘਾਣ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਰਤ ਦੇ ਹਾਕਮ ਅਮਰੀਕੀ ਰਾਸ਼ਟਰਪਤੀ ਦੇ ਹੁਕਮਾਂ ਅੱਗੇ ਗੋਡੇ ਟੇਕ ਕੇ 'ਜੀ ਹਜ਼ੂਰੀ' ਕਰ ਰਹੇ ਹਨ।

## ਲੋਕ ਚੇਤਨਾ ਮੰਚ ਵੱਲੋਂ ਸ਼ਹੀਦਾਂ ਦੀ ਯਾਦ 'ਚ ਸੱਭਿਆਚਾਰਕ ਸਮਾਗਮ

**ਦਿੜ੍ਹਬਾ (ਜਸਵੀਰ ਲਾਡੀ)**

ਲੋਕ ਚੇਤਨਾ ਮੰਚ ਲਹਿਰਾਗਾਗਾ ਵੱਲੋਂ ਸਥਾਨਕ ਪੁਰਾਣੀ ਅਨਾਜ ਮੰਡੀ ਵਿੱਚ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੀ ਯਾਦ ਵਿੱਚ ਇੱਕ ਵਿਸ਼ਾਲ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਗਿਆ।ਇਹ ਸੱਭਿਆਚਾਰਕ ਪ੍ਰੋਗਰਾਮ ਜਮਹੂਰੀ ਹੱਕਾਂ ਦੀ ਲਹਿਰ ਦੇ ਨਿਧੜਕ ਜਰਨੈਲ ਮਰਹੂਮ ਹਰੀ ਸਿੰਘ ਤਰਕ ਤੇ ਇਨਕਲਾਬੀ ਕਵੀ ਪਾਸ਼ ਨੂੰ ਸਮਰਪਤ ਕੀਤਾ ਗਿਆ।ਮੰਚ ਵੱਲੋਂ ਮਰਹੂਮ ਹਰੀ ਸਿੰਘ ਤਰਕ ਯਾਦਗਾਰੀ ਸਾਲਾਨਾ ਸਨਮਾਨ ਨਾਲ ਵਿਛੜ ਗਏ ਸਾਥੀ ਰਣਜੀਤ ਲਹਿਰਾ ਦੀ ਸਾਹਿਤਕ ਤੇ ਸਿਆਸੀ ਘਾਲਣਾ ਹਿੱਤ ਉਨ੍ਹਾਂ ਦੇ ਪਰਿਵਾਰ ਨੂੰ ਸਨਮਾਨਤ ਕੀਤਾ ਗਿਆ।ਮਾਲਵਾ ਹੇਕ ਲਹਿਰਾਗਾਗਾ ਵੱਲੋਂ ਡਾ. ਜਗਦੀਸ਼ ਪਾਪੜਾ ਦੀ ਰਹਿਨੁਮਾਈ ਹੇਠ ਸ਼ਹੀਦਾਂ ਦੀਆਂ ਵਾਰਾਂ ਤੇ ਇਨਕਲਾਬੀ ਗੀਤਾਂ ਨਾਲ ਸੱਭਿਆਚਾਰਕ ਪ੍ਰੋਗਰਾਮ ਦਾ ਆਗਾਜ਼ ਹੋਇਆ ਤੇ ਮੰਚ ਦੇ ਪ੍ਰਧਾਨ ਗਿਆਨ ਚੰਦ ਸ਼ਰਮਾ ਨੇ ਸ਼ਹੀਦਾ ਮੰਚ ਨਾਲ ਸਹਿਯੋਗ ਕਰਨ ਦਾ ਸੱਦਾ ਦਿੱਤਾ।ਮਸਤਾਨੇ ਥਿਏਟਰ ਗਰੁੱਪ,



ਰਾਮਪੁਰਾ ਫੂਲ ਵੱਲੋਂ ਸੋਨੀ ਢਿੱਲੋਂ ਦੀ ਨਿਰਦੇਸ਼ਨਾਂ 'ਚ 'ਇੱਕ ਸੀ ਰੰਗ ਸਫੈਦ' ਤੇ ਕ੍ਰਾਂਤੀ ਕਲਾ ਮੰਚ, ਮੋਗਾ ਵੱਲੋਂ ਬਲਜੀਤ ਸਿੰਘ ਦੀ ਨਿਰਦੇਸ਼ਨਾ 'ਚ 'ਛਿਪਣ ਤੋਂ ਪਹਿਲਾਂ' ਨਾਟਕਾਂ ਦਾ ਭਾਵਪੂਰਤ ਮੰਚਨ ਕੀਤਾ ਗਿਆ।ਜਗਸੀਰ ਜੀਦਾ ਦੀ ਲੋਕ ਸੰਗੀਤ ਮੰਡਲੀ ਵੱਲੋਂ ਇਨਕਲਾਬੀ ਗੀਤ ਪੇਸ਼ ਕੀਤੇ ਗਏ।ਮਾ. ਰਘਵੀਰ ਭੁਟਾਲ ਨੇ ਮਤੇ ਪੇਸ਼ ਕਰਦਿਆਂ ਫਲਸਤੀਨ, ਇਜ਼ਰਾਇਲ, ਈਰਾਨ, ਯੂਕਰੇਨ, ਰੂਸ ਸੰਕਟ ਦੇ ਹਵਾਲੇ ਨਾਲ ਸਾਮਰਾਜੀ ਮੁਲਕ ਅਮਰੀਕਾ ਵੱਲੋਂ ਦੁਨੀਆਂ 'ਚ ਜੰਗਾਂ ਦਾ ਮਾਹੌਲ ਸਿਰਜਣ ਦਾ ਵਿਰੋਧ ਕੀਤਾ।ਮੰਚ ਸੰਚਾਲਨ ਮਾ. ਹਰਭਗਵਾਨ ਗੁਰਨੇ ਨੇ ਬਾਖ਼ੂਬੀ ਕੀਤਾ।ਇਸ ਮੌਕੇ ਮਾ. ਜੀਵਨ ਰਾਮ ਚੋਟੀਆਂ, ਗੁਰਚਰਨ ਸਿੰਘ, ਪੂਰਨ ਖਾਈ, ਸ਼ਮਿੰਦਰ ਸਿੰਘ, ਮਹਿੰਦਰ ਸਿੰਘ, ਲਛਮਣ ਅਲੀਸ਼ੇਰ, ਸੁਖਦੇਵ ਚੰਗਾਲੀਵਾਲਾ, ਰਾਮ ਖਾਈ, ਹਰੀ ਸਿੰਘ ਅੜਕਵਾਸ, ਸੁਖਜਿੰਦਰ ਲਾਲੀ, ਜ਼ੋਰਾ ਸਿੰਘ, ਪਿਆਰਾ ਲਾਲ, ਰਤਨਪਾਲ ਡੂਡੀਆਂ, ਬਲਦੇਵ ਚੀਮਾ, ਬਰਿੰਦਰ ਸਿੰਘ, ਪਰਵੀਨ ਖੋਖਰ ਤੇ ਰਣਦੀਪ ਸੰਗਤਪੁਰਾ ਹਾਜ਼ਰ ਸਨ।

## ਹੈਰੋਇਨ ਸਮੇਤ ਇੱਕ ਗ੍ਰਿਫ਼ਤਾਰ

**ਬੱਧਨੀ ਕਲਾਂ (ਲਵਲੀ ਮਾਛੀਕੇ)**

ਡੀ.ਜੀ.ਪੀ ਵੱਲੋਂ ਮਾੜੇ ਅਨਸਰਾਂ ਵਿਰੁੱਧ ਚਲਾਈ ਮੁਹਿੰਮ ਤਹਿਤ ਸ੍ਰੀ ਅਜੈ ਗਾਂਧੀ ਐਸ.ਐਸ.ਪੀ ਮੋਗਾ ਸ੍ਰੀ ਬਾਲ ਕ੍ਰਿਸ਼ਨ ਐਸ.ਪੀ (1) ਦੀ ਯੋਗ ਅਗਵਾਈ ਤਹਿਤ ਸ੍ਰੀ ਅਨਵਰ ਅਲੀ ਉਪ ਕਪਤਾਨ ਨਿਹਾਲ ਸਿੰਘ ਵਾਲਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਗੁਰਮੇਲ ਸਿੰਘ ਮੁੱਖ ਅਫ਼ਸਰ ਥਾਣਾ ਬੱਧਨੀ ਕਲਾਂ ਵੱਲੋਂ ਨਸ਼ੇ ਦੇ ਸਮੱਗਲਰਾਂ ਖਿਲਾਫ਼ ਚਲਾਈ ਗਈ ਮੁਹਿੰਮ ਤਹਿਤ 21-3-26 ਨੂੰ ਹੌਲਦਾਰ ਅਮਰਪਾਲ ਸਿੰਘ ਥਾਣਾ ਬੱਧਨੀ ਕਲਾਂ ਨੇ ਸਮੇਤ ਪੁਲਸ ਪਾਰਟੀ ਨੇ ਦੋਸ਼ੀ ਸੰਦੀਪ ਸਿੰਘ ਉਰਫ਼ ਸੰਜੂ ਪੁੱਤਰ ਬਲਜੀਤ ਸਿੰਘ ਵਾਸੀ ਚੜਿੱਕ ਰੋਡ ਰਣੀਆ ਨੂੰ ਗ੍ਰਿਫ਼ਤਾਰ ਕਰਕੇ ਉਸ ਪਾਸੋਂ 10 ਗ੍ਰਾਮ ਹੈਰੋਇਨ ਬਰਾਮਦ ਕਰਕੇ ਮੁਕੱਦਮਾ ਨੰਬਰ 43 ਮਿਤੀ 21.3.26 ਅਪਰਾਧਕ 21/61/85 ਐਨ.ਡੀ.ਪੀ ਐਸ ਐਕਟ ਤਹਿਤ ਥਾਣਾ ਬੱਧਨੀ ਕਲਾਂ ਦਰਜ ਰਜਿਸਟਰ ਕੀਤਾ ਗਿਆ।

## ਸਾਮਰਾਜਵਾਦ ਵਿਰੋਧੀ ਦਿਵਸ ਮੌਕੇ ਰੋਸ ਪ੍ਰਦਰਸ਼ਨ



**ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)**-ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮੂਹ ਕਿਸਾਨ, ਮਜ਼ਦੂਰ ਤੇ ਮੁਲਾਜ਼ਮ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਸਾਮਰਾਜਵਾਦ ਵਿਰੋਧੀ ਦਿਵਸ ਵਜੋਂ ਮਨਾਇਆ ਗਿਆ।ਇਸ ਮੌਕੇ ਪਟਿਆਲਾ ਵਿਖੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਤੇ ਇਜ਼ਰਾਇਲ ਦੇ ਪ੍ਰਧਾਨ ਮੰਤਰੀ ਨੇਤਨਯਾਹੂ ਦੇ ਪੁਤਲੇ ਸਾੜੇ ਤੇ ਕੇਂਦਰ ਸਰਕਾਰ ਦੀਆਂ ਕਾਰਪੋਰੇਟ-ਪੱਖੀ ਤੇ ਸਾਮਰਾਜੀ ਨੀਤੀਆਂ ਵਿਰੁੱਧ ਜ਼ੋਰਦਾਰ ਰੋਸ ਮੁਜ਼ਾਹਰਾ ਕੀਤਾ।ਪ੍ਰਦਰਸ਼ਨ ਦੌਰਾਨ ਬੁਲਾਰਿਆਂ ਨੇ ਦੇਸ਼ ਦੀ ਆਰਥਿਕਤਾ ਤੇ ਕਿਰਤੀ ਲੋਕਾਂ ਦੇ ਹੱਕਾਂ 'ਤੇ ਹੋ ਰਹੇ ਹਮਲਿਆਂ ਵਿਰੁੱਧ ਬੋਲਦਿਆਂ ਕਿਹਾ ਕਿ ਇਹ ਕਾਨੂੰਨ ਕਿਸਾਨਾਂ, ਮਜ਼ਦੂਰਾਂ ਦੀ ਬੁਨਿਆਦੀ ਸੁਰੱਖਿਆ ਖੋਹ ਕੇ ਉਨ੍ਹਾਂ ਦੀ ਲੁੱਟ ਵਧਾਉਣਗੇ। ਆਗੂਆਂ ਨੇ 1 ਅਪ੍ਰੈਲ ਤੋਂ ਲਾਗੂ ਹੋ ਰਹੇ ਚਾਰ ਲੇਬਰ ਕੋਡਾਂ ਤੇ ਜੀ ਰਾਮ ਜੀ ਵਰਗੀਆਂ ਸਕੀਮਾਂ, ਬਿਜਲੀ ਸੋਧ ਬਿਲ, ਬੀਜ ਬਿਲ ਤੇ ਮੁਫ਼ਤ ਵਪਾਰ ਸਮਝੌਤੇ ਦਾ ਸਖ਼ਤ ਵਿਰੋਧ ਕੀਤਾ ਗਿਆ।ਇਸ ਪ੍ਰਦਰਸ਼ਨ ਵਿੱਚ ਰਾਮ ਸਿੰਘ ਮਾਟੋਰੜਾ, ਨਿਰਮਲ ਸਿੰਘ ਧਾਲੀਵਾਲ, ਦਵਿੰਦਰ ਸਿੰਘ ਪੂਨੀਆ, ਦਰਸ਼ਨ ਸਿੰਘ ਬੇਲੂਮਾਜਰਾ, ਸ੍ਰੀ ਨਾਥ, ਬਿਰਜ ਭੂਸ਼ਣ, ਧਰਮ ਪਾਲ ਲੋਟ ਤੇ ਹਰਕੇਸ਼ ਕੁਮਾਰ ਨੇ ਸੰਬੋਧਨ ਕੀਤਾ ਤੇ ਸੁੱਚਾ ਸਿੰਘ ਚੀਮਾ, ਰਾਜ ਕਿਸਨ ਨੂਰ ਖੇੜੀਆ, ਦਲਜਿੰਦਰ ਸਿੰਘ ਖਰੋੜ ਮੰਗਤ ਸਿੰਘ, ਹਰੀ ਸਿੰਘ ਦੌਣ ਕਲਾ, ਸੁਖਦੇਵ ਸੁਖੀ ਆਦਿ ਤੋਂ ਇਲਾਵਾ ਕਿਸਾਨਾਂ, ਮਜ਼ਦੂਰਾਂ, ਬਿਜਲੀ ਮੁਲਾਜ਼ਮਾਂ ਤੇ ਵੱਖ-ਵੱਖ ਜਥੇਬੰਦੀਆਂ ਦੇ ਕਾਰਕੁਨਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।

## ਮਾਡਰਨ ਗਰੁੱਪ ਆਫ ਕਾਲਜਿਜ਼ 'ਚ ਸ਼ਹੀਦੀ ਦਿਵਸ ਮਨਾਇਆ

**ਚੀਮਾ ਮੰਡੀ (ਰਵਿੰਦਰ ਚੀਮਾ)**-ਮਾਡਰਨ ਗਰੁੱਪ ਆਫ ਕਾਲਜਜ਼ ਬੀਰ ਕਲਾਂ ਵੱਲੋਂ ਸ਼ਹੀਦ ਦਿਵਸ ਸਮਾਗਮ ਸ਼ਰਧਾ ਤੇ ਸਨਮਾਨ ਨਾਲ ਮਨਾਇਆ ਗਿਆ, ਜਿਸ ਵਿੱਚ ਦੇਸ਼ ਦੇ ਮਹਾਨ ਕ੍ਰਾਂਤੀਕਾਰੀ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ ਯਾਦ ਕੀਤਾ ਗਿਆ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਵੀ. ਕੇ. ਰਾਏ ਦੀ ਅਗਵਾਈ ਹੇਠ ਵਿਸ਼ੇਸ਼ ਸਮਾਗਮ ਕੀਤਾ ਗਿਆ।ਸਮਾਗਮ ਦੀ ਸ਼ੁਰੂਆਤ ਵਿੱਚ ਵਿਦਿਆਰਥੀਆਂ ਤੇ ਅਧਿਆਪਕਾਂ ਵੱਲੋਂ ਸ਼ਹੀਦਾਂ ਦੀਆਂ ਤਸਵੀਰਾਂ ਅੱਗੇ ਫੁੱਲ ਭੇਟ ਕਰਕੇ ਸ਼ਰਧਾਂਜਲੀ ਦਿੱਤੀ ਗਈ।ਇਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਦੇਸ਼ਭਗਤੀ ਭਰੇ ਗੀਤ, ਕਵਿਤਾਵਾਂ ਤੇ ਭਾਸ਼ਣ ਪੇਸ਼ ਕੀਤੇ ਗਏ, ਜਿਨ੍ਹਾਂ ਰਾਹੀਂ ਸ਼ਹੀਦਾਂ ਦੀ ਕੁਰਬਾਨੀ ਨੂੰ ਯਾਦ ਕੀਤਾ ਗਿਆ।ਪ੍ਰਿੰਸੀਪਲ ਸ੍ਰੀ ਵੀ ਕੇ ਰਾਏ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸ਼ਹੀਦਾਂ ਦੀ ਕੁਰਬਾਨੀ ਕਦੇ ਵੀ ਵਿਅਰਥ ਨਹੀਂ ਜਾਂਦੀ ਤੇ ਅੱਜ ਦੇ ਨੌਜਵਾਨਾਂ ਨੂੰ ਉਨ੍ਹਾਂ ਦੇ ਆਦਰਸ਼ਾਂ ਤੋਂ ਪ੍ਰੇਰਨਾ ਲੈ ਕੇ ਆਪਣੇ ਜੀਵਨ ਵਿੱਚ ਸਚਾਈ, ਇਮਾਨਦਾਰੀ ਤੇ ਦੇਸ਼ ਪ੍ਰੇਮ ਨੂੰ ਅਪਣਾਉਣਾ ਚਾਹੀਦਾ ਹੈ।

ਉਨ੍ਹਾਂ ਵਿਦਿਆਰਥੀਆਂ ਨੂੰ ਸਮਾਜ ਦੇ ਚੰਗੇ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ।ਅੰਤ ਵਿੱਚ ਸਾਰੇ ਹਾਜ਼ਰੀਨ ਨੇ ਇਕ ਮਿੰਟ ਦਾ ਮੌਨ ਧਾਰਨ ਕਰਕੇ ਸ਼ਹੀਦਾਂ ਨੂੰ ਨਮਨ ਕੀਤਾ ਤੇ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਬਣਾਈ ਰੱਖਣ ਦਾ ਸੰਕਲਪ ਲਿਆ।ਇਸ ਮੌਕੇ ਚੇਅਰਮੈਨ ਰਵਿੰਦਰ ਬਾਂਸਲ, ਅਸਿਸਟੈਂਟ ਪ੍ਰੋਫੈਸਰ ਮਹਿੰਦਰਪਾਲ ਬਾਤਿਸ਼, ਇੰਦਰਜੀਤ ਕੌਰ ਤੇ ਦੀਪਕ ਸ਼ਰਮਾ ਵੀ ਮੌਜੂਦ ਰਹੇ।

## ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਦੀ ਜਥੇਬੰਦਕ ਕਾਨਫਰੰਸ




**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਕਾਨਫਰੰਸ ਵਿੱਚ ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਦਾ ਸ਼ਹੀਦੀ ਦਿਹਾੜਾ ਵੀ ਮਨਾਇਆ ਗਿਆ।ਸ਼ਹੀਦਾਂ ਦੀਆਂ ਤਸਵੀਰਾਂ ਤੇ ਫੁੱਲ ਮਲਾਵਾਂ ਭੇਟ ਕੀਤੀਆਂ।

ਰਾਮ ਸਰੂਪ ਢੈਪਈ, ਬਲਵਿੰਦਰ ਸਿੰਘ ਜਿਲੇਦਾਰ, ਜੀਤ ਸਿੰਘ ਬੰਗਾ, ਭੁਪਿੰਦਰ ਸਿੰਘ ਛਾਜਲੀ, ਪਵਨ ਕੁਮਾਰ ਸ਼ਰਮਾ, ਦਰਸ਼ਨ ਸਿੰਘ ਮੱਟੂ, ਸ਼੍ਰੀਰਾਮ ਗਰਗ, ਬਿਰਜ ਲਾਲ ਧੀਮਾਨ, ਰਾਜ ਕੁਮਾਰ ਖੀਪਲਾ, ਹਰਨੇਕ ਸਿੰਘ ਨੱਢੇ ਨੇ ਸੰਬੋਧਨ ਕਰਦਿਆਂ ਸ਼ਹੀਦਾਂ ਦੀ ਜੀਵਨੀ 'ਤੇ ਚਾਨਣਾ ਪਾਇਆ ਅਤੇ ਨਵੀਂ ਪੀੜ੍ਹੀ ਨੂੰ ਸ਼ਹੀਦਾਂ ਦੇ ਦੱਸੇ ਰਾਹ 'ਤੇ ਚੱਲਣ ਅਤੇ ਦੇਸ਼ ਕੌਮ ਪ੍ਰਤੀ ਆਪਣੇ ਫ਼ਰਜ਼ਾਂ 'ਤੇ ਪਹਿਰਾ ਦੇਣ ਦੀ ਸਲਾਹ ਦਿੱਤੀ।ਕਾਨਫਰੰਸ ਵਿੱਚ ਬਲਵਿੰਦਰ ਸਿੰਘ ਜ਼ਿਲ੍ਹੇਦਾਰ ਜਨਰਲ ਸਕੱਤਰ ਨੇ ਪਿਛਲੇ ਦੋ ਸਾਲਾਂ ਦੇ ਕੀਤੇ ਦੋ ਸਾਲਾਂ ਦਾ ਲੇਖਾ ਜੋਖਾ ਪੇਸ਼ ਕੀਤਾ।ਹਰਦੇਵ ਸਿੰਘ ਸੋਹੀ ਸਹਾਇਕ ਖਜ਼ਾਨਚੀ ਨੇ ਵਿੱਤੀ ਰਿਪੋਰਟ ਪੇਸ਼ ਕੀਤੀ। ਜਨਰਲ ਸਕੱਤਰ ਵੱਲੋਂ ਪੇਸ਼ ਰਿਪੋਰਟਾਂ 'ਤੇ ਬਹਿਸ ਕਰਵਾਈ ਗਈ।ਕਾਨਫਰੰਸ ਵਿੱਚ ਹਾਜ਼ਰ ਇਕੱਠ ਨੇ ਪਿਛਲੇ ਅਹੁਦੇਦਾਰਾਂ ਦੇ ਕੰਮ 'ਤੇ ਤਸੱਲੀ ਪ੍ਰਗਟ ਕਰਦਿਆਂ ਕੀਤੇ ਕੰਮਾਂ ਦੀ ਰਿਪੋਰਟ ਵਾਧਿਆਂ ਨਾਲ ਹੱਥ ਖੜ੍ਹੇ ਕਰ ਕੇ ਨਾਅਰਿਆਂ ਦੀ ਗੂੰਜ ਵਿੱਚ ਪਾਸ ਕੀਤੀ।ਇਸ ਉਪਰੰਤ ਐਸੋਸੀਏਸ਼ਨ ਛੱਜੂ ਰਾਮ ਜਿੰਦਲ, ਸ਼੍ਰੀਰਾਮ ਗਰਗ, ਦਰਸ਼ਨ ਸਿੰਘ ਮੱਟੂ ਭਰਪੂਰ, ਰਾਜ ਕੁਮਾਰ ਖੀਪਲਾ, ਹਰਨੇਕ ਸਿੰਘ ਨੱਢੇ 'ਤੇ ਅਧਾਰਤ ਬਣਾਈ ਗਈ ਚੋਣ ਕਮੇਟੀ ਵੱਲੋਂ ਚੋਣ ਅਮਲ ਸ਼ੁਰੂ ਕੀਤਾ ਗਿਆ।ਇਸ ਕਮੇਟੀ ਵੱਲੋਂ ਚੋਣ ਪੈਨਲ ਪੇਸ਼ ਕੀਤਾ ਗਿਆ, ਜਿਸ ਵਿੱਚ ਆਉਣ ਵਾਲੇ ਦੋ ਸਾਲਾਂ ਲਈ ਪ੍ਰਧਾਨ ਰਾਮ ਸਰੂਪ ਢੈਪਈ, ਜਰਨਲ ਸਕੱਤਰ ਜੀਤ ਸਿੰਘ ਬੰਗਾ, ਖਜ਼ਾਨਚੀ ਤਰਸੇਮ ਸਿੰਘ ਮਹਿਰੋਕ ਦਾ ਨਾਂਅ ਪੇਸ਼ ਕੀਤਾ ਗਿਆ, ਜਿਸ ਨੂੰ ਨਾਅਰਿਆਂ ਤੇ ਤਾੜੀਆਂ ਦੀ ਗੂੰਜ ਵਿੱਚ ਸਰਵਸੰਮਤੀ ਨਾਲ ਪਾਸ ਕਰਦਿਆਂ ਰਾਮ ਸਰੂਪ ਢੈਪਈ ਪ੍ਰਧਾਨ, ਜੀਤ ਸਿੰਘ ਬੰਗਾ ਜਨਰਲ ਸਕੱਤਰ, ਤਰਸੇਮ ਸਿੰਘ ਮਹਿਰੋਕ ਖਜ਼ਾਨਚੀ ਚੁਣੇ ਗਏ।ਸਾਊਂਡ ਆਦਿ ਦਾ ਸ਼ਾਨਦਾਰ ਪ੍ਰਬੰਧ ਤਰਕਸ਼ੀਲ ਸੁਸਾਇਟੀ ਦੀ ਤਰਫੋਂ ਵਿਸ਼ਵਕਾਂਤ ਸ਼ਰਮਾ ਵੱਲੋਂ ਕੀਤਾ ਗਿਆ।

## ਅਮਰੀਕ ਸਿੰਘ ਗਿੱਲ ਬਣੇ ਲਾਇਨਜ਼ ਕਲੱਬ ਨਾਭਾ ਦੇ ਪ੍ਰਧਾਨ



**ਨਾਭਾ (ਵਰਿੰਦਰ ਵਰਮਾ)**-ਇੰਟਰਨੈਸ਼ਨਲ ਲਾਇਨਜ਼ ਕਲੱਬ ਨਾਭਾ ਦੇ ਸਮੂਹ ਮੈਂਬਰਾਂ ਦੀ ਮੀਟਿੰਗ ਹੋਈ, ਜਿਸ ਵਿੱਚ ਪ੍ਰਧਾਨਗੀ ਸਾਲ 2026-27 ਲਈ ਚੋਣ ਕੀਤੀ ਗਈ।ਇਸ ਚੋਣ ਵਿੱਚ ਲਾਇਨ ਅਮਰੀਕ ਸਿੰਘ ਗਿੱਲ ਨੂੰ 47 ਵੋਟਾਂ ਤੇ ਲਾਇਨ ਚਰਨਦੀਪ ਸਿੰਘ 28 ਵੋਟ ਪਈਆਂ।ਇਸ ਮੌਕੇ ਐੱਚ ਐੱਸ ਨਰੂਲਾ, ਨਰੇਸ਼ ਕੁਮਾਰ ਗਰਗ, ਪਰਮਜੀਤ ਆਸਤਾ, ਗੁਰਮੀਤ ਸਿੰਘ ਤੇ ਵਰਿੰਦਰ ਕਪੂਰ ਨੇ ਦੱਸਿਆ ਕਿ ਦਿਲਚਸਪ ਗੱਲ ਇਹ ਰਹੀ ਕਿ 100% ਵੋਟਾਂ ਪੋਲ ਹੋਈਆਂ ਹਨ ਤੇ ਲਾਇਨ ਅਮਰੀਕ ਸਿੰਘ ਗਿੱਲ ਨੇ 19 ਵੋਟਾਂ ਵੱਧ ਹਾਸਲ ਕਰਕੇ ਚੋਣ ਵਿੱਚ ਜਿੱਤ ਪ੍ਰਾਪਤ ਕਰ ਲਈ ਹੈ।ਇਲੈਕਸ਼ਨ ਕਮੇਟੀ ਦੇ ਚੇਅਰਮੈਨ ਪ੍ਰੋ. ਸਰਿੰਦਰ ਵੀਰ ਸਿੰਘ ਸੇਠੀ, ਇਲੈਕਸ਼ਨ ਕਮੇਟੀ ਮੈਂਬਰ ਸੁਰਿੰਦਰ ਸਿੰਗਲਾ ਤੇ ਐਡਵੋਕੇਟ ਇੰਦਰਜੀਤ ਸਿੰਘ ਸਾਹਨੀ ਨੇ ਅਮਰੀਕ ਸਿੰਘ ਗਿੱਲ ਨੂੰ ਜੇਤੂ ਕਰਾਰ ਦਿੰਦਿਆਂ ਦੱਸਿਆ ਕਿ ਲਾਇਨ ਅਮਰੀਕ ਸਿੰਘ ਗਿੱਲ ਪਹਿਲਾਂ ਫੋਕਲ ਪੁਆਇੰਟ ਨਾਭਾ ਦੇ ਪ੍ਰਧਾਨ ਹਨ ਤੇ ਹੁਣ ਲਾਇਨ ਕਲੱਬ ਨਾਭਾ ਦੇ ਪ੍ਰਧਾਨ ਬਣੇ ਹਨ।ਪ੍ਰਧਾਨ ਬਣਨ ਉਪਰੰਤ ਲਾਇਨ ਅਮਰੀਕ ਸਿੰਘ ਗਿੱਲ ਨੇ ਸਾਰੇ ਲਾਇਨ ਮੈਂਬਰਾਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਮੈਂ ਹਰ ਮੈਂਬਰ ਨੂੰ ਨਾਲ ਲੈ ਚੱਲਾਂਗਾ ਤੇ ਕੱਲਬ ਦੀ ਬਿਹਤਰੀ ਲਈ ਕੰਮ ਕਰਾਂਗਾ।ਇਸ ਮੌਕੇ ਲਾਇਨ ਕਲੱਬ ਦੇ ਮੌਜੂਦਾ ਪ੍ਰਧਾਨ ਲਇਨ ਸੰਨੀ ਸਿੰਗਲਾ, ਸੁਭਾਸ਼ ਸਹਿਗਲ, ਡਾ. ਕਰਨਦੀਪ ਗੋਇਲ, ਨਵਦੀਪ ਗੋਇਲ, ਰਕੇਸ਼ ਕੁਮਾਰ ਨਗਾਈਆ, ਨਰਵਿੰਦਰ ਸਿੰਘ ਐੱਲਆਈਸੀ, ਚਰਨ ਸਿੰਘ, ਜਸਵਿੰਦਰ ਸਿੰਘ, ਤਜਿੰਦਰ ਸਿੰਘ, ਸੁਮਿਤ ਤਲਵਾਰ ਤੋਂ ਇਲਾਵਾ ਸਮੂਹ ਕਲੱਬ ਮੈਂਬਰ ਹਾਜ਼ਰ ਸਨ।

## ਮਜ਼ਦੂਰ ਕਿਸਾਨ ਜਥੇਬੰਦੀਆਂ ਵੱਲੋਂ ਸ਼ਹੀਦੀ ਦਿਹਾੜੇ ਨੂੰ ਸਮਰਪਤ ਮਾਰਚ

**ਸਰਦੂਲਗੜ੍ਹ (ਅਵਤਾਰ ਜਟਾਣਾ)**

ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਦਿੱਤੇ ਗਏ ਸੱਦੇ ਅਨੁਸਾਰ ਸਾਮਰਾਜ ਵਿਰੋਧੀ ਦਿਵਸ ਵਜੋਂ ਮਨਾਇਆ ਗਿਆ।ਮਜ਼ਦੂਰ ਕਿਸਾਨ ਜਥੇਬੰਦੀਆਂ ਵੱਲੋਂ ਹਨੂੰਮਾਨ ਮੰਦਰ ਕੋਲ ਇਕੱਠੇ ਹੋ ਕੇ ਸ਼ਹਿਰ ਵਿੱਚ ਮਾਰਚ ਕੱਢਿਆ ਗਿਆ। ਇਸ ਮੌਕੇ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਤੇ ਸਾਮਰਾਜੀਆਂ ਦੇ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।ਰੋੜਕੀ ਚੌਕ ਵਿੱਚ ਸਥਾਪਤ ਸ਼ਹੀਦ ਭਗਤ ਸਿੰਘ ਦੇ ਬੁੱਤ ਨੂੰ ਫੁੱਲ ਮਾਲਾਵਾਂ ਪਾਈਆਂ ਗਈਆਂ।ਇਸ ਮੌਕੇ ਰੈਲੀ ਵਿੱਚ ਸ਼ਾਮਲ ਇਕੱਠ ਨੂੰ ਸੰਬੋਧਨ ਕਰਦਿਆਂ ਵੱਖ ਵੱਖ ਆਗੂਆਂ ਨੇ ਕਿਹਾ ਕਿ ਅਮਰੀਕਾ ਵੱਲੋਂ ਭਾਰਤ ਸਮੇਤ ਦੁਨੀਆ ਦੇ ਵਿਕਾਸਸ਼ੀਲ ਦੇਸ਼ਾਂ ਦੇ ਊਰਜਾ ਸਰੋਤਾਂ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਲੁੱਟਣਾ ਚਾਹੁੰਦਾ ਹੈ, ਜਿਸ ਦੀ ਤਾਜ਼ਾ ਮਿਸਾਲ ਵੈਨੇਜ਼ੁਏਲਾ, ਫ਼ਲਸਤੀਨ, ਈਰਾਨ ਸਾਡੇ ਸਾਹਮਣੇ ਹੈ। ਅੱਜ ਅਮਰੀਕਾ ਤੇ ਉਸ ਦੇ

■ **ਸਰਕਾਰਾਂ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ 'ਚ ਨਾਕਾਮ : ਬੁਲਾਰੇ**



ਜੋਟੀਦਾਰਾਂ ਵੱਲੋਂ ਸਮੁੱਚੇ ਸੰਸਾਰ ਨੂੰ ਜੰਗ ਦੀ ਭੇਟ ਚੜ੍ਹਿਆ ਹੋਇਆ ਹੈ। ਇਜ਼ਰਾਇਲ ਤੇ ਅਮਰੀਕਾ ਨਾਲ ਮੋਦੀ ਸਰਕਾਰ ਵੱਲੋਂ ਕੀਤੇ ਗਏ ਫ੍ਰੀ ਟਰੇਡ ਐਗਰੀਮੈਂਟ ਨਾਲ ਸਾਡੇ ਖੇਤੀ ਸੈਕਟਰ, ਡੇਅਰੀ ਫਾਰਮਿੰਗ, ਮੱਛਲੀ ਫਾਰਮਿੰਗ, ਸਮਾਲ ਸਕੇਲ ਇੰਡਸਟਰੀਜ਼ ਨੂੰ ਤਬਾਹੀ ਦੇ ਕੰਢੇ 'ਤੇ ਖੜ੍ਹਾ ਕਰ ਦਿੱਤਾ ਹੈ।ਮਨਰੇਗਾ ਕਾਨੂੰਨ ਨੂੰ ਖ਼ਤਮ ਕਰਨ ਨਾਲ ਪੇਂਡੂ ਖ਼ੇਤਰ ਦੇ ਮਜ਼ਦੂਰਾਂ ਨੂੰ ਭੁੱਖਮਰੀ ਵੱਲ ਧੱਕ ਦਿੱਤਾ ਹੈ, ਇਸ ਲਈ ਭਗਤ ਸਿੰਘ ਦਾ ਸਾਮਰਾਜ ਮੁਰਦਾਬਾਦ ਇਨਕਲਾਬ ਜ਼ਿੰਦਾਬਾਦ ਦਾ ਨਾਹਰਾ ਅੱਜ ਵੀ ਸਾਰਥਿਕ ਹੈ।ਇਸ ਰੈਲੀ ਨੂੰ ਕਾਮਰੇਡ ਲਾਲ ਚੰਦ ਸੀ ਟੀ ਯੂ, ਆਤਮਾ ਰਾਮ ਦਿਹਾਤੀ ਮਜ਼ਦੂਰ ਸਭਾ, ਦਰਸ਼ਨ ਸਿੰਘ ਜਟਾਣਾ, ਤੋਤਾ ਸਿੰਘ ਬੀ ਕੇ ਯੂ ਲੱਖੋਵਾਲ, ਜੁਗਰਾਜ ਸਿੰਘ ਹੀਰਕੇ ਕੁੱਲ ਹਿੰਦ ਕਿਸਾਨ ਸਭਾ, ਜਗਦੇਵ ਸਿੰਘ, ਬਿੱਕਰ ਸਿੰਘ ਦਾਨੇਵਾਲਾ ਪੀ ਕੇ ਯੂ, ਮਿੱਠੂ ਸਿੰਘ ਨੈਬ ਸਿੰਘ ਚੋਟੀਆਂ ਬੀ ਕੇ ਯੂ ਡਕੌਂਦਾ ਬੁਰਜ ਗਿੱਲ, ਰਛਪਾਲ ਸਿੰਘ ਨਾਹਰਾਂ, ਗੁਰਦੇਵ ਸਿੰਘ ਲੋਹਗੜ੍ਹ ਜਮਹੂਰੀ ਕਿਸਾਨ ਸਭਾ, ਗੁਰਪਿਆਰ ਸਿੰਘ ਖੇਤ ਮਜ਼ਦੂਰ ਸਭਾ, ਸੱਤਪਾਲ ਚੋਪੜਾ ਏਟਕ ਆਦਿ ਨੇ ਸੰਬੋਧਨ ਕੀਤਾ।

## ਬੀ ਐੱਸ ਐੱਫ ਦੀ ਚੌਕੀ ਕੱਸੋ ਕੇ ਕੋਲੋਂ ਡਰੋਨ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਬੀਐੱਸਐੱਫ ਦੀ ਬੀਓਪੀ ਚੌਕ ਕੱਸੋਕੇ ਫਿਰੋਜ਼ਪੁਰ ਕੋਲ ਨਜ਼ਦੀਕ ਕੇਸ ਕੋਲੋਂ ਸਰਚ ਦੌਰਾਨ ਬੀ ਐੱਸ ਐੱਫ ਦੇ ਜਵਾਨਾਂ ਨੇ ਇਕ ਡਰੋਨ ਮਾਵਿਕ 3 ਕਲਾਸਿਕ ਬਰਾਮਦ ਕੀਤਾ ਹੈ। ਇਸ ਸਬੰਧ ਵਿੱਚ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀ ਖਿਲਾਫ 10, 11, 12 ਏਅਰਕਰਾਫਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਸਦਰ ਫਿਰੋਜ਼ਪੁਰ ਦੇ ਐੱਸਆਈ ਮੇਜਰ ਸਿੰਘ ਨੇ ਦੱਸਿਆ ਕਿ ਅੰਬਰੀਸ਼ ਕੁਮਾਰ ਧੀਰ ਅਸਿਸਟੈਂਟ ਕਮਾਂਡੈਂਟ ਬੀਐੱਸਐੱਫ ਕੱਸੋ ਕੇ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਬੀ ਐੱਸ ਐੱਫ ਬੀਓਪੀ ਚੌਕੀ ਕੱਸੋ ਕੇ ਫਿਰੋਜ਼ਪੁਰ ਦੇ ਕੋਲ ਡਰੋਨ ਐਕਟੀਵਿਟੀ ਹੋਣ 'ਤੇ ਦੌਰਾਨੇ ਸਰਚ ਕੀਤਾ ਤਾਂ ਖੇਤ ਨੇੜੇ ਚੌਕੀ ਕੱਸੋਕੇ ਫਿਰੋਜ਼ਪੁਰ ਕੋਲੋਂ ਇਕ ਡਰੋਨ ਮਾਰਕਾ ਮਾਵਿਕ 3 ਕਲਾਸਿਕ ਬਰਾਮਦ ਕੀਤਾ ਗਿਆ। ਇਸ ਮਾਮਲੇ ਦੀ ਜਾਂਚ ਕਰ ਰਹੇ ਐੱਸਆਈ ਮੇਜਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

## ਵਿਧਾਇਕ ਨੇ ਪਾਇਲ ਦੇ ਤਿੰਨ ਵਾਰਡਾਂ 'ਚ ਵਿਕਾਸ ਕਾਰਜਾਂ ਦੇ ਰੱਖੇ ਨੀਂਹ ਪੱਥਰ

### ਪਾਰਦਰਸ਼ੀ ਢੰਗ ਨਾਲ ਹੋ ਰਿਹੈ ਵਿਕਾਸ : ਗਿਆਸਪੁਰਾ



**ਲੁਧਿਆਣਾ (ਰਾਜ ਸਿੰਗਲਾ)**-ਹਲਕਾ ਪਾਇਲ ਦੇ ਵਿਧਾਇਕ ਸ੍ਰੀ ਮਨਵਿੰਦਰ ਸਿੰਘ ਗਿਆਸਪੁਰਾ ਨੇ ਪਾਇਲ ਦੇ ਵੱਖ-ਵੱਖ ਵਾਰਡਾਂ ਵਿੱਚ ਕਰੀਬ 56.06 ਲੱਖ ਰੁਪਏ ਦੀ ਲਾਗਤ ਨਾਲ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖ ਕੇ ਕੰਮਾਂ ਦੀ ਸ਼ੁਰੂਆਤ ਕਰਵਾਈ।ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਾਇਲ ਦੇ ਵਾਰਡ ਨੰਬਰ 10 ਵਿੱਚ ਕਰੀਬ 27.33 ਲੱਖ ਰੁਪਏ ਦੀ ਲਾਗਤ ਨਾਲ ਮਨੋਹਰ ਕਰਿਆਨਾ ਸਟੋਰ ਪੰਜਪੀਰ ਵਾਲੀ ਗਲੀ ਤੇ ਇੰਟਰਲਾਕ ਟਾਈਲਾਂ ਲਗਾਉਣ, ਪਾਇਲ ਦੇ ਵਾਰਡ ਨੰਬਰ 2 ਵਿੱਚ ਕਰੀਬ 15.83 ਲੱਖ ਰੁਪਏ ਦੀ ਲਾਗਤ ਨਾਲ ਬਾਜੀਗਰ ਬਸਤੀ ਦੀ ਧਰਮਸ਼ਾਲਾ ਦੀ ਰੈਨੋਵੇਸ਼ਨ ਕਰਨ ਤੇ ਪਾਇਲ ਦੇ ਵਾਰਡ ਨੰਬਰ 9 ਵਿੱਚ ਕਰੀਬ 12.90 ਲੱਖ ਰੁਪਏ ਦੀ ਲਾਗਤ ਨਾਲ ਬਰੋਟਾ ਚੌਕ ਤੋਂ ਫਿਰਨੀ ਤੱਕ ਸੜਕ ਬਣਾਉਣ ਦੇ ਕੰਮਾਂ ਦੀ ਸ਼ੁਰੂਆਤ ਕਰਵਾਈ ਗਈ ਹੈ।ਵਿਧਾਇਕ ਨੇ ਕਿਹਾ ਕਿ ਇਹ ਸਾਰੇ ਪ੍ਰੋਜੈਕਟ ਪਾਇਲ ਦੇ ਲੋਕਾਂ ਨੂੰ ਬਿਹਤਰ ਸੜਕ ਸਹੂਲਤਾਂ ਤੇ ਸੁਧਰੇ ਹੋਏ ਬੁਨਿਆਦੀ ਢਾਂਚੇ ਮੁਹੱਈਆ ਕਰਵਾਉਣ ਵਿੱਚ ਮਦਦਗਾਰ ਸਾਬਿਤ ਹੋਣਗੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕ-ਭਲਾਈ ਯੋਜਨਾਵਾਂ ਨੂੰ ਪਾਰਦਰਸ਼ੀ ਢੰਗ ਨਾਲ ਲਾਗੂ ਕਰ ਰਹੀ ਹੈ ਤੇ ਹਲਕੇ ਦੇ ਹਰ ਪਿੰਡ ਤੇ ਸ਼ਹਿਰੀ ਵਾਰਡ ਵਿੱਚ ਵਿਕਾਸ ਦੀ ਰਫ਼ਤਾਰ ਤੇਜ਼ ਕੀਤੀ ਜਾ ਰਹੀ ਹੈ।ਇਸ ਮੌਕੇ ਨਗਰ ਕੌਂਸਲ ਪਾਇਲ ਦੇ ਐੱਮ.ਸੀ, ਪਿੰਡਾਂ ਦੇ ਸਰਪੰਚ ਤੇ ਪੰਚ, ਆਮ ਆਦਮੀ ਪਾਰਟੀ ਦੇ ਆਗੂ ਤੇ ਵਲੰਟੀਅਰ ਅਤੇ ਇਲਾਕਾ ਵਾਸੀ ਹਾਜ਼ਰ ਸਨ।

## ਸ਼ਹੀਦੀ ਦਿਹਾੜੇ 'ਤੇ ਮਾਲਵਾ ਵੈੱਲਫੇਅਰ ਕਲੱਬ ਵੱਲੋਂ ਸੱਭਿਆਚਾਰਕ ਮੇਲਾ

**ਤਲਵੰਡੀ ਸਾਬੋ (ਜਗਦੀਪ ਗਿੱਲ)**

ਸਥਾਨਕ ਸਮਾਜਸੇਵੀ ਸੰਸਥਾ ਵੈੱਲਫੇਅਰ ਕਲੱਬ ਵੱਲੋਂ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਵਿਸ਼ਾਲ ਖ਼ੂਨਦਾਨ ਕੈਂਪ ਤੇ ਸੱਭਿਆਚਾਰਕ ਮੇਲੇ ਦਾ ਆਯੋਜਨ ਖਾਲਸਾ ਸਕੂਲ ਵਿਖੇ ਕੀਤਾ ਗਿਆ।ਪ੍ਰੈੱਸ ਸਕੱਤਰ ਵਿਕਾਸ ਸਿੰਗਲਾ ਨੇ ਦੱਸਿਆ ਕਿ ਖ਼ੂਨਦਾਨ ਕੈਂਪ ਦਾ ਉਦਘਾਟਨ ਐੱਸ ਐੱਮ ਓ ਤਲਵੰਡੀ ਸਾਬੋ ਸ੍ਰੀ ਰਵੀਕਾਂਤ ਵੱਲੋਂ ਕੀਤਾ ਗਿਆ, ਉੱਥੇ ਹੀ ਇਸ ਪ੍ਰੋਗਰਾਮ ਦੀ ਪ੍ਰਧਾਨਗੀ ਬਾਬਾ ਕਾਕਾ ਸਿੰਘ ਮੁਖੀ ਲੰਗਰ ਬੂੰਗਾ ਮਸਤੂਆਣਾ ਵੱਲੋਂ ਕੀਤੀ ਗਈ।ਕਲੱਬ ਪ੍ਰਧਾਨ ਗਗਨਦੀਪ ਸਿੰਘ ਹੈਪੀ ਨੇ ਦੱਸਿਆ

■ **ਖ਼ੂਨਦਾਨੀਆਂ ਨੇ ਵੱਡੀ ਪੱਧਰ 'ਤੇ ਕੀਤਾ ਖ਼ੂਨ ਦਾਨ**



ਕਿ ਇਹ ਪ੍ਰੋਗਰਾਮ ਕਲੱਬ ਵੱਲੋਂ ਨਗਰ ਕੌਂਸਲ ਤਲਵੰਡੀ ਸਾਬੋ ਦੇ ਸਹਿਯੋਗ ਨਾਲ ਕਰਵਾਇਆ ਗਿਆ।ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਬੀਬਾ ਬਲਜਿੰਦਰ ਕੌਰ ਚੀਫ ਵ੍ਹਿਪ ਐੱਮ ਐੱਲ ਏ ਪਹੁੰਚੇ, ਜਿਨ੍ਹਾਂ ਕਲੱਬ ਦੇ ਇਸ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਖ਼ੂਨਦਾਨੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ।ਇਸ ਕੈਂਪ ਵਿੱਚ ਏਮਜ਼ ਹਸਪਤਾਲ ਬਠਿੰਡਾ ਦੀ ਟੀਮ ਨੇ 65 ਬਲੱਡ ਯੂਨਿਟ ਇਕੱਤਰ ਕੀਤਾ, ਉਥੇ ਇਸ ਪ੍ਰੋਗਰਾਮ ਵਿੱਚ ਵੱਖ ਵੱਖ ਤਰ੍ਹਾਂ ਦੀਆਂ ਸਟਾਲਾਂ ਲਗਾਈਆਂ ਗਈਆਂ।ਕਲੱਬ ਚੇਅਰਮੈਨ ਚੰਦਰ ਸ਼ੇਖਰ ਤੇ ਸਰਪ੍ਰਸਤ ਅੰਮ੍ਰਿਤਪਾਲ ਬਰਾੜ ਨੇ ਦੱਸਿਆ ਕਿ ਲੋਕ ਗਾਇਕ ਹਰਦੇਵ ਮਾਹੀ ਨੰਗਲ ਦੀ ਮਦਦ ਦੇ ਨਾਲ ਵਿਸ਼ਾਲ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ ਸਥਾਨਕ ਲੋਕ ਗਾਇਕ ਗੁਰਵਿੰਦਰ ਬਰਾੜ, ਗੁਰਦਾਸ ਸੰਧੂ, ਨਵਦੀਪ ਸੰਧੂ, ਜਸ ਸੰਧੂ, ਲਵਜੀਤ, ਬਲਵੀਰ ਚੋਟੀਆਂ, ਜਸਮੀਨ ਚੋਟੀਆਂ ਤੇ ਜੱਸੀ ਖਾਨ ਆਦਿ ਨੇ ਆਪਣੀ ਕਲਾ ਦੇ ਜੌਹਰ ਦਿਖਾਏ ਤੇ ਲੋਕਾਂ ਦਾ ਭਰਪੂਰ ਮਨੋਰੰਜਨ ਕੀਤਾ।ਸਥਾਨਕ ਗਾਇਕ ਟਾਈਗਰ ਨੇ ਵੀ ਇਸ ਪ੍ਰੋਗਰਾਮ ਵਿੱਚ ਆਪਣੀ ਗਾਇਕੀ ਰਾਹੀਂ ਲੋਕਾਂ ਦਾ ਖ਼ੂਬ ਮਨੋਰੰਜਨ ਕੀਤਾ।ਕਲੱਬ ਸਕੱਤਰ ਜਗਨਦੀਪ ਤੇ ਖਜ਼ਾਨਚੀ ਮਨਦੀਪ ਧਾਲੀਵਾਲ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਮਨਪ੍ਰੀਤ ਜਲਾਲ ਤੇ ਪ੍ਰੀਤ ਢੱਡੇ ਗਰੁੱਪ ਵੱਲੋਂ ਭਗਤ ਸਿੰਘ ਦੀ ਸ਼ਹੀਦੀ ਨੂੰ ਸਮਰਪਤ ਕਵੀਸ਼ਰੀ ਤੇ ਵਿਰਾਸਤੀ ਗਾਇਕੀ ਦੇ ਰੰਗ ਦਿਖਾਏ ਗਏ।ਇਸ ਪ੍ਰੋਗਰਾਮ ਦੇ ਵਿਸ਼ੇਸ਼ ਮਹਿਮਾਨ ਜਤਿੰਦਰ ਸਿੰਘ ਭੱਲਾ ਚੇਅਰਮੈਨ ਇੰਮਪੂਰਵਮੈਂਟ ਟਰੱਸਟ ਬਠਿੰਡਾ ਤੇ ਨੀਲ ਗਰਗ ਚੇਅਰਮੈਨ ਮੀਡੀਅਮ ਉਦਯੋਗ ਵਿਕਾਸ ਬੋਰਡ ਨੇ ਵੀ ਖ਼ੂਨਦਾਨੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਤੇ ਸੱਭਿਆਚਾਰਕ ਮੇਲੇ ਦਾ ਆਨੰਦ ਮਾਣਿਆ।ਇਸ ਮੌਕੇ ਨਗਰ ਕੌਂਸਲ ਪ੍ਰਧਾਨ ਵੱਲੋਂ ਹਰਜੀਤ ਸਰਾਂ ਐੱਮ ਸੀ, ਡਾ. ਸੁਖਦੇਵ ਸਿੰਘ, ਬਲਵਿੰਦਰ ਗਿੱਲ, ਦਵਿੰਦਰ ਸਿੰਘ ਸੂਬਾ, ਖੁਸ਼ਦੀਪ ਸਿੰਘ ਬੱਬੀ ਚੱਠਾ, ਮਨਪ੍ਰੀਤ ਸੋਨੀ, ਤਰਸੇਮ ਸਿੰਗਲਾ ਤੇ ਮੋਹਤਵਾਰ ਆਗੂ ਹਰਬੰਸ ਸਿੰਘ ਸਾਬਕਾ ਪ੍ਰਧਾਨ, ਗੁਰਤਿੰਦਰ ਰਿੰਪੀ ਮਾਨ ਸਾਬਕਾ ਪ੍ਰਧਾਨ, ਸਹਾਰਾ ਕਲੱਬ ਵੱਲੋਂ ਜਸਵਿੰਦਰ ਪਾਲ ਸ਼ਰਮਾ, ਬਰਿੰਦਰਪਾਲ ਮਹੇਸ਼ਵਰੀ, ਡਾ. ਪਰਮਜੀਤ ਕੌਰ ਆਣਾ, ਸੁਰਿੰਦਰ ਦਮਦਮੀ, ਜਗਦੀਪ ਗਿੱਲ ਤੇ ਕਲੱਬ ਅਹੁਦੇਦਾਰ ਪ੍ਰਿੰਸੀਪਲ ਬਿਕਰਮਜੀਤ ਸਿੰਘ, ਚਮਨ ਲਾਲ, ਹਰਬੰਸ ਸਿੰਘ ਮਾਨ, ਰਾਜਦੀਪ ਸਿੰਘ, ਅਮਨਦੀਪ ਸਿੰਘ, ਰਜਤ ਕੁਮਾਰ ਆਦਿ ਹਾਜ਼ਰ ਸਨ।

## ਕਿਸਾਨ ਮੇਲੇ 'ਚ ਕ੍ਰਿਸ਼ੀ ਵਿਗਿਆਨ ਕੇਂਦਰ ਦੀ ਟੀਮ ਦਾ ਸ਼ਾਨਦਾਰ ਪ੍ਰਦਰਸ਼ਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਲੁਧਿਆਣਾ ਵਿਖੇ 'ਖੇਤੀ ਵਿਭਿੰਨਤਾ ਅਪਣਾਓ, ਵਡਮੁੱਲਾ ਵਾਤਾਵਰਣ ਬਚਾਓ' ਥੀਮ ਹੇਠ ਕਰਾਏ ਗਏ ਮੁੱਖ ਕਿਸਾਨ ਮੇਲੇ ਦੌਰਾਨ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਦੀ ਟੀਮ ਤੇ ਇਲਾਕੇ ਦੇ ਅਗਾਂਹਵਧੂ ਕਿਸਾਨਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਮਹੱਤਵਪੂਰਨ ਸਨਮਾਨ ਹਾਸਲ ਕੀਤੇ।ਕ੍ਰਿਸ਼ੀ ਵਿਗਿਆਨ ਕੇਂਦਰ ਨੂੰ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਹੋਰ ਕ੍ਰਿਸ਼ੀ ਵਿਗਿਆਨ ਕੇਂਦਰਾਂ ਵਿੱਚੋਂ ਕਿਸਾਨਾਂ ਤੱਕ ਖੇਤੀਬਾੜੀ ਸਹਿਤ ਵੱਧ ਤੋਂ ਵੱਧ ਪੁਚਾਉਣ ਲਈ ਪਹਿਲਾ ਸਥਾਨ ਪ੍ਰਾਪਤ ਹੋਇਆ।ਇਹ ਪ੍ਰਾਪਤੀ ਕਿਸਾਨਾਂ ਵਿੱਚ ਖੇਤੀਬਾੜੀ ਤਕਨੀਕਾਂ ਤੇ ਨਵੀਂ ਜਾਣਕਾਰੀ ਦੇ ਪ੍ਰਸਾਰ ਵੱਲ ਇਸ ਕੇਂਦਰ ਦੀ ਲਗਾਤਾਰ ਕੋਸ਼ਿਸ਼ਾਂ ਦਾ ਨਤੀਜਾ ਹੈ।ਇਸ ਦੇ ਨਾਲ ਹੀ ਜ਼ਿਲ੍ਹੇ ਦੇ ਅਗਾਂਹਵਧੂ ਕਿਸਾਨਾਂ ਨੇ ਵੀ ਵੱਖ-ਵੱਖ ਫ਼ਸਲਾਂ 'ਚ ਉੱਤਮ ਗੁਣਵੱਤਾ ਦੇ ਉਤਪਾਦ ਪੇਸ਼ ਕਰਕੇ ਇਨਾਮ ਹਾਸਲ ਕੀਤੇ।ਪਿੰਡ ਬੋਦੀਵਾਲਾ ਖੜਕ ਸਿੰਘ ਦੇ ਕਿਸਾਨ ਕੁਲਦੀਪ ਸਿੰਘ ਨੂੰ ਮਿਰਚ ਤੇ ਫੁੱਲਗੋਭੀ ਦੀ ਫ਼ਸਲ ਲਈ ਪਹਿਲਾ ਇਨਾਮ ਮਿਲਿਆ।ਇਸੇ ਤਰ੍ਹਾਂ, ਪਿੰਡ ਖੁੰਨਣ ਕਲਾਂ ਦੇ ਕਿਸਾਨ ਗੁਰਪਾਲ ਸਿੰਘ ਨੂੰ ਹਲਦੀ ਦੀ ਫ਼ਸਲ ਲਈ ਦੂਜਾ ਇਨਾਮ ਪ੍ਰਾਪਤ ਹੋਇਆ, ਜਦਕਿ ਪਿੰਡ ਬੋਦੀਵਾਲਾ ਖੜਕ ਸਿੰਘ ਦੇ ਹੀ ਕਿਸਾਨ ਮਨਦੀਪ ਸਿੰਘ ਨੂੰ ਛੋਲੀਏ ਦੀ ਫ਼ਸਲ ਲਈ ਦੂਜਾ ਸਥਾਨ ਮਿਲਿਆ।ਇਹ ਸਾਰੇ ਇਨਾਮ ਪੰਜਾਬ ਭਰ ਦੇ ਕਿਸਾਨਾਂ 'ਚ ਚੰਗੀ ਫ਼ਸਲ ਦੇ ਉਤਪਾਦਨ ਸੰਬੰਧੀ ਹੋਏ ਮੁਕਾਬਲੇ ਦੇ ਆਧਾਰ 'ਤੇ ਫ਼ਸਲਾਂ ਦੀ ਉੱਚ ਗੁਣਵੱਤਾ ਦੇ ਮੱਦੇਨਜ਼ਰ ਪ੍ਰਦਾਨ ਕੀਤੇ ਗਏ।ਇਹ ਪ੍ਰਾਪਤੀਆਂ ਇਸ ਗੱਲ ਦਾ ਹੁੰਗਾਰਾ ਭਰਦੀਆਂ ਹਨ ਕਿ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਕਿਸਾਨ ਨਵੀਆਂ ਖੇਤੀਬਾੜੀ ਤਕਨੀਕਾਂ ਨੂੰ ਅਪਣਾਉਂਦੇ ਹੋਏ ਗੁਣਵੱਤਾ ਵਾਲੀ ਪੈਦਾਵਾਰ ਵੱਲ ਅੱਗੇ ਵੱਧ ਰਹੇ ਹਨ ਤੇ ਹੋਰ ਕਿਸਾਨਾਂ ਲਈ ਪ੍ਰੇਰਨਾ ਦਾ ਸਰੋਤ ਬਣ ਰਹੇ ਹਨ।ਡਾ. ਅਮਰਜੀਤ ਸਿੰਘ ਖਹਿਰਾ ਓਪਨ ਏਅਰ ਥੀਏਟਰ 'ਚ ਹੋਏ ਇਸ ਵਿਸ਼ੇਸ਼ ਸਮਾਰੋਹ ਦੀ ਪ੍ਰਧਾਨਗੀ ਪੀ.ਏ.ਯੂ. ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਕੀਤੀ।

# ਮਾਪੇ ਅਧਿਆਪਕ ਮਿਲਣੀ ਮੌਕੇ ਸਾਇੰਸ ਤੇ ਆਰਟ ਪ੍ਰਦਰਸ਼ਨੀ ਲਗਾਈ



ਭਵਾਲ (ਹਰਜਿੰਦਰ ਸਿੰਘ ਸੋਨੀ)-ਹਾਵਰਡ ਲੇਨ ਸੀਨੀਅਰ ਸੈਕੰਡਰੀ ਸਕੂਲ ਠੱਠਾ ਵਿਖੇ ਵਿਦਿਆਰਥੀਆਂ ਵੱਲੋਂ ਸਾਇੰਸ ਅਤੇ ਕਲਾ ਪ੍ਰਦਰਸ਼ਨੀ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ।ਇਸ ਪ੍ਰਦਰਸ਼ਨੀ ਵਿੱਚ ਬੱਚਿਆਂ ਨੇ ਬੜੀ ਲਗਨ ਅਤੇ ਰਚਨਾਤਮਕਤਾ ਨਾਲ ਆਪਣੇ ਮਾਡਲ ਅਤੇ ਕਲਾਕਾਰੀਆਂ ਪੇਸ਼ ਕੀਤੀਆਂ, ਜਿਸ ਨੂੰ ਦੇਖ ਕੇ ਮਾਪੇ ਅਤੇ ਅਧਿਆਪਕ ਬਹੁਤ ਪ੍ਰਭਾਵਿਤ ਹੋਏ।ਸਾਇੰਸ ਪ੍ਰਦਰਸ਼ਨੀ ਵਿੱਚ ਪਾਣੀ ਤੋਂ ਬਿਜਲੀ ਬਣਾਉਣ ਦਾ ਮਾਡਲ, ਨੈਚੁਰਲ ਅਤੇ ਸਿੰਥੈਟਿਕ ਫੈਬਰਿਕ ਦੀ ਜਾਣਕਾਰੀ, ਡਿਜ਼ਾਸਟਰ ਅਲਰਟ ਸਿਸਟਮ, ਰਿਵਰ ਕਲੀਨ ਪ੍ਰੋਜੈਕਟ, ਫੁੱਲਾਂ ਦੇ ਭਾਗ ਮਾਈਕਰੋਸਕੋਪ, ਵੇਸਟ ਮੈਨੇਜਮੈਂਟ ਆਦਿ ਆਕਰਸ਼ਣ ਦਾ ਕੇਂਦਰ ਰਹੇ।ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਵੱਖ-ਵੱਖ ਪ੍ਰਯੋਗ ਜਿਵੇਂ ਕਿ ਮੈਜਿਕ ਟਰੁੱਥ ਆਫ ਕੋਲਡ ਡ੍ਰਿੰਕ, ਫਲੇਮ ਟੈਸਟ ਆਫ ਹਾਈਡਰੋਕਾਰਬਨ ਆਰਟੀਫਿਸ਼ੀਅਲ ਬਲੱਡ ਵੀ ਪ੍ਰਦਰਸ਼ਿਤ ਕੀਤੇ।

ਆਰਟ ਵਿਭਾਗ ਦੀ ਕਲਾ ਪ੍ਰਦਰਸ਼ਨੀ ਵਿੱਚ ਵੀ ਵਿਦਿਆਰਥੀਆਂ ਨੇ ਆਪਣੀ ਕਲਾਤਮਕ ਯੋਗਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਲਿਪਨ ਆਰਟ, ਫੁੱਲਾਂ ਦੇ ਮਾਡਲ, ਮਾਡਰਨ ਡਿਜ਼ਾਈਨ, ਸੁੰਦਰ ਪੋਟ, ਪੇਪਰ ਤੋਂ ਬਣੀਆਂ ਵਸਤੂਆਂ ਅਤੇ ਡਿਜ਼ਾਇਨਰ ਸ਼ੀਸ਼ਿਆਂ ਨੇ ਦਰਸ਼ਕਾਂ ਦਾ ਧਿਆਨ ਖਿੱਚਿਆ।ਸਕੂਲ ਪ੍ਰਬੰਧਕਾਂ ਅਤੇ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਦੀ ਇਸ ਕੋਸ਼ਿਸ਼ ਦੀ ਭਰਪੂਰ ਸ਼ਲਾਘਾ ਕੀਤੀ ਗਈ।

# ਕਿਸਾਨ ਜਥੇਬੰਦੀਆਂ ਵੱਲੋਂ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੀ ਅਦੁੱਤੀ ਸ਼ਹਾਦਤ ਨੂੰ ਸਿਜਦਾ

ਕਲਾਨੌਰ (ਮਨਦੀਪ ਕੋਹਲੀ)-ਸੰਯੁਕਤ ਕਿਸਾਨ ਮੋਰਚਾ, ਮਜ਼ਦੂਰ ਤੇ ਮੁਲਾਜ਼ਮ ਜਥੇਬੰਦੀਆਂ ਦੇ ਸਾਂਝੇ ਮੰਚ ਵੱਲੋਂ 23 ਮਾਰਚ ਦੇ ਸ਼ਹੀਦਾਂ ਦਾ ਦਿਨ ਸਾਮਰਾਜ ਵਿਰੋਧੀ ਦਿਵਸ ਵੱਲੋਂ ਮਨਾਉਣ ਦੇ ਸੱਦੇ 'ਤੇ ਸ਼ਿਵ ਮੰਦਿਰ ਕਲਾਨੌਰ ਦੇ ਹਾਲ ਵਿੱਚ ਇਕੱਠ ਕੀਤਾ ਗਿਆ ਜਿਸ ਵਿੱਚ ਜਮਹੂਰੀ ਕਿਸਾਨ ਸਭਾ, ਕਿਰਤੀ ਕਿਸਾਨ ਯੂਨੀਅਨ, ਪੰਜਾਬ ਕਿਸਾਨ ਯੂਨੀਅਨ, ਬਾਬਾ ਅੰਬੇਡਕਰ ਕਲੱਬ, ਕਲਾਨੌਰ, ਪੰਜਾਬ ਰਾਜ ਬਿਜਲੀ ਬੋਰਡ ਇੰਪਲਾਈਜ਼ ਫੈਡਰੇਸ਼ਨ ਏਟਕ, ਲੋਕ ਲਿਖਾਰੀ ਸਭਾ ਕਲਾਨੌਰ, ਸਾਬਕਾ ਸੈਨਿਕ ਸੰਘਰਸ਼ ਕਮੇਟੀ ਸ਼ਾਮਿਲ ਹੋਈਆਂ। ਇਕੱਠ ਨੂੰ ਹਰਜੀਤ ਸਿੰਘ ਕਾਹਲੋਂ ਜ਼ਿਲ੍ਹਾ ਪ੍ਰਧਾਨ ਜਮਹੂਰੀ ਕਿਸਾਨ ਸਭਾ, ਅਸ਼ਵਨੀ ਕੁਮਾਰ ਲੱਖਣ ਕਲਾਂ ਜ਼ਿਲ੍ਹਾ ਪ੍ਰਧਾਨ ਪੰਜਾਬ ਕਿਸਾਨ ਯੂਨੀਅਨ, ਗੁਰਦੀਪ ਸਿੰਘ, ਦਲਜੀਤ ਸਿੰਘ ਤਲਵੰਡੀ, ਕਿਰਤੀ ਕਿਸਾਨ ਯੂਨੀਅਨ, ਡਾਕਟਰ ਕਮਲ ਬਾਬਾ ਅੰਬੇਡਕਰ ਕਲੱਬ ਕਲਾਨੌਰ, ਰਣਧੀਰ ਸਿੰਘ ਵਡਾਲਾ ਬਾਂਗਰ ਪੰਜਾਬ ਰਾਜ ਬਿਜਲੀ ਬੋਰਡ ਇੰਪਲਾਈਜ਼ ਏਟਕ,ਲੋਕ ਲਿਖਾਰੀ ਸਭਾ ਦੇ ਗੁਰਮੀਤ ਸਿੰਘ ਬਾਜਵਾ ਨੇ ਸੰਬੋਧਨ ਕੀਤਾ। ਰਾਜ ਸਿੰਘ ਰਾਜ ਨੇ ਕਵਿਤਾ ਰਾਹੀਂ ਸ਼ਹੀਦ ਭਗਤ ਸਿੰਘ, ਰਾਜ ਗੁਰੂ, ਸੁਖਦੇਵ ਨੂੰ ਸ਼ਰਧਾਂਜਲੀ ਦਿੱਤੀ। ਬੁਲਾਰਿਆਂ ਨੇ ਸਾਮਰਾਜ ਦੀ ਵਿਆਖਿਆ ਕਰਦਿਆਂ ਦੱਸਿਆ ਕਿ ਕਿਵੇਂ ਵੱਖ-ਵੱਖ ਸਮਿਆਂ ਵਿੱਚ ਵੱਖ-ਵੱਖ ਦੇਸ਼ ਦੂਸਰੇ ਦੇਸ਼ਾਂ ਦੀ ਵੱਖ-ਵੱਖ ਤਰੀਕਿਆਂ ਨਾਲ ਲੁੱਟ ਕਰਦੇ ਆ ਰਹੇ ਹਨ ਜਿਸ ਦੀਆਂ ਤਾਜ਼ਾ ਮਿਸਾਲਾਂ ਸਾਮਰਾਜੀ ਦੇਸ਼ ਅਮਰੀਕਾ ਵੱਲੋਂ ਪਿਛਲੇ ਲੰਬੇ ਸਮੇਂ ਤੋਂ ਵੱਖ-ਵੱਖ ਦੇਸ਼ਾਂ 'ਤੇ ਹਮਲੇ ਕਰਕੇ ਉਥੋਂ ਦੇ ਉਤਪਾਦਨ ਸਾਧਨਾਂ ਨੂੰ ਆਪਣੇ ਕਬਜ਼ੇ ਵਿੱਚ ਲਿਆ ਜਾ ਰਿਹਾ ਹੈ।ਬੁਲਾਰਿਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਆਉਣ ਵਾਲੇ ਸਮੇਂ ਵਿੱਚ ਸ਼ਹੀਦ ਭਗਤ ਸਿੰਘ ਦੇ ਸਮਾਜਵਾਦੀ ਪ੍ਰਬੰਧ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਆਪੋ ਆਪਣੀ ਜਥੇਬੰਦੀਆਂ ਨੂੰ ਹੋਰ ਮਜ਼ਬੂਤ ਕਰਕੇ ਕਾਰਪੋਰੇਟ ਤੇ ਸਾਮਰਾਜ ਵਿਰੁੱਧ ਸੰਘਰਸ਼ ਕੀਤਾ ਜਾਵੇ ਤਾਂ ਹੀ ਅਸੀਂ ਸ਼ਹੀਦ ਭਗਤ ਸਿੰਘ ਦੇ ਸੁਪਨਿਆਂ ਦਾ ਭਾਰਤ ਬਣਾ ਸਕਾਂਗੇ ਜਿੱਥੇ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਖਤਮ ਹੋਵੇਗੀ ਅਤੇ ਹਰ ਇੱਕ ਨੂੰ ਬਰਾਬਰ ਦਾ ਦਰਜਾ ਮਿਲੇਗਾ। ਅੱਜ ਦੇ ਇਕੱਠ ਵਿੱਚ ਹੋਰਨਾਂ ਤੋਂ ਇਲਾਵਾ ਸਤਨਾਮ ਸਿੰਘ ਰਹੀਮਾਬਾਦ, ਮਨਜੀਤ ਸਿੰਘ ਅਦਾਲਤਪੁਰ, ਪ੍ਰਤਾਪ ਸਿੰਘ ਦਲੇਲਪੁਰ, ਗੁਰਮੀਤ ਸਿੰਘ ਮੀਆਂਕੋਟ, ਗੁਰਮੀਤ ਸਿੰਘ ਪੱਕੀਵਾਂ, ਕਮਲਜੀਤ ਸਿੰਘ ਹੈਪੀ ਰੋੜ ਖਹਿਰਾ, ਜਗਜੀਤ ਸਿੰਘ ਰੋੜ ਖਹਿਰਾ, ਸੰਤੋਖ ਸਿੰਘ ਸ਼ਾਲੇ ਚੱਕ, ਅਰਜਨਜੀਤ ਸਿੰਘ ਔਜਲਾ, ਸੁਰਿੰਦਰ ਸ਼ਰਮਾ ਬਿਸ਼ਨਕੋਟ, ਰੋਸ਼ਨ ਲਾਲ ਜੋਸ਼ੀ ਕਲਾਨੌਰ, ਬਲਜੀਤ ਸਿੰਘ ਗੁਰਾਇਆ, ਜਰਨੈਲ ਸਿੰਘ ਸਰਾਏ ਕੋਠੀ, ਮੰਗਲ ਸਿੰਘ ਅਟਾਰੀ, ਸੁੱਚਾ ਸਿੰਘ ਡੇਰੀਵਾਲ, ਜਗਜੀਤ ਸਿੰਘ ਸ਼ੇਖ ਕਬੀਰ, ਰਣਜੀਤ ਸਿੰਘ ਰਾਣਾ ਨਾਟਕਕਾਰ ਹਾਜ਼ਰ ਸਨ।

# ਏਟਕ ਨੇ ਸ਼ਹੀਦੀ ਦਿਵਸ ਨੂੰ ਸਾਮਰਾਜ ਤੇ ਕਾਲੇ ਕਾਨੂੰਨਾਂ ਵਿਰੋਧੀ ਦਿਵਸ ਵਜੋਂ ਮਨਾਇਆ




ਪਠਾਨਕੋਟ (ਦਵਿੰਦਰ ਸਿੰਘ)-ਸ਼ਹੀਦੇ ਆਜ਼ਮ ਭਗਤ ਸਿੰਘ ਤੇ ਰਾਜਗੁਰੂ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਟਰੇਡ ਯੂਨੀਅਨ (ਏਟਕ) ਦੇ ਦਫਤਰ ਨਿਊ ਸ਼ਾਸਤਰੀ ਨਗਰ ਪਠਾਨਕੋਟ ਵਿਖੇ ਕਾਮਰੇਡ ਸੁਰਿੰਦਰ ਸਹਿਗਲ, ਮਾਸਟਰ ਸੁਭਾਸ਼ ਸ਼ਰਮਾ, ਕੇਵਲ ਸਿੰਘ ਕੰਗ, ਤੇ ਪਰਕਾਸ਼ ਸਿੰਘ ਦੀ ਪ੍ਰਧਾਨਗੀ ਹੇਠ ਮਨਾਇਆ ਗਿਆ।ਸਟੇਜ ਸੈਕਟਰੀ ਦੀ ਜ਼ਿੰਮੇਵਾਰੀ ਕਾਮਰੇਡ ਕੇਵਲ ਕਾਲੀਆ ਨੇ ਨਿਭਾਈ।ਸੈਮੀਨਾਰ ਦਾ ਮੁੱਖ ਵਿਸ਼ਾ ਸਾਮਰਾਜ ਵਿਰੋਧੀ ਅਤੇ ਕਾਲੇ ਕਾਨੂੰਨਾਂ ਦਾ ਵਿਰੋਧ ਸੀ ਜਿਸ ਨੂੰ ਹੋਰਨਾਂ ਤੋਂ ਇਲਾਵਾ ਕਾ. ਸਤ ਪ੍ਰਕਾਸ਼, ਕਾ. ਸ਼ਿਵ ਕੁਮਾਰ, ਕਾ. ਬਿਕਰਮਜੀਤ, ਕਾ. ਬਲਵੰਤ ਸਿੰਘ ਬਹਾਦਰ ਲਾਹੜੀ, ਕੇਵਲ ਸਿੰਘ ਕੰਗ, ਜੋਗਾ ਸਿੰਘ ਮਿਆਣੀ ਅਤੇ ਬਲਵੰਤ ਸਿੰਘ ਨੇ ਕੀਤਾ। ਆਏ ਸਾਥੀਆਂ ਨੇ ਸਾਮਰਾਜ ਵਿਰੋਧੀ ਤੇ ਇਨਕਲਾਬ ਜ਼ਿੰਦਾਬਾਦ ਦੇ ਨਾਹਰਿਆਂ ਨਾਲ ਸ਼ਹੀਦਾਂ ਨੂੰ ਯਾਦ ਕੀਤਾ ਤੇ ਉਨ੍ਹਾਂ ਦੇ ਆਦਰਸ਼ਾਂ 'ਤੇ ਚੱਲ ਕੇ ਸੰਘਰਸ਼ ਕਰਨ ਦਾ ਪ੍ਰਣ ਲਿਆ।ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦ ਭਗਤ ਸਿੰਘ ਤੇ ਸਾਥੀ ਆਪਣੇ ਉਦੇਸ਼ਾਂ ਸਬੰਧੀ ਬਹੁਤ ਸਪਸ਼ਟ ਸਨ।ਉਨ੍ਹਾਂ ਦਾ ਉਦੇਸ਼ ਆਜ਼ਾਦੀ ਤੋਂ ਬਾਅਦ ਲੋਕ ਪੱਖੀ ਰਾਜ ਪ੍ਰਬੰਧ ਉਸਾਰਨਾ ਸੀ ਜਿਸ ਵਿਚ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਨੂੰ ਸਮਾਪਤ ਕਰਨਾ ਸੀ।ਉਸ ਪ੍ਰਬੰਧ ਵਿਚ ਸਭ ਲਈ ਰੁਜ਼ਗਾਰ, ਸਿੱਖਿਆ ਅਤੇ ਮੁਫ਼ਤ ਇਲਾਜ ਸੀ। ਮੌਜੂਦਾ ਸਰਕਾਰ ਕਾਰਪੋਰੇਟ ਘਰਾਣਿਆਂ ਦੇ ਹਿੱਤ ਵਿੱਚ ਕਾਨੂੰਨ ਬਣਾ ਰਹੀ ਹੈ।ਭਗਤ ਸਿੰਘ ਦੇ ਰਾਹ 'ਤੇ ਚਲਦਿਆ ਚਾਰੇ ਕਾਨੂੰਨਾਂ ਵਿਰੁੱਧ ਅਤੇ ਅਮਰੀਕਾ ਵਪਾਰ ਸਮਝੌਤੇ ਵਿਰੁੱਧ ਤਿੱਖੇ ਸੰਘਰਸ਼ ਦੀ ਲੋੜ ਹੈ।ਬਿਜਲੀ ਸੋਧ ਬਿੱਲ-2025, ਬੀਜ ਬਿੱਲ -2026, ਮਨਰੇਗਾ ਦੀ ਥਾਂ ਨਵਾਂ ਕਾਨੂੰਨ, ਕੋਡ ਬਿੱਲ, ਲੋਕ ਵਿਰੋਧ ਬਿੱਲ ਹਨ।ਇਨ੍ਹਾਂ ਨੂੰ ਰੱਦ ਕਰਾਉਣ ਤੱਕ ਕਿਸਾਨਾਂ ਤੇ ਮਜ਼ਦੂਰਾਂ ਦਾ ਸਾਂਝਾ ਸੰਘਰਸ਼ ਜਾਰੀ ਰਹੇਗਾ।ਬੁਲਾਰਿਆਂ ਨੇ ਦਲੀਲਾਂ ਸਹਿਤ ਇਹ ਸਾਬਤ ਕੀਤਾ ਕਿ ਇਹ ਚਾਰੇ ਕਾਨੂੰਨ ਕਿਸਾਨਾਂ ਅਤੇ ਮਜ਼ਦੂਰਾਂ ਦੇ ਵਿਰੋਧੀ ਹਨ।ਅਮਰੀਕਾ ਲਈ ਕਰ ਮੁਕਤ ਵਪਾਰ ਜਿਸ ਨਾਲ ਭਾਰਤ ਵਿਚ ਆਉਣ ਵਾਲੀਆਂ ਵਸਤਾਂ 'ਤੇ ਕੋਈ ਟੈਕਸ ਨਹੀਂ ਲੱਗੇਗਾ ਪਰ ਭਾਰਤ ਤੋਂ ਅਮਰੀਕਾ ਨੂੰ ਜਾਣ ਵਾਲੀਆਂ ਵਸਤਾਂ 'ਤੇ 18 ਪ੍ਰਤੀਸ਼ਤ ਟੈਕਸ ਲੱਗੇਗਾ ਜਿਸ ਨਾਲ ਅਮਰੀਕਾ ਨਾਲ ਵਪਾਰ ਵਿੱਚ ਅਮਰੀਕਾ ਨੂੰ ਲਾਭ ਅਤੇ ਭਾਰਤ ਲਈ ਘਾਟੇਵੰਦਾ ਹੋਵੇਗਾ। ਉਨ੍ਹਾਂ ਕਿਹਾ ਕਿ ਸਾਮਰਾਜੀ ਹਮਲਿਆਂ ਦੀ ਨਿੰਦਾ ਕਰਨੀ ਚਾਹੀਦੀ ਹੈ।

# ਨੰਗਲ ਦੇ ਵਕੀਲਾਂ ਨੂੰ 27 ਨੂੰ ਮਿਲਣਗੇ ਨਵੇਂ ਚੈਂਬਰ : ਬੈਂਸ

## ਵਕੀਲ ਭਾਈਚਾਰੇ ਲਈ 300 ਯੂਨਿਟ ਮੁਫ਼ਤ ਬਿਜਲੀ ਦਾ ਐਲਾਨ



ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ, ਸੁਰਜੀਤ ਸਿੰਘ ਢੇਰ)-ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਐਲਾਨ ਕੀਤਾ ਹੈ ਕਿ 27 ਮਾਰਚ ਨੂੰ ਨੰਗਲ ਦੇ ਵਕੀਲ ਸਾਹਿਬਾਨਾਂ ਨੂੰ ਨਵੇਂ ਚੈਂਬਰ ਸੌਂਪੇ ਜਾਣਗੇ। ਇਹ ਕਦਮ ਵਕੀਲਾਂ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਨੂੰ ਪੂਰਾ ਕਰਦਾ ਹੈ ਤੇ ਇਸ ਨਾਲ ਉਨ੍ਹਾਂ ਨੂੰ ਆਪਣੇ ਕੰਮਕਾਜ ਲਈ ਸੁਵਿਧਾਜਨਕ ਮਾਹੌਲ ਮਿਲੇਗਾ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਵਕੀਲ ਭਾਈਚਾਰੇ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਇਹ ਚੈਂਬਰ ਤਿਆਰ ਕੀਤੇ ਗਏ ਹਨ। ਇਨ੍ਹਾਂ ਚੈਂਬਰਾਂ ਵਿੱਚ ਬੁਨਿਆਦੀ ਸਹੂਲਤਾਂ ਦੇ ਨਾਲ-ਨਾਲ ਆਧੁਨਿਕ ਸੁਵਿਧਾਵਾਂ ਦਾ ਵੀ ਪ੍ਰਬੰਧ ਕੀਤਾ ਗਿਆ ਹੈ, ਤਾਂ ਜੋ ਵਕੀਲ ਆਪਣੇ ਪੇਸ਼ੇਵਰ ਕੰਮ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਅੰਜਾਮ ਦੇ ਸਕਣ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵਕੀਲਾਂ ਦੀ ਭਲਾਈ ਲਈ ਵਚਨਬੱਧ ਹੈ।

ਇਸ ਦੇ ਨਾਲ ਹੀ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਬਿਜਲੀ ਸਪਲਾਈ ਸਬੰਧੀ ਵੀ ਵੱਡਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਜੇਕਰ ਭਾਖੜਾ ਬਿਆਸ ਮੈਨੇਜਮੈਂਟ ਬੋਰਡ (ਬੀ.ਬੀ.ਐਮ.ਬੀ) ਵੱਲੋਂ ਪਾਵਰ ਸਪਲਾਈ ਮੁਹੱਈਆ ਨਹੀਂ ਕਰਵਾਈ ਜਾਂਦੀ, ਤਾਂ ਪੰਜਾਬ ਸਰਕਾਰ ਆਪਣੇ ਵੱਲੋਂ ਪਾਵਰ ਲਾਈਨ ਵਿਛਾਏਗੀ ਅਤੇ ਪੱਕੇ ਮੀਟਰ ਲਗਾਏਗੀ। ਇਸ ਤੋਂ ਇਲਾਵਾ ਵਕੀਲ ਭਾਈਚਾਰੇ ਨੂੰ 300 ਯੂਨਿਟ ਮੁਫ਼ਤ ਬਿਜਲੀ ਵੀ ਦਿੱਤੀ ਜਾਵੇਗੀ, ਜਿਸ ਨਾਲ ਉਨ੍ਹਾਂ ਨੂੰ ਵੱਡੀ ਰਾਹਤ ਮਿਲੇਗੀ।

ਕੈਬਨਿਟ ਮੰਤਰੀ ਨੇ ਹੋਰ ਦੱਸਿਆ ਕਿ ਨੰਗਲ ਵਿੱਚ ਨਿਆਂ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਿਆ ਜਾ ਰਿਹਾ ਹੈ। ਪੰਜਾਬ ਅਤੇ ਹਰਿਆਣਾ ਹਾਈਕੋਰਟ ਨਾਲ ਵਿਚਾਰ-ਵਟਾਂਦਰਾ ਕਰਕੇ ਨੰਗਲ ਵਿੱਚ ਲਗਭਗ 5 ਏਕੜ ਜ਼ਮੀਨ 'ਤੇ ਇੱਕ ਸ਼ਾਨਦਾਰ ਅਤੇ ਆਧੁਨਿਕ ਕੋਰਟ ਜੂਡੀਸ਼ੀਅਲ ਕੰਪਲੈਕਸ ਬਣਾਇਆ ਜਾਵੇਗਾ। ਇਹ ਕੰਪਲੈਕਸ ਆਉਣ ਵਾਲੇ ਸਮੇਂ ਵਿੱਚ ਨਿਆਂ ਪ੍ਰਕਿਰਿਆ ਨੂੰ ਹੋਰ ਸੁਚੱਜਾ ਅਤੇ ਤੇਜ਼ ਬਣਾਉਣ ਵਿੱਚ ਸਹਾਇਕ ਸਾਬਤ ਹੋਵੇਗਾ।

# 100 ਦਿਨਾ ਟੀ ਬੀ ਮੁਕਤ ਮੁਹਿੰਮ ਦਾ ਆਗਾਜ਼



ਗੁਰਦਾਸਪੁਰ (ਦਿਨੇਸ਼ ਕੁਮਾਰ)-ਸਿਵਲ ਸਰਜਨ ਗੁਰਦਾਸਪੁਰ ਡਾ. ਮਹੇਸ਼ ਕੁਮਾਰ ਪ੍ਰਭਾਕਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਦਫਤਰ ਸਿਵਲ ਸਰਜਨ ਗੁਰਦਾਸਪੁਰ ਵਿਖੇ ਵਿਸ਼ਵ ਤਪਦਿਕ ਦਿਵਸ ਮਨਾਇਆ ਗਿਆ।ਇਸ ਮੌਕੇ ਜ਼ਿਲਾ ਡੈਂਟਲ ਹੈਲਥ ਅਫ਼ਸਰ ਡਾ. ਵਿਨੋਦ ਭਗਤ ਨੇ ਦੱਸਿਆ ਕਿ 2 ਹਫਤੇ ਤੋਂ ਵੱਧ ਖਾਂਸੀ ਟੀ. ਬੀ. ਹੋ ਸਕਦੀ ਹੈ। ਸ਼ਾਮ ਵੇਲੇ ਹਲਕਾ ਬੁਖ਼ਾਰ, ਭਾਰ ਦਾ ਘੱਟਣਾ, ਭੁੱਖ ਘੱਟ ਲੱਗਣੀ ਆਦਿ ਇਸ ਦੇ ਖਾਸ ਲੱਛਣ ਹਨ।ਤਪਦਿਕ ਇਕ ਅਜਿਹੀ ਬਿਮਾਰੀ ਹੈ ਜਿਸ ਦਾ ਇਲਾਜ ਅਤੇ ਰੋਕਥਾਮ ਕੀਤੀ ਜਾ ਸਕਦੀ ਹੈ।ਜੇਕਰ ਖੰਘ ਹਫਤੇ ਤੋਂ ਵੱਧ ਰਹਿੰਦੀ ਹੈ ਤਾਂ ਡਾਕਟਰ ਦੀ ਸਲਾਹ ਜ਼ਰੂਰ ਲਵੋ, ਟੀ. ਬੀ. ਤੋਂ ਪੀੜਤ ਵਿਅਕਤੀ ਤੁਹਾਡੇ ਘਰ ਵਿੱਚ ਜਾਂ ਆਲੇ ਦੁਆਲੇ ਰਹਿੰਦੇ ਹਨ ਤਾਂ ਉਨ੍ਹਾਂ ਤੋਂ ਦੂਰੀ ਬਣਾ ਕੇ ਰੱਖੋ।ਉਨ੍ਹਾਂ ਨੂੰ ਹਸਪਤਾਲ ਜਾਣ ਦੀ ਸਲਾਹ ਦਿਓ।ਜੇਕਰ ਤੁਸੀਂ ਕਿਸੇ ਬਿਮਾਰ ਵਿਅਕਤੀ ਦੇ ਸੰਪਰਕ ਵਿੱਚ ਆਉਂਦੇ ਹੋ ਤਾਂ ਆਪਣੇ ਹੱਥ ਅਤੇ ਮੂੰਹ ਚੰਗੀ ਤਰਾਂ ਸਾਫ ਕਰੋ।

ਜ਼ਿਲ੍ਹਾ ਟੀਬੀ ਅਫ਼ਸਰ ਡਾਕਟਰ ਸੁਚੇਤਨ ਅਬਰੋਲ ਅਤੇ ਐੱਸ. ਐੱਮ. ਓ. ਡਾਕਟਰ ਲਲਿਤ ਮੋਹਨ ਨੇ ਕਿਹਾ ਕਿ ਜ਼ਿਲ੍ਹੇ 'ਚ 8 ਜਗ੍ਹਾ 'ਤੇ ਟੀ ਬੀ ਟੈਸਟਿੰਗ ਦੀ ਸਹੂਲੀਅਤ ਮੁਹੱਈਆ ਕਰਵਾਈ ਗਈ ਹੈ।ਅੱਜ ਤੋਂ 100 ਦਿਨ ਤੱਕ ਟੀ. ਬੀ. ਮੁਕਤ ਮੁਹਿੰਮ ਸ਼ੁਰੂ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਟੀ. ਬੀ. ਕੋਰਸ ਨੂੰ ਪੂਰਾ ਕੀਤਾ ਜਾਵੇ।ਖਾਣੇ ਵਿੱਚ ਅਜਿਹਾ ਪੌਸ਼ਟਿਕ ਭੋਜਨ ਲਵੋ ਜਿਸ ਵਿੱਚ ਵਿਟਾਮਿਨ, ਖਣਿਜ ਲੂਣ, ਕੈਲਸ਼ੀਅਮ, ਪ੍ਰੋਟੀਨ ਅਤੇ ਫਾਈਬਰ ਕਾਫੀ ਮਾਤਰਾ 'ਚ ਹੋਣ।ਪੰਜਾਬ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਬਲਗਮ ਟੈਸਟ, ਐਕਸਰੇ ਦੀ ਸੁਵਿਧਾ ਅਤੇ ਟੀ. ਬੀ. ਦੀ ਦਵਾਈ ਮੁਫ਼ਤ ਮਿਲਦੀ ਹੈ। ਇਸ ਮੌਕੇ ਡਾਕਟਰ ਗੁਰਪ੍ਰੀਤ ਕੌਰ, ਡਾਕਟਰ ਅੰਕੁਰ ਕੌਸ਼ਲ, ਡਾਕਟਰ ਮਮਤਾ ਵਸ਼ਿਸ਼ਟ ਨੇ ਕਿਹਾ ਕਿ ਟੀ. ਬੀ. ਦੇ ਮਰੀਜ਼ ਨੂੰ ਕੋਰਸ ਪੂਰਾ ਕਰਨਾ ਚਾਹੀਦਾ ਹੈ। ਜੇਕਰ ਇਸ ਨੂੰ ਅਧੂਰਾ ਛੱਡਿਆ ਜਾਵੇ ਤਾਂ ਮਰੀਜ਼ ਨੂੰ ਐੱਸ. ਡੀ. ਆਰ. ਟੀ. ਬੀ. ਹੋ ਸਕਦੀ ਹੈ।

# ਸੇਮ ਨਹਿਰ ਦੀ ਸਫ਼ਾਈ ਤੇ ਡੂੰਘਾਈ ਕਰਵਾਉਣ ਲਈ ਡਰੇਨੇਜ ਵਿਭਾਗ ਨੂੰ ਲਾਈ ਗੁਹਾਰ



ਗੁਰਦਾਸਪੁਰ, (ਜਨਕ ਮਹਾਜਨ)-ਗੁਰਦਾਸਪੁਰ ਦੇ ਬੇਟ ਖੇਤਰ ਅੰਦਰ ਨਿਕਲਦੀ ਸੇਮ ਨਹਿਰ ਦੀ ਸਫਾਈ ਤੇ ਡੂੰਘਾਈ ਨਾ ਹੋਣ ਕਰਕੇ ਬਰਸਾਤੀ ਪਾਣੀ ਨਾਲਿਆਂ ਵਿਚ ਬੈਕ ਮਾਰਨ ਨਾਲ ਨਾਲਿਆਂ ਦੀਆਂ ਫ਼ਸਲਾਂ ਕਾਫ਼ੀ ਪ੍ਰਭਾਵਿਤ ਹੋ ਰਹੀਆਂ ਹਨ। ਇਸ ਪਾਸੇ ਡਰੇਨੇਜ ਵਿਭਾਗ ਗੁਰਦਾਸਪੁਰ ਬਿਲਕੁਲ ਧਿਆਨ ਨਹੀਂ ਦੇ ਰਿਹਾ ਜਿਸ ਕਰਕੇ ਇਲਾਕੇ ਦੇ ਕਿਸਾਨਾਂ ਦਾ ਜ਼ਿਲ੍ਹਾ ਪ੍ਰਸ਼ਾਸਨ ਖ਼ਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਬੇਟ ਇਲਾਕੇ ਦੇ ਕਿਸਾਨਾਂ ਨੇ ਦੱਸਿਆ ਕਿ ਭਾਵੇਂ ਡਰੇਨਜ ਵਿਭਾਗ ਗੁਰਦਾਸਪੁਰ ਵਲੋਂ ਨਾਲਿਆਂ ਅਤੇ ਸੇਮ ਨਹਿਰ ਦੀ ਸਫ਼ਾਈ ਕਰਵਾਈ ਜਾਂਦੀ ਹੈ ਤੇ ਸਫ਼ਾਈ ਸਮੇਂ ਮਿਟੀ ਨੇੜੇ ਸੁੱਟ ਦਿੱਤੀ ਜਾਂਦੀ ਹੈ, ਜਦੋਂ ਫ਼ਿਰ ਜਦੋਂ ਭਾਰੀ ਮੀਂਹ ਆਉਂਦਾ ਹੈ ਤਾਂ ਉਹ ਮਿੱਟੀ ਨਾਲਿਆਂ ਅਤੇ ਨਹਿਰ ਵਿਚ ਡਿਗ ਕੇ ਰਿੱਬ ਜੰਮ ਜਾਂਦੀ ਹੈ। ਸੇਮ ਨਹਿਰ ਵਿਚ ਪਾਣੀ ਦਾ ਵਹਾਅ ਠੀਕ ਨਹੀਂ ਹੁੰਦਾ ਜਿਸ ਕਰਕੇ ਉਹ ਪਾਣੀ ਓਵਰਫਲੋ ਹੋ ਕੇ ਕਿਸਾਨਾਂ ਦੇ ਖੇਤਾਂ ਵਿਚ ਚਲਾ ਜਾਂਦਾ ਹੈ ਤੇ ਫ਼ਸਲਾਂ ਨੂੰ ਭਾਰੀ ਨੁਕਸਾਨ ਪਹੁੰਚਦਾ ਹੈ। ਇਸ ਨਾਲ ਕਿਸਾਨਾਂ ਨੂੰ ਆਰਥਿਕ ਤੌਰ 'ਤੇ ਕਾਫ਼ੀ ਮਾਰ ਝਲਣੀ ਪੈਂਦੀ ਹੈ। ਉਨ੍ਹਾਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਡਰੇਨੇਜ ਵਿਭਾਗ ਪੰਜਾਬ ਨੂੰ ਹਦਾਇਤਾਂ ਕਰਕੇ ਗੁਰਦਾਸਪੁਰ ਦੇ ਬੇਟ ਇਲਾਕੇ ਅੰਦਰ ਵਗਦੀ ਸਮੇ ਨਹਿਰ ਦੀ ਸਫ਼ਾਈ ਪਹਿਲ ਦੇ ਆਧਾਰ 'ਤੇ ਕਰਵਾਈ ਜਾਵੇ।

# ਤੰਗ ਸੜਕ ਦੇ ਕੰਢੇ 'ਤੇ ਰੁੱਖਾਂ ਕਾਰਨ ਰਾਹਗੀਰ ਪ੍ਰੇਸ਼ਾਨ

## * ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਨੇ ਕੀਤੀ ਸੁਧਾਰ ਦੀ ਮੰਗ



ਬਟਾਲਾ, (ਤਰਲੋਕ ਬੱਗਾ): ਬਟਾਲਾ ਬਾਈਪਾਸ ਤੋਂ ਕੁੱਝ ਦੂਰੀ 'ਤੇ ਸ਼ਹਿਰ 'ਚ ਦਾਖ਼ਲ ਹੁੰਦੇ ਸਮੇਂ ਸੜਕ ਦੇ ਅਚਾਨਕ ਤੰਗ ਹੋ ਜਾਣ ਕਾਰਨ ਰਾਹਗੀਰਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਕੁਝ ਰੁੱਖਾਂ ਦੇ ਰਸਤੇ 'ਚ ਹੋਣ ਕਾਰਨ ਇੱਥੇ ਸੜਕ ਦਾ ਨਿਰਮਾਣ ਮੁਕੰਮਲ ਨਹੀਂ ਕੀਤਾ ਗਿਆ, ਜਿਸ ਦੇ ਕਾਰਨ ਇਹ ਸਥਾਨ ਹਾਦਸਿਆਂ ਦਾ ਅੱਡਾ ਬਣਦਾ ਜਾ ਰਿਹਾ ਹੈ।ਇਸ ਸਬੰਧੀ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਤਹਿਸੀਲ ਬਟਾਲਾ ਦੇ ਪ੍ਰਧਾਨ ਝਿਰਮਲ ਸਿੰਘ ਬੱਜੂਮਾਨ ਅਤੇ ਸਕੱਤਰ ਜੋਗਾ ਸਿੰਘ ਨੱਤ ਨੇ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਪ੍ਰਸ਼ਾਸਨ ਦੀ ਲਾਪਰਵਾਹੀ ਕਾਰਨ ਇੱਥੇ ਆਏ ਦਿਨ ਸੜਕ ਹਾਦਸੇ ਵਾਪਰ ਰਹੇ ਹਨ, ਪਰ ਅਧਿਕਾਰੀ ਇਸ ਗੰਭੀਰ ਮੁੱਦੇ ਵੱਲ ਕੋਈ ਧਿਆਨ ਨਹੀਂ ਦੇ ਰਹੇ।ਉਨ੍ਹਾਂ ਦੱਸਿਆ ਕਿ ਸੜਕ ਦੇ ਵਿਚਕਾਰ ਬਣੇ ਖੱਡੇ ਅਤੇ ਰੁੱਖਾਂ ਕਾਰਨ ਵਾਹਨ ਚਾਲਕਾਂ ਨੂੰ ਲੰਘਣ ਵੇਲੇ ਕਾਫ਼ੀ ਦਿੱਕਤ ਆਉਂਦੀ ਹੈ।

ਕਿਸਾਨ ਆਗੂਆਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਅਤੇ ਐੱਸਡੀਐੱਮ ਬਟਾਲਾ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਇਨ੍ਹਾਂ ਰੁਕਾਵਟਾਂ ਨੂੰ ਦੂਰ ਕਰਕੇ ਸੜਕ ਨੂੰ ਬਾਈਪਾਸ ਨਾਲ ਸਿੱਧਾ ਜੋੜਿਆ ਜਾਵੇ।ਉਨ੍ਹਾਂ ਕਿਹਾ ਕਿ ਜੇਕਰ ਸੜਕ ਨੂੰ ਪਹਿਲ ਦੇ ਅਧਾਰ 'ਤੇ ਚੌੜਾ ਕੀਤਾ ਜਾਵੇ ਤਾਂ ਹੀ ਕੀਮਤੀ ਜਾਨਾਂ ਨੂੰ ਹਾਦਸਿਆਂ ਤੋਂ ਬਚਾਇਆ ਜਾ ਸਕਦਾ ਹੈ।

# ਵਾਰਡ ਨੰ: 64 ਰਾਣੀ ਕਾ ਬਾਗ 'ਚ ਸੜਕਾਂ 'ਤੇ ਪ੍ਰੀਮਿਕਸ ਪਾਉਣ ਦਾ ਕੰਮ ਸ਼ੁਰੂ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਆਮ ਆਦਮੀ ਪਾਰਟੀ ਦੇ ਅੰਮ੍ਰਿਤਸਰ ਪੱਛਮੀ ਤੋਂ ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਵੱਲੋਂ ਅੱਜ ਵਾਰਡ ਨੰ: 64 ਰਾਣੀ ਕਾ ਬਾਗ ਵਿੱਚ ਸੜਕਾਂ 'ਤੇ ਪ੍ਰੀਮਿਕਸ ਪਾਉਣ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਵਾਰਡ ਇੰਚਾਰਜ ਐਡਵੋਕੇਟ ਰਮਨ ਕੁਮਾਰ, ਬਲਾਕ ਪ੍ਰਧਾਨ ਜਗਜੀਤ ਸਿੰਘ ਅਤੇ ਹੋਰ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਹਲਕੇ ਦੇ ਹਰ ਇਲਾਕੇ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਅਤੇ ਲੋਕਾਂ ਨੂੰ ਸੁਵਿਧਾਵਾਂ ਦੇਣਾ ਮਾਨ ਸਰਕਾਰ ਦੀ ਮੁੱਖ ਪ੍ਰਾਥਮਿਕਤਾ ਹੈ।

ਡਾ. ਸੰਧੂ ਨੇ ਕਿਹਾ ਕਿ ਰਾਣੀ ਕਾ ਬਾਗ ਇਲਾਕੇ ਵਿੱਚ ਸੜਕਾਂ ਸੰਬੰਧੀ ਲੋਕਾਂ ਨੂੰ ਕਾਫੀ ਸਮੇਂ ਤੋਂ ਦਿਕਤਾਂ ਨੂੰ ਧਿਆਨ ਵਿੱਚ ਰੱਖਦਿਆਂ ਇਹ ਕੰਮ ਤੁਰੰਤ ਸ਼ੁਰੂ ਕਰਵਾਇਆ ਗਿਆ ਹੈ।ਉਨ੍ਹਾਂ ਨੇ ਭਰੋਸਾ ਦਿੱਤਾ ਕਿ ਕੰਮ ਉੱਚ ਗੁਣਵੱਤਾ ਨਾਲ ਅਤੇ ਨਿਰਧਾਰਿਤ ਸਮੇਂ ਵਿੱਚ ਪੂਰਾ ਕੀਤਾ ਜਾਵੇਗਾ ਤਾਂ ਜੋ ਲੋਕਾਂ ਨੂੰ ਲੰਬੇ ਸਮੇਂ ਲਈ ਰਾਹਤ ਮਿਲ ਸਕੇ।ਉਨ੍ਹਾਂ ਹੋਰ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਕੰਮ ਦੀ ਰਾਜਨੀਤੀ 'ਤੇ ਵਿਸ਼ਵਾਸ ਕਰਦੀ ਹੈ ਅਤੇ ਬਿਨਾਂ ਕਿਸੇ ਭੇਦਭਾਵ ਦੇ ਹਰ ਵਾਰਡ ਵਿੱਚ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਹਲਕੇ ਵਿੱਚ ਸੜਕਾਂ, ਗਲੀਆਂ, ਪਾਣੀ ਅਤੇ ਸਫਾਈ ਵਰਗੀਆਂ ਬੁਨਿਆਦੀ ਸਹੂਲਤਾਂ ਨੂੰ ਲਗਾਤਾਰ ਸੁਧਾਰਿਆ ਜਾ ਰਿਹਾ ਹੈ।ਇਲਾਕਾ ਨਿਵਾਸੀਆਂ ਨੇ ਵਿਧਾਇਕ ਡਾ. ਸੰਧੂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਕੰਮ ਇਲਾਕੇ ਲਈ ਬਹੁਤ ਲਾਭਦਾਇਕ ਸਾਬਤ ਹੋਵੇਗਾ ਅਤੇ ਉਨ੍ਹਾਂ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਸਮੱਸਿਆਵਾਂ ਦਾ ਹੱਲ ਕਰੇਗਾ।

ਅਖੀਰ ਵਿੱਚ ਪਾਰਟੀ ਆਗੂਆਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਦੇ ਹੋਰ ਵਿਕਾਸ ਪ੍ਰੋਜੈਕਟ ਸ਼ੁਰੂ ਕੀਤੇ ਜਾਣਗੇ, ਤਾਂ ਜੋ ਅੰਮ੍ਰਿਤਸਰ ਪੱਛਮੀ ਨੂੰ ਇੱਕ ਮਾਡਲ ਹਲਕਾ ਬਣਾਇਆ ਜਾ ਸਕੇ।ਇਸ ਮੌਕੇ ਮੇਰੇ ਨਾਲ ਐਡਵੋਕੇਟ ਰਮਨ ਕੁਮਾਰ, ਜਗਜੀਤ ਸਿੰਘ, ਗੌਤਮ ਕੁੰਦਰਾ, ਭਾਗਿਆ ਸਹਿਗਲ, ਸੁਨੀਤਾ, ਪਰਮਜੀਤ ਕੌਰ, ਮਨਜੀਤ ਕੌਰ, ਪੀ. ਏ. ਮਾਧਵ ਸ਼ਰਮਾ ਆਦਿ ਮੌਜੂਦ ਸਨ।

# 2 ਵੱਖ-ਵੱਖ ਮਾਮਲਿਆਂ 'ਚ ਨਸ਼ਾ ਤਸਕਰ ਕਾਬੂ

ਗੁਰਦਾਸਪੁਰ, (ਜਨਕ ਮਹਾਜਨ)-ਥਾਣਾ ਸਿਟੀ ਗੁਰਦਾਸਪੁਰ ਦੇ ਐੱਸ. ਆਈ. ਸੋਮ ਲਾਲ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਗੁਰਦਾਸਪੁਰ ਤੋਂ ਸੰਨੀ ਪੁੱਤਰ ਮਦਨ ਲਾਲ ਵਾਸੀ ਗੁਰਦਾਸਪੁਰ ਨੂੰ ਕਾਬੂ ਕਰਕੇ ਉਸ ਪਾਸੋਂ ਬ੍ਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿੱਚੋਂ 6 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਇਸੇ ਤਰ੍ਹਾਂ ਥਾਣਾ ਭੈਣੀ ਮੀਆਂ ਖਾਂ ਦੇ ਏ. ਐੱਸ. ਆਈ. ਅਵਤਾਰ ਸਿੰਘ ਨੇ ਸਮੇਤ ਪੁਲਸ ਪਾਰਟੀ ਝੰਡਾ ਮੋੜ ਬੱਸ ਸਟਾਪ ਨਾਨੋਵਾਲ ਜੀਂਦਰ ਤੋਂ ਉਪਰਮਜੀਤ ਪੁੱਤਰ ਨਿਹਾਲ ਚੰਦ ਵਾਸੀ ਬਟਾਲਾ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਦੀ ਤਲਾਸ਼ੀ ਕੀਤੀ ਤਾਂ ਇਕ ਮੋਮੀ ਲਿਫਾਫਾ ਬ੍ਰਾਮਦ ਹੋਇਆ ਜਿਸ ਵਿੱਚੋ 7 ਗ੍ਰਾਮ ਹੈਰੋਇਨ ਬ੍ਰਾਮਦ ਹੋਈ। ਪੁਲਸ ਨੇ ਦੋਵਾਂ ਮਾਮਲਿਆਂ ਵਿਚ ਕਾਬੂ ਕੀਤੇ ਵਿਅਕਤੀਆਂ ਖ਼ਿਲਾਫ਼ ਐੱਨ. ਡੀ. ਪੀ. ਐਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਸੜਕ ਨੀਵੀਂ ਬਣਾਉਣ ਦੀ ਮੰਗ ਨੂੰ ਲੈ ਕੇ ਲੋਕਾਂ ਦਾ ਵਫਦ ਡੀ ਸੀ ਨੂੰ ਮਿਲਿਆ



ਚੇਤਣਪੁਰਾ (ਸੁਖਵੰਤ ਚੇਤਨਪੁਰੀ)-ਪਾਣੀ ਦਾ ਕੁਦਰਤੀ ਵਹਾਅ ਬਹਾਲ ਕਰੋ ਕਮੇਟੀ ਦਾ ਇਕ ਵਫਦ ਕਮੇਟੀ ਦੇ ਪ੍ਰਧਾਨ ਅਵਤਾਰ ਸਿੰਘ ਜੱਸੜ ਦੀ ਅਗਵਾਈ ਵਿਚ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਵਿੰਦਰਪਾਲ ਸਿੰਘ ਨੂੰ ਮਿਲਿਆ ਅਤੇ ਮੰਗ ਕੀਤੀ ਕਿ ਤਹਿਸੀਲ ਅਜਨਾਲਾ ਦੇ ਅੱਡਾ ਸੁਧਾਰ ਤੋਂ ਪਿੰਡ ਥੋਬਾ ਵੱਲ ਜਾਦੀ ਲਿੰਕ ਸੜਕ ਨੂੰ ਨੀਵਾਂ ਕਰਕੇ ਬਣਾਇਆ ਜਾਵੇ ਤਾਂ ਜੋ ਪਾਣੀ ਦਾ ਕੁਦਰਤੀ ਵਹਾਅ ਬਹਾਲ ਹੋ ਸਕੇ। ਇਸ ਸਬੰਧੀ ਪ੍ਰੈੱਸ ਨਾਲ ਗੱਲ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਅਤੇ ਜ਼ਿਲਾ ਪ੍ਰੈੱਸ ਸਕੱਤਰ ਸੁਖਦੇਵ ਸਿੰਘ ਸਹਿੰਸਰਾ ਨੇ ਦੱਸਿਆ ਕਿ, ਪਿੰਡ ਸੁਧਾਰ ਤੋ ਪਿੰਡ ਥੋਬੇ ਵਿਚਕਾਰ ਇਹ ਇਲਾਕਾ ਰਾਵੀ ਦਰਿਆ ਦਾ ਪੁਰਾਣਾ ਵਹਾਅ ਹੈ ਅਤੇ ਇਥੇ ਬਣੀ ਸੜਕ ਜ਼ਮੀਨ ਦੇ ਪੱਧਰ ਤੋ ਲਗਭਗ ਤਿੰਨ ਫੁੱਟ ਉਚੀ ਹੈ। ਇਸ ਵਾਰ ਅਗਸਤ ਵਿਚ ਆਏ ਹੜ ਦੌਰਾਨ ਸੜਕ ਦੀ ਰੁਕਾਵਟ ਕਾਰਨ ਪਿੰਡ ਕੁਰਾਲੀਆ, ਜੱਸੜ, ਮਾਕੋਵਾਲ ਅਤੇ ਰਵਾਲ ਪਿੰਡ ਦੀ ਸੈਕੜੇ ਏਕੜ ਫਸਲ ਖਰਾਬ ਹੋ ਗਈ ਸੀ। ਹੁਣ ਜਦੋਂ ਇਹ ਸੜਕ ਦੁਬਾਰਾ ਬਣ ਰਹੀ ਹੈ ਤਾਂ ਇਸ ਸੜਕ ਨੂੰ ਹੋਰ ਵੀ ਡੇਢ ਦੋ ਫੁੱਟ ਉਚਾ ਕਰਕੇ ਬਣਾਇਆ ਜਾ ਰਿਹਾ ਹੈ। ਕਮੇਟੀ ਨੇ ਮੰਗ ਕੀਤੀ ਕਿ ਸੜਕ ਨੂੰ ਹੋਰ ਉਚਾ ਕਰਨ ਦੀ ਬਜਾਏ ਇਸ ਨੂੰ ਨੀਵਾ ਕੀਤਾ ਜਾਵੇ ਤਾਂ ਜੋ ਪਾਣੀ ਅੱਗੇ ਨਿਕਲ ਸਕੇ ਅਤੇ ਕਿਸਾਨਾਂ ਦੀ ਫਸਲ ਖਰਾਬ ਹੋਣ ਤੋ ਬਚ ਸਕੇ। ਡੀ. ਸੀ. ਸਾਹਿਬ ਨੇ ਕਮੇਟੀ ਵੱਲੋਂ ਦਿੱਤੀ ਅਰਜੀ ਐਗਜ਼ੀਕਿਊਟਿਵ ਇੰਜੀਨੀਅਰ ਮੰਡੀ ਬੋਰਡ ਨੂੰ ਰਿਪੋਰਟ ਕਰਨ ਲਈ ਅੱਗੇ ਭੇਜ ਦਿੱਤੀ। ਇਸ ਵਫਦ ਵਿਚ ਕਮੇਟੀ ਦੇ ਮੈਂਬਰ ਦਿਲਬਾਗ ਸਿੰਘ ਮਾਕੋਵਾਲ, ਬਲਬੀਰ ਸਿੰਘ ਕੁਰਾਲੀਆ ਅਤੇ ਜਸਵੰਤ ਸਿੰਘ ਕੁਰਾਲੀਆ ਹਾਜ਼ਰ ਸਨ।

# ਜੰਗਲੀ ਜੀਵ ਰੇਂਜ ਹਰੀਕੇ, ਜੰਗਲੀ ਜੀਵ ਮੰਡਲ ਫ਼ਿਰੋਜ਼ਪੁਰ ਨੇ 2 ਲੱਖ ਮੱਛੀਆਂ ਦੇ ਪੂੰਗ ਛੱਡੇ



ਪੱਟੀ, (ਬਲਦੇਵ ਸਿੰਘ ਸੰਧੂ)-ਬਿਆਸ ਕੰਜ਼ਰਵੇਸ਼ਨ ਰਿਜ਼ਰਵ ਦੀ ਕੁਦਰਤੀ ਜੈਵਿਕ ਵਿਭਿੰਨਤਾ ਨੂੰ ਸੁਰਜੀਤ ਕਰਨ ਅਤੇ ਦਰਿਆਈ ਵਾਤਾਵਰਣ ਨੂੰ ਸੰਤੁਲਿਤ ਬਣਾਏ ਰੱਖਣ ਲਈ ਜੰਗਲੀ ਜੀਵ ਰੇਂਜ ਹਰੀਕੇ, ਜੰਗਲੀ ਜੀਵ ਮੰਡਲ ਫਿਰੋਜ਼ਪੁਰ ਵੱਲੋਂ ਇੱਕ ਮਹੱਤਵਪੂਰਨ ਅਤੇ ਸ਼ਲਾਘਾਯੋਗ ਉਪਰਾਲਾ ਕੀਤਾ ਗਿਆ ਹੈ।ਵਣ ਮੰਡਲ ਅਫ਼ਸਰ ਜੰਗਲੀ ਜੀਵ ਮੰਡਲ ਫਿਰੋਜ਼ਪੁਰ ਹਰਪ੍ਰੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜੰਗਲੀ ਜੀਵ ਰੇਂਜ ਹਰੀਕੇ ਵੱਲੋਂ ਪਿੰਡ ਕੰਬੋਅ ਢਾਏ ਵਾਲਾ ਵਿਖੇ ਬਿਆਸ ਦਰਿਆ ਵਿੱਚ ਲਗਭਗ 2 ਲੱਖ ਮੱਛੀਆਂ ਦੇ ਪੂੰਗ (ਫਿਸ਼ ਸੀਡ) ਛੱਡੇ ਗਏ।ਇਸ ਮੁਹਿੰਮ ਦੀ ਅਗਵਾਈ ਵਣ ਰੇਂਜ ਅਫ਼ਸਰ, ਜੰਗਲੀ ਜੀਵ ਰੇਂਜ ਹਰੀਕੇ, ਕਮਲਜੀਤ ਸਿੰਘ ਵੱਲੋਂ ਕੀਤੀ ਗਈ।ਇਸ ਮੌਕੇ ਜਾਣਕਾਰੀ ਦਿੰਦਿਆਂ ਰੇਂਜ ਅਫ਼ਸਰ ਨੇ ਦੱਸਿਆ ਕਿ ਦਰਿਆ ਵਿੱਚ ਮੁੱਖ ਤੌਰ ਤੇ ਰੋਹੂ, ਕਤਲਾ ਅਤੇ ਮੁਰਾਖ ਪ੍ਰਜਾਤੀਆਂ ਦੇ ਪੂੰਗ ਛੱਡੇ ਗਏ ਹਨ।ਉਨ੍ਹਾਂ ਕਿਹਾ ਕਿ ਇਹ ਮੱਛੀਆਂ ਦਰਿਆਈ ਪ੍ਰਣਾਲੀ ਵਿੱਚ ਕਲੀਨਿੰਗ ਏਜੰਟ ਵਜੋਂ ਕੰਮ ਕਰਦੀਆਂ ਹਨ ਅਤੇ ਪਾਣੀ ਵਿੱਚ ਮੌਜੂਦ ਵਾਧੂ ਜੈਵਿਕ ਪਦਾਰਥਾਂ ਨੂੰ ਖਾ ਕੇ ਪਾਣੀ ਦੀ ਕੁਦਰਤੀ ਸਫ਼ਾਈ ਨੂੰ ਬਰਕਰਾਰ ਰੱਖਦੀਆਂ ਹਨ।ਵਿਭਾਗ ਦੇ ਅਧਿਕਾਰੀਆਂ ਅਨੁਸਾਰ ਇਸ ਕਦਮ ਦਾ ਮੂਲ ਉਦੇਸ਼ ਸਿਰਫ਼ ਮੱਛੀਆਂ ਦੀ ਗਿਣਤੀ ਵਧਾਉਣਾ ਹੀ ਨਹੀਂ, ਸਗੋਂ ਪੂਰੇ ਦਰਿਆਈ ਈਕੋਸਿਸਟਮ ਨੂੰ ਮਜ਼ਬੂਤ ਕਰਨਾ ਹੈ।ਮੱਛੀਆਂ ਦੀ ਵਾਧੂ ਉਪਲਬਧਤਾ ਨਾਲ ਦਰਿਆ ਵਿੱਚ ਰਹਿਣ ਵਾਲੇ ਹੋਰ ਜਲ ਜੀਵਾਂ ਅਤੇ ਦੂਰ-ਦੁਰਾਡੇ ਤੋਂ ਆਉਣ ਵਾਲੇ ਪ੍ਰਵਾਸੀ ਪੰਛੀਆਂ ਲਈ ਭੋਜਨ ਦੀ ਲੜੀ ਮਜ਼ਬੂਤ ਹੋਵੇਗੀ।

# ਐੱਸ ਐੱਸ ਐੱਮ ਕਾਲਜ ਦੀਨਾਨਗਰ 'ਚ ਸ਼ਹੀਦਾਂ ਦੀ ਯਾਦ 'ਚ ਪ੍ਰੋਗਰਾਮ ਆਯੋਜਿਤ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਐੱਸ. ਐੱਸ. ਐੱਮ. ਕਾਲਜ ਦੀਨਾਨਗਰ ਵਿਖੇ ਸ਼ਹੀਦ ਭਗਤ ਵੈੱਲਫੇਅਰ ਸੁਸਾਇਟੀ ਦੇ ਪ੍ਰਧਾਨ ਰਮੇਸ਼ ਪਾਲ ਦੇ ਦਿਸ਼ਾ ਨਿਰਦੇਸ਼ ਅਨੁਸਾਰ ਸ਼ਹੀਦ ਭਗਤ ਸਿੰਘ ਵੈੱਲਫੇਅਰ ਸੋਸਾਇਟੀ ਦੀਨਾਨਗਰ ਅਤੇ ਐੱਨ ਐੱਸ ਐੱਸ ਵਿਭਾਗ ਐੱਸ ਐੱਸ ਐੱਮ ਕਾਲਜ ਦੀਨਾਨਗਰ ਵੱਲੋਂ ਸੰਯੁਕਤ ਰੂਪ ਵਿੱਚ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦਾ ਸ਼ਹੀਦੀ ਦਿਹਾੜਾ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ।ਇਸ ਮੌਕੇ ਸੁਸਾਇਟੀ ਦੇ ਵਾਇਸ ਪ੍ਰਧਾਨ ਮਾਸਟਰ ਭਪਿੰਦਰ ਸਿੰਘ ਵੱਲੋਂ ਮੰਚ ਸੰਚਾਲਕ ਦੀ ਭੂਮਿਕਾ ਨਿਭਾਈ ਗਈ ।ਕਾਲਜ ਦੇ ਪ੍ਰਿੰਸੀਪਲ ਆਰ. ਕੇ. ਤੁਲੀ ਨੂੰ ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਸਨਮਾਨਿਤ ਕੀਤਾ ਗਿਆ। ਸੋਸਾਇਟੀ ਦੇ ਜਨਰਲ ਸਕੱਤਰ ਕਿਰਪਾਲ ਸਿੰਘ ਨੇ ਆਪਣੇ ਸੰਬੋਧਨ ਵਿੱਚ ਦੱਸਿਆ ਕਿ ਅੱਜ ਦੇ ਨੌਜਵਾਨਾਂ ਨੂੰ ਸ਼ਹੀਦਾਂ ਦੇ ਨਕਸ਼ੇ ਕਦਮ ਉਪਰ ਚਲਦੇ ਹੋਏ ਦੇਸ਼ ਦੀ ਨਿਸ਼ਕਾਮ ਭਾਵਨਾ ਨਾਲ ਸੇਵਾ ਕਰਨੀ ਚਾਹੀਦੀ ਹੈ। ਪ੍ਰਿੰਸੀਪਲ ਆਰਕੇ ਤੁਲੀ ਨੇ ਆਪਣੇ ਸੰਬੋਧਨ ਵਿੱਚ ਆਖਿਆ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਸਦਕਾ ਅੱਜ ਅਸੀਂ ਆਜ਼ਾਦੀ ਦਾ ਆਨੰਦ ਮਾਨ ਰਹੇ ਹਾਂ। ਸੁਸਾਇਟੀ ਦੇ ਪ੍ਰੈੱਸ ਸਕੱਤਰ ਪ੍ਰੋਫੈਸਰ ਸੁਬੀਰ ਰਗਬੋਤਰ ਨੇ ਸ਼ਹੀਦ ਭਗਤ ਸਿੰਘ ਅਤੇ ਕ੍ਰਾਂਤੀਕਾਰੀ ਸ਼ਹੀਦਾਂ ਦੇ ਜੀਵਨ ਬਾਰੇ ਖੁੱਲ ਕੇ ਜਾਣਕਾਰੀ ਦਿੱਤੀ।ਐੱਸ. ਡੀ. ਓ. ਹੇਮ ਰਾਜ, ਪ੍ਰੋ : ਕੰਵਲਜੀਤ ਕੌਰ ਅਤੇ ਹੋਰ ਬੁਲਾਰਿਆਂ ਨੇ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਜੀਵਨ ਬਾਰੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਸੁਭਾਸ਼ ਕੁਮਾਰ, ਜੋਧ ਰਾਜ, ਦੀਪਕ ਸਿੰਗਲਾ, ਤੀਰਥ ਰਾਜ ਸੁਰਿੰਦਰ ਸਿੰਘ, ਡਾਕਟਰ ਸੁਭਾਸ਼, ਠਾਕੁਰ ਸੁਭਾਸ਼ ਸਿੰਘ, ਪ੍ਰੋ : ਕੰਵਲਜੀਤ ਕੌਰ, ਪ੍ਰੋ: ਰੰਜਨ ਹਾਡਾਂ ਪ੍ਰੋ: ਸੁਸ਼ਮਾ ਦੇਵੀ, ਪ੍ਰੋ,: ਨਵਿਤਾ, ਪ੍ਰੋ: ਮਨਜੀਤ, ਪ੍ਰੋ: ਸ਼ਿਵਾਨੀ ਠਾਕੁਰ ਪ੍ਰੋ: ਅਮਰਜੀਤ ਕੌਰ, ਪ੍ਰੋ: ਬੰਧਨਾ, ਪ੍ਰੋਫੈਸਰ ਕਾਲਜ ਦੇ ਵਿਦਿਆਰਥੀ ਹਾਜ਼ਰ ਸਨ।

# ਸ਼ੈਰੀ ਕਲਸੀ ਨੇ ਵਾਰਡ ਨੰਬਰ 33 'ਚ ਗਲੀ ਬਣਾਉਣ ਦਾ ਨੀਂਹ ਪੱਥਰ ਰੱਖਿਆ



**ਬਟਾਲਾ, (ਡਾ. ਮਲਵਿੰਦਰ ਸਿੰਘ)**-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਵਾਰਡ ਨੰਬਰ 33 ਵਿਖੇ ਲੋਕਾਂ ਦੀ ਮੌਜੂਦਗੀ ਵਿੱਚ ਗਲੀਆਂ ਬਣਾਉਣ ਦਾ ਨੀਂਹ ਪੱਥਰ ਰੱਖਿਆ।ਇਸ ਮੌਕੇ ਹਨੀ ਲਾਲ ਚੌਹਾਨ ਅਤੇ ਵਾਰਡ ਵਾਸੀ ਮੌਜੂਦ ਸਨ।ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਤੋਂ ਲਗਾਤਾਰ ਬਟਾਲਾ ਹਲਕੇ ਅੰਦਰ ਚਹੁੰਪੱਖੀ ਵਿਕਾਸ ਲਈ ਯਤਨਸ਼ੀਲ ਹਨ ਅਤੇ ਵਿਕਾਸ ਕਾਰਜਾਂ ਦੀ ਲੜੀ ਤਹਿਤ ਇਥੋਂ ਦੇ ਲੋਕਾਂ ਦੀਆਂ ਮੁਸ਼ਕਿਲਾਂ ਦੂਰ ਕਰਦਿਆਂ ਗਲੀ ਬਣਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ।

ਪੱਤਰਕਾਰਾਂ ਦੇ ਸਵਾਲ ਦਾ ਜਵਾਬ ਦਿੰਦਿਆਂ ਵਿਧਾਇਕ ਸ਼ੈਰੀ ਕਲਸੀ ਦੱਸਿਆ ਕਿ ਬਟਾਲਾ ਵਾਸੀਆਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਹੂਲਤਾਂ ਦੇਣ ਦੇ ਮਕਸਦ ਨਾਲ ਨਵੇਂ ਤਹਿਸੀਲ ਕੰਪਲੈਕਸ ਦਾ ਮੁੱਖ ਮੰਤਰੀ ਪੰਜਾਬ ਵਲੋਂ ਉਦਘਾਟਨ ਕਰਨ ਉਪਰੰਤ ਲੋਕਾਂ ਨੂੰ ਸਮਰਪਿਤ ਕਰ ਦਿੱਤਾ ਗਿਆ ਹੈ ਅਤੇ ਬੀਤੇ ਕੱਲ੍ਹ ਹੀ ਬਟਾਲਾ ਸ਼ਹਿਰ ਵਿੱਚ ਸੀ. ਸੀ. ਟੀ. ਵੀ. ਕੈਮਰੇ ਲਗਾਉਣ ਦੀ ਸ਼ੁਰੂਆਤ ਕੀਤੀ ਗਈ ਹੈ।ਇਸੇ ਤਰ੍ਹਾਂ ਸ਼ਹਿਰ ਦੀਆਂ ਪ੍ਰਮੁੱਖ ਸੜਕਾਂ ਤੇ ਲਾਈਟਾਂ ਲਗਾਈਆਂ ਗਈਆਂ ਹਨ।

ਲਾਇਬ੍ਰੇਰੀ ਦੀ ਇਮਾਰਤ ਜਿਸਦੀ ਹਾਲਤ ਬਹੁਤ ਖਸਤਾ ਸੀ, ਉਸ ਦੀ ਨਵੀਂ ਇਮਾਰਤ ਉਸਾਰੀ ਗਈ ਹੈ।ਸੁੱਖਾ ਸਿੰਘ-ਮਹਿਤਾਬ ਸਿੰਘ ਚੌਂਕ ਵਿੱਖੇ ਸ਼ਾਨਦਾਰ ਕਲਾਕ ਟਾਵਰ ਲਗਾ ਕੇ ਲੋਕਾਂ ਨੂੰ ਸਮਰਪਿਤ ਕੀਤਾ ਗਿਆ ਹੈ।ਲੋਕਾਂ ਨੂੰ ਸਾਫ਼ ਸੁਥਰਾ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਕਰੀਬ 24 ਕਰੋੜ ਰੁਪਏ ਦੀ ਲਾਗਤ ਨਾਲ ਵਿਕਾਸ ਕੰਮ ਸ਼ੁਰੂ ਕਰ ਦਿੱਤਾ ਗਿਆ।

# ਦਸਮੇਸ਼ ਸਕੂਲ ਮਹਿਤਾ ਚੌਕ ਵਿਖੇ ਲੀਡ ਪ੍ਰੋਗਰਾਮ ਦੀ ਸ਼ੁਰੂਆਤ



ਤ ਰ ਸਿ ੱ ਕ ਾ , (ਤਰਸੇਮ ਸਿੰਘ ਸਾਧਪੁਰ)-ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿੱਚ ਬੱਚਿਆਂ ਦੇ ਸਰਬਪੱਖੀ ਵਿਕਾਸ ਦਾ ਪੱਧਰ ਉਚਾ ਚੁੱਕਣ ਲਈ ਸੈਸ਼ਨ 2026-27 ਵਿਚ ਇੱਕ ਵਿਸ਼ੇਸ਼ ਪਹਿਲਕਦਮੀ ਕੀਤੀ ਜਾ ਰਹੀ ਹੈ।ਇਸ ਸਾਲ ਬੱਚਿਆਂ ਲਈ ਲੀਡ ਪ੍ਰੋਗਰਾਮ ਆਯੋਜਿਤ ਕੀਤਾ ਜਾ ਰਿਹਾ ਹੈ।ਇਸ ਸਬੰਧ ਵਿੱਚ ਮਾਤਾ-ਪਿਤਾ ਲਈ ਇੱਕ ਓਰੀਐਂਟੇਸ਼ਨ ਪ੍ਰੋਗਰਾਮ ਵੀ ਆਯੋਜਿਤ ਕੀਤਾ ਗਿਆ ਕੀਤਾ ਗਿਆ ਜਿਸਦਾ ਆਯੋਜਨ ਸਕੂਲ ਗਰਾਊਂਡ ਵਿੱਚ ਕੀਤਾ ਗਿਆ ਸੀ।

ਮੈਡਮ ਅਦਿਤੀ ਰਤਨ, ਸਰ ਮਾਨਵ ਸਰੀਨ ਤੇ ਅਮਿਤ ਨੇ ਮਾਪਿਆਂ ਨੂੰ ਸੰਬੋਧਨ ਕਰਦੇ ਹੋਏ ਲੀਡ ਪ੍ਰੋਗਰਾਮ ਦੀ ਜਾਣਕਾਰੀ ਦਿੱਤੀ ਕਿ ਕਿਸ ਤਰ੍ਹਾਂ ਲੀਡ ਦੇ ਤਹਿਤ ਬੱਚੇ ਵਿੱਦਿਆ ਦੇ ਮਿਆਰ ਨੂੰ ਉਚਾ ਚੁੱਕ ਸਕਦੇ ਹਨ ਅਤੇ ਭਵਿੱਖ ਵਿੱਚ ਕਾਮਯਾਬੀ ਹਾਸਲ ਕਰ ਸਕਦੇ ਹਨ।ਇਸ ਤੋਂ ਇਲਾਵਾ ਕਿੰਡਰ ਗਾਰਟਨ ਕਲਾਸਾਂ ਨਰਸਰੀ, ਐੱਲ. ਕੇ. ਜੀ., ਯੂ. ਕੇ. ਜੀ. ਦਾ ਨਤੀਜਾ ਵੀ ਐਲਾਨਿਆ ਗਿਆ ਅਤੇ ਪੁਜ਼ੀਸ਼ਨ ਪ੍ਰਾਪਤ ਕਰ ਚੁੱਕੇ ਵਿਦਿਆਰਥੀਆਂ ਨੂੰ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ।ਇਸ ਮੌਕੇ ਦਸਮੇਸ਼ ਸੰਸਥਾਵਾਂ ਦੇ ਡਾਇਰੈਕਟਰ ਲਛਮਣ ਸਿੰਘ ਰਾਵਤ, ਪ੍ਰਿੰਸੀਪਲ ਗੁਰਬੀਰ ਕੌਰ, ਮੈ. ਹਰਪ੍ਰੀਤ ਕੌਰ, ਰਵਿੰਦਰ ਕੌਰ, ਅੰਮ੍ਰਿਤਪਾਲ ਸਿੰਘ, ਸੁਧਾ ਸ਼ਰਮਾ, ਰਕੇਸ਼ ਬਾਵਾ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਖੇਤੀਬਾੜੀ ਯੂਨੀਵਰਸਿਟੀ ਦੇ ਰਿਜਨਲ ਸਟੇਸ਼ਨ ਗੁਰਦਾਸਪੁਰ ਵਿਖੇ ਕਿਸਾਨ ਮੇਲਾ 27 ਨੂੰ

ਧਾਰੀਵਾਲ, (ਮਨਦੀਪ ਵਿੱਕੀ)-ਖੇਤੀ ਵਿਭਿੰਨਤਾ ਅਪਣਾਉ, ਵਡਮੁੱਲਾ ਵਾਤਾਵਰਣ ਬਚਾਉ ਦੇ ਉਦੇਸ਼ ਨਾਲ ਕਿਸਾਨ ਮੇਲਾ ਖੇਤੀਬਾੜੀ ਯੂਨੀਵਰਸਿਟੀ ਦੇ ਰਿਜਨਲ ਸਟੇਸ਼ਨ ਗੁਰਦਾਸਪੁਰ ਵਿਖੇ 27 ਮਾਰਚ ਨੂੰ ਲਗਾਇਆ ਜਾ ਰਿਹਾ ਹੈ।ਇਸ ਸਬੰਧੀ ਰਿਜਨਲ ਸਟੇਸ਼ਨ ਦੇ ਡਾਇਰੈਕਟਰ ਡਾ. ਹਰਪਾਲ ਸਿੰਘ ਰੰਧਾਵਾ ਨੇ ਦੱਸਿਆ ਕਿ ਮੇਲੇ ਵਿੱਚ ਸਾਉਣੀ ਦੀਆਂ ਫ਼ਸਲਾਂ/ਸਬਜ਼ੀਆਂ ਦੇ ਸੁਧਰੇ ਬੀਜ ਅਤੇ ਸਦਾਬਹਾਰ ਫ਼ਲਦਾਰ ਬੂਟੇ ਉਪਲਬਧ ਕਰਵਾਏ ਜਾਣਗੇ।ਖੇਤੀ ਵਿਸ਼ਾ ਮਾਹਿਰਾਂ ਵੱਲੋਂ ਸਾਉਣੀ ਦੀਆਂ ਫ਼ਸਲਾਂ ਦੀ ਕਾਸ਼ਤ ਬਾਰੇ ਤਕਨੀਕੀ ਜਾਣਕਾਰੀ ਦਿੱਤੀ ਜਾਏਗੀ ਅਤੇ ਕਿਸ਼ਾਨਾਂ ਦੀਆਂ ਖੇਤੀ ਮੁਸਕਿਲਾਂ ਬਾਰੇ ਸੁਆਲ-ਜੁਆਬ ਵੀ ਹੋਣਗੇ।ਇਸ ਤੋ ਇਲਾਵਾ ਪੀਏਯੂ, ਸਰਕਾਰੀ ਵਿਭਾਗਾਂ ਅਤੇ ਪ੍ਰਾਈਵੇਟ ਕੰਪਨੀਆਂ ਵੱਲੋਂ ਖੇਤੀ ਅਧਾਰਿਤ ਸਟਾਲ/ਪ੍ਰਦਰਸ਼ਨੀਆਂ ਵੀ ਲਗਾਈਆਂ ਜਾਣਗੀਆਂ। ਹਾੜ੍ਹੀ ਦੀਆਂ ਫ਼ਸਲਾਂ ਦੀਆਂ ਕਿਸਮਾਂ ਅਤੇ ਹੋਰ ਖੇਤੀ ਤਕਨੀਕਾਂ ਦੀਆਂ ਲਾਈਵ ਪ੍ਰਦਰਸ਼ਨੀਆਂ ਵੀ ਦਿਖਾਈਆਂ ਜਾਣਗੀਆਂ, ਜਿਸ ਵਿੱਚ ਕਿਸਾਨ ਵੀਰਾਂ ਅਤੇ ਬੀਬੀਆਂ ਲਈ ਬਹੁਤ ਕੀਮਤੀ ਜਾਣਕਾਰੀ ਹੋਏਗੀ।

ਉਨ੍ਹਾਂ ਦੱਸਿਆ ਕਿ ਇਸ ਮੇਲੇ ਵਿੱਚ ਪੰਜਾਬ ਸਰਕਾਰ ਦੇ ਮੰਤਰੀ ਅਤੇ ਡਾਕਟਰ ਸਤਬੀਰ ਸਿੰਘ ਗੋਸਲ ਕੁਲਪਤੀ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ।ਯੂਨੀਵਰਸਿਟੀ ਨਾਲ ਜੁੜੇ ਸੈਲਫ ਹੈਲਪ ਗਰੁੱਪ ਵੀ ਆਪਣੇ ਸਟਾਲ/ਪ੍ਰਦਰਸ਼ਨੀਆਂ ਲਗਾ ਕੇ ਫ਼ਸਲਾਂ ਦੀ ਉਪਜ ਨੂੰ ਸਹੀ ਢੰਗ ਨਾਲ ਵੇਚਣ ਲਈ ਕਿਸਾਨਾਂ ਨੂੰ ਜਾਗਰੂਕ ਕਰਨਗੇ।ਉਨ੍ਹਾਂ ਇਲਾਕੇ ਦੇ ਸਮੂਹ ਵੀਰਾਂ/ਭੈਣਾਂ/ਬਜ਼ੁਰਗਾਂ ਨੂੰ 27 ਮਾਰਚ ਦਿਨ ਸ਼ੁੱਕਰਵਾਰ ਨੂੰ ਕਿਸਾਨ ਮੇਲੇ ਵਿੱਚ ਹੁੰਮ-ਹੁਮਾ ਕੇ ਪਹੁੰਚਣ ਦੀ ਅਪੀਲ ਕੀਤੀ।

# ਵਪਾਰੀਆਂ ਦੇ ਹਿੱਤਾਂ ਦੀ ਰੱਖਿਆ ਤੇ ਵਪਾਰ ਨੂੰ ਹੋਰ ਮਜ਼ਬੂਤ ਬਣਾਉਣ ਲਈ ਹਰ ਸੰਭਵ ਯਤਨ ਜਾਰੀ ਰਹਿਣਗੇ : ਸੇਖਵਾਂ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਆਦਮੀ ਪਾਰਟੀ ਦੇ ਹਲਕਾ ਇੰਚਾਰਜ ਕਾਦੀਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਦੇ ਵੱਲੋਂ ਕਾਦੀਆਂ ਸ਼ਹਿਰ ਦੇ ਵਪਾਰੀਆਂ ਨਾਲ ਜ਼ਿਲ੍ਹਾ ਪ੍ਰਸ਼ਾਸਨ ਦੀ ਮੀਟਿੰਗ ਕਰਵਾਈ ਅਤੇ ਵਪਾਰੀਆਂ ਦੀਆਂ ਮੁਸ਼ਕਿਲਾਂ ਅਤੇ ਮੰਗਾਂ ਸੁਣੀਆਂ। ਉਨ੍ਹਾਂ ਦੀਆਂ ਕੁੱਝ ਸਮੱਸਿਆਵਾਂ ਦਾ ਮੌਕੇ ਤੇ ਹੀ ਹੱਲ ਕੀਤਾ ਅਤੇ ਰਹਿੰਦੀਆਂ ਸਮੱਸਿਆਵਾਂ ਦੇ ਜਲਦੀ ਹੱਲ ਲਈ ਸੰਬੰਧਿਤ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਉਚਿਤ ਕਦਮ ਚੁੱਕਣ ਦਾ ਭਰੋਸਾ ਦਿੱਤਾ।ਸੇਖਵਾਂ ਨੇ ਕਿਹਾ ਕਿ ਵਪਾਰੀਆਂ ਦੇ ਹਿਤਾਂ ਦੀ ਰੱਖਿਆ ਅਤੇ ਇਲਾਕੇ ਦੇ ਵਪਾਰ ਨੂੰ ਹੋਰ ਮਜ਼ਬੂਤ ਬਣਾਉਣ ਲਈ ਹਰ ਸੰਭਵ ਯਤਨ ਜਾਰੀ ਰਹਿਣਗੇ।ਗੱਲਬਾਤ ਕਰਦਿਆਂ ਸੇਖਵਾਂ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਪੰਜਾਬ ਦੇ ਵੱਲੋਂ ਲਗਾਤਾਰ ਪੰਜਾਬ ਦੇ ਹਿੱਤਾਂ ਲਈ ਅਤੇ ਪੰਜਾਬ ਦੇ ਵਪਾਰੀ ਵਰਗ ਨੂੰ ਹਰ ਤਰ੍ਹਾਂ ਦੀ ਸੰਭਵ ਮਦਦ ਦੇਣ ਦੇ ਤਹਿਤ ਹਰ ਸ਼ਹਿਰ ਦੇ ਵਿੱਚ ਲੋਕਾਂ ਨੂੰ ਹਰ ਸਹੂਲਤ ਘਰ ਘਰ ਪਹੁੰਚਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹੁਣ ਹਰ ਅਧਿਕਾਰੀ ਲੋਕਾਂ ਤੱਕ ਪਹੁੰਚ ਕਰਨਗੇ, ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਗੇ। ਸਰਕਾਰੀ ਦਫਤਰਾਂ ਵਿੱਚ ਖੱਜਲ ਖੁਆਰੀ ਖਤਮ ਹੋ ਚੁੱਕੀ ਹੈ।

ਸੇਖਵਾਂ ਨੇ ਕਿਹਾ ਕਿ ਹਲਕਾ ਕਾਦੀਆਂ ਅਤੇ ਸ਼ਹਿਰ ਕਾਦੀਆਂ ਵਿੱਚ ਵਪਾਰੀ ਵਰਗ ਨੂੰ ਹਰ ਤਰ੍ਹਾਂ ਤੋਂ ਸੁਰੱਖਿਤ ਰੱਖਿਆ ਜਾ ਰਿਹਾ ਹੈ।ਇਸ ਮੌਕੇ ਸੋਨਾ ਬਾਜਵਾ ਆਪ ਆਗੂ, ਬਲਾਕ ਪ੍ਰਧਾਨ ਕਾਮਰੇਡ ਗੁਰਮੇਜ ਸਿੰਘ, ਯੂਥ ਵਰਗ ਸਮੇਤ ਸਮੂਹ ਮੈਂਬਰ, ਸਰਪੰਚ, ਪੰਚ, ਚੇਅਰਮੈਨ ਆਦਿ ਹਾਜ਼ਰ ਸਨ ।

# 2 ਰੋਜ਼ਾ 10ਵਾਂ ਖ਼ਾਲਸਾ ਕਾਲਜ ਯੂਥ ਫੈਸਟੀਵਲ ਅਭੁੱਲ ਯਾਦਾਂ ਛੱਡਦਾ ਸੰਪੰਨ

## *ਖ਼ਾਲਸਾ ਕਾਲਜ ਨੇ 'ਓਵਰ ਆਲ ਟਰਾਫ਼ੀ' 'ਤੇ ਕੀਤਾ ਕਬਜ਼ਾ




ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਅਜੋਕਾ ਨੌਜਵਾਨ ਸਿਰਫ ਪਾਠਕ੍ਰਮਕ ਗਿਆਨ ਤੱਕ ਸੀਮਿਤ ਨਹੀਂ ਰਹਿ ਸਕਦੇ, ਸਗੋਂ ਉਨ੍ਹਾਂ ਨੂੰ ਸੱਭਿਆਚਾਰਕ ਅਤੇ ਸਮਾਜਿਕ ਗਤੀਵਿਧੀਆਂ 'ਚ ਵੀ ਅਗਾਂਹ ਆਉਣਾ ਚਾਹੀਦਾ ਹੈ।ਉਕਤ ਪ੍ਰਗਟਾਵਾ ਖ਼ਾਲਸਾ ਕਾਲਜ ਫ਼ਾਰ ਵੂਮੈਨ ਵਿਖੇ ਕਰਵਾਏ ਗਏ 2 ਰੋਜ਼ਾ '10ਵਾਂ ਖ਼ਾਲਸਾ ਕਾਲਜਜ਼ ਯੂਥ ਫੈਸਟੀਵਲ-2026' 'ਚ ਉਚੇਚੇ ਤੌਰ 'ਤੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਨ ਅਤੇ ਓਵਰ ਆਲ ਟਰਾਫ਼ੀ 'ਤੇ ਕਬਜ਼ਾ ਕਰਨ ਵਾਲੇ ਖ਼ਾਲਸਾ ਕਾਲਜ ਨੂੰ ਟਰਾਫ਼ੀ ਭੇਟ ਕਰਨ ਲਈ ਪੁੱਜੇ ਖਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਵੱਲੋਂ ਕੀਤਾ ਗਿਆ ਜਦਕਿ ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ, ਜੀ. ਟੀ. ਰੋਡ ਨੇ ਫ਼ਸਟ ਅਤੇ ਖ਼ਾਲਸਾ ਕਾਲਜ ਫ਼ਾਰ ਵੂਮੈਨ ਨੇ ਸੈਕਿੰਡ ਰਨਰਅੱਪ ਵਜੋਂ ਟਰਾਫ਼ੀ ਪ੍ਰਾਪਤ ਕੀਤੀ।ਖਾਲਸਾ ਕਾਲਜ ਮੈਨੇਜਮੈਂਟ ਅਧੀਨ ਚੱਲ ਰਹੇ ਸਮੂਹ ਕਾਲਜਾਂ ਤੋਂ ਸੈਂਕੜੇ ਵਿਦਿਆਰਥੀਆਂ ਨੇ ਫੈਸਟੀਵਲ 'ਚ ਆਪਣੇ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਮੌਕੇ ਸ: ਛੀਨਾ ਨੇ ਖਾਲਸਾ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਨਾਲ ਮਿਲ ਕੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਅਤੇ ਵਿਦਿਆਰਥੀਆਂ ਨੂੰ ਜਿੱਥੇ ਅਜਿਹੇ ਪ੍ਰੋਗਰਾਮਾਂ ਦਾ ਹਿੱਸਾ ਬਣਨ ਲਈ ਉਤਸ਼ਾਹਿਤ ਕੀਤਾ।ਉਕਤ 2 ਰੋਜ਼ਾ ਫੈਸਟੀਵਲ ਦੇ ਪਹਿਲੇ ਦਿਨ ਸੰਗੀਤ, ਥੀਏਟਰ, ਸਾਹਿਤਕ ਅਤੇ ਲਲਿਤ ਕਲਾ ਸ਼੍ਰੇਣੀਆਂ 'ਚ ਅਸਾਧਾਰਨ ਹੁਨਰ ਦਾ ਪ੍ਰਦਰਸ਼ਨ ਕੀਤਾ ਗਿਆ, ਜਿਸ 'ਚ ਰੂਹਾਨੀ ਸ਼ਬਦ-ਭਜਨ, ਸਮੂਹ ਗੀਤਾਂ ਤੋਂ ਲੈ ਕੇ ਭਾਸ਼ਣ ਅਤੇ ਨਾਟਕ ਆਦਿ ਸ਼ਾਮਿਲ ਸਨ।ਉਕਤ ਮੁਕਾਬਲਿਆਂ ਦਾ ਮੁਲਾਂਕਣ ਜੱਜਾਂ ਦੇ ਪੈਨਲ ਦੁਆਰਾ ਕੀਤਾ ਗਿਆ।ਜਿਸ 'ਚ ਸੰਗੀਤ ਸਬੰਧੀ ਜਿਊਰੀ 'ਚ ਰਮੇਸ਼ ਭਗਤ, ਪ੍ਰਸਿੱਧ ਸ਼ਾਸਤਰੀ ਅਤੇ ਗ਼ਜ਼ਲ ਗਾਇਕ ਡਾ. ਸ਼ਿਵਾਨੀ, ਕਾਰਜਕਾਰੀ ਪ੍ਰਿੰਸੀਪਲ, ਸੰਤ ਮਾਝਾ ਸਿੰਘ ਕਰਮਜੋਤ ਕਾਲਜ ਫਾਰ ਵੂਮੈਨ, ਮੈਣੀ, ਦਸੂਹਾ ਅਤੇ ਹਰਲੀਨ ਕੌਰ, ਸਹਾਇਕ ਪ੍ਰੋਫੈਸਰ ਗੁਰੂ ਨਾਨਕ ਦੇਵ ਗਲੋਬਲ ਯੂਨੀਵਰਸਿਟੀ, ਥੀਏਟਰ ਸਮਾਗਮਾਂ ਦਾ ਫੈਸਲਾ ਮਨਦੀਪ ਕੌਰ ਅਤੇ ਸੁਦੇਸ਼ ਵਿੰਕਲ, ਦੋਵੇਂ ਅੰਮ੍ਰਿਤਸਰ ਦੀਆਂ ਪ੍ਰਸਿੱਧ ਥੀਏਟਰ ਕਲਾਕਾਰਾਂ, ਸਾਹਿਤਕ ਸਮਾਗਮਾਂ ਸਬੰਧੀ ਡਾ. ਪਰਮਜੀਤ ਕੌਰ, ਸਹਾਇਕ ਪ੍ਰੋਫੈਸਰ, ਪੰਜਾਬੀ, ਮਾਝਾ ਕਾਲਜ ਫਾਰ ਵੂਮੈਨ, ਸ੍ਰੀਮਤੀ ਮਾਨਸੀ, ਐਸਆਰ ਸਰਕਾਰੀ ਕਾਲਜ ਫਾਰ ਵੂਮੈਨ ਅਤੇ ਸ੍ਰੀਮਤੀ ਨਵਦੀਪ ਕੌਰ, ਸਹਾਇਕ ਪ੍ਰੋਫੈਸਰ, ਡੇਵ ਕਾਲਜ, ਕਾਰਟੂਨਿੰਗ, ਰੰਗੋਲੀ, ਪੋਸਟਰ-ਮੇਕਿੰਗ ਅਤੇ ਫੋਟੋਗ੍ਰਾਫੀ ਸਮੇਤ ਫਾਈਨ ਆਰਟਸ ਮੁਕਾਬਲਿਆਂ ਦਾ ਨਿਰਣਾ ਸ੍ਰੀ ਬ੍ਰਜੇਸ਼ ਜੌਲੀ, ਡਾਇਰੈਕਟਰ, ਕੇ.ਟੀ. ਕਲਾ ਮਿਊਜ਼ੀਅਮਲ ਐਸ. ਅਮਨਦੀਪ ਸਿੰਘ ਅਤੇ ਐਸ. ਨਰਿੰਦਰ ਸਿੰਘ, ਮੂਰਤੀਕਾਰ, ਇੰਡੀਅਨ ਅਕੈਡਮੀ ਆਫ਼ ਫਾਈਨ ਆਰਟਸ ਵੱਲੋਂ ਕੀਤਾ ਗਿਆ।ਜਦ ਕਿ ਦੂਜੇ ਦਿਨ ਗਿੱਧਾ ਮੁਕਾਬਲੇ ਦਾ ਨਿਰਣਾ ਡਾ. ਜਤਿੰਦਰ ਕੌਰ, ਐਚਓਡੀ ਪੰਜਾਬੀ ਵਿਭਾਗ, ਬੀਯੂਸੀ ਬਟਾਲਾ, ਹਰਪ੍ਰਿਆ ਕੌਰ, ਇਨਵਿਕਟਸ ਇੰਟਰਨੈਸ਼ਨਲ ਅਤੇ ਅਨੁਦੀਪ ਕੌਰ, ਗਿੱਧਾ ਕੋਚ ਅਤੇ ਭੰਗੜਾ ਮੁਕਾਬਲੇ ਸਬੰਧੀ ਸ. ਮਨਪ੍ਰੀਤ ਸਿੰਘ ਜਗਦੇਵ (ਲੁਧਿਆਣਾ), ਅਮਰਿੰਦਰਜੀਤ ਸਿੰਘ ਅਤੇ ਡਾ. ਨਵਜੀਤ ਸਿੰਘ ਧਾਲੀਵਾਲ, ਸਰੀਰਿਕ ਸਿੱਖਿਆ ਨਿਰਦੇਸ਼ਕ, ਡੀ. ਐੱਸ. ਜੀ. ਐੱਸ. ਐੱਸ. ਮਿਰਜ਼ਾਜਾਨ, ਅੰਮ੍ਰਿਤਸਰ ਵੱਲੋਂ ਫੈਸਲਾ ਲਿਆ ਗਿਆ।ਕੁਇਜ਼ ਮੁਕਾਬਲਾ ਵੇਰਕਾ ਦੇ ਅਮਨਪਾਲ ਸਿੰਘ ਵੱਲੋਂ ਚਲਾਇਆ ਗਿਆ, ਜਿਨ੍ਹਾਂ ਨੇ ਕੁਇਜ਼ ਮਾਸਟਰ ਵਜੋਂ ਸੇਵਾ ਨਿਭਾਈ।ਇਸ ਮੌਕੇ 'ਵਰਸਿਟੀ ਦੇ ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ, ਐਗਜੇਮੀਨੇਸ਼ਨ ਕੰਟਰੋਲਰ ਡਾ. ਕੰਵਲਜੀਤ ਸਿੰਘ, ਕੌਂਸਲ ਮੈਂਬਰ ਸ: ਦਵਿੰਦਰ ਸਿੰਘ ਛੀਨਾ, ਤੇਜਿੰਦਰ ਕੌਰ ਛੀਨਾ, ਖਾਲਸਾ ਕਾਲਜ ਚਵਿੰਡਾ ਦੇਵੀ ਦੇ ਪ੍ਰਿੰ. ਗੁਰਦੇਵ ਸਿੰਘ, ਸ੍ਰੀ ਗੁਰੂ ਤੇਗ ਬਹਾਦਰ ਕਾਲਜ ਫਾਰ ਵੂਮੈਨ ਪ੍ਰਿੰਸੀਪਲ ਡਾ. ਲਕਸ਼ਮੀ ਮਲਹੋਤਰਾ ਸਮੇਤ ਵੱਖਲੂ-ਵੱਖ ਕਾਲਜਾਂ ਦਾ ਸਟਾਫ਼ ਤੇ ਵਿਦਿਆਰਥੀ ਮੌਜੂਦ ਸਨ।

# ਆਨੰਦ ਕਾਲਜ ਆਫ ਨਰਸਿੰਗ ਜੇਠੂਵਾਲ ਵਿਖੇ ਵਿਸ਼ਵ ਟੀ ਬੀ ਦਿਵਸ ਮਨਾਇਆ



**ਮਜੀਠਾ (ਸੋਇਮ ਆਨੰਦ)**-ਆਨੰਦ ਕਾਲਜ ਆਫ ਨਰਸਿੰਗ ਦੇ ਵਿਦਿਆਰਥੀਆਂ ਵੱਲੋਂ ਗੁਰੂ ਨਾਨਕ ਹਸਪਤਾਲ ਦੇ ਡਾਟਸ ਸੈਂਟਰ ਵਿੱਚ ਵਿਸ਼ਵ ਟੀ. ਬੀ. ਦਿਵਸ ਮੌਕੇ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ।ਪ੍ਰੋਗਰਾਮ ਦਾ ਮੁੱਖ ਉਦੇਸ਼ ਲੋਕਾਂ ਨੂੰ ਟੀ. ਬੀ. ਬਾਰੇ ਜਾਗਰੂਕ ਕਰਨਾ ਅਤੇ ਇਸ ਬਿਮਾਰੀ ਤੋਂ ਬਚਾਅ ਲਈ ਪ੍ਰੇਰਿਤ ਕਰਨਾ ਸੀ।ਇਸ ਮੌਕੇ ਵਿਦਿਆਰਥੀਆਂ ਨੇ ਮਰੀਜ਼ਾਂ ਅਤੇ ਉਨ੍ਹਾਂ ਦੇ ਸਹਿਯੋਗੀਆਂ ਨੂੰ ਟੀ. ਬੀ. ਦੇ ਲੱਛਣਾਂ ਜਿਵੇਂ ਲੰਬੇ ਸਮੇਂ ਤੱਕ ਖਾਂਸੀ ਆਉਣਾ, ਬੁਖਾਰ ਰਹਿਣਾ ਅਤੇ ਵਜ਼ਨ ਘਟਣਾ ਆਦਿ ਬਾਰੇ ਜਾਣਕਾਰੀ ਦਿੱਤੀ।

ਉਨ੍ਹਾਂ ਨੇ ਇਹ ਵੀ ਸਮਝਾਇਆ ਕਿ ਟੀ. ਬੀ. ਇੱਕ ਸੰਕਰਾਮਕ ਬਿਮਾਰੀ ਹੈ ਜੋ ਹਵਾ ਰਾਹੀਂ ਫੈਲਦੀ ਹੈ ਪਰ ਸਮੇਂ ਸਿਰ ਅਤੇ ਪੂਰਾ ਇਲਾਜ ਕਰਨ ਨਾਲ ਇਸ ਨੂੰ ਠੀਕ ਕੀਤਾ ਜਾ ਸਕਦਾ ਹੈ।ਵਿਦਿਆਰਥੀਆਂ ਵੱਲੋਂ ਲੋਕਾਂ ਨੂੰ ਇਹ ਸਲਾਹ ਦਿੱਤੀ ਗਈ ਕਿ ਖਾਂਸੀ ਜਾਂ ਛਿੱਕ ਆਉਣ ਸਮੇਂ ਮੂੰਹ ਨੂੰ ਰੁਮਾਲ ਜਾਂ ਮਾਸਕ ਨਾਲ ਢੱਕਣਾ ਚਾਹੀਦਾ ਹੈ, ਸਾਫ-ਸੁਥਰਾ ਵਾਤਾਵਰਣ ਬਣਾਈ ਰੱਖਣਾ ਚਾਹੀਦਾ ਹੈ ਅਤੇ ਡਾਕਟਰ ਦੀ ਸਲਾਹ ਅਨੁਸਾਰ ਦਵਾਈ ਦਾ ਕੋਰਸ ਪੂਰਾ ਕਰਨਾ ਚਾਹੀਦਾ ਹੈ।

ਇਸ ਮੌਕੇ ਕਾਲਜ ਦੇ ਚੇਅਰਮੈਨ ਡਾ. ਐੱਮ. ਐੱਮ. ਆਨੰਦ, ਵਾਈਸ ਚੇਅਰਮੈਨ ਡਾ. ਜੇ. ਐੱਸ. ਢਿੱਲੋਂ, ਮੈਨੇਜਿੰਗ ਡਾਇਰੈਕਟਰ ਸੂਰਿਯਾ ਪ੍ਰਕਾਸ਼ ਆਨੰਦ, ਪ੍ਰਿੰਸੀਪਲ ਰਚਨਾ ਕੁਮਾਰੀ, ਨਰਸਿੰਗ ਐਡਵਾਈਜ਼ਰ ਊਸ਼ਾ ਸਰੀਨ ਅਤੇ ਵਾਈਸ ਪ੍ਰਿੰਸੀਪਲ ਰਮਨਜੀਤ ਕੌਰ ਸੋਹਲ ਨੇ ਵੀ ਇਸ ਉਪਰਾਲੇ ਦੀ ਸਰਾਹਨਾ ਕੀਤੀ। ਅੰਤ ਵਿੱਚ ਵਿਦਿਆਰਥੀਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇ ਕਿਸੇ ਨੂੰ ਟੀ. ਬੀ. ਨਾਲ ਸੰਬੰਧਿਤ ਲੱਛਣ ਮਹਿਸੂਸ ਹੋਣ ਤਾਂ ਉਹ ਤੁਰੰਤ ਡਾਕਟਰੀ ਸਲਾਹ ਲੈਣ ।

# ਬਸਪਾ ਦੇ ਸੰਗਠਨ ਨੂੰ ਸੂਬੇ 'ਚ ਬੂਥ ਪੱਧਰ ਤੱਕ ਕੀਤਾ ਜਾਵੇਗਾ ਮਜ਼ਬੂਤ : ਬੈਨੀਵਾਲ

## ਸ਼ਹੀਦਾਂ ਦੇ ਸੁਪਨਿਆਂ ਦਾ ਪੰਜਾਬ ਸਿਰਜਣ ਲਈ 'ਪੰਜਾਬ ਸੰਭਾਲੋ' ਮੁਹਿੰਮ ਨਾਲ ਜੁੜੋ : ਡਾ. ਕਰੀਮਪੁਰੀ

**ਜਲੰਧਰ/ਚੰਡੀਗੜ੍ਹ (ਸ਼ੈਲੀ ਐਲਬਰਟ)**- ਬਹੁਜਨ ਸਮਾਜ ਪਾਰਟੀ ਵੱਲੋਂ ਇੱਥੇ ਪਾਰਟੀ ਦੇ ਸੂਬਾ ਦਫਤਰ ਵਿਖੇ ਸੂਬਾ ਕਮੇਟੀ ਦੀ ਮੀਟਿੰਗ ਕੀਤੀ ਗਈ। ਇਸ ਵਿੱਚ ਬਸਪਾ ਦੇ ਕੇਂਦਰੀ ਇੰਚਾਰਜ ਰਣਧੀਰ ਸਿੰਘ ਬੈਨੀਵਾਲ ਮੁੱਖ ਮਹਿਮਾਨ ਵਜੋਂ ਪਹੁੰਚੇ। ਉਨ੍ਹਾਂ ਲੀਡਰਸ਼ਿਪ ਨੂੰ ਬੂਥ ਪੱਧਰ ਤੱਕ ਬਸਪਾ ਨੂੰ ਮਜ਼ਬੂਤ ਕਰਨ ਦੇ ਜ਼ਰੂਰੀ ਨਿਰਦੇਸ਼ ਦਿੱਤੇ। ਇਸ ਮੌਕੇ ਬਸਪਾ ਦੇ ਕੇਂਦਰੀ ਇੰਚਾਰਜ ਪ੍ਰਤਾਪ ਸਿੰਘ ਨੇ ਵੀ ਬਸਪਾ ਅਹੁਦੇਦਾਰਾਂ ਨੂੰ ਸੰਗਠਨ ਨੂੰ ਮਜ਼ਬੂਤ ਕਰਨ ਲਈ ਉਤਸ਼ਾਹਤ ਕੀਤਾ।ਮੀਟਿੰਗ ਦੌਰਾਨ ਸ਼ਹੀਦ ਭਗਤ ਸਿੰਘ ਨੂੰ ਵੀ ਯਾਦ ਕੀਤਾ ਗਿਆ। ਇਸ ਮੌਕੇ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਬਸਪਾ ਸੂਬਾ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਮਹਾਨ ਕ੍ਰਾਂਤੀਕਾਰੀ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਸ਼ਹੀਦ ਸੁਖਦੇਵ ਅਤੇ ਸ਼ਹੀਦ ਰਾਜਗੁਰੂ ਦੇ ਸ਼ਹੀਦੀ ਦਿਹਾੜੇ 'ਤੇ ਸ਼ਹੀਦਾਂ ਦੀ ਲਾਸਾਨੀ ਕੁਰਬਾਨੀ ਨੂੰ ਨਮਨ ਕਰਦਿਆਂ ਪੰਜਾਬ ਦੇ ਲੋਕਾਂ ਨੂੰ ਇੱਕਜੁੱਟ ਹੋਣ ਦਾ ਸੱਦਾ ਦਿੱਤਾ।ਬਸਪਾ ਸੂਬਾ ਪ੍ਰਧਾਨ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਨੇ ਇੱਕ ਅਜਿਹੇ ਭਾਰਤ ਦਾ ਸੁਪਨਾ ਦੇਖਿਆ ਸੀ, ਜਿੱਥੇ ਕੋਈ ਕਿਸੇ ਦਾ ਸ਼ੋਸ਼ਣ ਨਾ ਕਰ ਸਕੇ ਅਤੇ ਹਰ ਨਾਗਰਿਕ ਨੂੰ ਬਰਾਬਰ ਦਾ ਅਧਿਕਾਰ ਮਿਲੇ।



ਪਰ ਅਫ਼ਸੋਸ ਦੀ ਗੱਲ ਹੈ ਕਿ ਅੱਜ ਦਾ ਪੰਜਾਬ ਗੰਭੀਰ ਚੁਣੌਤੀਆਂ ਨਾਲ ਜੂਝ ਰਿਹਾ ਹੈ। ਨਸ਼ਾਖੋਰੀ, ਬੇਰੁਜ਼ਗਾਰੀ, ਖੇਤੀਬਾੜੀ ਸੰਕਟ ਅਤੇ ਪ੍ਰਸ਼ਾਸਨਿਕ ਨਾਕਾਮੀਆਂ ਨੇ ਸੂਬੇ ਨੂੰ ਪਿੱਛੇ ਧੱਕ ਦਿੱਤਾ ਹੈ।ਡਾ. ਕਰੀਮਪੁਰੀ ਨੇ ਕਿਹਾ ਕਿ ਬਸਪਾ ਵੱਲੋਂ ਵਿੱਢੀ ਗਈ ਪੰਜਾਬ ਸੰਭਾਲੋ ਮੁਹਿੰਮ ਦਾ ਮੁੱਖ ਮਕਸਦ ਸੂਬੇ ਨੂੰ ਮੁੜ ਲੀਹ 'ਤੇ ਲਿਆਉਣਾ ਅਤੇ ਸ਼ਹੀਦਾਂ ਦੇ ਸੁਪਨਿਆਂ ਵਾਲਾ ਪੰਜਾਬ ਸਿਰਜਣਾ ਹੈ।ਬਸਪਾ ਦਾ ਵਿਜ਼ਨ ਪੰਜਾਬ ਵਿੱਚ ਚੰਗੀਆਂ ਸਿੱਖਿਆ-ਸਿਹਤ ਸੁਵਿਧਾਵਾਂ ਦੇਣਾ ਅਤੇ ਰੁਜ਼ਗਾਰ ਦੇ ਮੌਕੇ ਪੈਦਾ ਕਰਨਾ ਹੈ, ਤਾਂ ਜੋ ਸੂਬੇ ਦੀ ਜਵਾਨੀ ਨੂੰ ਵਿਦੇਸ਼ਾਂ ਵੱਲ ਹਿਜਰਤ ਨਾ ਕਰਨੀ ਪਵੇ।ਉਨ੍ਹਾਂ ਕਿਹਾ ਕਿ ਲੋਕ ਬਸਪਾ ਦੀ ਪੰਜਾਬ ਸੰਭਾਲੋ ਮੁਹਿੰਮ ਨਾਲ ਜੁੜ ਕੇ ਸੂਬੇ ਦੀ ਖੁਸ਼ਹਾਲੀ ਅਤੇ ਸ਼ਹੀਦਾਂ ਦੇ ਸੁਪਨਿਆਂ ਨੂੰ ਹਕੀਕਤ ਵਿੱਚ ਬਦਲ ਸਕਦੇ ਹਨ।ਉਨ੍ਹਾਂ ਸਮੂਹ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਬਸਪਾ ਦੇ ਝੰਡੇ ਹੇਠ ਇਕੱਠੇ ਹੋ ਕੇ ਪੰਜਾਬ ਦੇ ਸੁਨਹਿਰੀ ਭਵਿੱਖ ਲਈ ਸੰਘਰਸ਼ ਕਰਨ। ਮੀਟਿੰਗ ਨੂੰ ਬਸਪਾ ਸੂਬਾ ਇੰਚਾਰਜ ਅਜੀਤ ਸਿੰਘ ਭੈਣੀ ਤੇ ਨਵਾਂਸ਼ਹਿਰ ਵਿਧਾਇਕ ਤੇ ਜ਼ੋਨ ਇੰਚਾਰਜ ਡਾ. ਨਛੱਤਰ ਪਾਲ ਨੇ ਵੀ ਸੰਬੋਧਤ ਕੀਤਾ। ਮੀਟਿੰਗ ਵਿੱਚ ਸੰਗਠਨ ਦੇ ਪੁਨਰਗਠਨ 'ਤੇ ਵੀ ਚਰਚਾ ਕੀਤੀ ਗਈ। ਇਸ ਦੌਰਾਨ ਬਸਪਾ ਜ਼ੋਨ ਇੰਚਾਰਜ ਕੁਲਦੀਪ ਸਿੰਘ ਸਰਦੂਲਗੜ੍ਹ, ਚੌਧਰੀ ਗੁਰਨਾਮ ਸਿੰਘ ਤੇ ਤੀਰਥ ਰਾਜਪੁਰਾ ਸਮੇਤ ਸਮੁੱਚੀ ਸੀਨੀਅਰ ਲੀਡਰਸ਼ਿਪ ਹਾਜ਼ਰ ਸੀ।

# ਲਗਾਤਾਰ ਖੇਤੀ ਹੀ ਭਵਿੱਖ ਦੀ ਖ਼ੁਸ਼ਹਾਲੀ ਦਾ ਆਧਾਰ : ਮੁੱਖ ਮੰਤਰੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸੋਮਵਾਰ ਨੂੰ ਚੌਧਰੀ ਚਰਣ ਸਿੰਘ ਹਰਿਆਣਾ ਖੇਤੀਬਾੜੀ ਯੂਨੀਵਰਸਿਟੀ ਵਿੱਚ ਆਯੋਜਿਤ ਖ਼ਰੀਫ਼ ਖੇਤੀ ਮੇਲਾ-2026 ਦਾ ਸ਼ੁਰੂਆਤ ਕਰਦਿਆਂ ਕਿਸਾਨਾਂ, ਵਿਗਿਆਨੀਆਂ ਅਤੇ ਨਵਾਂਚਾਰ ਨੂੰ ਇੱਕ ਮੰਚ 'ਤੇ ਲਿਆਉਣ ਦੀ ਪਹਿਲ ਦੀ ਸ਼ਲਾਘਾ ਕੀਤੀ।



ਉਨ੍ਹਾਂ ਕਿਹਾ ਕਿ ਹਿਸਾਰ ਦੀ ਮਿੱਟੀ ਮਿਹਨਤ, ਪਸ਼ੂ ਧਨ ਦੀ ਖ਼ੁਸ਼ਹਾਲੀ ਅਤੇ ਵੀਰ ਸੈਨਿਕਾਂ ਦੀਆਂ ਕੁਰਬਾਨੀਆਂ ਦੀ ਗਵਾਹੀ ਦਿੰਦੀ ਹੈ। ਰਾਖੀਗੜ੍ਹੀ ਸਾਡੀ ਪ੍ਰਾਚੀਨ ਸਭਿਅਤਾ ਦਾ ਮਾਣ ਹੈ, ਜਦਕਿ ਅਗਰੋਹਾ ਦੀ ਧਰਤੀ ਮਹਾਰਾਜਾ ਅਗਰਸੇਨ ਦੇ ਸਮਾਜਿਕ ਸਦਭਾਵਨਾ ਅਤੇ ਵਪਾਰਕ ਸ਼ਾਨ ਦੀ ਕਹਾਣੀ ਕਹਿੰਦੀ ਹੈ। ਖੇਤੀ ਮੇਲੇ ਵਿੱਚ ਪਹੁੰਚਣ 'ਤੇ ਸਭ ਤੋਂ ਪਹਿਲਾਂ ਮੁੱਖ ਮੰਤਰੀ ਨੇ ਸ਼ਹੀਦੀ ਦਿਵਸ ਦੇ ਮੌਕੇ 'ਤੇ ਅਮਰ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀਆਂ ਮੂਰਤੀਆਂ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਮੁੱਖ ਮੰਤਰੀ ਨੇ ਯੂਨੀਵਰਸਿਟੀ ਦੇ ਵਿਸਥਾਰ ਸਿੱਖਿਆ ਵਿਭਾਗ, ਕਪਾਹ ਸੈਕਸ਼ਨ, ਤਿਲਹਣ ਵਿਭਾਗ ਸਮੇਤ ਹੋਰ ਵਿਭਾਗਾਂ ਵੱਲੋਂ ਕਿਸਾਨਾਂ ਨੂੰ ਜਾਣਕਾਰੀ ਦੇਣ ਲਈ ਪ੍ਰਕਾਸ਼ਿਤ ਕੀਤੀਆਂ ਗਈਆਂ ਪੁਸਤਕਾਂ ਵੀ ਰਿਲੀਜ਼ ਕੀਤੀਆਂ। ਚੌਧਰੀ ਚਰਣ ਸਿੰਘ ਹਰਿਆਣਾ ਖੇਤੀਬਾੜੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਬੀ ਆਰ ਕੰਬੋਜ ਨੇ ਖੇਤੀ ਮੇਲੇ ਵਿੱਚ ਪਹੁੰਚਣ 'ਤੇ ਮੁੱਖ ਮੰਤਰੀ ਨੂੰ ਯਾਦਗਾਰੀ ਚਿੰਨ੍ਹ ਵਜੋਂ ਖ਼ੁਸ਼ਹਾਲ ਕਿਸਾਨੀ ਦਾ ਪ੍ਰਤੀਕ ਹਲ ਵੀ ਭੇਟ ਕੀਤਾ।

# ਜੋਸ਼ ਭਰੇ ਨਾਅਰੇ ਲਗਾ ਕੇ ਸ਼ਹੀਦਾਂ ਨੂੰ ਕੀਤਾ ਯਾਦ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਸ਼ਹੀਦ -ਏ-ਆਜ਼ਮ ਸ. ਭਗਤ ਸਿੰਘ ਸਪੋਰਟਸ ਕਲੱਬ ਵੱਲੋਂ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀ ਸ਼ਹਾਦਤ ਸੰਬੰਧੀ ਸ਼ਰਧਾਂਜਲੀ ਸਮਾਗਮ ਕੀਤਾ ਗਿਆ। ਇਸ ਮੌਕੇ ਕਲੱਬ ਮੈਂਬਰਾਂ ਵਲੋਂ ਸ਼ਹੀਦ ਭਗਤ ਸਿੰਘ ਚੌਂਕ, ਨਕੋਦਰ ਵਿਖੇ ਪਹੁੰਚ ਕੇ ਸ਼ਹੀਦ ਭਗਤ ਸਿੰਘ ਦੀ ਮੂਰਤੀ ਨੂੰ



ਇਸ਼ਨਾਨ ਕਰਵਾ ਕੇ ਸਿਰੋਪਾਓ ਅਤੇ ਹਾਰ ਪਾ ਕੇ ਸ਼ਰਧਾਂਜਲੀ ਦਿੱਤੀ ਗਈ । ਇਸ ਮੌਕੇ ਭਗਤ ਸਿੰਘ ਚੌਂਕ 'ਚ ਬੂਟੇ ਵੀ ਲਗਾਏ ਗਏ । ਐਡਵੋਕੇਟ ਨਾਗਰਾਜ ਵੱਲੋਂ ਇਨਕਲਾਬ ਜ਼ਿੰਦਾਬਾਦ ਦੇ ਜੋਸ਼ ਭਰੇ ਨਾਅਰੇ ਲਗਾ ਕੇ ਸ਼ਹੀਦਾਂ ਨੂੰ ਯਾਦ ਕੀਤਾ ਗਿਆ।ਕਲੱਬ ਦੇ ਪ੍ਰਧਾਨ ਐਡਵੋਕੇਟ ਗੌਰਵ ਨਾਗਰਾਜ ਵੱਲੋਂ ਸ਼ਹੀਦ-ਏ- ਆਜ਼ਮ ਸ. ਭਗਤ ਸਿੰਘ ਰਾਜਗੁਰੂ ਅਤੇ ਸੁਖਦੇਵ ਦੀ ਸ਼ਹਾਦਤ ਸਬੰਧੀ ਓਹਨਾਂ ਸ਼ਹੀਦਾਂ ਨੂੰ ਕੋਟ ਕੋਟ ਪ੍ਰਣਾਮ ਕੀਤਾ ਅਤੇ ਨੌਜਵਾਨਾਂ ਨੂੰ ਸ਼ਹੀਦ ਭਗਤ ਸਿੰਘ ਦੀ ਸੋਚ 'ਤੇ ਪਹਿਰਾ ਦੇਣ ਲਈ ਪ੍ਰੇਰਿਤ ਕੀਤਾ ਅਤੇ ਸਮਾਜਿਕ ਬੁਰਾਈਆਂ ਦਾ ਡਟ ਕੇ ਵਿਰੋਧ ਕਰਨ ਲਈ ਕਿਹਾ। ਇਸ ਮੌਕੇ ਕਲੱਬ ਦੇ ਉਪ ਪ੍ਰਧਾਨ ਸਤਿੰਦਰ ਮੱਟੂ ਨੇ ਵੀ ਕਿਹਾ ਕੇ ਸਾਡੀ ਭਗਤ ਸਿੰਘ ਕਲੱਬ ਦੀ ਪੂਰੀ ਟੀਮ ਹਮੇਸ਼ਾ ਸਮਾਜਿਕ ਬੁਰਾਈਆਂ ਦਾ ਵਿਰੋਧ ਕਰਦੀ ਹੈ ਅਤੇ ਕਿਸੇ ਨੂੰ ਵੀ ਸਾਡੀ ਕਿਤੇ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ। ਇਸ ਮੌਕੇ ਤੇ ਹਰਮਨ , ਸਤਿੰਦਰ ਮੱਟੂ, ਜੀਤਾ ਪੰਡੋਰੀ, ਲਾਲੀ ਨਕੋਦਰ, ਜੀਤਾ ਬਿੱਲਾ ਨਵਾਬ, ਹੈਪੀ ਖਾਲਸਾ, ਲਵ ਚੰਦੀ, ਹੈਪੀ ਪਹਿਲਵਾਨ, ਕਪਿਲ ਸ਼ਰਮਾ, ਹਰਮਨ ਨਿੱਜਰ, ਸਨੀ, ਡਾ. ਮਦਨ ਗਿੱਲ, ਡਾ. ਕੋਹਲੀ ਅਤੇ ਹੋਰ ਵੀ ਕਲੱਬ ਮੈਂਬਰ ਹਾਜ਼ਰ ਸਨ। ਐਡਵੋਕੇਟ ਨਾਗਰਾਜ ਵੱਲੋਂ ਆਏ ਹੋਏ ਸਾਰੇ ਨੌਜਵਾਨਾਂ ਦਾ ਧੰਨਵਾਦ ਕੀਤਾ ਗਿਆ।

# ਪੰਜਾਬ 'ਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣਾ ਜ਼ਰੂਰੀ : ਰਣਵੀਰ ਰਾਣਾ, ਲਖਵਿੰਦਰ ਲੱਖੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸ਼੍ਰੋਮਣੀ ਅਕਾਲੀ ਦਲ ਦੀ ਵਿਦਿਆਰਥੀ ਜਥੇਬੰਦੀ ਐਸਓਆਈ ਦੀ ਵਿਸ਼ੇਸ਼ ਇਕੱਤਰਤਾ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਹੁਸ਼ਿਆਰਪੁਰ ਦੀ ਪ੍ਰਧਾਨ ਲਖਵਿੰਦਰ ਹੋਰਨਾਂ ਤੋਂ ਇਲਾਵਾ ਹਲਕਾ ਇੰਚਾਰਜ ਸ਼ਾਮ 84 ਸ਼੍ਰੋਮਣੀ ਅਕਾਲੀ ਦਲ ਸੰਦੀਪ ਸਿੰਘ ਸੀਕਰੀ ਦੁਆਬਾ ਪ੍ਰਧਾਨ ਸੁਖਜਿੰਦਰ ਸਿੰਘ ਔਜਲਾ, ਜ਼ਿਲ੍ਹਾ ਪ੍ਰਧਾਨ ਐੱਸ ਓ ਆਈ ਜਸ਼ਨ ਗੁਰਾਇਆ, ਜ਼ਿਲ੍ਹਾ ਪ੍ਰਧਾਨ ਅਮਰਿੰਦਰ ਲਖਵਿੰਦਰ ਸਿੰਘ ਲੱਖੀ ਜਿੱਥੇ ਵੱਡੀ ਗਿਣਤੀ ਵਿੱਚ ਆਏ ਹੋਏ ਨੌਜਵਾਨਾਂ ਨੂੰ ਸੰਬੋਧਨ ਕੀਤਾ ਉੱਥੇ ਉਨ੍ਹਾਂ ਦੀ ਐਸਓਆਈ ਦੇ ਕੌਮੀ ਪ੍ਰਧਾਨ ਇਹਨਾਂ ਨੂੰ ਰਣਵੀਰ ਰਾਣਾ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ। ਲਖਵਿੰਦਰ ਸਿੰਘ ਲੱਖੀ



ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਉਣ ਵਾਲਾ ਸਮਾਂ ਇਲੈਕਸ਼ਨ ਦਾ ਸਮਾਂ ਹੈ ਤੇ ਸਾਨੂੰ ਸਾਰੇ ਨੌਜਵਾਨਾਂ ਨੂੰ ਮਿਲ ਕੇ ਪਿੰਡ ਪਿੰਡ, ਸ਼ਹਿਰ ਸ਼ਹਿਰ ਜਾ ਕੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਲਈ ਲੋਕਾਂ ਨੂੰ ਲਾਮਬੰਦ ਕਰਨ ਦੀ ਲੋੜ ਹੈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜਸ਼ਨ ਸਿੰਘ ਲੱਖੀ ਦੇ ਟਾਂਡਾ ਸਥਿਤ ਲੱਖੀ ਪੈਲਸ ਲਿਖੇ ਹੋਈ। ਇਸ ਇਕੱਤਰਤਾ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਵਿਦਿਆਰਥੀਆਂ ਅਤੇ ਨੌਜਵਾਨਾਂ ਨੇ ਭਾਗ ਲਿਆ। ਇਸ ਮੌਕੇ ਤੇ ਵਿਦਿਆਰਥੀ ਜਥੇਬੰਦੀ ਦੇ ਕੌਮੀ ਪ੍ਰਧਾਨ ਰਣਵੀਰ ਸਿੰਘ ਰਾਣਾ ਤੇ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਲਖਵਿੰਦਰ ਸਿੰਘ ਲੱਖੀ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਇਸ ਮੌਕੇ ਤੇ ਹੁਸੈਨਪੁਰ, ਸਰਬਜੀਤ ਸਿੰਘ ਮੋਮੀ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਐੱਸ ਸੀ ਵਿੰਗ ਹੁਸ਼ਿਆਰਪੁਰ ਦਿਹਾਤੀ, ਸਤਨਾਮ ਸਿੰਘ ਵਾਂਟੀ ਜ਼ਿਲ੍ਹਾ ਪ੍ਰਧਾਨ ਬੀ ਸੀ ਵਿੰਗ ਹੁਸ਼ਿਆਰਪੁਰ , ਅਮਨਦੀਪ ਹੁਸੈਨਪੁਰ, ਅਮਰੀਕ ਸਿੰਘ ਭਾਗੋਵਾਲ ,ਕਰਨ ਧੁੱਗਾ, ਦਲਜਿੰਦਰ ਸਿੰਘ ਧਾਮੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਨੌਜਵਾਨ ਹਾਜ਼ਰ ਸੀ। ਜ਼ਿਲ੍ਹਾ ਪ੍ਰਧਾਨ ਗੁਰਾਇਆ ਦੀ ਅਗਵਾਈ ਹੇਠ ਵੱਖ-ਵੱਖ ਕਾਲਜਾਂ ਦੇ ਨੌਜਵਾਨਾਂ ਨੂੰ ਵੱਖ ਵੱਖ ਕਾਲਜਾਂ ਦੇ ਕੋਆਰਡੀਨੇਟਰਾਂ ਦੀ ਚੋਣ ਕੀਤੀ ਜਿਨਾਂ ਨੂੰ ਰਣਵੀਰ ਸਿੰਘ ਰਾਣਾ ਕੌਮੀ ਪ੍ਰਧਾਨ, ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ, ਅਮਰਿੰਦਰ ਸੈਨਪੁਰ, ਸਰਬਜੀਤ ਸਿੰਘ ਮੋਮੀ, ਸੁਖਜਿੰਦਰ ਸਿੰਘ ਦੁਆਬਾ ਪ੍ਰਧਾਨ ਕਰਨ ਧੁੱਗਾ ਨੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ।

# ਹੇੜੀਆਂ 'ਚ ਸਲਾਨਾ ਫੁੱਟਬਾਲ ਟੂਰਨਾਮੈਂਟ ਸ਼ਾਨੋ-ਸ਼ੌਕਤ ਨਾਲ ਸਮਾਪਤ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਹੇੜੀਆਂ ਵਿਖੇ ਸਮੂਹ ਨਗਰ ਨਿਵਾਸੀ ਗ੍ਰਾਮ ਪੰਚਾਇਤ ਪ੍ਰਵਾਸੀ ਭਾਰਤੀਆਂ ਇਲਾਕੇ ਦੇ ਸਹਿਯੋਗ ਨਾਲ



ਖਾਲਸਾ ਯੂਥ ਕਲੱਬ ਰਜਿ. ਅਤੇ ਨਹਿਰੂ ਯੁਵਾ ਕੇਂਦਰ ਹੁਸ਼ਿਆਰਪੁਰ ਵੱਲੋਂ ਸਲਾਨਾ 15ਵਾਂ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ ਕਰਵਾਇਆ ਗਿਆ।ਇਸ ਮੌਕੇ ਕਲੱਬ ਦੇ ਪ੍ਰਧਾਨ ਸਰਪੰਚ ਗੁਰਦੀਪ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਗ੍ਰਾਮ ਪੰਚਾਇਤ ਅਤੇ ਪਿੰਡ ਦੇ ਪਤਵੰਤੇ ਸੱਜਣ ਵੱਲੋਂ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਪਿੰਡ ਪੱਧਰ ਓਪਨ ਦੀਆਂ 24 ਟੀਮਾਂ ਅਤੇ 2009 ਦੀਆਂ 8 ਟੀਮਾਂ ਨੇ ਹਿੱਸਾ ਲਿਆ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਫਾਈਨਲ ਮੈਚ ਬੋਹਣ ਅਤੇ ਭਾਮ ਵਿਚਕਾਰ ਕਰਵਾਇਆ ਗਿਆ। ਜਿਸ ਵਿੱਚ ਪਿੰਡ ਭਾਮ ਦੀ ਟੀਮ ਜੇਤੂ ਰਹੀ। ਇਸੇ ਤਰ੍ਹਾਂ 2009 ਏਜ ਕੈਟਾਗਰੀ ਮੈਚ ਪਿੰਡ ਚਿੱਤੋਂ ਅਤੇ ਹੇੜੀਆਂ ਵਿਚਕਾਰ ਕਰਵਾਇਆ ਗਿਆ। ਜਿਸ ਵਿੱਚ ਪਿੰਡ ਚਿੱਤੋਂ ਦੀ ਟੀਮ ਜੇਤੂ ਰਹੀ। ਪ੍ਰਬੰਧਕਾਂ ਨੇ ਦੱਸਿਆ ਕਿ ਪਹਿਲੇ ਸਥਾਨ 'ਤੇ ਆਉਣ ਵਾਲੀ ਟੀਮ ਨੂੰ 31,000 ਟਰਾਫੀ ਅਤੇ ਦੂਜੇ ਸਥਾਨ ਤੇ ਆਉਣ ਵਾਲੀ ਟੀਮ ਨੂੰ 21,000 ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਫਾਈਨਲ ਵਾਲੇ ਦਿਨ ਮੁੱਖ ਮਹਿਮਾਨ ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਜੇਤੂ ਅਤੇ ਉਪ ਜੇਤੂ ਟੀਮਾਂ ਦੀ ਇਨਾਮਾਂ ਦੀ ਵੰਡ ਕੀਤੀ ਗਈ। ਇਸ ਮੌਕੇ ਕਲੱਬ ਦੇ ਪ੍ਰਧਾਨ ਸਰਪੰਚ ਗੁਰਦੀਪ ਸਿੰਘ, ਨੰਬਰਦਾਰ ਬਖਸ਼ੀਸ਼ ਸਿੰਘ, ਜਸਪਿੰਦਰ ਸਿੰਘ, ਜਥੇਦਾਰ ਹਰੀ ਸਿੰਘ ਜਸਵਾਲ ਭਾਮ, ਗੁਰਜੀਤ ਸਿੰਘ ਪੰਚ, ਜਸਵਿੰਦਰ ਸਿੰਘ ਪੰਚ, ਗੋਗੀ ਜਸਵਾਲ ਭਾਮ, ਗੁਰਪ੍ਰੀਤ ਸਿੰਘ ਗੋਪੀ ਭਾਮ, ਬਲਵੀਰ ਰਾਮ ਪੰਚ, ਈਸ਼ਰ ਸਿੰਘ ਸਾਬਕਾ ਪੰਚ, ਕਿਰਪਾਲ ਸਿੰਘ, ਬਲਵੀਰ ਸਿੰਘ, ਤਰਲੋਕ ਸਿੰਘ, ਡਾਕਟਰ ਜਰਨੈਲ ਸਿੰਘ, ਦੇਵ ਰਾਮ, ਤੀਰਥ ਰਾਮ, ਮਨਜੀਤ ਸਿੰਘ ਬਲਾਕ ਪ੍ਰਧਾਨ, ਸਨਮ ਬੰਗਾ, ਜਸਵੀਰ ਸਿੰਘ ਕਾਕਾ, ਰੇਸ਼ਮ ਲਾਲ, ਸੁਨੀਲ ਕੁਮਾਰ ਸੀਲਾ, ਗੁਰਿੰਦਰ ਬੰਗਾ, ਗੱਗੀ, ਹਰਮਨ, ਗੁਰ ਅੰਮ੍ਰਿਤ ਰਾਮ ਤੋਂ ਇਲਾਵਾ ਵੱਡੀ ਗਿਣਤੀ ਵਿਚ ਖੇਡ ਪ੍ਰੇਮੀ ਹਾਜ਼ਰ ਸਨ।

## ਖਾਲਸਾ ਸਾਜਨਾ ਦਿਵਸ ਨੂੰ ਸਮਰਪਤ ਮੈਡੀਕਲ ਕੈਂਪ, 200 ਮਰੀਜ਼ਾਂ ਦੀ ਹੋਈ ਜਾਂਚ

**ਬਲਾਚੌਰ (ਜਸਵਿੰਦਰ ਬੈਂਸ)**- ਪਿੰਡ ਮਾਹੀਪੁਰ ਦੇ ਇਤਿਹਾਸਕ ਅਸਥਾਨ ਗੁਰਦੁਆਰਾ ਸ੍ਰੀ ਗੁਰੂਆਣਾ ਸਾਹਿਬ ਵਿਖੇ ਖਾਲਸਾ ਸਾਜਨਾ ਦਿਵਸ (ਵਿਸਾਖੀ) ਨੂੰ ਸਮਰਪਿਤ 6ਵਾਂ ਸਲਾਨਾ ਗੁਰਮਤਿ ਸਮਾਗਮ ਬੜੀ ਸ਼ਰਧਾ ਅਤੇ ਭਾਵਨਾ ਨਾਲ ਕਰਾਇਆ ਗਿਆ। ਇਸ ਪਵਿੱਤਰ ਮੌਕੇ 'ਤੇ ਮਾਨਵਤਾ ਦੀ ਸੇਵਾ ਨੂੰ ਮੁੱਖ ਰੱਖਦਿਆਂ ਸੰਗਤਾਂ ਤੇ ਲੋੜਵੰਦ ਮਰੀਜ਼ਾਂ ਲਈ ਇੱਕ ਵਿਸ਼ੇਸ਼ ਮੈਡੀਕਲ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਸੂਰੀ ਹਸਪਤਾਲ ਬਲਾਚੌਰ ਦੇ ਪ੍ਰਸਿੱਧ ਮਾਹਿਰ ਡਾਕਟਰਾਂ ਦੀ ਟੀਮ ਵਿਸ਼ੇਸ਼ ਤੌਰ 'ਤੇ ਪਹੁੰਚੀ। ਡਾਕਟਰ ਭੁਪਿੰਦਰ ਸੂਰੀ ਅਤੇ ਡਾ. ਅਮਨਦੀਪ ਕੌਰ ਸੂਰੀ ਨੇ ਆਪਣੀਆਂ ਸੇਵਾਵਾਂ ਨਿਭਾਉਂਦਿਆਂ ਲਗਭਗ 200 ਲੋੜਵੰਦ ਮਰੀਜ਼ਾਂ ਦੀ ਸਿਹਤ ਦੀ ਬਾਰੀਕੀ ਨਾਲ ਜਾਂਚ ਕੀਤੀ। ਇਸ ਦੌਰਾਨ ਮਰੀਜ਼ਾਂ ਨੂੰ



ਸਿਹਤ ਸੰਭਾਲ ਸਬੰਧੀ ਜ਼ਰੂਰੀ ਨੁਕਤੇ ਵੀ ਸਾਂਝੇ ਕੀਤੇ ਗਏ।ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦੱਸਿਆ ਕਿ ਗੁਰਮਤਿ ਸਮਾਗਮਾਂ ਦੀ ਲੜੀ ਵਿੱਚ ਮਾਨਵਤਾ ਦੀ ਭਲਾਈ ਲਈ ਅਜਿਹੇ ਕਾਰਜ ਕੀਤੇ ਜਾ ਰਹੇ ਹਨ। ਇਲਾਕਾ ਨਿਵਾਸੀਆਂ ਨੇ ਡਾਕਟਰਾਂ ਦੀ ਇਸ ਨਿਰਸਵਾਰਥ ਸੇਵਾ ਦੀ ਸ਼ਲਾਘਾ ਕੀਤੀ ਤੇ ਗੁਰੂ ਘਰ ਵਿਖੇ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ।

## ਲੋਕ ਇਨਸਾਫ਼ ਮੰਚ ਨੇ ਭਗਤ ਸਿੰਘ, ਰਾਜਗੁਰੂ, ਸੁਖਦੇਵ ਦਾ ਸ਼ਹੀਦੀ ਦਿਹਾੜਾ ਮਨਾਇਆ



**ਫਿਲੌਰ, (ਨਿਰਮਲ)**- ਲੋਕ ਇਨਸਾਫ਼ ਮੰਚ ਵੱਲੋਂ ਸ਼ਹੀਦੇ ਆਜ਼ਮ ਭਗਤ ਸਿੰਘ, ਰਾਜਗੁਰੂ, ਸੁਖਦੇਵ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ। ਇਸ ਦੌਰਾਨ ਭਗਤ ਸਿੰਘ ਜੀ ਦੀ ਫੋਟੋ ਤੇ ਫੁੱਲਮਾਲਾ ਅਰਪਿਤ ਕਰਕੇ ਓਹਨਾ ਨੂੰ ਨਿੱਘੀ ਸ਼ਰਧਾਂਜਲੀ ਦਿੱਤੀ ਗਈ। ਇਸ ਦੌਰਾਨ ਪ੍ਰਧਾਨ ਜਰਨੈਲ ਫਿਲੌਰ ਨੇ ਉਹਨਾਂ ਨੂੰ ਫੁੱਲਮਾਲਾ ਭੇਟ ਕਰਦਿਆਂ ਕਿਹਾ ਕੀ ਜੋ ਸੁਪਨੇ ਸਜੋ ਕੇ ਸਾਡੇ ਸ਼ਹੀਦਾਂ ਨੇ ਕੁਰਬਾਨੀਆਂ ਦਿੱਤੀਆਂ ਸੀ ਉਹ ਸੁਪਨੇ ਅਜਾਦੀ ਦੇ 78 ਸਾਲ ਬੀਤਣ ਦੇ ਬਾਅਦ ਵੀ ਅਧੂਰੇ ਹਨ। ਭਗਤ ਸਿੰਘ ਦੇ ਸੁਪਨੇ ਪੂਰੇ ਕਰਨ ਲਈ ਸਾਨੂੰ ਇਕਜੁੱਟ ਹੋ ਕੇ ਸਰਕਾਰ ਦੀਆਂ ਗਲਤ ਨੀਤੀਆਂ ਦਾ ਵਿਰੋਧ ਕਰਨਾ ਪਵੇਗਾ, ਲੋਕਾਂ ਵਿੱਚ ਚੇਤਨਾ ਪੈਦਾ ਕਰਨੀ ਪਵੇਗੀ ਤਾਂ ਹੀ ਸਮਾਜ ਵਿੱਚ ਇਨਕਲਾਬ ਆ ਸਕਦਾ ਹੈ। ਇਸ ਮੌਕੇ ਲੋਕ ਇਨਸਾਫ਼ ਮੰਚ ਦੇ ਪ੍ਰਧਾਨ ਜਰਨੈਲ ਫਿਲੌਰ, ਹਨੀ ਫਿਲੌਰ,ਅਸ਼ੋਕ ਲਾਖਾ, ਸਰੂਪ ਲਾਲ ਕਲੇਰ,ਸ਼ਿੰਗਾਰਾ ਰਾਮ, ਰਾਮ ਪਾਲ ਸੈਫਾਬਾਦ, ਰਾਮ ਲਾਲ, ਜਗਦੀਸ਼, ਸੰਤ ਲਾਲ, ਅਨਮੋਲ, ਗੋਪਾਲ, ਲਖਨ, ਕਰਨ ਬੰਗਾ, ਨਵਪ੍ਰੀਤ ਜੱਖੂ,ਸੁਨੀਤਾ ਫਿਲੌਰ, ਬੀਬੀ ਹੰਸ ਕੌਰ,ਅੰਜੂ ਬਿਰਦੀ, ਗੇਜੋ, ਬੰਗੜ੍ਹ, ਮਹਿੰਦਰ ਕੌਰ, ਮਨਪ੍ਰੀਤ ਸੱਲ੍ਹਣ, ਮਾਇਰਾ ਸੱਲ੍ਹਣ, ਕੰਵਲਜੀਤ ਫਿਲੌਰ, ਕਾਜਲ ਫਿਲੌਰ ਆਦਿ ਹਾਜ਼ਰ ਸਨ।

# ਕਬੱਡੀ ਟੂਰਨਾਮੈਂਟ ਦੇ ਫਾਈਨਲ ਮੁਕਾਬਲੇ ਅੱਜ

**ਨਕੋਦਰ (ਮਨਜੀਤ ਮਾਨ)**- ਤਹਿਸੀਲ ਨਕੋਦਰ ਅਧੀਨ ਪੈਂਦੇ ਪਿੰਡ ਮੱਲ੍ਹੀਆ ਖੁਰਦ ਜ਼ਿਲ੍ਹਾ ਜਲੰਧਰ ਵਿਖੇ ਸੰਦੀਪ ਨੰਗਲ ਅੰਬੀਆਂ ਦੀ ਯਾਦ ਨੂੰ ਸਮਰਪਿਤ ਸਿੱਧ ਬਾਬਾ ਲੱਛਮਣ ਜਤੀ ਯੂਥ ਸਪੋਰਟਸ ਕਲੱਬ ਵੱਲੋਂ ਪਿੰਡ, ਸਮੂਹ ਗ੍ਰਾਮ ਪੰਚਾਇਤ ਤੇ ਐਨ ਆਰ ਆਈਜ਼ ਦੇ ਸਹਿਯੋਗ ਨਾਲ ਸਵ, ਸਰਬਜੀਤ ਸਿੰਘ ਸਾਬੀ ਕਬੱਡੀ ਖਿਡਾਰੀ ਮੱਲ੍ਹੀਆ ਖੁਰਦ ਤੇ ਕਬੱਡੀ ਖਿਡਾਰੀ ਸਵ, ਦਵਿੰਦਰ ਸਿੰਘ ਗੁਲਾਬੋ ਮੱਲ੍ਹੀਆ ਖੁਰਦ ਦੀ ਯਾਦ ਨੂੰ ਸਮਰਪਿਤ 15 ਵਾਂ ਕਬੱਡੀ ਟੂਰਨਾਮੈਂਟ ਦੇ ਫਾਈਨਲ ਮੁਕਾਬਲੇ 25 ਮਾਰਚ ਨੂੰ ਕਰਵਾਏ ਜਾਣਗੇ। ਇਥੇ ਪ੍ਰੈੱਸ ਨੂੰ ਇਹ ਜਾਣਕਾਰੀ ਟੂਰਨਾਮੈਂਟ ਦੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਲਜੀਤ ਸਿੰਘ ਮੱਲ੍ਹੀ, ਮਲਕੀਤ ਸਿੰਘ ਯੂ ਐਸ ਏ, ਬੱਗਾ ਮੱਲ੍ਹੀ ਸਾਬਕਾ ਸਰਪੰਚ,ਤੇ ਅੰਮ੍ਰਿਤਪਾਲ ਸਿੰਘ ਨੇ ਸਾਂਝੇ ਤੌਰ ਤੇ ਦਿੰਦੇ ਹੋਏ ਦੱਸਿਆ ਕਿ 25 ਮਾਰਚ ਨੂੰ ਫਾਈਨਲ ਮੁਕਾਬਲੇ ਦੌਰਾਨ ਕਬੱਡੀ ਓਪਨ ਪਿੰਡ ਪੱਧਰ ਦੋ ਖਿਡਾਰੀ ਬਾਹਰੋਂ ਨੂੰ ਪਹਿਲਾਂ ਇਨਾਮ 81 ਹਜ਼ਾਰ ਰੁਪਏ ਤੇ ਦੂਸਰਾ ਇਨਾਮ 71 ਹਜ਼ਾਰ ਰੁਪਏ ਤੇ ਬੈਸਟ ਰੇਡਰ ਤੇ ਬੈਸਟ ਜਾਫੀ ਨੂੰ 21,21 ਹਜ਼ਾਰ ਰੁਪਏ ਇਨਾਮ ਵਜੋਂ ਦਿੱਤੇ ਜਾਣਗੇ। ਇਸ ਟੂਰਨਾਮੈਂਟ ਵਿੱਚ ਇਲਾਕੇ ਵਿੱਚ ਵੱਖ ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੀਆਂ ਸ਼ਖ਼ਸੀਅਤਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਜਾਵੇਗਾ।

# ਸਰਕਾਰੀ ਸਕੂਲਾਂ ਦੇ 25 ਵਿਦਿਆਰਥੀ ਸਪੇਸ ਐਪਲੀਕੇਸ਼ਨ ਸੈਂਟਰ ਦੇ ਦੌਰੇ ਲਈ ਰਵਾਨਾ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਵੱਲੋਂ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ 25 ਹੋਣਹਾਰ ਵਿਦਿਆਰਥੀਆਂ ਨੂੰ ਭਾਰਤੀ ਪੁਲਾੜ ਖੋਜ ਸੰਸਥਾ (ਇਸਰੋ) ਦੇ ਪ੍ਰਮੁੱਖ ਕੇਂਦਰ ਸਪੇਸ ਐਪਲੀਕੇਸ਼ਨ ਸੈਂਟਰ ਅਹਿਮਦਾਬਾਦ ਦੇ ਦੌਰੇ ਲਈ ਰਵਾਨਾ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਜਸਬੀਰ ਸਿੰਘ ਵੀ ਮੌਜੂਦ ਸਨ।ਸਥਾਨਕ ਰੈੱਡ ਕਰਾਸ ਭਵਨ ਤੋਂ 7ਵੀਂ,9ਵੀਂ ਅਤੇ 11ਵੀਂ



ਕਲਾਸ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਰਵਾਨਾ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਇਸਰੋ ਵਰਗੀਆਂ ਸੰਸਥਾਵਾਂ ਦੇ ਦੌਰੇ ਨਾਲ ਵਿਦਿਆਰਥੀਆਂ ਵਿੱਚ ਵਿਗਿਆਨ ਪ੍ਰਤੀ ਰੁਚੀ ਵਧੇਗੀ। ਉਨ੍ਹਾਂ ਕਿਹਾ ਕਿ ਇਹ ਵਿੱਦਿਅਕ ਯਾਤਰਾ ਉਨ੍ਹਾਂ ਦੇ ਭਵਿੱਖ ਨੂੰ ਨਵੀਂ ਦਿਸ਼ਾ ਦੇਵੇਗੀ। ਕੈਬਨਿਟ ਮੰਤਰੀ ਨੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਉਨ੍ਹਾਂ ਨੂੰ ਇਸ ਯਾਤਰਾ ਦਾ ਪੂਰਾ ਲਾਭ ਲੈਂਦਿਆਂ ਵੱਧ ਤੋਂ ਵੱਧ ਗਿਆਨ ਹਾਸਲ ਕਰਨ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਕਿਹਾ ਕਿ ਵਿਦਿਆਰਥੀ ਜੀਵਨ ਵਿੱਚ ਅਜਿਹੀਆਂ ਯਾਤਰਾਵਾਂ ਬਹੁਤ ਲਾਹੇਵੰਦ ਹੁੰਦੀਆਂ ਹਨ, ਜੋ ਵਿਦਿਆਰਥੀ ਦੇ ਵਿੱਦਿਅਕ ਜੀਵਨ ਨੂੰ ਨਵਾਂ ਮੋੜ ਦੇ ਸਕਦੀਆਂ ਹਨ।ਉਨ੍ਹਾਂ ਇਸ ਗੱਲ 'ਤੇ ਵੀ ਖੁਸ਼ੀ ਜ਼ਾਹਰ ਕੀਤੀ ਕਿ ਜਲੰਧਰ ਜ਼ਿਲ੍ਹੇ ਵਿੱਚ ਸਕੂਲ ਆਫ਼ ਐਮੀਨੈਂਸ ਫਿਲੌਰ ਅਤੇ ਆਦਮਪੁਰ ਵਿਖੇ ਅਤਿ-ਆਧੁਨਿਕ ਸਪੇਸ ਲੈਬ ਸਥਾਪਤ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਲੈਬਜ਼ ਸਦਕਾ ਵਿਦਿਆਰਥੀ ਪੁਲਾੜ ਵਿਗਿਆਨ ਬਾਰੇ ਗਿਆਨ ਹਾਸਲ ਕਰ ਸਕਣਗੇ ਅਤੇ ਪੁਲਾੜ ਵਿਗਿਆਨੀ ਬਣ ਕੇ ਭਵਿੱਖ ਵਿੱਚ ਆਪਣੇ ਜ਼ਿਲ੍ਹੇ, ਸੂਬੇ ਅਤੇ ਦੇਸ਼ ਦਾ ਨਾਮ ਰੌਸ਼ਨ ਕਰਨਗੇ।ਜ਼ਿਕਰਯੋਗ ਹੈ ਕਿ ਇਨ੍ਹਾਂ ਵਿਦਿਆਰਥੀਆਂ ਵਿੱਚ 15 ਲੜਕੀਆਂ ਤੇ 10 ਲੜਕੇ ਸ਼ਾਮਲ ਹਨ।

# ਸ਼ਹੀਦ ਭਗਤ ਸਿੰਘ, ਰਾਜਗੁਰ ਤੇ ਸੁਖਦੇਵ 'ਤੇ ਵਿਚਾਰ-ਚਰਚਾ ਕਰਕੇ ਸ਼ਰਧਾਂਜਲੀ ਭੇਟ ਕੀਤੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਇੱਥੇ ਅਲਾਇੰਸ ਕੱਲਬ ਇੰਟਰਨੈਸ਼ਨਲ ਡਿਸਟ੍ਰਿਕ 119 ਵੱਲੋਂ ਸ਼ਹੀਦ ਭਗਤ ਸਿੰਘ, ਰਾਜ ਗੁਰ, ਸੁਖਦੇਵ ਦੇ ਸ਼ਹੀਦੀ ਦਿਨ ਉੱਪਰ ਇੱਕ ਵਿਚਾਰ ਚਰਚਾ ਸਥਾਨਿਕ ਸ਼ਿਰਾਜ ਹੋਟਲ ਵਿਖੇ ਡਿਸਟ੍ਰਿਕ ਗਵਰਨਰ ਐਲੀ. ਵਿਵੇਕ ਸਾਹਨੀ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਮੌਕੇ ਤੇ ਅਲਾਇੰਸ ਕਲੱਬ ਇੰਟਰਨੈਸ਼ਨਲ ਡਾਇਰੈਕਟਰ ਐਲੀ. ਅਸ਼ੋਕ ਪੁਰੀ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਇਸ ਪ੍ਰੋਗਰਾਮ ਦੇ ਪ੍ਰੋਜੈਕਟ ਚੇਅਰਮੈਨ ਡਿਸਟ੍ਰਿਕ ਗਾਇਡ ਐਲੀ. ਰਮੇਸ਼ ਕੁਮਾਰ ਸਨ। ਸ਼ਹੀਦ ਭਗਤ ਸਿੰਘ, ਰਾਜ ਗੁਰੂ, ਸੁਖਦੇਵ ਦੀ ਸ਼ਹੀਦੀ ਅਤੇ ਉਨ੍ਹਾਂ ਦੀ ਅੱਜ ਦੇ ਜੀਵਨ ਵਿੱਚ ਵਿਚਾਰਧਾਰਾ ਉੱਪਰ ਗੱਲਬਾਤ ਨੂੰ ਤਰਕਸ਼ੀਲ ਵਿਚਾਰਧਾਰਾ ਨਾਲ ਜੁੜੇ ਐਲੀ. ਕਮਲ.ਕੇ. ਵਰਮਾ ਨੇ ਸ਼ੁਰੂ ਕੀਤਾ। ਇਸ ਵਿਚਾਰ ਚਰਚਾ ਵਿੱਚ ਪਾਸਟ ਜ਼ਿਲ੍ਹਾ ਗਵਰਨਰ ਐਲੀ. ਨਰੇਸ਼ ਚੱਡਾ ਅਤੇ ਐਲੀ. ਰਮੇਸ਼ ਕੁਮਾਰ ਨੇ ਭਰਪੂਰ ਯੋਗਦਾਨ ਪਾਇਆ। ਅਲਾਇੰਸ ਕਲੱਬ ਦੇ ਵਾਇਸ ਡਿਸਟ੍ਰਿਕ ਗਵਰਨਰ ਐਲੀ. ਅਸ਼ਵਨੀ ਕੁਮਾਰ ਦੱਤਾ ਨੇ ਵਿਚਾਰ ਚਰਚਾ ਨੂੰ ਪੁੰਜੀਬਧ ਕਰਦੇ ਹੋਏ ਦੱਸਿਆ ਕਿ ਸ਼ਹੀਦ ਭਗਤ ਸਿੰਘ ਤੇ ਉਨ੍ਹਾਂ ਦੇ ਸਾਥੀ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਕੁਰਬਾਨ



ਹੋਏ ਹਨ। ਅੱਜ ਉਨ੍ਹਾਂ ਨੂੰ ਯਾਦ ਕਰਨਾ ਦੇਸ਼ ਲਈ ਬਹੁਤ ਮੱਹਤਵਪੂਰਨ ਹੈ। ਇਸ ਮੌਕੇ ਤੇ ਐਲੀ. ਅਸ਼ੋਕ ਪੁਰੀ ਨੇ ਦੱਸਿਆ ਕਿ ਭਾਰਤ ਵਿੱਚ 'ਜੰਗ ਜਾਰੀ ਹੈ' ਅਤੇ ਇੰਗਲੈਂਡ ਦੀ ਧਰਤੀ ਤੇ ਉਨ੍ਹਾਂ 'ਮੇਰੀ ਮੌਤ ਤੇ ਨਾ ਰੋਇਓ' ਨਾਟਕ ਖੇਡੇ ਹਨ। ਇਸ ਮੌਕੇ ਤੇ ਵਿਚਾਰ ਚਰਚਾ ਵਿੱਚ ਭਾਗ ਲੈਣ ਵਾਲੇ ਐਲੀ. ਸ਼੍ਰਮੇਸ਼ ਕੁਮਾਰ, ਨੌਜਵਾਨ ਮਹੇਸ਼ ਕੁਮਾਰ, ਗੌਰਵ ਅਤੇ ਅੰਮ੍ਰਿਤਲਾਲ ਦਾ ਡਿਸਟ੍ਰਿਕ ਗਵਰਨਰ ਐਲੀ.ਵਿਵੇਕ ਸਾਹਨੀ ਨੇ ਧੰਨਵਾਦ ਕੀਤਾ।

## ਨੌਜਵਾਨ ਭਾਰਤ ਸਭਾ ਦੀ 100 ਵੀਂ ਵਰ੍ਹੇਗੰਢ ਨੂੰ ਸਮਰਪਤ ਖਟਕੜ ਕਲਾਂ ਵਿਖੇ ਸੂਬਾ ਪੱਧਰੀ ਨੌਜਵਾਨ ਕਾਨਫਰੰਸ

**ਬੰਗਾ (ਅਵਤਾਰ ਕਲੇਰ)** ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਮਹਾਨ ਸ਼ਹੀਦਾਂ ਦੇ ਸ਼ਹੀਦੀ ਦਿਹਾੜੇ ਤੇ ਨੌਜਵਾਨ ਭਾਰਤ ਸਭਾ ਦੀ 100 ਵਰ੍ਹੇਗੰਢ ਨੂੰ ਸਮਰਪਿਤ ਖਟਕੜ ਕਲਾਂ ਵਿਖੇ ਸੂਬਾ ਪੱਧਰੀ ਨੌਜਵਾਨ ਕਾਨਫਰੰਸ ਕੀਤੀ ਗਈ। ਜਿਸ ਵਿੱਚ ਸੂਬੇ ਭਰ ਤੋਂ ਸੈਂਕੜੇ ਨੌਜਵਾਨਾਂ ਨੇ ਭਰਵੀ ਸ਼ਮੂਲੀਅਤ ਕੀਤੀ। ਸਭ ਤੋਂ ਪਹਿਲਾਂ ਮੌਨ ਧਾਰਨ ਕਰਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਨੌਜਵਾਨ ਭਾਰਤ ਸਭਾ ਦੇ ਸੂਬਾ ਪ੍ਰਧਾਨ ਮੰਗਾ ਆਜ਼ਾਦ, ਜਨਰਲ ਸਕੱਤਰ ਕਰਮਜੀਤ ਮਾਣੂਕੇ ਅਤੇ ਸੂਬਾ ਮੀਤ ਪ੍ਰਧਾਨ ਮੰਗਲਜੀਤ ਪੰਡੋਰੀ ਨੇ ਕਿਹਾ ਕਿ ਅੱਜ ਵੀ ਸਾਡੇ ਸ਼ਹੀਦਾਂ ਦੇ ਸੁਪਨੇ ਅਧੂਰੇ



ਪਏ ਹਨ। ਸੂਬਾ ਵਿੱਤ ਸਕੱਤਰ ਨੌ ਨਿਹਾਲ ਸਿੰਘ ਦੀਪ ਸਿੰਘ ਵਾਲਾ ਦਵਿੰਦਰ ਛਬੀਲਪੁਰ ਅਤੇ ਹਰਜਿੰਦਰ ਖੋਖਰ ਨੇ ਕਿਹਾ ਕਿ ਨੌਜਵਾਨ ਭਾਰਤ ਸਭਾ ਦੇ ਪਹਿਲੇ ਜਨਰਲ ਸਕੱਤਰ ਭਗਤ ਸਿੰਘ,ਪਹਿਲੇ ਪ੍ਰਚਾਰ ਸਕੱਤਰ ਭਗਵਤੀ ਚਰਨ ਵੋਹਰਾ, ਰਾਜਗੁਰੂ ਸੁਖਦੇਵ ਪਹਿਲੇ ਕਮੇਟੀ ਮੈਂਬਰ ਸਨ । ਸ਼ਹੀਦ ਸਾਡੇ ਤੋਂ ਆਸ ਕਰਦੇ ਹਨ ਕਿ ਉਨ੍ਹਾਂ ਦੇ ਸੁਪਨਿਆਂ ਦਾ ਸਮਾਜ ਸਿਰਜਣ ਲਈ ਜਵਾਨੀ ਅੱਗੇ ਆਵੇ।ਇਸ ਮੌਕੇ ਜ਼ਿਲ੍ਹਾ ਜਲੰਧਰ ਦੀ ਕਮੇਟੀ ਵਲੋਂ ਖੂਨਦਾਨ ਕੈਂਪ ਵੀ ਲਗਾਇਆ ਗਿਆ। ਚਿੰਤਨ ਪ੍ਰਕਾਸ਼ਨ ਵਲੋਂ ਕਿਤਾਬਾਂ ਦਾ ਸਟਾਲ ਵੀ ਲਗਾਇਆ ਗਿਆ।

# ਸ਼ਹੀਦ ਏ ਆਜ਼ਮ ਭਗਤ ਸਿੰਘ ਨੂੰ ਸ਼ਰਧਾਂਜਲੀ

**ਅੱਡਾ ਸਰਾਂ (ਜਸਵੀਰ ਕਾਜਲ)**- ਸ਼ਹੀਦ ਏ ਆਜ਼ਮ ਭਗਤ ਸਿੰਘ, ਰਾਜਗੁਰੂ, ਸੁਖਦੇਵ ਜੀ ਦੇ ਸ਼ਹੀਦੀ ਦਿਨ ਨੂੰ ਸਮਰਪਿਤ ਸਮਾਗਮ ਸ਼ਹੀਦ ਭਗਤ



ਸਿੰਘ ਕ੍ਰਾਂਤੀਕਾਰੀ ਸੁਸਾਇਟੀ ਵੱਲੋਂ ਕਾਹਲੋ ਵੋਕੇਸ਼ਨਲ ਟ੍ਰੇਨਿੰਗ ਇੰਸਟੀਚਿਊਟ ਐਂਡ ਮੈਨੇਜਮੈਂਟ ਵੈਲਫੇਅਰ ਸੋਸਾਇਟੀ ਦੇ ਸਹਿਯੋਗ ਨਾਲ ਦਫਤਰ ਭੂੰਗਾ ਵਿਖੇ ਕਰਵਾਇਆ ਗਿਆ। ਇਸ ਸਮਾਗਮ ਵਿੱਚ ਭਾਸ਼ਣ, ਕਵਿਤਾ ਅਤੇ ਗੀਤਾ ਰਾਹੀਂ ਸ਼ਹੀਦ ਭਗਤ ਸਿੰਘ ਦੇ ਜੀਵਨ ਫਲਸਫੇ ਤੇ ਕੁਰਬਾਨੀ ਭਰੇ ਜਜ਼ਬੇ ਸੰਬੰਧੀ ਜਾਣਕਾਰੀ ਦਿੰਦੇ ਹੋਏ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਜਿਸ ਵਿੱਚ ਇਲਾਕੇ ਦੀਆਂ ਸਵੈ ਸੇਵੀ ਜਥੇਬੰਦੀਆਂ, ਯੂਥ ਕਲੱਬਾਂ ਅਤੇ ਫਾਰਮਰ ਪ੍ਰੋਡਿਊਸਰ ਆਰਗਨਾਈਜੇਸ਼ਨ ਦੇ ਆਗੂਆਂ ਨੇ ਭਾਗ ਲਿਆ। ਇਸ ਮੌਕੇ ਸੰਬੋਧਨ ਕਰਦਿਆਂ ਰਵਿੰਦਰ ਸਿੰਘ ਕਾਹਲੋਂ ਪ੍ਰਧਾਨ ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਪੰਜਾਬ ਨੇ ਕਿਹਾ ਕਿ ਜੋ ਕੌਮਾਂ ਆਪਣੇ ਸ਼ਹੀਦਾਂ ਨੂੰ ਭੁੱਲ ਜਾਂਦੀਆਂ ਹਨ ਉਹ ਜਿਆਦਾ ਦੇਰ ਤੱਕ ਜਿਉਂਦੀਆਂ ਨਹੀਂ ਰਹਿੰਦੀਆਂ। ਲਖਬੀਰ ਸਿੰਘ ਸੀਈਓ ਅਨਹਦ, ਸੁਮਨਾ ਦੇਵੀ ਸੀਈਓ ਕੰਢੀ ਫਾਰਮਰ ਪ੍ਰੋਡਿਊਸਰ ਆਰਗਨਾਈਜ਼ੇਸ਼ਨ ਦਸੂਹਾ, ਜੋਗਿੰਦਰ ਸਿੰਘ ਸਮਾਜ ਸੇਵਕ, ਆਦੀ ਨੇ ਨੌਜਵਾਨਾਂ ਨੂੰ ਸ਼ਹੀਦ ਭਗਤ ਸਿੰਘ ਦੀ ਸੋਚ ਤੇ ਪਹਿਰਾ ਦੇਣ ਲਈ ਅਪੀਲ ਕੀਤੀ ਤਾਂ ਜੋ ਸ਼ਹੀਦਾਂ ਦੀਆਂ ਅਣਗਿਣਤ ਕੁਰਬਾਨੀਆਂ ਸਦਕਾ ਮਿਲੀ ਇਸ ਆਜ਼ਾਦੀ ਨੂੰ ਬਰਕਰਾਰ ਰੱਖਿਆ ਜਾ ਸਕੇ । ਇਸ ਮੌਕੇ ਵਿਸ਼ੇਸ਼ ਤੌਰ ਤੇ ਸੰਤੋਖ ਕੌਰ ਕਾਹਲੋਂ, ਮਨਕੀਰਤ ਸਿੰਘ ਕਾਹਲੋਂ, ਜਸਦੀਪ ਸਿੰਘ ਕਾਹਲੋਂ, ਦਮਨਪ੍ਰੀਤ ਕੌਰ, ਰਾਜਵੀਰ ਕੌਰ , ਸਪਨਾ, ਪੱਪੀ ਬਹਿਲ,ਪਰਮਜੀਤ ਸਿੰਘ, ਬਲਵੀਰ ਸਿੰਘ, ਪ੍ਰੇਮ ਕੁਮਾਰ, ਰਾਜ ਦੇਵੀ, ਰਵਿੰਦਰ ਸਿੰਘ ਰਾਣਾ, ਸੁਖਚਰਨ ਪਾਲ ਸਿੰਘ, ਜਗਤਾਰ ਸਿੰਘ, ਵਿਕਾਸ ਸ਼ਰਮਾ ਆਦਿ ਹਾਜ਼ਰ ਸਨ।

# ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਵਿਖੇ ਮਨਾਇਆ ਸ਼ਹੀਦੀ ਦਿਹਾੜਾ

**ਫਿਲੌਰ/ਨੂਰਮਹਿਲ (ਨਿਰਮਲ, ਬਾਲ ਕ੍ਰਿਸ਼ਨ ਬਾਲੀ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਫਿਲੌਰ ਵਿਖੇ ਸ੍. ਭਗਤ ਸਿੰਘ ਰਾਜਗੁਰੂ ਤੇ ਸੁਖਦੇਵ ਦੀ ਸ਼ਹਾਦਤ ਲਈ ਇੱਕ ਸ਼ਰਧਾਂਜਲੀ ਪ੍ਰੋਗਰਾਮ ਉਲੀਕਿਆ ਗਿਆ। ਕਾਲਜ ਦੇ ਪ੍ਰਿੰਸੀਪਲ ਡਾ: ਰਾਜਵਿੰਦਰ ਕੌਰ ਹੁੰਦਲ ਜੀ ਦੀ ਯੋਗ ਅਗਵਾਈ ਸਦਕਾ ਪੰਜਾਬੀ ਵਿਭਾਗ, ਕੰਪਿਊਟਰ ਵਿਭਾਗ ਅਤੇ ਕਾਮਰਸ ਵਿਭਾਗ ਵੱਲੋਂ ਰਲਕੇ ਪੰਜਾਬ ਦੇ ਸੂਰਬੀਰਾਂ ਦੀ ਭਾਰਤ ਦੇਸ਼ ਦੀ ਆਜਾਦੀ ਲਈ ਦਿੱਤੀ ਕੁਰਬਾਨੀ ਨੂੰ ਯਾਦ ਕਰਦਿਆਂ ਕਾਲਜ ਦੇ ਐੱਨ ਐੱਨ ਐੱਸ ਵਿਭਾਗ ਦੇ ਵਿਦਿਆਰਥੀਆਂ ਦੇ ਸਹਿਯੋਗ ਸਦਕਾ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ। ਸਭ ਤੋਂ ਪਹਿਲਾਂ ਪ੍ਰਿੰਸੀਪਲ ਅਤੇ ਸਮੂਹ



ਟੀਚਿੰਗ ਸਟਾਫ ਦੇ ਵੱਲੋਂ ਸ਼ਹੀਦਾਂ ਨੂੰ ਸ਼ਰਧਾਂਜਲੀ ਦੇ ਫੁੱਲ ਭੇਟ ਕਰਨ ਦੀ ਰਸਮ ਅਦਾ ਕੀਤੀ ਗਈ। ਇਸ ਉਪਰੰਤ ਕਾਲਜ ਦੇ ਵਿਦਿਆਰਥੀ ਗੁਰਪ੍ਰੀਤ ਸਿੰਘ (ਬੀ ਕਾਮ ਸਮੈਸਟਰ ਚੋਥਾ), ਰੀਨਾ ਅਤੇ ਕਿਰਨ ਸ਼ਰਮਾ (ਐੱਮ ਏ ਪੰਜਾਬੀ ਸਮੈਸਟਰ ਚੌਥਾ), ਰਾਗਿਨੀ (ਬੀ ਏ ਸਮੈਸਟਰ ਚੌਥਾ) ਨੇ ਭਾਸ਼ਣ, ਕਵਿਤਾ ਤੇ ਗੀਤ-ਗਾਇਨ ਦੇ ਨਾਲ ਸਭ ਦੇ ਮਨ ਨੂੰ ਇਹਨਾਂ ਦੇਸ਼ ਭਗਤਾਂ ਦੀ ਕੁਰਬਾਨੀ ਪ੍ਰਤੀ ਖਿੱਚ ਦਾ ਕੇਂਦਰ ਬਣਾ ਲਿਆ। ਕਾਲਜ ਦੇ ਪ੍ਰਿੰਸੀਪਲ ਡਾ: ਰਾਜਵਿੰਦਰ ਕੌਰ ਹੁੰਦਲ ਨੇ ਵਿਦਿਆਰਥੀਆਂ ਦੇ ਰੂ-ਬ-ਰੂ ਹੁੰਦੇ ਹੋਏ ਕਿਹਾ ਕਿ ਸ਼ਹੀਦ ਭਗਤ ਸਿੰਘ ਜੀ ਦੀ ਉੱਚੀ, ਸੱਚੀ ਤੇ ਸੁੱਚੀ ਸੋਚ 'ਤੇ ਨੌਜਵਾਨ ਵਰਗ ਨੂੰ ਪਹਿਰਾ ਦੇਣ ਦੀ ਲੋੜ ਹੈ ਕਿਉਂਕਿ ਸਮਾਜ ਦੇ ਵਿੱਚ ਜੋ ਸੁਪਨਾ ਭਗਤ ਸਿੰਘ ਲੈ ਕੇ ਰੁਖਸਤ ਹੋਏ ਨੇ ਉਹ ਸੁਪਨੇ ਦੀ ਪੂਰਤੀ ਦੀ ਆਸ ਨੌਜਵਾਨ ਵਰਗ ਤੋਂ ਹੀ ਕੀਤੀ ਜਾ ਸਕਦੀ ਹੈ। ਇਸ ਮੌਕੇ ਕਾਲਜ ਦਾ ਸਮੂਹ ਸਟਾਫ ਪ੍ਰੋ: ਵਿਸ਼ਾਲੀ ਪਸਰੀਚਾ, ਪ੍ਰੋ:ਰੁਪਿੰਦਰ ਸਿੰਘ, ਡਾ:ਪਰਮਜੀਤ ਕੌਰ, ਪ੍ਰੋ:ਜਸਪ੍ਰੀਤ ਕੌਰ, ਪ੍ਰੋ:ਬਬੀਤਾ, ਪ੍ਰੋ:ਮਨਦੀਪ ਕੌਰ, ਪ੍ਰੋ:ਸੋਨੀਆ ਪ੍ਰੋ:ਮਨੀਸ਼ ਤ੍ਰੇਹਨ, ਪ੍ਰੋ:ਰਾਜਨ ਮਿੱਤੂ ਪ੍ਰੋ:ਮਨਿੰਦਰ ਸਿੰਘ, ਪ੍ਰੋ:ਕਿਰਨਦੀਪ ਕੌਰ, ਪ੍ਰੋ: ਹਰਪ੍ਰੀਤ ਸਿੰਘ, ਪ੍ਰੋ:ਨਵਦੀਪ ਕੌਰ, ਪ੍ਰੋ:ਕਮਲਪ੍ਰੀਤ ਕੌਰ, ਪ੍ਰੋ:ਅਮ੍ਰਿਤਾ ਹਾਜ਼ਰ ਰਹੇ।

## ਸ਼ਹੀਦਾਂ ਦੀ ਕੁਰਬਾਨੀ ਨਾਲ ਹੀ ਸੁਰੱਖਿਅਤ ਹੈ ਦੇਸ਼ ਦੀ ਆਜ਼ਾਦੀ : ਸਿਹਤ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਸ਼ਹੀਦੀ ਦਿਵਸ ਦੇ ਮੌਕੇ 'ਤੇ ਦੇਸ਼ ਦੇ ਮਹਾਨ ਸੁਤੰਤਰਤਾ ਸੈਨਾਨੀਆਂ ਨੂੰ ਭਾਵਭਿਨੀ ਸ਼ਰਧਾਂਜਲੀ ਦਿੱਤੀ। ਉਨ੍ਹਾਂ ਨੇ ਕਿਹਾ ਕਿ ਸ਼ਹੀਦਾਂ ਦੀ ਕੁਰਬਾਨੀ ਰਾਸ਼ਟਰ ਦੀ ਅਮੁੱਲ ਧਰੋਹਰ ਹਨ, ਜਿਸ ਨੂੰ ਕਦੀ ਭੁਲਾਇਆ ਨਹੀਂ ਜਾ ਸਕਦਾ। ਸਿਹਤ ਮੰਤਰੀ ਨੇ ਕਿਹਾ ਕਿ 23 ਮਾਰਚ ਦਾ ਦਿਨ ਭਾਰਤੀ ਇਤਿਹਾਸ ਵਿੱਚ ਬਹੁਤ ਮਹਤੱਵਪੂਰਣ ਅਤੇ ਪ੍ਰੇਰਣਾਦਾਇਕ ਹਨ।

ਇਹ ਦਿਨ ਸਾਨੂੰ ਮਹਾਨ ਕ੍ਰਾਂਤੀਕਾਰੀਆਂ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਅਦੁੱਤੀ ਕੁਬਰਾਨੀ ਦੀ ਯਾਦ ਦਿਵਾਉਂਦਾ ਹੈ, ਜਿਨ੍ਹਾਂ ਨੇ ਦੇਸ਼ ਦੀ ਆਜਾਦੀ ਲਈ ਆਪਣੀ ਜਨ ਦੀ ਕੁਰਬਾਨੀ ਦਿੱਤੀ। ਉਨ੍ਹਾਂ ਨੇ ਕਿਹਾ ਕਿ ਇਨ੍ਹਾਂ ਵੀਰ ਸਪੂਤਾਂ ਨੇ ਅਨਿਆਂ ਖਿਲਾਫ ਸੰਘਰਸ਼ ਦਾ ਜੋ ਸੰਦੇਸ਼ ਦਿੱਤਾ, ਉਹ ਅੱਜ ਵੀ ਦੇਸ਼ਵਾਸੀਆਂ ਲਈ ਪ੍ਰੇਰਣਾਸਰੋਤ ਬਣਿਆ ਹੋਇਆ ਹੈ।

## ਕਮਿਊਨਿਟੀ ਹਾਲ ਦੀ ਉਸਾਰੀ ਤੇ ਗੰਦੇ ਪਾਣੀ ਦੇ ਨਿਕਾਸ ਵਾਸਤੇ ਜਲਦ ਫੰਡ ਰਿਲੀਜ਼ ਕੀਤੇ ਜਾਣਗੇ : ਡਾ. ਰਵਜੋਤ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸੱਜਣ ਪਿੰਡ 'ਚ ਕਮਿਊਨਿਟੀ ਹਾਲ ਦੀ ਉਸਾਰੀ ਤੇ ਗੰਦੇ ਪਾਣੀ ਦੇ ਨਿਕਾਸ ਵਾਸਤੇ ਜਲਦ ਫੰਡ ਭੇਜਕੇ ਲੋੜੀਂਦੇ ਕੰਮ ਦੀ ਸ਼ੁਰੂਆਤ ਕਰਵਾ ਦਿੱਤੀ ਜਾਵੇਗੀ । ਇਹ ਪ੍ਰਗਟਾਵਾ ਕੈਬਨਿਟ ਮੰਤਰੀ ਪੰਜਾਬ ਸਰਕਾਰ ਡਾਕਟਰ ਰਵਜੋਤ ਸਿੰਘ ਵੱਲੋਂ ਸੱਜਣ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਐਨ ਆਰ ਆਈ ਦਵਿੰਦਰ ਸਿੰਘ ਸਜਣ ਕਨੇਡੀਅਨ ਪਰਵਾਰ ਵੱਲੋਂ ਕਰਵਾਏ ਗਏ, ਸਾਲਾਨਾ



ਸ੍ਰੀ ਸੁਖਮਣੀ ਸਾਹਿਬ ਜੀ ਦੇ ਭੋਗ ਉਪਰੰਤ ਕਹਿ ਕੇ ਹਾਜ਼ਰ ਸੰਗਤਾਂ ਨੂੰ ਯਕੀਨ ਦਿਵਾਇਆ ਹੈ । ਇਸ ਸਮੇਂ ਲਾਇਨ ਡਾਕਟਰ ਮੁਖਤਿਆਰ ਸਿੰਘ ਧਾਲੀਵਾਲ ਵੱਲੋ ਡਾ. ਰਵਜੋਤ ਸਿੰਘ ਤੇ ਸਾਥੀਆਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ । ਸਰਪੰਚ ਸ੍ਰ ਪਰਵਿੰਦਰ ਸਿੰਘ ਵੱਲੋ ਗ੍ਰੰਥੀ ਸਿੰਘ ਅਤੇ ਭਾਈ ਮਨਜੀਤ ਸਿੰਘ ਦੇ ਰਾਗੀ ਜੱਥੇ ਨੂੰ ਸਿਰੋਪਾਓ ਭੇਟ ਕਰ ਕੇ ਸਨਮਾਨਿਤ ਕੀਤਾ ਗਿਆ । ਰਾਗੀ ਜਥੇ ਵੱਲੋਂ ਗੁਰਬਾਣੀ ਦਾ ਦਾ ਰਸਭਿੰਨਾ ਕੀਰਤਨ ਸਰਵਣ ਕਰਵਾਇਆ ਗਿਆ । ਇਸ ਸਮੇਂ ਮਨਵਿੰਦਰ ਸਿੰਘ ਸਜਣ, ਹਰਜਿੰਦਰ ਸਿੰਘ ਸਜਣ, ਡਾ. ਤੇਜਬੀਰ ਸਿੰਘ ਧਾਲੀਵਾਲ, ਮਨਜੀਤ ਸਿੰਘ ਕਨੇਡੀਅਨ, ਏਕਮਜੋਤ ਸਿੰਘ ਕਨੇਡੀਅਨ, ਸੁਖਤਾਜ ਸਿੰਘ ਕਨੇਡੀਅਨ, ਡਾ. ਇਕਬਾਲ ਸਿੰਘ ਜੱਜ ਮੋਨਾ ਕਲਾਂ, ਅਮਨ ਸਿੰਘ ਜੱਜ ਨੇ ਸਮਾਗਮ ਦੀਆ ਪ੍ਰਬੰਧਕੀ ਜਿੰਮੇਵਾਰੀਆ ਨੂੰ ਬਖੂਬੀ ਨਿਭਾਇਆ । ਗੁਰੂ ਜੀ ਦਾ ਲੰਗਰ ਅਤੇ ਚਾਹ ਮਠਿਆਈ ਦਾ ਲੰਗਰ ਅਤੁੱਟ ਵਰਤਾਇਆ ਗਿਆ ।

## ਸੇਵਾ ਕੇਂਦਰ 'ਚ ਕੰਮ ਕਰਵਾਉਣ ਆ ਰਹੇ ਲੋਕ ਹੋ ਰਹੇ ਪਰੇਸ਼ਾਨ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਸੇਵਾ ਕੇਦਰ ਗੜ੍ਹਸ਼ੰਕਰ ਵਿੱਚ ਆਪਣੇ ਕੰਮ ਕਰਵਾਉਣ ਆ ਰਹੇ ਆਮ ਲੋਕਾਂ ਨੂੰ ਸਟਾਫ ਦੀ ਘਾਟ ਨਾਲ ਪਰੇਸ਼ਾਨੀ ਆ ਰਹੀ ਹੈ। ਕਿਉਂਕਿ ਸੇਵਾ ਕੇਦਰ 'ਚ ਕੰਮ ਕਰਨ ਆ ਰਹੇ ਜਿਆਦਾਤਰ ਕਰਮਚਾਰੀਆਂ ਦੀਆਂ ਡਿਊਟੀਆਂ ਪਿੰਡਾ 'ਚ ਕੈਂਪ ਲਗਾ ਕੇ ਦੱਸ ਲੱਖ ਰੁਪਏ ਦੇ ਕਾਰਡ ਬਨਾਉਣ ਵਿੱਚ ਲੱਗੀਆ ਹਨ। ਜਦੋਂ ਕਿ ਇਹ ਸਿਹਤ ਯੋਜਨਾ ਵਾਲੇ ਕਾਰਡ ਸੇਵਾ ਕੇਂਦਰਾਂ ਜਾ ਆਨਲਾਈਨ ਵੀ ਬਣ ਰਹੇ ਹਨ। ਸੇਵਾ ਕੇਂਦਰ 'ਚ ਕੰਮ ਕਰਵਾਉਣ ਆਏ ਕੁਝ ਲੋਕਾਂ ਨੇ ਦੱਸਿਆ ਕਿ ਕੰਮ ਕਰਵਾਉਣ ਲਈ ਸਵੇਰ ਤੋ ਆ ਕੇ ਸ਼ਾਮ ਪੈ ਜਾਂਦੀ ਹੈ ਪਰ ਸਟਾਫ ਦੀ ਘਾਟ ਕਾਰਨ ਕਈ ਵਾਰੀ ਟੋਕਨ ਸਿਰਫ ਲਿਖਿਆ ਰਹਿ ਜਾਂਦਾ ਤੇ ਫਿਰ ਦੂਜੇ ਦਿਨ ਸੇਵਾ ਕੇਂਦਰ 'ਚ ਲਾਈਨ ਚ ਲੱਗਣਾ ਪੈਂਦਾ ਹੈ। ਲੋਕਾਂ ਨੇ ਮੰਗ ਕੀਤੀ ਕਿ ਸੇਵਾ ਕੇਦਰ ਵਿੱਚ ਸਟਾਫ ਦੀ ਘਾਟ ਪੂਰੀ ਕੀਤੀ ਜਾਵੇ। ਇਸ ਸੰਬੰਧੀ ਜਦੋਂ ਸੇਵਾ ਕੇਦਰ ਦੇ ਜ਼ਿਲ੍ਹਾ ਇੰਚਾਰਜ ਗੁਰਸੇਵਕ ਸਿੰਘ ਨਾਲ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਸਰਕਾਰ ਵੱਲੋਂ ਪਿੰਡਾਂ ਵਿੱਚ ਕੈਂਪ ਲਗਾ ਕੇ ਦੱਸ ਲੱਖ ਰੁਪਏ ਵਾਲੇ ਸਿਹਤ ਯੋਜਨਾ ਦੇ ਕਾਰਡ ਬਣਾਏ ਜਾ ਰਹੇ ਹਨ ਤੇ ਸੇਵਾ ਕੇਦਰਾ ਦੇ ਕਰਮਚਾਰੀਆਂ ਦੀਆਂ ਡਿਊਟੀਆਂ ਲੱਗੀਆਂ ਹੋਈਆਂ ਹਨ ਜਿਸ ਨਾਲ ਸੇਵਾ ਕੇਦਰ ਵਿੱਚ ਥੋੜੀ ਦੇਰੀ ਨਾਲ ਕੰਮ ਹੋ ਰਹੇ ਹਨ ਤੇ ਉਹਨਾਂ ਕਿਹਾ ਕਿ ਜਲਦ ਹੀ ਸੇਵਾ ਕੇਂਦਰ 'ਚ ਮੁੜ ਸਟਾਫ ਪਹਿਲਾਂ ਵਾਗ ਕੰਮ ਕਰੇਗਾ।

# ਸ੍ਰੀ ਹਨੂੰਮਤ ਇੰਸਟੀਚਿਊਟ ਆਫ ਮੈਨੇਜਮੈਂਟ ਨੇ ਆਰੋਹਣ 2026 ਦਾ ਕੀਤਾ ਐਲਾਨ

**ਗੁਰਾਇਆ (ਬਿੰਦਰ ਸੁਮਨ)**- ਪ੍ਰਿੰਸੀਪਲ ਡਾ. ਪਲਵਿੰਦਰ ਕੁਮਾਰ ਦੀ ਦੂਰਦਰਸ਼ੀ ਅਗਵਾਈ ਹੇਠ, ਸ੍ਰੀ ਹਨੂੰਮਤ ਇੰਸਟੀਟਿਊਟ ਆਫ ਮੈਨੇਜਮੈਂਟ ਐਂਡ ਟੈਕਨੋਲੋਜੀ (ਐੱਸ ਐੱਚ ਆਈ ਐੱਮ ਟੀ) ਦੇ ਪ੍ਰਬੰਧਕ ਤੇ ਸਟਾਫ ਨੇ ਮਾਣ ਨਾਲ ਆਪਣੇ ਬਹੁ-ਉਡੀਕੇ ਜਾ ਰਹੇ ਸਾਲਾਨਾ ਦਿਵਸ ਸਮਾਰੋਹ 'ਆਰੋਹਣ 2026' ਭਾਰਤੀ ਜੜ੍ਹਾਂ ਤੋਂ ਗਲੋਬਲ ਪੜਾਅ ਤੱਕ : ਉੱਤਮਤਾ ਵੱਲ ਇੱਕ ਯਾਤਰਾ ਦਾ ਐਲਾਨ ਕੀਤਾ। ਇਹ ਵੱਕਾਰੀ ਈਵੈਂਟ ਸ਼ੁੱਕਰਵਾਰ, 27 ਮਾਰਚ ਨੂੰ ਸ਼ਾਮ 4 ਵਜੇ ਤੋਂ ਬਾਅਦ (ਐੱਸ ਐੱਚ ਆਈ ਐੱਮ ਟੀ) ਪਰਿਸਰ, ਐੱਨ ਐੱਚ 44 ਗੋਰਾਇਆ ਵਿਖੇ ਆਯੋਜਿਤ ਕੀਤਾ ਜਾਵੇਗਾ।

ਇਸ ਉਤਸਵ ਦਾ ਉਦੇਸ਼ ਵਿਦਿਆਰਥੀਆਂ ਦੀ ਜੀਵੰਤ ਪ੍ਰਤਿਭਾ, ਸੱਭਿਆਚਾਰਕ ਵਿਭਿੰਨਤਾ ਅਤੇ ਅਕਾਦਮਿਕ ਉੱਤਮਤਾ ਨੂੰ ਪ੍ਰਦਰਸ਼ਿਤ ਕਰਨਾ ਹੈ, ਜੋ ਸੰਸਥਾ ਦੀ ਸਮੁੱਚੇ ਵਿਕਾਸ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਪ੍ਰਿੰਸੀਪਲ ਡਾ. ਪਲਵਿੰਦਰ ਕੁਮਾਰ ਨੇ ਕਿਹਾ ਕਿ ਆਰੋਹਣ 2026 ਸਿਰਫ ਇੱਕ ਸਮਾਗਮ ਨਹੀਂ ਹੈ, ਬਲਕਿ ਵਿਕਾਸ, ਪ੍ਰਾਪਤੀਆਂ ਅਤੇ ਇੱਛਾਵਾਂ ਦਾ ਜਸ਼ਨ ਹੈ। ਇਹ ਵਿਦਿਆਰਥੀਆਂ ਨੂੰ ਆਪਣੀ ਸੱਭਿਆਚਾਰਕ ਵਿਰਾਸਤ ਨੂੰ ਵਿਸ਼ਵ ਦ੍ਰਿਸ਼ਟੀਕੋਣ ਨਾਲ ਜੋੜਨ ਅਤੇ ਉੱਤਮਤਾ ਵੱਲ ਭਰੋਸੇ ਨਾਲ ਕਦਮ ਰੱਖਣ ਲਈ ਇੱਕ ਮੰਚ ਪ੍ਰਦਾਨ ਕਰਦਾ ਹੈ।

# ਸੰਯੁਕਤ ਕਿਸਾਨ ਮੋਰਚਾ ਨੇ ਸਾਮਰਾਜ ਵਿਰੋਧੀ ਦਿਵਸ ਮਨਾਇਆ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਸੰਯੁਕਤ ਕਿਸਾਨ ਮੋਰਚਾ ਪੰਜਾਬ, ਭਾਰਤ ਅਤੇ ਕੇਂਦਰੀ ਟਰੇਡ ਯੂਨੀਅਨਸ ਦੇ ਸੱਦੇ ਤੇ ਸੁਲਤਾਨਪੁਰ ਲੋਧੀ ਵਿਖੇ ਸਾਮਰਾਜ ਵਿਰੋਧੀ ਦਿਵਸ ਦੇ ਰੂਪ ਵਿੱਚ ਮਨਾਇਆ ਗਿਆ ਜਿਸ ਵਿੱਚ ਵੱਡੀ ਗਿਣਤੀ ਆਗੂਆਂ ਨੇ ਸ਼ਿਰਕਤ ਕੀਤੀ ਅਤੇ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦਾ ਦਿਨ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦਾ ਸ਼ਹੀਦੀ ਦਿਹਾੜਾ ਵੀ ਹੈ। ਅੰਗਰੇਜ਼ ਸਾਮਰਾਜ ਵੱਲੋਂ ਉਸ ਸਮੇਂ ਦੇ ਸਭ ਤੋਂ ਰੋਸ਼ਨ ਦਿਮਾਗ ਦੇ ਚਿੰਤਕ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ ਫਾਂਸੀ ਦੇ ਕੇ ਸ਼ਹੀਦ ਕੀਤਾ ਗਿਆ ਸੀ। ਸਾਮਰਾਜ ਕਿਸੇ ਸਰੀਰ ਨੂੰ ਤਾਂ ਫਾਂਸੀ ਦੇ ਕੇ ਮਾਰ ਸਕਦਾ ਹੈ ਪਰੰਤੂ ਉਸ ਇਨਕਲਾਬੀ ਸੋਚ ਨੂੰ ਖਤਮ ਨਹੀਂ ਕਰ ਸਕਦੇ। ਮੋਦੀ ਸਰਕਾਰ ਵੱਲੋਂ ਚਾਰ ਲੇਬਰ ਕੋਡ ਬਿਜਲੀ ਦੇ ਬਿੱਲ , ਬੀਜ ਸੋਧ ਬਿਲ ਅਤੇ ਮਨਰੇਗਾ ਨੂੰ ਹੌਲੀ ਹੌਲੀ ਖਤਮ ਕਰਨ ਦੇ ਬਿੱਲ ਪਾਰਲੀਮੈਂਟ ਵਿੱਚ ਪਾਸ ਕਰਕੇ ਲਾਗੂ ਕੀਤੇ ਜਾ ਰਹੇ ਹਨ। ਸਾਮਰਾਜ ਵੱਲੋਂ ਲਾਗੂ ਕੀਤੇ ਜਾ ਰਹੇ ਅਸਾਵੇਂ ਟੈਕਸਾਂ ਨੇ ਸਾਡੀ ਕਿਸਾਨੀ ਡੇਅਰੀ ਅਤੇ ਮਜ਼ਦੂਰਾਂ ਦਾ ਲੱਕ ਤੋੜ ਦੇਣਾ ਹੈ ਅਤੇ ਸਾਡੀ ਖੇਤੀ ਸੰਨਤ ਤੇ ਡੇਅਰੀ ਤਬਾਹ ਹੋ ਜਾਵੇਗੀ ।ਇਸ ਲਈ ਅੱਜ ਦੇ ਦਿਨ ਅਸੀਂ ਸੰਯੁਕਤ ਕਿਸਾਨ ਮੋਰਚੇ ਵੱਲੋਂ ਸਾਮਰਾਜ ਵਿਰੁੱਧ ਲੜਨ ਦਾ ਅਹਿਦ ਕਰਦੇ ਹਾਂ ਤੇ ਸਮੁੱਚੇ ਮਿਹਨਤਕਸ਼ ਲੋਕਾਂ ਨੂੰ ਮੈਦਾਨ ਵਿੱਚ ਨਿਤਰਨ ਦਾ



ਸੱਦਾ ਦਿੰਦੇ ਹਾਂ।ਇਸ ਮੌਕੇ ਬਲਵਿੰਦਰ ਸਿੰਘ ਭੁੱਲਰ ਸੂਬਾ ਕਮੇਟੀ ਮੈਂਬਰ ਕਿਰਤੀ ਕਿਸਾਨ ਯੂਨੀਅਨ ਕਪੂਰਥਲਾ, ਰਸ਼ਪਾਲ ਸਿੰਘ ਜਨਰਲ ਸਕੱਤਰ ਖੇਤੀ ਕਿਸਾਨ ਯੂਨੀਅਨ ਪੰਜਾਬ, ਬਲਦੇਵ ਸਿੰਘ ਭਾਰਤ ਨਿਰਮਾਣ ਮਿਸਤਰੀ ਮਜ਼ਦੂਰ ਯੂਨੀਅਨ, ਪਿਆਰਾ ਸਿੰਘ ਭੰਡਾਲ ਪੇਂਡੂ ਮਜ਼ਦੂਰ ਯੂਨੀਅਨ, ਅਮਰਜੀਤ ਸਿੰਘ ਟਿੱਬਾ ਪ੍ਰਧਾਨ ਕੁਲ ਹਿੰਦ ਕਿਸਾਨ ਸਭਾ, ਦਿਆਲ ਸਿੰਘ ਦੀਪੇਵਾਲ, ਸੁਖਦੇਵ ਸਿੰਘ ਟਿੱਬਾ ਪੈਨਸ਼ਨਰ ਐਸੋਸੀਏਸ਼ਨ ਪਾਵਰਕਾਮ, ਅਜੀਤ ਸਿੰਘ ਜੱਟ ਸਭਾ,ਧਰਮਿੰਦਰ ਸਿੰਘ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਡਕੌਂਦਾ, ਨਿਰਮਲ ਸਿੰਘ ਸ਼ੇਰਪੁਰ ਸੱਦਾ ਸੂਬਾਈ ਆਗੂ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਕੁਲਦੀਪ ਕੌਰ ਬੋਹੜ ਵਾਲਾ ਪੇਂਡੂ ਮਜ਼ਦੂਰ ਯੂਨੀਅਨ, ਪ੍ਰਿੰਸੀਪਲ ਲਖਬੀਰ ਸਿੰਘ, ਤਰਸੇਮ ਸਿੰਘ ਬੰਨੇਮੱਲ ਜਨਰਲ ਸਕੱਤਰ ਕੀਰਤੀ ਕਿਸਾਨ ਯੂਨੀਅਨ, ਰਜਿੰਦਰ ਸਿੰਘ ਮਝੈਲ, ਮੁਕੰਦ ਸਿੰਘ ਭੁਲਾਣਾ, ਮੁਖਤਿਆਰ ਸਿੰਘ ਜਨਰਲ ਸਕੱਤਰ ਸਾਹਿਤ ਸਭਾ, ਹਰਿੰਦਰ ਸਿੰਘ ਚੀਮਾ ਕੇ ਐਲ ਕੌਸ਼ਲ ਟਰੇਡ ਯੂਨੀਅਨ, ਜੈਪਾਲ ਫਗਵਾੜਾ, ਸੁਖਚੈਨ ਸਿੰਘ ਨੱਥੂਚਾਹਲ , ਬਲਵੀਰ ਸਿੰਘ ਸ਼ੇਰਪੁਰੀ, ਸੁਰਜੀਤ ਸਿੰਘ ਠੱਟਾ, ਰਵਿੰਦਰ ਸਿੰਘ ਭੰਡਾਲ, ਡਾਕਟਰ ਸਵਰਨ ਸਿੰਘ ਪ੍ਰਧਾਨ ਸਹਿਤ ਸਭਾ, ਗੁਰਦੀਪ ਸਿੰਘ ਫੱਤੂਢੀਂਗਾ, ਗੁਰਦੇਵ ਸਿੰਘ ਤਾਜਪੁਰ, ਭਗਵਾਨ ਸਿੰਘ, ਮੋਹਨ ਸਿੰਘ, ਮੁਲਾਜਮ ਆਗੂ ਕੁਲਵੰਤ ਕੌਰ ਮੇਵਾ ਸਿੰਘ ਵਾਲਾ, ਗੁਰਲਾਲ ਜੀਤ ਕੌਰ ਸੰਧੂ, ਭਗਵੰਤ ਸਿੰਘ ਕਿਰਤੀ ਕਿਸਾਨ ਯੂਨੀਅਨ, ਬਲਵਿੰਦਰ ਸਿੰਘ ਬਾਜਵਾ , ਸੁਖਵਿੰਦਰ ਸਿੰਘ ਸ਼ਹਿਰੀ ਟਿੱਬਾ, ਗਗਨਦੀਪ ਸਿੰਘ ਟਿੱਬਾ, ਮਾ: ਚਰਨ ਸਿੰਘ ਹੈਬਤਪੁਰ, ਸਰਵਣ ਸਿੰਘ ਕਰਮਜੀਤਪੁਰ, ਪਲਵਿੰਦਰ ਸਿੰਘ ਕਾਲਾ ਸੰਘਿਆਂ, ਸਰਵਨ ਸਿੰਘ ਕਾਲਾ ਸੰਘਿਆਂ, ਧਰਮਿੰਦਰ ਸਿੰਘ ਖਿਜਰਪੁਰ, ਜੋਗਾ ਸਿੰਘ ਕਾਲਾ ਸੰਘਿਆਂ, ਪਵਿੱਤਰ ਸਿੰਘ ਕਾਲਾ ਸੰਘਿਆਂ, ਰਣਦੀਪ ਸਿੰਘ ਰਾਣਾ , ਹਰਿੰਦਰ ਸਿੰਘ ਚੀਮਾ, ਅਸ਼ੋਕ ਕੁਮਾਰ ਕਪੂਰਥਲਾ, ਹਰਬੰਸ ਸਿੰਘ ਚੱਕ ਕੋਟਲਾ, ਹਰਵੰਤ ਸਿੰਘ ਵੜੈਚ ਮੋਠਾਂਵਾਲਾ, ਸੁਰਜੀਤ ਸਿੰਘ ਭਾਰਤੀ ਕਿਸਾਨ ਯੂਨੀਅਨ ਡਕੌਂਦਾ, ਕਾਮਰੇਡ ਨਿਰੰਜਨ ਸਿੰਘ, ਗੁਰਨਾਮ ਲਾਲ, ਭਜਨ ਸਿੰਘ, ਸੀਤਲ ਸਿੰਘ, ਕੁਲਵਿੰਦਰ ਸਿੰਘ ਭੰਡਾਲ, ਧਰਮਜੀਤ ਸਿੰਘ, ਮਲਕੀਤ ਸਿੰਘ ਸ਼ੇਰਪੁਰ ਸਧਾ, ਜਸਵਿੰਦਰ ਸਿੰਘ ਮੰਗੂਪੁਰ, ਕੁਲਦੀਪ ਸਿੰਘ ਡਡਵਿੰਡੀ, ਸੁਖਦੇਵ ਸਿੰਘ ਅਮਰਕੋਟ, ਚਰਨਜੀਤ ਸਿੰਘ, ਬਾਬਾ ਅਵਤਾਰ ਸਿੰਘ ਆਦਿ ਵੀ ਹਾਜ਼ਰ ਸਨ।

## ਰੇਲ ਗੱਡੀ ਹੇਠਾਂ ਆਉਣ ਨਾਲ ਔਰਤ ਦੀ ਮੌਤ

**ਫਿਲੌਰ, (ਨਿਰਮਲ)**- ਰੇਲਵੇ ਪੁਲਿਸ ਚੌਕੀ ਗੁਰਾਇਆਂ ਦੇ ਇੰਚਾਰਜ ਥਾਣੇਦਾਰ ਮਦਨ ਲਾਲ ਨੇ ਦੱਸਿਆ ਕਿ ਇੱਕ 55-60 ਸਾਲਾ ਔਰਤ ਰੇਲਵੇ ਫਾਟਕ ਗੋਰਾਇਆ ਨੇੜੇ ਇੱਕ ਔਰਤ ਲਾਈਨਾਂ ਪਾਰ ਕਰਦੀ ਹੋਈ ਰੇਲ ਗੱਡੀ ਦੀ ਲਪੇਟ ਵਿੱਚ ਆ ਗਈ ਜਿਸ ਦੀ ਮੌਕੇ ਤੇ ਹੀ ਮੌਤ ਹੋ ਗਈ। ਔਰਤ ਦੀ ਪਹਿਚਾਨ ਨਹੀਂ ਹੋ ਸਕੀ। ਲਾਸ਼ ਸਿਵਲ ਹਸਪਤਾਲ ਫਿਲੌਰ ਵਿਖੇ ਰੱਖ ਕੇ ਉਸਦੇ ਵਾਰਸਾਂ ਦਾ ਪਤਾ ਲਗਾਉਣ ਦੇ ਯਤਨ ਕੀਤੇ ਜਾ ਰਹੇ ਹਨ।

ਜਨਮ ਦਿਨ ਮੁਬਾਰਕ



ਲਾਡੋ, ਜਲੰਧਰ